ਬੁੱਧਵਾਰ, 1 ਅਪ੍ਰੈਲ, 2026
19 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 300

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 1 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਲਾਡੋਵਾਲ ਟੋਲ ਪਲਾਜ਼ਾ ਹੋਰ ਮਹਿੰਗਾ



**ਲੁਧਿਆਣਾ** : ਪੰਜਾਬ ਦੇ ਸਭ ਤੋਂ ਮਹਿੰਗੇ ਟੋਲ ਬੈਰੀਅਰ ਲਾਡੋਵਾਲ ਟੋਲ ਪਲਾਜ਼ਾ ਤੋਂ ਗੁਜ਼ਰਨ ਵਾਲੇ ਮੁਸਾਫਰਾਂ ਨੂੰ ਹੁਣ ਆਪਣੀ ਜੇਬ ਹੋਰ ਢਿੱਲੀ ਕਰਨੀ ਪਵੇਗੀ। ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ ਨੇ ਨਵੀਆਂ ਦਰਾਂ ਜਾਰੀ ਕਰ ਦਿੱਤੀਆਂ ਹਨ, ਜੋ ਮੰਗਲਵਾਰ-ਬੁੱਧਵਾਰ ਦੀ ਰਾਤ 12 ਵਜੇ ਤੋਂ ਲਾਗੂ ਹੋ ਗਈਆਂ। ਨਵੇਂ ਨੋਟੀਫਿਕੇਸ਼ਨ ਅਨੁਸਾਰ ਟੋਲ ਦਰਾਂ ਵਿੱਚ 5 ਰੁਪਏ ਦਾ ਵਾਧਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇੱਕ ਅਹਿਮ ਬਦਲਾਅ ਇਹ ਹੈ ਕਿ 1 ਅਪਰੈਲ ਤੋਂ ਟੋਲ ਪਲਾਜ਼ਾ 'ਤੇ ਨਕਦ ਲੈਣ-ਦੇਣ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਵੀ 1 ਅਪਰੈਲ ਨੂੰ ਹੀ ਦਰਾਂ ਵਿੱਚ 5 ਰੁਪਏ ਦਾ ਵਾਧਾ ਕੀਤਾ ਗਿਆ ਸੀ।

ਟੋਲ ਮੈਨੇਜਰ ਵਿਪਿਨ ਰਾਏ ਅਨੁਸਾਰ ਹੁਣ ਕਾਰ, ਜੀਪ ਅਤੇ ਵੈਨ ਵਰਗੇ ਵਾਹਨਾਂ ਨੂੰ ਇੱਕ ਪਾਸੇ ਦੇ ਸਫਰ ਲਈ 220 ਰੁਪਏ ਦੀ ਬਜਾਏ 225 ਰੁਪਏ ਦੇਣੇ ਪੈਣਗੇ। ਜੇ ਕੋਈ ਉਸੇ ਦਿਨ ਵਾਪਸੀ ਕਰਦਾ ਹੈ, ਤਾਂ ਉਸ ਨੂੰ 335 ਰੁਪਏ ਦੀ ਬਜਾਏ 340 ਰੁਪਏ ਅਦਾ ਕਰਨੇ ਹੋਣਗੇ। ਛੋਟੇ ਵਪਾਰਕ ਵਾਹਨਾਂ ਲਈ ਇੱਕ ਪਾਸੇ ਦਾ ਟੋਲ 360 ਤੋਂ ਵਧ ਕੇ 365 ਰੁਪਏ ਅਤੇ ਦੋਵੇਂ ਪਾਸੇ ਦਾ 545 ਤੋਂ ਵਧ ਕੇ 550 ਰੁਪਏ ਹੋ ਗਿਆ ਹੈ।

ਮਾਸਿਕ ਪਾਸ ਵਿੱਚ ਵੀ 10 ਰੁਪਏ ਦਾ ਵਾਧਾ ਹੋਇਆ ਹੈ, ਜੋ ਹੁਣ 350 ਰੁਪਏ ਦਾ ਹੋਵੇਗਾ। ਲੰਮੀ ਦੂਰੀ ਦੇ ਵਪਾਰਕ ਵਾਹਨਾਂ ਅਤੇ ਰੋਜ਼ਾਨਾ ਆਉਣ-ਜਾਣ ਵਾਲਿਆਂ ਲਈ ਸਾਲਾਨਾ ਪਾਸ ਵੀ ਮਹਿੰਗਾ ਹੋ ਗਿਆ ਹੈ। ਪੁਰਾਣਾ ਰੇਟ 3,000 ਰੁਪਏ ਸੀ, ਜੋ ਹੁਣ ਵਧਾ ਕੇ 3,075 ਰੁਪਏ ਕਰ ਦਿੱਤਾ ਗਿਆ ਹੈ, ਜਿਸ ਵਿੱਚ ਕੁੱਲ 200 ਫੇਰੇ ਮਿਲਣਗੇ।

ਟੋਲ ਟੈਕਸ ਦੀਆਂ ਇਹ ਦਰਾਂ ਥੋਕ ਮੁੱਲ ਸੂਚਕ ਅੰਕ, ਸੜਕ ਦੀ ਲੰਬਾਈ, ਫਲਾਈਓਵਰਾਂ ਅਤੇ ਮੁਹੱਈਆ ਕਰਵਾਈਆਂ ਗਈਆਂ ਸਹੂਲਤਾਂ ਦੇ ਆਧਾਰ 'ਤੇ ਤੈਅ ਕੀਤੀਆਂ ਜਾਂਦੀਆਂ ਹਨ। ਨਵੀਆਂ ਦਰਾਂ ਦੀ ਸੂਚੀ ਟੋਲ ਪਲਾਜ਼ਾ 'ਤੇ ਲਗਾ ਦਿੱਤੀ ਗਈ ਹੈ।

## ਸੁੱਖੂ ਵੱਲੋਂ ਗੱਡੀਆਂ 'ਤੇ ਐਂਟਰੀ ਟੈਕਸ 'ਚ ਵਾਧਾ ਵਾਪਸ

**ਸ਼ਿਮਲਾ** : ਹਿਮਾਚਲ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਸਰਹੱਦੀ ਖੇਤਰਾਂ ਵਿੱਚ ਵਾਹਨਾਂ ਦੇ ਐਂਟਰੀ ਟੈਕਸ ਵਿੱਚ ਕੀਤੇ ਗਏ ਹਾਲੀਆ ਵਾਧੇ ਦੇ ਫੈਸਲੇ ਵਿੱਚ ਲੋਕਾਂ ਦੇ ਪ੍ਰੋਟੈਸਟ ਤੋਂ ਬਾਅਦ ਮੰਗਲਵਾਰ ਤਬਦੀਲੀ ਕੀਤੀ ਹੈ। ਹੁਣ ਪੰਜ ਸੀਟਾਂ ਵਾਲੇ ਵਾਹਨਾਂ ਨੂੰ 70 ਰੁਪਏ ਅਤੇ 6-12 ਸੀਟਾਂ ਵਾਲੇ ਵਾਹਨਾਂ ਨੂੰ ਪੁਰਾਣੇ ਰੇਟ ਮੁਤਾਬਕ 110 ਰੁਪਏ ਅਦਾ ਕਰਨੇ ਪੈਣਗੇ।

ਪਹਿਲਾਂ ਸਰਕਾਰ ਨੇ ਪਹਿਲੀ ਅਪ੍ਰੈਲ ਤੋਂ ਦੋਵਾਂ ਸ਼੍ਰੇਣੀਆਂ ਲਈ ਟੈਕਸ ਵਧਾ ਕੇ 130 ਰੁਪਏ ਕਰਨ ਦਾ ਪ੍ਰਸਤਾਵ ਦਿੱਤਾ ਸੀ। ਮੁੱਖ ਮੰਤਰੀ ਨੇ ਕਿਹਾ ਕਿ ਇਸ ਮੁੱਦੇ 'ਤੇ ਜਾਣਬੁੱਝ ਕੇ ਭੰਬਲਭੂਸਾ ਫੈਲਾਇਆ ਜਾ ਰਿਹਾ ਸੀ, ਜਦੋਂ ਕਿ ਜ਼ਿਆਦਾਤਰ ਵਾਹਨ ਸ਼੍ਰੇਣੀਆਂ ਲਈ ਇਹ ਵਾਧਾ ਮਾਮੂਲੀ ਸੀ। ਉਨ੍ਹਾ ਸਪੱਸ਼ਟ ਕੀਤਾ ਕਿ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਫੈਸਲਾ ਲਿਆ ਗਿਆ ਹੈ। ਇਸ ਫੈਸਲੇ ਦਾ ਸਭ ਤੋਂ ਵੱਧ ਫਾਇਦਾ ਗ_ ਅ ਾਂ ਢ ੀ

• ਬਾਕੀ ਸਫ਼ਾ 2 'ਤੇ

# ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਦਾ ਮੁਕੱਦਮਾ ਦਰਜ ਹੋਣਾ ਚਾਹੀਦਾ : ਮਾਨ

## ਨੰਗਲ ਝੀਲ 'ਤੇ ਗਲਾਸ ਬਰਿਜ ਬਣੇਗਾ



**ਨੰਗਲ (ਹਰਭਜਨ ਢਿੱਲੋਂ)**

ਨੰਗਲ ਨੂੰ ਆਧੁਨਿਕ ਬੁਨਿਆਦੀ ਢਾਂਚੇ, ਹੁਨਰ ਵਿਕਾਸ ਅਤੇ ਸੈਰ-ਸਪਾਟੇ ਦੇ ਕੇਂਦਰ ਵਜੋਂ ਵਿਕਸਤ ਕਰਨ ਦੇ ਯਤਨਾਂ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 75 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ, ਜਿਸ ਤਹਿਤ ਉੱਤਰੀ ਭਾਰਤ ਦਾ ਪਹਿਲਾ ਗਲਾਸ ਬ੍ਰਿਜ, ਕਾਰਗਿਲ ਸ਼ਹੀਦ ਕੈਪਟਨ ਅਮੋਲ ਕਾਲੀਆ ਦੇ ਨਾਂਅ 'ਤੇ 23 ਕਰੋੜ ਰੁਪਏ ਦਾ ਸੈਂਟਰ ਆਫ ਐਕਸੀਲੈਂਸ ਅਤੇ ਸਿੱਖਿਆ ਬੁਨਿਆਦੀ ਢਾਂਚੇ ਵਿੱਚ ਵੱਡੇ ਪੱਧਰ 'ਤੇ ਅੱਪਗ੍ਰੇਡਸ਼ਨ ਕਰਨਾ ਸ਼ਾਮਲ ਹਨ। ਮੁੱਖ ਮੰਤਰੀ ਨੇ ਇਹਨਾਂ ਪਹਿਲਕਦਮੀਆਂ ਨੂੰ ਵਿਕਾਸ ਵਿੱਚ ਸਾਲਾਂ ਤੋਂ ਆਈ ਖੜੋਤ ਨੂੰ ਦੂਰ ਕਰਨ ਪ੍ਰਤੀ ਫੈਸਲਾਕੁੰਨ ਕਦਮ ਦੱਸਦਿਆਂ ਇੱਕ ਅਜਿਹੇ ਪ੍ਰਸਾਸਨਿਕ ਮਾਡਲ ਦੀ ਰੂਪਰੇਖਾ ਦਿੱਤੀ ਜਿਸ ਵਿੱਚ ਰੋਬੋਟਿਕਸ, ਇਲੈਕਟ੍ਰਿਕ ਵਾਹਨ, ਸੂਰਜੀ ਤਕਨਾਲੋਜੀ ਅਤੇ ਡਰੋਨ ਸਿਖਲਾਈ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ ਉਦਯੋਗ ਪੱਖੀ ਹੁਨਰ ਸਿਖਲਾਈ, ਔਰਤਾਂ ਲਈ ਤਕਨੀਕੀ ਸਿੱਖਿਆ ਤੱਕ ਪਹੁੰਚ ਅਤੇ ਪੰਜਾਬ ਦੀ ਖੇਤੀਬਾੜੀ ਰੀੜ੍ਹ ਦੀ ਹੱਡੀ ਨੂੰ ਮਜਬੂਤ ਕਰਨ ਲਈ ਭਾਖੜਾ ਨਹਿਰ ਦੇ ਬਰਾਬਰ ਵੱਡੇ ਪੱਧਰ 'ਤੇ ਪਾਣੀ ਪ੍ਰਦਾਨ ਕਰਨਾ ਸ਼ਾਮਲ ਹੈ।

ਲੋਕਾਂ ਨੂੰ 75 ਕਰੋੜ ਰੁਪਏ ਦੇ ਵਿਕਾਸ ਕਾਰਜ ਸਮਰਪਤ ਕਰਨ ਉਪਰੰਤ ਮਾਨ ਨੇ ਕਿਹਾ, 'ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਦਾ ਮੁਕੱਦਮਾ ਦਰਜ ਕੀਤਾ ਜਾਣਾ ਚਾਹੀਦਾ ਹੈ, ਕਿਉਂਕਿ ਉਨ੍ਹਾਂ ਨਸ਼ਿਆਂ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ ਸੀ ਅਤੇ ਉਨ੍ਹਾਂ ਦੇ ਲੰਮੇ ਕੁਸਾਸ਼ਨ ਦੌਰਾਨ ਨਸ਼ਿਆਂ ਦੇ ਵਪਾਰ ਨੇ ਆਪਣੇ ਪੈਰ ਪਸਾਰੇ ਸਨ। ਇਨ੍ਹਾਂ ਆਗੂਆਂ ਦੇ ਹੱਥ ਆਪਣੇ ਸਰਕਾਰੀ ਵਾਹਨਾਂਵਿੱਚ ਸੂਬੇ ਵਿੱਚ ਸਪਲਾਈ ਕੀਤੇ ਜਾਣ ਵਾਲੇ ਨਸ਼ਿਆਂ ਦਾ ਸ਼ਿਕਾਰ ਹੋਏ ਲੱਖਾਂ ਨੌਜਵਾਨਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ। ਇਹ ਪਾਪ ਮੁਆਫ ਨਹੀਂ ਕੀਤੇ ਜਾ ਸਕਦੇ ਅਤੇ ਇਹਨਾਂ ਆਗੂਆਂ ਨੂੰ ਲੋਕਾਂ ਵੱਲੋਂ ਉਨ੍ਹਾਂ ਦੇ ਗੁਨਾਹਾਂ ਲਈ ਕਦੇ ਵੀ ਮੁਆਫ ਨਹੀਂ ਕੀਤਾ ਜਾ ਸਕਦਾ।'

ਮੁੱਖ ਮੰਤਰੀ ਨੇ ਕਿਹਾ, 'ਸੁਖਬੀਰ ਸਿੰਘ ਬਾਦਲ ਨੇ ਜਨਤਾ ਵਿੱਚ ਆਪਣਾ ਵਿਸ਼ਵਾਸ਼ ਗੁਆ ਦਿੱਤਾ ਹੈ ਅਤੇ ਰੈਲੀਆਂ ਵਿੱਚ ਭੀੜ ਦਿਖਾਉਣ ਲਈ ਪੈਸੇ ਦੇ ਕੇ ਬੁਲਾਏ ਗਏ ਵਰਕਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਹਰ ਅਕਾਲੀ ਰੈਲੀ ਵਿੱਚ ਉਹੀ ਭੀੜ ਮੌਜੂਦ ਹੁੰਦੀ ਹੈ। ਸੂਬਾ ਸਰਕਾਰ ਵੱਲੋਂ ਕੀਤੇ ਗਏ ਬੇਮਿਸਾਲ ਕੰਮਾਂ ਕਾਰਨ ਉਹ ਆਪਣਾ ਮਾਨਸਿਕ ਸੁਤੰਲਨ ਗੁਆ ਚੁੱਕੇ ਹਨ, ਜਿਸ ਕਾਰਨ ਉਹ ਬੇਬੁਨਿਆਦ ਅਤੇ ਤਰਕਹੀਣ ਬਿਆਨ ਦੇ ਰਹੇ ਹਨ। ਅਜਿਹੇ

• ਬਾਕੀ ਸਫ਼ਾ 2 'ਤੇ

# ਸਾਥ ਨਾ ਦੇਣ ਵਾਲੇ ਆਪਣੇ ਤੇਲ ਦਾ ਪ੍ਰਬੰਧ ਆਪ ਕਰਨ, ਮੈਂ ਨਹੀਂ ਮਦਦ ਕਰਨੀ : ਟਰੰਪ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਜਿਨ੍ਹਾਂ ਦੇਸ਼ਾਂ ਨੂੰ ਤੇਲ ਹਾਸਲ ਕਰਨ ਵਿੱਚ ਸਮੱਸਿਆ ਆ ਰਹੀ ਹੈ, ਉਹ ਹਿੰਮਤ ਕਰਨ ਤੇ ਹਾਰਮੁਜ਼ ਦੇ ਰਣਨੀਤਕ ਜਲ ਮਾਰਗ 'ਤੇ ਕਬਜ਼ਾ ਕਰ ਲੈਣ। ਉਨ੍ਹਾ ਇਹ ਸੁਝਾਅ ਤੇਲ ਦੀ ਸਪਲਾਈ ਅਤੇ ਖੇਤਰੀ ਸੁਰੱਖਿਆ ਨੂੰ ਲੈ ਕੇ ਵਧ ਰਹੇ ਤਣਾਅ ਦੇ ਵਿਚਕਾਰ ਦਿੱਤਾ ਹੈ।

ਟਰੰਪ ਨੇ ਜ਼ੋਰ ਦੇ ਕੇ ਕਿਹਾ ਕਿ ਹੋਰ ਦੇਸ਼ਾਂ ਨੂੰ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਦੀ ਸੁਰੱਖਿਆ ਵਿੱਚ ਵਧੇਰੇ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ, ਜਿਸ ਰਾਹੀਂ ਦੁਨੀਆ ਦੇ ਤੇਲ ਦਾ ਇੱਕ ਵੱਡਾ ਹਿੱਸਾ ਲੰਘਦਾ ਹੈ। ਉਨ੍ਹਾ ਸੰਕੇਤ ਦਿੱਤਾ ਕਿ ਅਮਰੀਕਾ ਇਕੱਲਾ ਇਸ ਖੇਤਰ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਨਹੀਂ ਚੁੱਕੇਗਾ ਅਤੇ ਹੋਰਨਾਂ ਦੇਸ਼ਾਂ ਨੂੰ ਆਪਣੇ ਹਿੱਤਾਂ ਦੀ ਰਾਖੀ ਲਈ ਖ਼ੁਦ ਅੱਗੇ ਆਉਣਾ ਚਾਹੀਦਾ ਹੈ।

ਉਨ੍ਹਾ ਕਿਹਾ ਕਿ ਜਿਹੜੇ ਦੇਸ਼ਾਂ ਨੇ ਜੰਗ ਵਿੱਚ ਸਾਥ ਨਹੀਂ ਦਿੱਤਾ ਤੇ ਈਂਧਨ ਦੀ ਕਮੀ ਨਾਲ ਜੂਝ ਰਹੇ ਹਨ, ਉਨ੍ਹਾਂ ਨੂੰ ਜਲ ਮਾਰਗ ਖੁੱਲ੍ਹਵਾਉਣ ਲਈ ਖ਼ੁਦ ਹੀ ਹਿੰਮਤ ਕਰਨੀ ਪੈਣੀ ਹੈ। ਉਨ੍ਹਾ ਕਿਹਾ ਕਿ ਅਮਰੀਕੀ ਨੇ ਮਦਦ ਨਹੀਂ ਕਰਨੀ, ਕਿਉਂਕਿ ਤੁਸੀਂ ਮਦਦ ਨਹੀਂ ਕੀਤੀ।

ਉਨ੍ਹਾ ਇਹ ਵੀ ਕਿਹਾ ਕਿ ਫਰਾਂਸ ਸਭ ਤੋਂ ਵੱਧ ਨਾਮਦਦਗਾਰ ਸਾਬਤ ਹੋਇਆ ਹੈ, ਜਿਸ ਨੇ ਅਮਰੀਕਾ ਦੇ ਜਹਾਜ਼ ਨਹੀਂ ਲੰਘਣ ਦਿੱਤੇ।

ਇਸੇ ਦਰਮਿਆਨ ਖ਼ਬਰ ਹੈ ਕਿ ਟਰੰਪ ਨੂੰ ਹਾਰਮੁਜ਼ ਜਲ ਡਮਰੂ ਖੁੱਲ੍ਹਵਾਉਣ ਦੀ ਬਹੁਤੀ ਚਿੰਤਾ ਨਹੀਂ। ਅਖ਼ਬਾਰ 'ਵਾਲ ਸਟ੍ਰੀਟ ਜਰਨਲ' ਨੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਹਵਾਲੇ ਨਾਲ ਇਹ ਰਿਪੋਰਟ ਦਿੱਤੀ ਹੈ ਕਿ ਹਾਲ ਹੀ ਦੇ ਦਿਨਾਂ ਵਿੱਚ ਟਰੰਪ ਅਤੇ ਉਨ੍ਹਾ ਦੇ ਸਹਿਯੋਗੀਆਂ ਨੇ ਅੰਦਾਜ਼ਾ ਲਗਾਇਆ ਹੈ ਕਿ ਜਲ ਡਮਰੂ ਨੂੰ ਖੋਲ੍ਹਣ ਦਾ ਮਿਸ਼ਨ ਸੰਘਰਸ਼ ਨੂੰ ਉਨ੍ਹਾਂ ਦੀ ਚਾਰ ਤੋਂ ਛੇ ਹਫਤਿਆਂ ਦੀ ਸਮਾਂ ਸੀਮਾ ਤੋਂ ਅੱਗੇ ਲੈ ਜਾਵੇਗਾ। ਰਿਪੋਰਟ ਦੇ ਮੁਤਾਬਕ ਟਰੰਪ ਨੇ ਫੈਸਲਾ ਕੀਤਾ ਹੈ ਕਿ ਅਮਰੀਕਾ ਨੂੰ ਈਰਾਨ ਦੀ ਜਲ ਸੈਨਾ ਅਤੇ ਉਸ ਦੇ ਮਿਜ਼ਾਈਲ ਭੰਡਾਰਾਂ ਨੂੰ ਨੁਕਸਾਨ ਪਹੁੰਚਾਉਣ ਦੇ ਆਪਣੇ ਮੁੱਖ ਟੀਚਿਆਂ ਨੂੰ ਹਾਸਲ ਕਰਨਾ ਚਾਹੀਦਾ ਹੈ ਅਤੇ ਮੌਜੂਦਾ ਦੁਸ਼ਮਣੀ ਨੂੰ ਘੱਟ ਕਰਨਾ ਚਾਹੀਦਾ ਹੈ, ਜਦੋਂ ਕਿ ਵਪਾਰ ਦੇ ਸੁਚਾਰੂ ਪ੍ਰਵਾਹ ਨੂੰ ਮੁੜ ਸ਼ੁਰੂ ਕਰਨ ਲਈ ਤਹਿਰਾਨ 'ਤੇ ਕੂਟਨੀਤਕ ਦਬਾਅ ਪਾਉਣਾ ਚਾਹੀਦਾ ਹੈ।

# ਅਮਰੀਕਾ ਤੇ ਯੂਰਪ ਵਾਂਗ ਮਹਿਜ਼ 6 ਮਿੰਟਾਂ 'ਚ ਪੁਲਸ ਸਹਾਇਤਾ ਮਿਲੇਗੀ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਸੂਬੇ ਭਰ ਵਿੱਚ ਜ਼ਮੀਨੀ ਪੱਧਰ 'ਤੇ ਪੁਲਿਸਿੰਗ ਨੂੰ ਮਜ਼ਬੂਤ ਕਰਨ ਲਈ ਆਪਣੇ ਹਲਕੇ ਧੂਰੀ ਦੇ ਲੱਡਾ ਪੁਲਸ ਟ੍ਰੇਨਿੰਗ ਕੈਂਪ ਵਿੱਚ 508 ਐਮਰਜੈਂਸੀ ਰਿਸਪਾਂਸ ਵਹੀਕਲ (ਈ ਵੀ ਆਰ) ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੁਣ ਅਮਰੀਕਾ ਅਤੇ ਯੂਰਪ ਵਰਗੇ ਵਿਕਸਤ ਦੇਸ਼ਾਂ ਵਾਂਗ ਮਹਿਜ਼ ਛੇ ਮਿੰਟਾਂ ਵਿੱਚ ਪੁਲਸ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਉੱਨਤ ਤਕਨਾਲੋਜੀ ਨਾਲ ਲੈਸ ਇਹ ਵਾਹਨ ਡਾਇਲ-112 ਅਧੀਨ ਸਾਰੇ 28 ਪੁਲਸ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤੇ ਗਏ ਹਨ, ਜੋ ਐਮਰਜੈਂਸੀ ਹਾਲਤਾਂ ਦੌਰਾਨ ਤੁਰੰਤ ਸਹਾਇਤਾ ਯਕੀਨੀ ਬਣਾਉਣਗੇ।ਇਹ ਤੁਰੰਤ, ਤਕਨਾਲੋਜੀ-ਅਧਾਰਤ ਕਾਨੂੰਨ ਲਾਗੂ ਕਰਨ ਦੀ ਦਿਸ਼ਾ ਵੱਲ ਇਕ ਅਹਿਮ ਪੁਲਾਂਘ ਹੈ। ਮੁੱਖ ਮੰਤਰੀ ਨੇ ਕਿਹਾ ਕਿ ਚਾਰ ਸਾਲਾਂ ਦੌਰਾਨ ਪੁਲਸ ਵਾਹਨਾਂ ਲਈ 327.70 ਕਰੋੜ ਰੁਪਏ ਦਾ ਨਿਵੇਸ਼ ਕੀਤਾ ਗਿਆ ਹੈ, ਜਿਸ ਨਾਲ ਨਾ ਸਿਰਫ ਫੋਰਸ ਦੇ ਆਧੁਨਿਕੀਕਰਨ ਨਾਲ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕੀਤਾ ਗਿਆ ਹੈ, ਸਗੋਂ ਨਸ਼ਾ ਤਸਕਰਾਂ 'ਤੇ ਵੀ ਨਕੇਲ ਕੱਸੀ ਗਈ ਹੈ।ਬਿਹਤਰ ਸੁਰੱਖਿਆ ਨਿਵੇਸ਼ਕਾਂ ਦੇ ਵਿਸ਼ਵਾਸ ਵਿੱਚ ਵੀ ਵਾਧਾ ਕਰਦੀ ਹੈ ਜੋ ਟਾਟਾ ਸਟੀਲ ਵੱਲੋਂ ਪੰਜਾਬ ਵਿੱਚ ਆਪਣਾ ਦੂਜਾ ਸਭ ਤੋਂ ਵੱਡੇ ਪਲਾਂਟ ਸਥਾਪਤ ਕਰਨ ਲਈ ਕੀਤੇ ਜਾ ਰਹੇ ਵੱਡੇ ਨਿਵੇਸ਼ਾਂ ਤੋਂ ਸਪੱਸ਼ਟ ਹੁੰਦਾ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਲੋਕਾਂ ਨੂੰ ਕਿਹਾ, ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਆਖਰੀ ਵਾਰ ਵਜੋਂ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਦਾ ਸਮਾਜਿਕ ਬਾਈਕਾਟ ਕਰਨਾ ਜ਼ਰੂਰੀ ਹੈ।ਉਨ੍ਹਾ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਪੀੜ੍ਹੀਆਂ ਨੂੰ ਬਰਬਾਦ ਕੀਤਾ ਹੈ, ਉਨ੍ਹਾਂ ਨਾਲ ਬਿਲਕੁਲ ਵੀ ਨਰਮੀ ਨਹੀਂ

• ਬਾਕੀ ਸਫ਼ਾ 2 'ਤੇ

## ਅੰਬੇਡਕਰ ਦੇ ਬੁੱਤ ਦੀ ਬੇਹੁਰਮਤੀ



**ਗੜ੍ਹਸ਼ੰਕਰ (ਫੂਲਾ ਰਾਮ)**-ਪਿੰਡ ਨੂਰਪੁਰ ਜੱਟਾਂ ਵਿੱਚ ਸੋਮਵਾਰ ਦੇਰ ਰਾਤ ਅਣਪਛਾਤੇ ਸ਼ਰਾਰਤੀ ਅਨਸਰਾਂ ਨੇ ਡਾ. ਬੀ ਆਰ ਅੰਬੇਡਕਰ ਦੇ ਬੁੱਤ ਦੇ ਦੁਆਲੇ ਲੱਗੇ ਸ਼ੀਸ਼ੇ ਦੇ ਫਰੇਮ ਦੀ ਭੰਨਤੋੜ ਕਰ ਦਿੱਤੀ। ਇਸ ਤੋਂ ਪਹਿਲਾਂ ਜੂਨ 2025 ਵਿੱਚ ਵੀ ਇਸੇ ਬੁੱਤ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਡੀ ਐੱਸ ਪੀ ਦਲਜੀਤ ਸਿੰਘ ਖੱਖ ਨੇ ਕਿਹਾ ਹੈ ਕਿ ਦੋਸ਼ੀਆਂ ਨੂੰ ਛੇਤੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਬਸਪਾ ਦੇ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਪਿੰਡ ਪਹੁੰਚ ਕੇ ਕਿਹਾ ਕਿ ਜੇ ਦੋਸ਼ੀ 72 ਘੰਟਿਆਂ ਅੰਦਰ ਨਾ ਫੜਿਆ ਗਿਆ ਤਾਂ ਪੱਕਾ ਧਰਨਾ ਲਾਇਆ ਜਾਵੇਗਾ। ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਗੜ੍ਹਸ਼ੰਕਰ ਦੇ ਵਿਧਾਇਕ ਜੈ ਕ੍ਰਿਸ਼ਨ ਰੌੜੀ ਨੇ ਪੁਲਸ ਅਧਿਕਾਰੀਆਂ ਸਮੇਤ ਮੌਕੇ ਦਾ ਦੌਰਾ ਕੀਤਾ। ਉਨ੍ਹਾ ਨੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦਾ ਭਰੋਸਾ ਦਿੱਤਾ ਅਤੇ ਲੋਕਾਂ ਨੂੰ ਸ਼ਾਂਤੀ ਤੇ ਭਾਈਚਾਰਕ ਸਾਂਝ ਬਣਾਈ ਰੱਖਣ ਦੀ ਅਪੀਲ ਕੀਤੀ। ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਫਵਾਹਾਂ ਵੱਲ ਧਿਆਨ ਨਾ ਦੇਣ ਅਤੇ ਸੋਸ਼ਲ ਮੀਡੀਆ 'ਤੇ ਭੜਕਾਊ ਸਮੱਗਰੀ ਤੋਂ ਬਚਣ। ਅਧਿਕਾਰੀਆਂ ਨੇ ਦੁਹਰਾਇਆ ਕਿ ਭਾਈਚਾਰਕ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

## ਭਗਦੜ 'ਚ 8 ਮਹਿਲਾਵਾਂ ਸਣੇ 9 ਸ਼ਰਧਾਲੂਆਂ ਦੀ ਮੌਤ

**ਪਟਨਾ** : ਬਿਹਾਰ ਦੇ ਨਾਲੰਦਾ ਜ਼ਿਲ੍ਹੇ ਵਿੱਚ ਸਥਿਤ ਸ਼ੀਤਲਾ ਮੰਦਰ ਵਿੱਚ ਮੰਗਲਵਾਰ ਨੂੰ ਇੱਕ ਧਾਰਮਿਕ ਸਮਾਗਮ ਦੌਰਾਨ ਭਗਦੜ ਮਚਣ ਨਾਲ 8 ਔਰਤਾਂ ਸਣੇ 9 ਸ਼ਰਧਾਲੂਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਮਹਿਲਾਵਾਂ ਮੌਕੇ 'ਤੇ ਹੀ ਮਾਰੀਆਂ ਗਈਆਂ, ਜਦਕਿ ਇੱਕ ਮਰਦ ਦੀ ਹਸਪਤਾਲ 'ਚ ਮੌਤ ਹੋਈ।

# ਰਾਘਵ ਚੱਢਾ ਵੱਲੋਂ ਪੈਟਰਨਿਟੀ ਲੀਵ ਦੀ ਜ਼ੋਰਦਾਰ ਵਕਾਲਤ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਮੈਂਬਰ ਰਾਘਵ ਚੱਢਾ ਨੇ ਭਾਰਤ ਵਿੱਚ ਪੇਡ ਪੈਟਰਨਿਟੀ ਲੀਵ (ਤਨਖਾਹ ਸਮੇਤ ਪਿਤਾ ਨੂੰ ਮਿਲਣ ਵਾਲੀ ਛੁੱਟੀ) ਨੂੰ ਕਾਨੂੰਨੀ ਅਧਿਕਾਰ ਬਣਾਉਣ ਲਈ ਕਾਨੂੰਨ ਦੀ ਮੰਗ ਕੀਤੀ ਹੈ ਅਤੇ ਬੱਚੇ ਦੀ ਦੇਖਭਾਲ ਦੀਆਂ ਸਾਂਝੀਆਂ ਜ਼ਿੰਮੇਵਾਰੀਆਂ 'ਤੇ ਜ਼ੋਰ ਦਿੱਤਾ ਹੈ। ਰਾਜ ਸਭਾ ਵਿੱਚ ਬੋਲਦਿਆਂ ਉਨ੍ਹਾ ਦਲੀਲ ਦਿੱਤੀ ਕਿ ਪਿਤਾ ਨੂੰ ਨੌਕਰੀ ਅਤੇ ਪਰਵਾਰ ਵਿੱਚੋਂ ਕਿਸੇ ਇੱਕ ਦੀ ਚੋਣ ਨਹੀਂ ਕਰਨੀ ਚਾਹੀਦੀ।

ਉਨ੍ਹਾ ਨੇ ਬੱਚੇ ਦੇ ਜਨਮ ਸਮੇਂ ਮਾਂ ਅਤੇ ਬੱਚੇ ਦੋਵਾਂ ਦੀ ਸਹਾਇਤਾ ਲਈ ਇਸ ਨੂੰ ਇੱਕ ਜ਼ਰੂਰੀ ਸੁਧਾਰ ਦੱਸਿਆ। ਉਨ੍ਹਾ ਦਲੀਲ ਦਿੱਤੀ ਕਿ ਬੱਚੇ ਦੇ ਜਨਮ ਤੋਂ ਬਾਅਦ ਦੇਖਭਾਲ ਦੀ ਜ਼ਿੰਮੇਵਾਰੀ ਸਿਰਫ ਮਾਵਾਂ 'ਤੇ ਨਹੀਂ ਪੈਣੀ ਚਾਹੀਦੀ। ਚੱਢਾ ਨੇ ਕਿਹਾ, "ਜਦੋਂ ਬੱਚਾ ਪੈਦਾ ਹੁੰਦਾ ਹੈ, ਤਾਂ ਮਾਂ ਤੇ ਪਿਤਾ ਦੋਹਾਂ ਨੂੰ ਵਧਾਈ ਦਿੱਤੀ ਜਾਂਦੀ ਹੈ, ਪਰ ਦੇਖਭਾਲ ਦੀ ਜ਼ਿੰਮੇਵਾਰੀ ਅਸੰਤੁਲਤ ਰੂਪ ਵਿੱਚ ਸਿਰਫ ਮਾਂ 'ਤੇ ਪੈਂਦੀ ਹੈ। ਬੱਚੇ ਦੇ ਜਨਮ ਤੋਂ ਤੁਰੰਤ ਬਾਅਦ ਔਰਤ ਲਈ ਪਤੀ ਦੀ ਮੌਜੂਦਗੀ ਨਾ ਸਿਰਫ ਭਾਵਨਾਤਮਕ ਸਹਿਯੋਗ ਲਈ, ਸਗੋਂ ਸਾਂਝੀ ਦੇਖਭਾਲ ਲਈ ਵੀ ਬਹੁਤ ਮਹੱਤਵਪੂਰਨ ਹੈ।"

ਮਾਰਚ ਦੇ ਸ਼ੁਰੂ ਵਿੱਚ ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਆਰ ਮਹਾਦੇਵਨ ਦੀ ਸੁਪਰੀਮ ਕੋਰਟ ਦੀ ਬੈਂਚ ਨੇ ਵੀ ਇਹ ਟਿੱਪਣੀ ਕੀਤੀ ਸੀ ਕਿ ਹਾਲਾਂਕਿ ਬੱਚੇ ਦੇ ਵਿਕਾਸ ਵਿੱਚ ਮਾਂ ਦੀ ਭੂਮਿਕਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਪਰ ਪਿਤਾ ਦੀ ਭੂਮਿਕਾ ਵੀ ਬਰਾਬਰ ਦੀ ਮਹੱਤਵਪੂਰਨ ਹੈ ਅਤੇ ਇਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਅਦਾਲਤ ਨੇ ਨੋਟ ਕੀਤਾ ਕਿ ਪਾਲਣ-ਪੋਸ਼ਣ ਇੱਕ ਸਾਂਝੀ ਜ਼ਿੰਮੇਵਾਰੀ ਹੈ ਅਤੇ ਪਿਤਾਵਾਂ ਨੂੰ ਬੱਚੇ ਦੇ ਸ਼ੁਰੂਆਤੀ ਵਿਕਾਸ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਮੌਕਾ ਮਿਲਣਾ ਚਾਹੀਦਾ ਹੈ।

ਮੌਜੂਦਾ ਸਮੇਂ ਵਿੱਚ ਭਾਰਤ ਵਿੱਚ ਪ੍ਰਾਈਵੇਟ ਸੈਕਟਰ ਵਿੱਚ ਪੈਟਰਨਿਟੀ ਲੀਵ (ਪਿਤਾ ਲਈ ਛੁੱਟੀ) ਨੂੰ ਲਾਜ਼ਮੀ ਕਰਨ ਵਾਲਾ ਕੋਈ ਖਾਸ ਕਾਨੂੰਨ ਨਹੀਂ ਹੈ, ਜਦੋਂ ਕਿ ਮੈਟਰਨਿਟੀ ਲੀਵ (ਮਾਂ ਲਈ ਛੁੱਟੀ) ਮੈਟਰਨਿਟੀ ਬੈਨੀਫਿਟ ਐਕਟ, 1961 ਦੇ ਅਧੀਨ ਆਉਂਦੀ ਹੈ, ਪੈਟਰਨਿਟੀ ਲੀਵ ਅਜੇ ਵੀ ਕਿਰਤ ਕਾਨੂੰਨਾਂ ਦੇ ਦਾਇਰੇ ਤੋਂ ਬਾਹਰ ਹੈ। ਕਈ ਦੇਸ਼ਾਂ ਵਿੱਚ ਪੈਟਰਨਿਟੀ ਲੀਵ ਇੱਕ ਕਾਨੂੰਨੀ ਅਧਿਕਾਰ ਵਜੋਂ ਮੌਜੂਦ ਹੈ, ਪਰ ਇਸ ਦੀ ਮਿਆਦ, ਤਨਖਾਹ ਅਤੇ ਯੋਗਤਾ ਵੱਖ-ਵੱਖ ਹੈ। ਮੋਟੇ ਤੌਰ 'ਤੇ ਇਹ ਯੂਰਪ, ਲਾਤੀਨੀ ਅਮਰੀਕਾ ਅਤੇ ਏਸ਼ੀਆ ਦੇ ਕੁਝ ਹਿੱਸਿਆਂ ਵਿੱਚ ਸਭ ਤੋਂ ਵੱਧ ਸਥਾਪਤ ਹੈ। ਚੱਢਾ ਨੇ ਕਿਹਾ, "ਸਵੀਡਨ, ਆਈਸਲੈਂਡ ਅਤੇ ਜਾਪਾਨ ਵਰਗੇ ਦੇਸ਼ਾਂ ਵਿੱਚ, ਇਹ ਕਾਨੂੰਨੀ ਅਧਿਕਾਰ 90 ਦਿਨਾਂ ਤੋਂ ਲੈ ਕੇ 52 ਹਫਤਿਆਂ ਤੱਕ ਗਾਰੰਟੀਸ਼ੁਦਾ ਅਧਿਕਾਰ ਵਜੋਂ ਦਿੱਤਾ ਜਾਂਦਾ ਹੈ। ਭਾਰਤ ਵਿੱਚ 90 ਫੀਸਦੀ ਕਰਮਚਾਰੀ ਪ੍ਰਾਈਵੇਟ ਸੈਕਟਰ ਵਿੱਚ ਹਨ। ਇਸ ਦਾ ਮਤਲਬ ਹੈ ਕਿ ਜ਼ਿਆਦਾਤਰ ਪਿਤਾਵਾਂ ਕੋਲ ਇਹ ਅਧਿਕਾਰ ਨਹੀਂ ਹੈ।"

# ਇਤਿਹਾਸਕ ਹੋਵੇਗੀ 3 ਦੀ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ : ਸੰਤ ਨਿਰਮਲ ਦਾਸ, ਸੰਤ ਇੰਦਰ ਦਾਸ



**ਹੁਸ਼ਿਆਰਪੁਰ (ਓ ਪੀ ਰਾਣਾ)**-ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 649 ਵਾਂ ਪ੍ਰਕਾਸ਼ ਪੁਰਬ ਮਨਾਉਣ ਅਤੇ ਕ੍ਰਾਂਤੀਕਾਰੀ ਬੇਗਮਪੁਰਾ ਦੀ ਵਿਚਾਰਧਾਰਾ ਨੂੰ ਜਨ-ਜਨ ਤੱਕ ਪਹੁੰਚਾਉਣ ਲਈ 3 ਅਪ੍ਰੈਲ (ਸ਼ੁੱਕਰਵਾਰ) ਨੂੰ ਦੁਪਹਿਰ 1 ਵਜੇ ਰੇਲਵੇ ਸਟੇਸ਼ਨ ਜਲੰਧਰ ਤੋਂ ਹਰਿਦੁਆਰ ਲਈ ਚੱਲਣ ਵਾਲੀ ਮਹਾਨ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਹਰ ਪੱਖ ਤੋਂ ਇਤਿਹਾਸਕ ਹੋਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ ਨੇ ਸੰਗਤਾਂ ਦੇ ਨਾਂਅ ਸੰਦੇਸ਼ ਵਿੱਚ ਕਿਹਾ ਕਿ ਸੰਗਤਾਂ ਪ੍ਰੇਮ ਭਾਵਨਾ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਸ਼ੋਭਾ ਯਾਤਰਾ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਕੋਈ ਵੀ ਵਿਅਕਤੀ ਕਿਸੇ ਪ੍ਰਕਾਰ ਦਾ ਨਸ਼ਾ ਕਰਕੇ ਨਾ ਆਵੇ। ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸ਼ੇਖੇ ਨੇ ਕਿਹਾ ਕਿ ਸੰਗਤਾਂ ਬਿਨਾਂ ਕਿਸੇ ਡਰ ਤੋਂ ਸ਼ਰਧਾ, ਪ੍ਰੇਮ ਭਾਵਨਾ ਨਾਲ ਯਾਤਰਾ ਵਿੱਚ ਸ਼ਾਮਲ ਹੋਣ । ਉਨ੍ਹਾਂ ਕਿਹਾ ਕਿ ਯਾਤਰਾ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ 5 ਅਪ੍ਰੈਲ ਨੂੰ ਹਰਿਦੁਆਰ (ਉੱਤਰਾਖੰਡ) ਵਿਖੇ ਬੜੀ ਸ਼ਰਧਾ ਨਾਲ ਮਨਾਏ ਜਾਣਗੇ। ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਸੀਨੀਅਰ ਮੀਤ ਪ੍ਰਧਾਨ, ਸੰਤ ਬਲਵੰਤ ਸਿੰਘ ਡੀਂਗਰੀਆਂ ਮੀਤ ਪ੍ਰਧਾਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਕਿਰਪਾਲ ਦਾਸ ਭਾਰਟਾ, ਸੰਤ ਰਮੇਸ਼ ਦਾਸ ਸ਼ੇਰਪੁਰ ਕੱਲਰਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਹੁੰਮ-ਹੁਮਾ ਕੇ ਸ਼ੋਭਾ ਯਾਤਰਾ ਵਿਚ ਸ਼ਾਮਲ ਹੋਣ।ਇਸ ਮੌਕੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਸੰਤੋਖ ਦਾਸ ਭਾਰਟਾ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਬੀਬੀ ਪੂਨਮ ਹੀਰਾ, ਭੈਣ ਸੰਤੋਸ਼ ਕੁਮਾਰੀ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ ਆਦਿ ਹਾਜ਼ਰ ਸਨ।

# ਕਾਮਰੇਡ ਮਿੱਠੂ ਸਿੰਘ ਮੰਦਰਾਂ ਨੂੰ ਭਰਪੂਰ ਸ਼ਰਧਾਂਜਲੀਆਂ



**ਮਾਨਸਾ (ਆਤਮਾ ਸਿੰਘ ਪਮਾਰ)**

ਕਾਮਰੇਡ ਮਿੱਠੂ ਸਿੰਘ ਮੰਦਰਾਂ ਦੀ ਅੰਤਮ ਅਰਦਾਸ ਮੌਕੇ ਵੱਖ-ਵੱਖ ਜਥੇਬੰਦੀਆਂ ਅਤੇ ਪਾਰਟੀਆਂ ਦੇ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸੀ ਪੀ ਆਈ ਦੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕਿਹਾ ਕਿ ਮੈਂ ਇਸ ਪਰਵਾਰ ਨੂੰ ਛੇ ਦਹਾਕਿਆਂ ਤੋਂ ਜਾਣਦਾ ਹਾਂ। ਜਦੋਂ ਮੈਨੂੰ ਮਿੱਠੂ ਸਿੰਘ ਦੇ ਵਿਛੋੜੇ ਦਾ ਪਤਾ ਚੱਲਿਆ ਤਾਂ ਮੇਰੇ ਮਨ ਨੂੰ ਬੜਾ ਦੁੱਖ ਲੱਗਿਆ ।ਮਿੱਠੂ ਸਿੰਘ ਦਾ ਚਲੇ ਜਾਣਾ ਬਹੁਤ ਹੀ ਦੁਖਦਾਈ ਹੈ। ਉਹਨਾ ਮਿੱਠੂ ਸਿੰਘ ਦੇ ਪਰਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਪਰਵਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੇਗੀ, ਤਾਂ ਕਿ ਪਰਵਾਰ ਦੀ ਹਰ ਮੁਸ਼ਕਲ 'ਚ ਸਾਥ ਦਿੱਤਾ ਜਾ ਸਕੇ।

ਹਲਕਾ ਬੁਢਲਾਡਾ ਦੇ ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਮਿੱਠੂ ਸਿੰਘ ਮੇਰਾ ਨੇੜਲਾ ਰਿਸ਼ਤੇਦਾਰ ਅਤੇ ਬਹੁਤ ਹੀ ਨਿਮਰ ਸੁਭਾਅ ਦਾ ਮਾਲਕ ਸੀ। ਉਸ ਦਾ ਤੁਰ ਜਾਣਾ ਪਰਵਾਰ ਤੇ ਸਮਾਜ ਲਈ ਬਹੁਤ ਵੱਡਾ ਘਾਟਾ ਹੈ। ਪੰਜਾਬ ਹੋਮ ਗਾਰਡ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਨੇ ਕਿਹਾ ਕਿ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਤੇ ਸਾਡੀ ਹੋਮ ਗਾਰਡ ਜਥੇਬੰਦੀ ਦਾ ਆਗੂ ਚਲਾ ਗਿਆ। ਉਹਨਾ ਸਰਕਾਰ 'ਤੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਹੋਮ ਗਾਰਡ ਦੇ ਮੁਲਾਜ਼ਮਾਂ ਦੀ ਪੈਨਸ਼ਨ ਦੇ ਰੂਪ 'ਚ ਸਰਕਾਰ ਨੂੰ ਮਦਦ ਕਰਨੀ ਚਾਹੀਦੀ ਹੈ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ ਮਿੱਠੂ ਸਿੰਘ ਦੀ ਜੀਵਨੀ 'ਤੇ ਝਾਤ ਪਾਉਂਦਿਆਂ ਕਿਹਾ ਕਿ ਉਹ ਪਾਰਟੀ ਦਾ ਜ਼ਿੰਮੇਵਾਰ ਆਗੂ ਸੀ। ਕਾਮਰੇਡ ਮੰਦਰਾਂ ਨੇ ਅੰਤਮ ਸਮੇ ਤੱਕ ਹਰ ਮੁਸ਼ਕਲ ਦਾ ਸਾਹਮਣਾ ਕੀਤਾ ਅਤੇ ਪਾਰਟੀ ਦਾ ਵਫਾਦਾਰ ਸਿਪਾਹੀ ਸਾਡੇ ਕੋਲੋਂ ਖੋ ਗਿਆ ਹੈ। ਉਹਨਾ ਕਿਹਾ ਕਿ ਦੁੱਖ ਦੀ ਘੜੀ ਵਿੱਚ ਪਾਰਟੀ ਕਾਮਰੇਡ ਮਿੱਠੂ ਸਿੰਘ ਮੰਦਰਾਂ ਦੇ ਪਰਵਾਰ ਨਾਲ ਖੜੀ ਹੈ। ਗੁਰਜੰਟ ਸਿੰਘ ਮਾਨਸਾ ਨੇ ਮੰਦਰਾਂ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

ਇਸ ਮੌਕੇ ਅੰਮ੍ਰਿਤ ਪਾਲ ਗੋਗਾ ਐੱਮ ਸੀ, ਰਤਨ ਭੋਲਾ ਸਕੱਤਰ ਸ਼ਹਿਰ ਕਮੇਟੀ, ਡਾਕਟਰ ਧੰਨਾ ਮੱਲ ਗੋਇਲ ਸੂਬਾ ਪ੍ਰਧਾਨ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ, ਪ੍ਰਿੰਸੀਪਲ ਅਜਮੇਰ ਸਿੰਘ, ਬਿਹਾਰੀ ਸਿੰਘ ਬੁਡਲਾਡਾ ਉੱਘੇ ਕਾਂਗਰਸੀ ਆਗੂ, ਅਮਰਜੀਤ ਸਿੰਘ ਖੋਖਰ ਸੀਨੀਅਰ ਆਗੂ ਸੀ ਪੀ ਆਈ (ਐੱਮ), ਬਿੱਕਰ ਸਿੰਘ ਮਘਾਣੀਆ ਪ੍ਰਧਾਨ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ, ਗੋਪਾਲ ਸਿੰਘ ਕੋਟ ਫੱਤਾ ਰਿਟਾਇਰਡ ਏ ਡੀ ਸੀ, ਐਡਵੋਕੇਟ ਬਲਵੀਰ ਕੌਰ, ਦਲਜੀਤ ਸਿੰਘ ਮਾਨਸ਼ਾਹੀਆ, ਮੇਜਰ ਸਿੰਘ ਜਮਹੂਰੀ ਕਿਸਾਨ ਸਭਾ, ਡਾਕਟਰ ਰਾਜ ਕੁਮਾਰ ਸ਼ਰਮਾ, ਕਰਨੈਲ ਸਿੰਘ ਮਾਨਸਾ, ਪੰਜਾਬ ਕਿਸਾਨ ਯੂਨੀਅਨ ਦੇ ਗੁਰਦੇਵ ਸਿੰਘ ਕੋਟ ਧਰਮੂ, ਬਲਦੇਵ ਸਿੰਘ ਘੋੜੇ ਵਾਲਾ, ਗੁਰਦੀਪ ਸਿੰਘ ਸੀਂਹਮਾਰ ਹਾਜ਼ਰ ਸਨ। ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਸਾਬਕਾ ਪ੍ਰਧਾਨ ਕਾਂਗਰਸ ਕਮੇਟੀ ਮਾਨਸਾ, ਨਾਜਰ ਸਿੰਘ ਮਾਨਸ਼ਾਹੀਆ ਸਾਬਕਾ ਵਿਧਾਇਕ ਮਾਨਸਾ ਨੇ ਵੀ ਹਾਜ਼ਰੀ ਲਗਵਾ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

## ਅੱਜ-ਨਾਮਾ

ਮੰਦਰ ਬਿਹਾਰ ਦੇ ਵਿੱਚ ਆ ਪਈ ਭਾਜੜ,
ਉੱਖੜੀ ਭੀੜ ਕੰਟਰੋਲ ਨਹੀਂ ਹੋਈ ਬੇਲੀ।
ਕੋਈ ਵੀ ਕੀਤੇ ਬਚਾਅ ਨਹੀਂ ਕੰਮ ਆਏ,
ਕੋਤਾਹੀ ਗਈ ਨਹੀਂ ਕਿਤੇ ਲੁਕੋਈ ਬੇਲੀ।
ਕਈਆਂ ਥਾਂਵਾਂ 'ਤੇ ਹੁੰਦੀ ਬੱਸ ਰਹੀ ਏਦਾਂ,
ਨਾਲੰਦਾ ਵੱਲ ਵੀ ਹੋਈ ਫਿਰ ਸੋਈ ਬੇਲੀ।
ਲੱਗਣਾ ਦੁੱਖ ਨਹੀਂ ਕੋਈ ਵੀ ਆਗੂਆਂ ਨੂੰ,
ਜਾਵਣਾ ਪੀੜਤਾਂ ਨੇ ਫਿਰ ਤੋਂ ਰੋਈ ਬੇਲੀ।
ਲੀਡਰ ਆਵਣਗੇ ਕਰਨ ਲਈ ਰਾਜਨੀਤੀ,
ਮੁਆਵਜ਼ੇ ਵੰਡਣ ਦਾ ਹੋਊ ਐਲਾਨ ਬੇਲੀ।
ਪੈਸਾ ਉਡੀਕਦੇ ਪਹਿਲੇ ਆ ਅਜੇ ਪੀੜਤ,
ਕਰੂਗਾ ਇਹਦਾ ਨਾ ਕੋਈ ਧਿਆਨ ਬੇਲੀ।

-ਤੀਸ ਮਾਰ ਖਾਂ

# ਬਲਵਿੰਦਰ ਜੰਮੂ ਨੇ ਆਈ ਜੇ ਯੂ ਦੇ ਕੌਮੀ ਪ੍ਰਧਾਨ ਦਾ ਅਹੁਦਾ ਸੰਭਾਲਿਆ

## ਬਲਬੀਰ ਜੰਡੂ ਕੌਮੀ ਖ਼ਜ਼ਾਨਚੀ ਤੇ ਬਿੰਦੂ ਸਿੰਘ ਕੌਮੀ ਕਾਰਜਕਾਰਨੀ ਮੈਂਬਰ ਚੁਣੇ ਗਏ




**ਜਗਰਾਓਂ/ਲਹਿਰਾ ਮੁਹੱਬਤ (ਸੰਜੀਵ ਅਰੋੜਾ, ਭੀਮ ਸੈਨ ਹਦਵਾਰੀਆ)**

ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ) ਦੀ 11ਵੀਂ ਨੈਸ਼ਨਲ ਪਲੈਨਰੀ ਨੇ ਵਿਜੇਵਾੜਾ ਵਿੱਚ ਆਪਣੀ ਨਵੀਂ ਰਾਸ਼ਟਰੀ ਕਾਰਜਕਾਰੀ ਕਮੇਟੀ ਦਾ ਐਲਾਨ ਕੀਤਾ। ਇਸ ਮੌਕੇ ਪਹਿਲਾਂ ਹੀ ਨਿਰਵਿਰੋਧ ਚੁਣੇ ਗਏ ਪੰਜਾਬ ਦੇ ਬਲਵਿੰਦਰ ਸਿੰਘ ਜੰਮੂ ਨੇ ਕੌਮੀ ਪ੍ਰਧਾਨ ਅਤੇ ਆਂਧਰਾ ਪ੍ਰਦੇਸ਼ ਦੇ ਆਗੂ ਡੀ ਸੋਮ ਸੁੰਦਰ ਨੇ ਸਕੱਤਰ ਜਨਰਲ ਦਾ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਬਾਅਦ ਜੰਮੂ ਨੇ ਸੰਬੋਧਨ ਕਰਦਿਆਂ ਪੱਤਰਕਾਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਸੂਬਾ ਪੱਧਰ 'ਤੇ ਸੈਮੀਨਾਰ ਅਤੇ ਕਨਵੈਨਸ਼ਨਾਂ ਕਰ ਕੇ ਸੰਘਰਸ਼ ਦੀ ਰੂਪਰੇਖਾ ਤਿਆਰ ਕਰਨ ਦਾ ਸੱਦਾ ਦਿੱਤਾ। ਉਨ੍ਹਾ ਕਿਹਾ ਕਿ ਮੀਡੀਆ ਉੱਪਰ ਕਾਰਪੋਰੇਟ ਘਰਾਣਿਆਂ ਦੇ ਕਬਜ਼ੇ, ਵਧ ਰਹੇ ਠੇਕੇਦਾਰੀ ਪ੍ਰਬੰਧ, ਪ੍ਰੈੱਸ ਦੀ ਅਜ਼ਾਦੀ ਉਪਰ ਵਧ ਰਹੇ ਹਮਲਿਆਂ ਕਾਰਨ ਪੱਤਰਕਾਰੀ ਗੰਭੀਰ ਸੰਕਟ ਦਾ ਸ਼ਿਕਾਰ ਹੈ। ਇਸ ਮੌਕੇ ਚੋਣ ਅਧਿਕਾਰੀ ਸੀਨੀਅਰ ਪੱਤਰਕਾਰ ਐੱਮ ਏ ਮਾਜ਼ਿਦ ਨੇ ਨਤੀਜਿਆਂ ਦਾ ਐਲਾਨ ਕੀਤਾ। ਪੰਜਾਬ ਦੇ ਇਕ ਹੋਰ ਸੀਨੀਅਰ ਆਗੂ ਬਲਬੀਰ ਸਿੰਘ ਜੰਡੂ ਕੌਮੀ ਖ਼ਜ਼ਾਨਚੀ, ਅਮਰ ਮੋਹਨ ਪ੍ਰਸਾਦ (ਬਿਹਾਰ) ਅਤੇ ਵਾਈ ਨਰਿੰਦਰ ਰੈਡੀ (ਤੇਲੰਗਾਨਾ) ਕੌਮੀ ਮੀਤ ਪ੍ਰਧਾਨ ਅਤੇ ਨਰਿੰਦਰ ਭਾਰਦਵਾਜ (ਉਤਰ ਪ੍ਰਦੇਸ਼), ਡੀ ਐੱਸ ਆਰ ਸੁਭਾਸ਼ (ਤਾਮਿਲਨਾਡੂ) ਅਤੇ ਪੀ ਭਾਸਕਰ ਰੈਡੀ (ਕਰਨਾਟਕ) ਨੂੰ ਨਿਰਵਿਰੋਧ ਕੌਮੀ ਸਕੱਤਰ ਚੁਣੇ ਜਾਣ ਦਾ ਐਲਾਨ ਕੀਤਾ ਗਿਆ।

ਪੰਜਾਬ ਦੀ ਸੀਨੀਅਰ ਪੱਤਰਕਾਰ ਬਿੰਦੂ ਸਿੰਘ ਸਮੇਤ ਹੋਰ ਰਾਜਾਂ ਦੇ 14 ਮੈਂਬਰਾਂ ਨੂੰ ਕੌਮੀ ਕਾਰਜਕਾਰਨੀ ਲਈ ਚੁਣ ਲਿਆ ਗਿਆ। ਪੰਜਾਬ ਅਤੇ ਚੰਡੀਗੜ੍ਹ ਦੇ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ ਅਤੇ ਸਕੱਤਰ ਜਨਰਲ ਸੰਤੋਖ ਗਿੱਲ ਸਮੇਤ ਦੂਜੇ ਸੂਬਿਆਂ ਦੇ ਪ੍ਰਧਾਨ ਅਤੇ ਸਕੱਤਰ ਜਨਰਲ ਵੀ ਕੌਮੀ ਕਾਰਜਕਾਰਨੀ ਵਿੱਚ ਸ਼ਾਮਲ ਕੀਤੇ ਗਏ ਹਨ।ਇੰਡੀਅਨ ਜਰਨਲਿਸਟਸ ਯੂਨੀਅਨ ਨੇ ਸਰਬਸੰਮਤੀ ਨਾਲ ਦੇਸ਼ ਭਰ 'ਚ 5 ਪੱਤਰਕਾਰਾਂ ਦੇ ਮਾਰੇ ਜਾਣ, ਪੰਜਾਬ ਸਮੇਤ ਹੋਰ ਰਾਜਾਂ ਦੇ ਦਰਜਨਾਂ ਪੱਤਰਕਾਰਾਂ ਉਪਰ ਜਾਨਲੇਵਾ ਹਮਲੇ, ਝੂਠੇ ਕੇਸ ਦਰਜ ਕਰਨ ਤੇ ਡਿਜੀਟਲ ਪ੍ਰੇਸ਼ਾਨੀਆਂ ਦੀ ਜ਼ੋਰਦਾਰ ਨਿੰਦਾ ਤੋਂ ਇਲਾਵਾ ਸੱਚ ਦੀ ਅਵਾਜ਼ ਨੂੰ ਦਬਾਉਣ ਲਈ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਇਸ਼ਤਿਹਾਰਬਾਜ਼ੀ ਦੀ ਹਥਿਆਰ ਵਜੋਂ ਦੁਰਵਰਤੋਂ ਉਪਰ ਫ਼ੌਰੀ ਰੋਕ ਲਾਉਣ ਦੀ ਮੰਗ ਕੀਤੀ। ਪੱਤਰਕਾਰਾਂ ਦੀ ਸੁਰੱਖਿਆ ਲਈ ਵਿਸ਼ੇਸ਼ ਕਾਨੂੰਨ, ਕੌਮੀ ਅਤੇ ਰਾਜ ਪੱਧਰ ਉਪਰ ਮੀਡੀਆ ਕਮਿਸ਼ਨ ਕਾਇਮ ਕਰਨ ਤੋਂ ਇਲਾਵਾ ਕੌਮੀ ਪ੍ਰੈੱਸ ਕੌਂਸਲ ਦੀ ਥਾਂ ਪ੍ਰਭਾਵਸ਼ਾਲੀ ਮੀਡੀਆ ਕੌਂਸਲ ਬਣਾਉਣ ਦੀ ਵੀ ਮੰਗ ਸਮੇਤ 10 ਮਤੇ ਸਰਬਸੰਮਤੀ ਨਾਲ ਪ੍ਰਵਾਨ ਕੀਤੇ ਗਏ। ਪੰਜਾਬ ਦੀ ਆਗੂ ਟੀਮ ਵੱਲੋਂ ਅਹੁਦਾ ਛੱਡ ਰਹੇ ਕੌਮੀ ਪ੍ਰਧਾਨ ਕੇ ਸ੍ਰੀਨਿਵਾਸ ਰੈਡੀ, ਨਵੇਂ ਚੁਣੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਅਤੇ ਸਕੱਤਰ ਜਨਰਲ ਡੀ ਸੋਮ ਸੁੰਦਰ ਦਾ ਸਨਮਾਨ ਕੀਤਾ ਗਿਆ।

# ਸ਼ਹੀਦ ਭਗਤ ਸਿੰਘ ਤੇ ਬੀ ਕੇ ਦੱਤ 'ਤੇ ਵਿਚਾਰ-ਚਰਚਾ 8 ਨੂੰ



**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ 8 ਅਪ੍ਰੈਲ ਇਤਿਹਾਸਕ ਦਿਹਾੜੇ ਮੌਕੇ ਸ਼ਹੀਦ ਭਗਤ ਸਿੰਘ, ਬੀ ਕੇ ਦੱਤ ਅਤੇ ਉਸ ਦੇ ਸਾਥੀਆਂ ਦੇ ਵਿਚਾਰਾਂ ਦੀ ਪ੍ਰਸੰਗਕਤਾ ਉਭਾਰਨ ਲਈ 8 ਅਪ੍ਰੈਲ ਨੂੰ ਠੀਕ 2:30 ਵਜੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਇੱਕ ਵਿਸ਼ੇਸ਼ ਵਿਚਾਰ-ਚਰਚਾ ਮਿਲਣੀ ਦਾ ਆਯੋਜਨ ਕਰ ਰਹੀ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਇਸ ਰੋਜ਼ ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਨੇ 8 ਅਪ੍ਰੈਲ 1929 ਨੂੰ ਸੈਂਟਰਲ ਅਸੈਂਬਲੀ ਦਿੱਲੀ ਵਿੱਚ ਬੰਬ ਧਮਾਕਾ ਕਰਕੇ ਅਤੇ ਹੱਥ ਪਰਚੇ ਸੁੱਟ ਕੇ ਬਰਤਾਨਵੀ ਹਕੂਮਤ ਖ਼ਿਲਾਫ਼ ਧਮਾਕੇਦਾਰ ਆਵਾਜ਼ ਬੁਲੰਦ ਕੀਤੀ ਸੀ ਕਿ ਕਿਵੇਂ ਭਾਰਤੀ ਲੋਕਾਂ ਉਪਰ ਗ਼ੁਲਾਮੀ ਦਾ ਸ਼ਿਕੰਜਾ ਕੱਸਣ, ਹਰ ਤਰ੍ਹਾਂ ਦੇ ਮੁੱਢਲੇ ਮਨੁੱਖੀ ਅਧਿਕਾਰਾਂ ਤੋਂ ਵਾਂਝਿਆਂ ਕਰਨ ਅਤੇ ਮਜ਼ਦੂਰ ਜਮਾਤ ਦੀ ਬੁਰੀ ਤਰ੍ਹਾਂ ਆਵਾਜ਼ ਬੰਦ ਕਰਨ ਲਈ 'ਪਬਲਿਕ ਸੇਫਟੀ ਬਿੱਲ' ਅਤੇ ਟਰੇਡ ਡਿਸਪਿਊਟ ਬਿੱਲ ਦੇ ਨਾਂਅ ਹੇਠ ਕਾਲ਼ੇ ਕਾਨੂੰਨਾਂ ਦੇ ਦੰਦ ਤਿੱਖੇ ਕੀਤੇ ਜਾ ਰਹੇ ਹਨ, ਜਿਸ ਖ਼ਿਲਾਫ਼ ਆਵਾਮ ਨੂੰ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ ਦੀ ਲੋੜ ਹੈ।

ਭਗਤ ਸਿੰਘ ਅਤੇ ਬਟੁਕੇਸ਼ਵਰ ਦੱਤ ਨੇ ਅਸੈਂਬਲੀ ਵਿੱਚ ਇੱਕ ਵਿਸ਼ੇਸ਼ ਮੰਤਵ ਨਾਲ ਹੱਥ ਪਰਚੇ ਸੁੱਟੇ, ਜਿਨ੍ਹਾਂ ਉਪਰ ਲਿਖਿਆ ਸੀ, 'ਬੋਲਿਆਂ ਨੂੰ

• ਬਾਕੀ ਸਫ਼ਾ 2 'ਤੇ

## ਮਾਊਂਟ ਲਿਟਰਾ ਜੀ ਸਕੂਲ 'ਚ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜੀ ਸਕੂਲ ਰਾਮਪੁਰਾ ਵਿਖੇ ਸੈਸ਼ਨ 2026-27 ਲਈ ਕਿੰਡਰ ਗਾਰਟਨ ਦੇ ਵਿਦਿਆਰਥੀਆਂ ਦੇ ਮਾਪਿਆਂ ਲਈ ਇੱਕ 'ਓਰੀਐਂਟੇਸ਼ਨ ਪ੍ਰੋਗਰਾਮ' ਆਯੋਜਿਤ ਕੀਤਾ ਗਿਆ।ਇਹ ਪ੍ਰੋਗਰਾਮ ਦੌਰਾਨ ਕਲਾਸ ਅਧਿਆਪਕਾਂ ਨੇ ਆਪਣੀ ਜਾਣ-ਪਛਾਣ ਕਰਵਾਈ ਤੇ ਸਕੂਲ ਦੇ ਪਾਠਕ੍ਰਮ ਤੇ ਵੱਖ-ਵੱਖ ਸਮੇਂ 'ਤੇ ਕਰਵਾਈਆਂ ਜਾਂਦੀਆਂ ਗਤੀਵਿਧੀਆਂ, ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸਹੂਲਤਾਂ, ਅਕਾਦਮਿਕ ਸਿੱਖਿਆ, ਸਕੂਲ ਦੇ ਨਿਯਮਾਂ ਤੇ ਕਾਨੂੰਨਾਂ ਬਾਰੇ ਜਾਣਕਾਰੀ ਦਿੱਤੀ। ਬੱਚਿਆਂ ਦੀ ਸਿਹਤ ਤੇ ਸਫਾਈ ਬਾਰੇ ਕੁਝ ਮਹੱਤਵਪੂਰਨ ਸੁਝਾਅ ਵੀ ਸਾਂਝੇ ਕੀਤੇ ਗਏ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗਗਨ ਬਾਂਸਲ ਨੇ ਆਪਣੇ ਸੰਦੇਸ਼ ਵਿੱਚ ਅਧਿਆਪਕਾਂ ਤੇ ਮਾਪਿਆਂ ਵਿਚਕਾਰ ਪ੍ਰਭਾਵਸ਼ਾਲੀ ਸੰਚਾਰ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਉਨ੍ਹਾਂ ਦੇ ਸਮਰਥਨ ਤੇ ਸੁਝਾਅ ਮੰਗੇ ਤਾਂ ਜੋ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਵਧੀਆ ਤੋਂ ਵਧੀਆ ਕੀਤਾ ਜਾ ਸਕੇ। ਸਕੂਲ ਦੇ ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਮਾਪਿਆਂ ਦਾ ਸਕੂਲ ਵਿੱਚ ਸਵਾਗਤ ਕੀਤਾ ਤੇ ਇਹ ਯਕੀਨੀ ਬਣਾਇਆ ਕਿ ਬੱਚਿਆਂ ਲਈ ਇਹ ਸਿੱਖਿਆ ਇੱਕ ਸੁਚਾਰੂ ਪ੍ਰਕਿਰਿਆ ਹੋਵੇ।ਉਨ੍ਹਾਂ ਮਾਪਿਆਂ ਨੂੰ ਸਿੱਖਿਆ ਵਿਧੀਆਂ, ਵੱਖ-ਵੱਖ ਸਹਿ-ਵਿਦਿਅਕ ਗਤੀਵਿਧੀਆਂ ਤੇ ਮੁਲਾਂਕਣਾਂ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਸਕੂਲ, ਘਰ, ਮਾਪਿਆਂ ਤੇ ਅਧਿਆਪਕਾਂ ਦੇ ਸਹਿਯੋਗੀ ਯਤਨਾਂ 'ਤੇ ਜ਼ੋਰ ਦਿੱਤਾ।

# ਸੈਂਕੜੇ ਕਿਸਾਨਾਂ ਮਜ਼ਦੂਰਾਂ ਵੱਲੋਂ ਡੀ ਐੱਸ ਪੀ ਧਰਮਕੋਟ ਦੇ ਦਫ਼ਤਰ ਅੱਗੇ ਧਰਨਾ

### ਆੜ੍ਹਤੀਏ 'ਤੇ ਪਰਚਾ ਦਰਜ ਕਰਨ ਤੇ ਧੋਖੇ ਨਾਲ ਕਰਵਾਈ ਇਕ ਏਕੜ ਦੀ ਰਜਿਸਟਰੀ ਵਾਪਸ ਕਰਨ ਦੀ ਕੀਤੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਸੈਂਕੜੇ ਕਿਸਾਨਾਂ ਮਜ਼ਦੂਰਾਂ ਤੇ ਬੀਬੀਆਂ ਵੱਲੋਂ ਮੰਗਲਵਾਰ ਡੀ ਐੱਸ ਪੀ ਦਫਤਰ ਧਰਮਕੋਟ ਅੱਗੇ ਧਰਨਾ ਆਖ਼ਰੀ ਖ਼ਬਰ ਲਿਖੇ ਜਾਣ ਤੱਕ ਚੱਲ ਰਿਹਾ ਸੀ, ਜੇਕਰ ਪੁਲਸ ਪ੍ਰਸ਼ਾਸਨ ਵੱਲੋਂ ਮਸਲੇ ਦਾ ਹੱਲ ਨਾ ਕੀਤਾ ਤਾਂ ਇਸ ਧਰਨੇ ਨੂੰ ਰਾਤ-ਦਿਨ ਦੇ ਧਰਨੇ ਵਿੱਚ ਤਬਦੀਲ ਕਰ ਦਿੱਤਾ ਜਾਵੇਗਾ।ਵਿਸ਼ਾਲ ਇੱਕਠ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਠੱਠਾ, ਹਰਮੰਦਰ ਸਿੰਘ ਡੇਮਰੂ ਨੇ ਕਿਹਾ ਕਿ ਕਿਸਾਨ ਜਸਵਿੰਦਰ ਸਿੰਘ ਪਿੰਡ ਕਿਸ਼ਨਪੁਰਾ ਕਲਾਂ ਪਾਸੋ 2009 ਵਿੱਚ ਆੜ੍ਹਤੀ ਮੱਘਰ ਸਿੰਘ ਪਿੰਡ ਕਿਸ਼ਨਪੁਰਾ ਨੇ ਕਿਸਾਨ ਨੂੰ ਕਰਜ਼ਾ ਦੇਣ ਬਦਲੇ 1 ਏਕੜ ਦੀ ਰਜਿਸਟਰੀ ਕਰਵਾ ਲਈ ਸੀ ਤੇ 2012 ਵਿੱਚ ਕਿਸਾਨ ਨੇ 10 ਲੱਖ ਰੁਪਏ ਆੜ੍ਹਤੀਏ ਨੂੰ ਵਾਪਸ ਕਰ ਦਿੱਤਾ ਸੀ, ਪਰ ਆੜ੍ਹਤੀਏ ਨੇ ਵਾਅਦੇ ਤੋਂ ਮੁਕਰਦਿਆਂ ਕਿਸਾਨ ਦੇ ਨਾਮ ਜ਼ਮੀਨ ਵਾਪਸ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਇਸ ਸਦਮੇ ਨੂੰ ਨਾ ਸਹਾਰਦੇ ਹੋਏ 2019 ਵਿੱਚ ਕਿਸਾਨ ਜਸਵਿੰਦਰ ਸਿੰਘ ਨੇ ਖੁਦਕੁਸ਼ੀ ਕਰ ਲਈ ਜਦੋਂ ਪ੍ਰਵਾਰ ਨੇ ਆੜ੍ਹਤੀਏ ਮੱਘਰ ਸਿੰਘ 'ਤੇ ਪਰਚਾ ਦਰਜ ਕਰਨ ਦੀ ਮੰਗ ਕੀਤੀ ਤਾਂ ਪਿੰਡ ਦੇ ਮੁਬਾਰਕਾਂ ਨੇ ਜ਼ਮੀਨ ਵਾਪਸ ਕਰਨ ਤੇ ਪੀੜਤ ਪਰਵਾਰ ਦੀ ਮੱਦਦ ਕਰਨ ਦਾ ਭਰੋਸਾ ਦੇ ਕੇ ਮ੍ਰਿਤਕ ਕਿਸਾਨ ਦਾ ਅੰਤਿਮ ਸੰਸਕਾਰ ਕਰਵਾ ਦਿੱਤਾ, ਇਸ ਤੋਂ ਬਾਅਦ ਆੜ੍ਹਤੀਏ ਨੇ ਵਿਧਵਾ ਹਰਜੀਤ ਕੌਰ 'ਤੇ ਉਸ ਦੇ ਬੱਚੇ ਨੂੰ ਅੱਜ ਤੱਕ ਕੋਈ ਇੰਨਸਾਫ ਦਿੱਤਾ ਤੇ ਨਾ ਹੀ ਪੁਲਸ ਤੇ ਸਿਵਲ ਪ੍ਰਸ਼ਾਸਨ ਨੇ ਪੀੜਤ ਪਰਵਾਰ ਨੂੰ ਵਾਰ ਵਾਰ ਲਿਖਤੀ ਬੇਨਤੀਆਂ ਕਰਨ 'ਤੇ ਵੀ ਇੰਨਸਾਫ ਨਹੀਂ ਦਿੱਤਾ।ਇਸ ਲਈ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਕਿਸਾਨ ਜਸਵਿੰਦਰ ਸਿੰਘ ਦੀ ਖੁਦਕੁਸ਼ੀ ਦਾ ਜ਼ਿੰਮੇਵਾਰ ਆੜ੍ਹਤੀ ਮੱਘਰ ਸਿੰਘ 'ਤੇ ਪਰਚਾ ਦਰਜ ਕੀਤਾ ਜਾਵੇ ਤੇ ਉਸ ਨੂੰ ਤਰੁੰਤ ਗ੍ਰਿਫਤਾਰ ਕੀਤਾ ਜਾਵੇ ਤੇ ਕਿਸਾਨ ਦੀ ਸਕਿਓਰਟੀ ਵਜੋਂ ਰੱਖੀ ਜ਼ਮੀਨ ਵਾਪਸ ਪਰਵਾਰ ਨੂੰ ਦਿਵਾਈ ਜਾਵੇ, ਮੰਜ਼ਲੀ ਪਿੰਡ ਵਿੱਚ ਰੇਤਾ ਦੇ ਕੀਤੇ ਪਰਚੇ ਥਾਣਾ ਧਰਮਕੋਟ ਵਿੱਚ ਮੰਨੀ ਮੰਗ ਅਨੁਸਾਰ ਰੱਦ ਕੀਤੇ ਜਾਣ ਤੇ ਪਰਾਲੀ ਸਾੜਨ ਦੇ ਕੀਤੇ ਪਰਚੇ ਵੀ ਮੰਨੀ ਮੰਗ ਮੁਤਾਬਕ ਰੱਦ ਕੀਤੇ ਜਾਣ।ਕਿਸਾਨ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸੁਣਵਾਈ ਨਾ ਹੋਈ ਤਾਂ ਇਹ ਧਰਨਾ ਪੱਕੇ ਮੋਰਚੇ ਵਿੱਚ ਤਬਦੀਲ ਕਰ ਦਿੱਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਆਗੂ ਅਵਤਾਰ ਸਿੰਘ ਧਰਮ ਸਿੰਘ ਵਾਲਾ, ਗੁਰਦੇਵ ਸਿੰਘ ਸਾਹ ਵਾਲਾ, ਗੁਰਮੇਲ ਸਿੰਘ ਲੋਹਗੜ੍ਹ, ਸੋਹਣ ਸਿੰਘ ਰਾਮੂਵਾਲਾ, ਰਣਜੀਤ ਸਿੰਘ ਬੁੱਟਰ, ਬਲਵੰਤ ਸਿੰਘ ਕਿਸ਼ਨਪੁਰਾ, ਗੁਰਭੇਜ ਸਿੰਘ ਸਾਹ ਵਾਲਾ, ਕਪੂਰ ਸਿੰਘ ਕੰਬੋਜ, ਹੀਰਾ ਸਿੰਘ, ਬਲਵਿੰਦਰ ਸਿੰਘ ਕੋਕਰੀ, ਨਛੱਤਰ ਸਿੰਘ ਹੇਰ, ਹਰਨੇਕ ਸਿੰਘ ਡੇਮਰੂ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਬੀਬੀਆਂ ਹਾਜ਼ਰ ਸਨ।

## ਪੁਲਸ ਵੱਲੋਂ ਨਸ਼ਿਆਂ ਵਿਰੁੱਧ ਵੱਡੀ ਕਾਰਵਾਈ, ਸ਼ੱਕੀ ਟਿਕਾਣਿਆਂ 'ਤੇ ਛਾਪੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਤੇ ਕਾਸੋ ਅਪ੍ਰੇਸ਼ਨ ਤਹਿਤ ਡੀਐੱਸਪੀ ਬਾਘਾ ਪੁਰਾਣਾ ਦਲਵੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਥਾਣਾ ਬਾਘਾ ਪੁਰਾਣਾ ਤੇ ਸਮਾਲਸਰ ਦੇ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਛਾਪਾਮਾਰੀ ਕੀਤੀ ਗਈ।ਇਸ ਮੁਹਿੰਮ ਵਿੱਚ ਥਾਣਾ ਬਾਘਾ ਪੁਰਾਣਾ ਦੇ ਮੁੱਖ ਅਫਸਰ ਇੰਸਪੈਕਟਰ ਜਤਿੰਦਰ ਸਿੰਘ ਤੇ ਥਾਣਾ ਸਮਾਲਸਰ ਦੇ ਮੁੱਖ ਅਫਸਰ ਜਸਵੀਰ ਸਿੰਘ ਸਮੇਤ ਕਰੀਬ 100 ਪੁਲਸ ਮੁਲਾਜ਼ਮਾਂ ਨੇ ਭਾਗ ਲਿਆ।ਪੁਲਸ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਸਮਾਲਸਰ, ਰੋਡੇ, ਆਲਮਵਾਲਾ ਤੇ ਬਾਘਾ ਪੁਰਾਣਾ ਦੇ ਮੁਹੱਤਾਂ ਵਾਲਾ ਮੁਹੱਲਾ ਸਮੇਤ ਕਈ ਇਲਾਕਿਆਂ ਵਿੱਚ ਇੱਕੋ ਸਮੇਂ ਕਾਰਵਾਈ ਕੀਤੀ ਗਈ।ਮੁਹਿੰਮ ਦੌਰਾਨ ਪੁਲਸ ਟੀਮਾਂ ਨੇ ਸ਼ੱਕੀ ਟਿਕਾਣਿਆਂ ਨੂੰ ਚਾਰੋਂ ਪਾਸਿਆਂ ਤੋਂ ਘੇਰ ਕੇ ਤਲਾਸ਼ੀ ਅਭਿਆਨ ਚਲਾਇਆ।ਘਰਾਂ ਦੀ ਜਾਂਚ ਦੇ ਨਾਲ ਨਾਲ ਉਨ੍ਹਾਂ ਥਾਵਾਂ 'ਤੇ ਵੀ ਛਾਪੇ ਮਾਰੇ ਗਏ, ਜਿਨ੍ਹਾਂ ਨੂੰ ਡਰੱਗ ਹੌਟਸਪੌਟ ਮੰਨਿਆ ਜਾਂਦਾ ਹੈ।ਪੁਲਸ ਨੇ ਕਈ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ, ਜਦਕਿ ਕਈ ਸ਼ੱਕੀ ਵਾਹਨਾਂ ਨੂੰ ਵੀ ਕਬਜ਼ੇ ਵਿੱਚ ਲਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਬਾਘਾ ਪੁਰਾਣਾ ਦਲਵੀਰ ਸਿੰਘ ਸਿੱਧੂ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਜ਼ਿਲ੍ਹਾ ਮੋਗਾ ਨੂੰ ਨਸ਼ਾ ਮੁਕਤ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾਉਣ ਲਈ ਪੁਲਸ ਵੱਲੋਂ ਲਗਾਤਾਰ ਇਸ ਤਰ੍ਹਾਂ ਦੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਨ੍ਹਾਂ ਕਾਰਵਾਈਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤਾਂ ਜੋ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਾ ਜਾਵੇ ਤੇ ਸਮਾਜ ਨੂੰ ਨਸ਼ਾ ਮੁਕਤ ਬਣਾਇਆ ਜਾ ਸਕੇ।

## ਐਡਮਿੰਟਨ ਮਿੱਲਵੁਡ ਕਲਚਰਲ ਸੁਸਾਇਟੀ ਦਾ ਸਥਾਪਨਾ ਦਿਵਸ ਮਨਾਇਆ



**ਲੁਧਿਆਣਾ (ਸਤੀਸ਼ ਸਚਦੇਵਾ)**-ਐਡਮਿੰਟਨ (ਕੈਨੇਡਾ) ਮਿੱਲਵੁਡ ਕਲਚਰਲ ਸੁਸਾਇਟੀ ਆਫ ਰਿਟਾਇਰਡ ਐਂਡ ਸੈਮੀ ਰਿਟਾਇਰਡ ਵੱਲੋਂ 28 ਮਾਰਚ 2026 ਨੂੰ ਸੁਸਾਇਟੀ ਦਾ 43ਵਾਂ ਫਾਊਂਡਿੰਗ ਡੇ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਨੈਸ਼ਨਲ ਐਂਥਮ ਨਾਲ ਕੀਤੀ ਗਈ।ਇਸ ਤੋਂ ਬਾਅਦ ਜੋ ਕਮੇਟੀ ਮੈਂਬਰ ਸਦੀਵੀ ਵਿਛੋੜਾ ਦੇ ਗਏ ਹਨ, ਉਨ੍ਹਾਂ ਨੂੰ ਇੱਕ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ।ਸੰਸਥਾ ਦੇ ਪ੍ਰਧਾਨ ਸੁਦਾਗਰ ਸਿੰਘ ਵੱਲੋਂ ਸੁਸਾਇਟੀ ਦੁਆਰਾ ਕੀਤੇ ਗਏ ਕੰਮਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਸੁਸਾਇਟੀ ਦੀ ਸਥਾਪਨਾ 23 ਮਾਰਚ 1983 ਨੂੰ ਕੀਤੀ ਗਈ ਵਿਲੱਖਣਤਾ ਇਹ ਹੈ ਕਿ ਓਦੋਂ ਤੋਂ ਹੁਣ ਤੱਕ ਚੋਣ ਸਰਬਸੰਮਤੀ ਨਾਲ ਹੁੰਦੀ ਰਹੀ ਹੈ।ਇਸ ਮੌਕੇ ਲਾਡੀ ਸੂਸ ਤੇ ਪਵਿੱਤਰ ਸਿੰਘ ਹੋਰਾਂ ਦੇ ਗੀਤਾਂ ਨੇ ਦਰਸ਼ਕਾਂ ਤੇ ਗਹਿਰਾ ਪ੍ਰਭਾਵ ਛੱਡਿਆ।ਜਸਵੀਰ ਕੌਰ ਭੈਣ ਵਲੋਂ ਜਿੱਥੇ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ ਉਨ੍ਹਾਂ ਆਜ਼ਾਦੀ ਦੇ ਪ੍ਰਵਾਨਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।ਪ੍ਰਧਾਨਗੀ ਮੰਡਲ ਵਿੱਚ ਮੈਂਬਰ ਪਾਰਲੀਮੈਂਟ ਜਗਸ਼ਰਨ ਸਿੰਘ ਮਾਹਲ, ਜਸਵੀਰ ਦਿਓਲ ਐੱਮ ਐੱਲ ਏ, ਕਰਿਸਟੀਨਾ ਗਰੇਅ ਐੱਮ ਐੱਲ ਏ, ਗੁਰਤੇਜ ਸਿੰਘ ਬਰਾੜ ਐੱਮ ਐੱਲ ਏ ਸ਼ਾਮਲ ਸਨ।ਇਸ ਮੌਕੇ ਮੁੱਖ ਮਹਿਮਾਨ ਜਗਜੀਤ ਸਿੰਘ ਸਿੱਧੂ, ਜੋ ਦੋ ਵਾਰ ਸੁਸਾਇਟੀ ਦੇ ਪ੍ਰਧਾਨ ਰਹਿ ਚੁੱਕੇ ਹਨ, ਨੂੰ ਸਨਮਾਨਤ ਕੀਤਾ ਗਿਆ।ਸੀਨੀਅਰ ਮੈਂਬਰਾਂ ਹਰਭਜਨ ਸਿੰਘ ਅਟਵਾਲ, ਦਿਲਬਾਗ ਸਿੰਘ ਰਾਏ, ਰਾਜਿੰਦਰ ਸਿੰਘ ਸੈਣੀ, ਉਮੇਸ਼ ਕੁਮਾਰ ਨੂੰ ਸੁਸਾਇਟੀ ਪ੍ਰਤੀ ਕੰਮਾਂ ਬਦਲੇ ਸਨਮਾਨਤ ਕੀਤਾ ਗਿਆ।ਸ਼੍ਰੀ ਸੁਖਦੇਵ ਸਿੰਘ ਬੈਨੀਪਾਲ ਨੇ ਸਟੇਜ ਸੰਚਾਲਨ ਬਹੁਤ ਹੀ ਸ਼ਲਾਘਾਯੋਗ ਢੰਗ ਨਾਲ਼ ਕੀਤਾ।ਅਖੀਰ ਵਿੱਚ ਸੁਸਾਇਟੀ ਦੇ ਵਾਈਸ ਪ੍ਰਧਾਨ ਕ੍ਰਿਸ਼ਨ ਜੌਹਨ ਵੱਲੋਂ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਕੇਕ ਕੱਟਣ ਉਪਰੰਤ ਪ੍ਰੋਗਰਾਮ ਦੀ ਸਮਾਪਤੀ ਕੀਤੀ ਗਈ।

## ਮਸ਼ਹੂਰ ਟਰੈਕਟਰ ਮਕੈਨਿਕ ਗੁਰਚੇਤ ਸਿੰਘ ਬੱਗੀ ਦਾ ਦਿਹਾਂਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਲਾਕੇ ਦੇ ਨਾਮਵਰ ਟਰੈਕਟਰ ਮਕੈਨਿਕ ਗੁਰਚੇਤ ਸਿੰਘ ਬੱਘੀ ਭਾਈਕਾ (62) ਦਾ ਅਚਾਨਕ ਦਿਹਾਂਤ ਹੋ ਗਿਆ।ਉਨ੍ਹਾਂ ਦੇ ਅੰਤਿਮ ਸੰਸਕਾਰ ਅੱਜ ਸਮੇਂ ਵੱਡੀ ਗਿਣਤੀ 'ਚ ਵੱਖ-ਵੱਖ ਆਗੂਆਂ, ਰਿਸ਼ਤੇਦਾਰਾਂ ਤੇ ਲੋਕਾਂ ਨੇ ਹੰਝੂਆਂ ਭਰੀ ਅੰਤਿਮ ਵਿਦਾਇਗੀ ਦਿੱਤੀ।ਇਸ ਮੌਕੇ ਸੰਤ ਬਾਬਾ ਕੇਹਰ ਸਿੰਘ ਮੁੱਖ ਸੇਵਾਦਾਰ ਨਾਨਕਸਰ, ਬਾਬਾ ਸ਼ੇਰ ਸਿੰਘ ਖ਼ਾਲਸਾ, ਭਾਈ ਜਗਸੀਰ ਸਿੰਘ ਰਾਗੀ, ਭਾਈ ਰਾਜਵਿੰਦਰ ਸਿੰਘ ਰਾਗੀ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਅਰੁਣ ਕੁਮਾਰ ਬਾਂਸਲ, ਪ੍ਰਧਾਨ ਗਗਨ ਸਰਾਂ, ਮੰਗਤ ਸਿੰਘ ਸਿੱਧੂ, ਸੁਖਵਿੰਦਰ ਸਿੰਘ ਸੁੱਖਾ, ਗੁਰਦੀਪ ਸਿੰਘ ਟਿਵਾਣਾ, ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਸੂਬਾਈ ਆਗੂ ਮੁਕੰਦ ਸਿੰਘ ਰਾਮਗੜ੍ਹੀਆ, ਬਾਬਾ ਬੁੱਧ ਸਿੰਘ ਕਲਸੀ, ਜਰਨੈਲ ਸਿੰਘ ਮਠਾੜੂ, ਹਰੀ ਸਿੰਘ ਕਟਹਿਰੀਆ, ਨੰਬਰਦਾਰ ਨਛੱਤਰ ਸਿੰਘ ਸਿੱਧੂ ਆਦਿ ਆਗੂਆਂ ਨੇ ਪੀੜਤ ਭਾਈਕਾ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## ਕਿਰਤ ਕੋਡ ਰੱਦ ਕਰਵਾਉਣ ਲਈ ਰੋਸ ਐਕਸ਼ਨਾਂ 'ਚ ਸ਼ਾਮਲ ਹੋਵੇਗਾ ਜੇ ਪੀ ਐੱਮ ਓ : ਮਹੀਪਾਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕਿਰਤੀ ਮਾਰੂ ਕਿਰਤ ਕੋਡ ਰੱਦ ਕਰਵਾਉਣ ਤੇ ਲਹੂ ਵੀਟਵੇਂ ਸੰਘਰਸ਼ਾਂ ਰਾਹੀਂ ਹਾਸਲ ਕੀਤੇ ਕਿਰਤ ਕਾਨੂੰਨ ਬਹਾਲ ਕਰਵਾਉਣ ਲਈ ਪਹਿਲੀ ਅਪ੍ਰੈਲ ਨੂੰ ਬਠਿੰਡਾ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ 'ਚ ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ (ਜੇਪੀਐੱਮਓ) ਪੂਰੀ ਤਾਕਤ ਨਾਲ ਸ਼ਮੂਲੀਅਤ ਕਰੇਗਾ।ਉਕਤ ਫੈਸਲਾ ਨਾਮਵਰ ਮੁਲਾਜ਼ਮ ਆਗੂ ਬਲਰਾਜ ਸਿੰਘ ਮੌੜ ਦੀ ਪ੍ਰਧਾਨਗੀ ਹੇਠ ਹੋਈ ਮੰਚ ਦੀ ਜ਼ਿਲ੍ਹਾ ਪੱਧਰੀ ਮੀਟਿੰਗ 'ਚ ਲਿਆ ਗਿਆ ਹੈ।

ਮੀਟਿੰਗ ਨੂੰ ਸੰਬੋਧਨ ਕਰਨ ਲਈ ਉਚੇਚੇ ਤੌਰ 'ਤੇ ਪੁੱਜੇ ਮੰਚ ਦੇ ਸੂਬਾਈ ਆਗੂ ਸਾਥੀ ਮਹੀਪਾਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਘੜੇ ਤੇ ਪੰਜਾਬ ਦੀ 'ਆਪ' ਸਰਕਾਰ ਸਮੇਤ, ਵੰਨ-ਸੁਵੰਨੀਆਂ ਪ੍ਰਾਂਤਕ ਸਰਕਾਰਾਂ ਵੱਲੋਂ ਧੜਾਧੜ ਲਾਗੂ ਕੀਤੇ ਜਾ ਰਹੇ ਕਿਰਤ ਕੋਡ, ਕਿਰਤੀਆਂ ਨੂੰ ਕਾਰਪੋਰੇਟਾਂ ਦੇ ਬੰਧੂਆ ਗੁਲਾਮ ਬਣਾਉਣ ਦੀ ਚਿਰੋਕਣੀ ਸਾਜ਼ਿਸ਼ ਦੀ ਪੈਦਾਵਾਰ ਹਨ।ਉਨ੍ਹਾਂ ਦੋਸ਼ ਲਾਇਆ ਹੈ ਕਿ ਉਦਯੋਗਾਂ ਨੂੰ ਸਸਤੀ ਕਿਰਤ ਸ਼ਕਤੀ ਮੁਹੱਈਆ ਕਰਵਾਉਣ ਲਈ ਮੋਦੀ ਸਰਕਾਰ ਨੇ ਪੇਂਡੂ ਕਿਰਤੀਆਂ ਨੂੰ ਸਾਲ 'ਚ ਸੀਮਤ ਦਿਨਾਂ ਲਈ ਗਰੰਟੀਸ਼ੁਦਾ ਰੁਜ਼ਗਾਰ ਦੇਣ ਵਾਲੇ ਮਨਰੇਗਾ ਕਾਨੂੰਨ ਦਾ ਭੋਗ ਪਾ ਦਿੱਤਾ ਹੈ।ਉਨ੍ਹਾਂ ਐਲਾਨ ਕੀਤਾ ਕਿ ਜੇਪੀਐੱਮਓ, ਕੇਂਦਰੀ ਟਰੇਡ ਯੂਨੀਅਨਾਂ ਤੇ ਐੱਸਕੇਐੱਮ ਦੇ ਸਾਂਝੇ ਸੱਦੇ 'ਤੇ ਭਲਕੇ ਸੂਬੇ ਭਰ 'ਚ ਕੀਤੇ ਜਾ ਰਹੇ ਰੋਸ ਐਕਸ਼ਨਾਂ 'ਚ ਵੱਧ-ਚੜ੍ਹ ਕੇ ਸ਼ਾਮਲ ਹੋਵੇਗਾ। ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਮੀਤ ਸਕੱਤਰ ਪ੍ਰਕਾਸ਼ ਸਿੰਘ ਨੰਦਗੜ੍ਹ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਖਜ਼ਾਨਚੀ ਮਲਕੀਤ ਸਿੰਘ ਮਹਿਮਾ ਸਰਜਾ, ਪੈਨਸ਼ਨਰ ਆਗੂ ਕਿਸ਼ੋਰ ਚੰਦ ਗ਼ਾਜ ਤੇ ਜੀਤ ਰਾਮ ਦੋਦੜਾ, ਪਸਸਫ ਦੇ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਗਹਿਰੀ ਨੇ ਵੀ ਵਿਚਾਰ ਰੱਖੇ।ਇਸ ਮੌਕੇ ਗੁਰਮੀਤ ਸਿੰਘ, ਦਰਸ਼ਨ ਰਾਮ ਸ਼ਰਮਾ, ਸੁਖਚੈਨ ਸਿੰਘ, ਜਸਪਾਲ ਸਿੰਘ, ਰਾਜਪਾਲ ਸਿੰਘ, ਅੰਮ੍ਰਿਤਪਾਲ ਸਿੰਘ ਹਾਜ਼ਰ ਸਨ।

## ਬਲਰਾਜ ਸਿੰਘ ਸੇਖੋਂ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਟਕਸਾਲੀ ਅਕਾਲੀ ਆਗੂ ਸਵ: ਜਥੇਦਾਰ ਚੇਤਨ ਸਿੰਘ ਮੂੰਮ ਦੇ ਨੌਜਵਾਨ ਪੋਤਰੇ ਬਲਰਾਜ ਸਿੰਘ ਸੇਖੋਂ (33) ਪੁੱਤਰ ਕਰਮਜੀਤ ਸਿੰਘ ਸੇਖੋਂ ਦੇ ਅੰਤਿਮ ਸੰਸਕਾਰ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਪਹੁੰਚੇ ਵੱਖ-ਵੱਖ ਆਗੂਆਂ, ਆਮ ਲੋਕਾਂ ਨੇ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।ਇਸ ਮੌਕੇ ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਭਤੀਜੇ ਅਰਮਾਨ ਸਿੰਘ ਸੇਖੋਂ ਨੇ ਦਿਖਾਈ।ਇਸ ਦੁਖਦਾਈ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ, ਜਥੇਦਾਰ ਜਰਨੈਲ ਸਿੰਘ ਭੋਤਨਾ ਨੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਸਵ: ਜਥੇਦਾਰ ਚੇਤਨ ਸਿੰਘ ਮੂੰਮ ਦੇ ਹੋਣਹਾਰ ਪੋਤਰੇ ਕਾਕਾ ਬਲਰਾਜ ਸਿੰਘ ਦੇ ਭਰ ਜਵਾਨੀ ਵਿੱਚ ਵਿੱਛੜ ਜਾਣ ਕਾਰਨ ਪਰਵਾਰ ਤੇ ਸਮਾਜ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਜਨਰਲ ਸਕੱਤਰ ਲਛਮਣ ਸਿੰਘ ਮੂੰਮ, ਸੁਖਪਾਲ ਸਿੰਘ ਮੂੰਮ, ਭਿੰਦਰ ਸਿੰਘ ਮੂੰਮ, ਨੰਬਰਦਾਰ ਕੁਲਵੰਤ ਸਿੰਘ ਡੀ ਸੀ, ਜਸਵਿੰਦਰ ਸਿੰਘ ਮੂੰਮ, ਗੁਰਤੇਜ ਸਿੰਘ ਮੂੰਮ, ਪਰਮਪ੍ਰੀਤ ਸਿੰਘ ਸਿੱਧੂ, ਬਲਵਿੰਦਰ ਸਿੰਘ ਕਲਾਲ ਮਾਜਰਾ, ਸਰਪੰਚ ਬਚਿੱਤਰ ਸਿੰਘ ਰਾਏਸਰ, ਸੁਖਦੇਵ ਸਿੰਘ ਰਾਹਲ, ਗੁਰਪ੍ਰੀਤ ਸਿੰਘ ਅਣਖੀ, ਹਰਨੇਕ ਸਿੰਘ ਛਾਪਾ, ਉਧਮ ਸਿੰਘ ਸੇਖੋਂ ਤੇ ਸੁਰਜੀਤ ਸਿੰਘ ਗਾਗੇਵਾਲ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

## ਤਾਰਾ ਦੇਵੀ ਜਿੰਦਲ ਆਰਿਆ ਸਕੂਲ 'ਚ ਇਨਾਮ ਵੰਡ ਸਮਾਗਮ



**ਜਗਰਾਉਂ (ਅਮਿਤ ਖੰਨਾ)**-ਆਰਿਆ ਸਮਾਜ ਦੁਆਰਾ ਸਥਾਪਤ ਸ੍ਰੀਮਤੀ ਤਾਰਾ ਦੇਵੀ ਜਿੰਦਲ ਆਰਿਆ ਵਿੱਦਿਆ ਮੰਦਰ ਵਿੱਚ ਇਨਾਮ ਵੰਡ ਸਮਾਗਮ ਕੀਤਾ ਗਿਆ।ਸਰਸਵਤੀ ਵੰਦਨਾ ਤੋਂ ਬਾਅਦ ਜੋਤੀ ਪ੍ਰਜਵਲਿਤ ਕਰਕੇ ਸਮਾਰੋਹ ਦੀ ਸ਼ੁਰੂਆਤ ਕੀਤੀ ਗਈ।ਸਕੂਲ ਦਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ। ਪੰਜਵੀਂ ਜਮਾਤ ਵਿੱਚੋਂ ਚਾਰ ਬੱਚਿਆਂ ਨੇ 100% ਨੰਬਰ, ਚਾਰ ਬੱਚਿਆਂ ਨੇ 95% ਤੋਂ ਵੱਧ ਨੰਬਰ ਤੇ 12 ਬੱਚਿਆਂ ਨੇ 90% ਤੋਂ ਵੱਧ ਨੰਬਰ ਪ੍ਰਾਪਤ ਕਰਕੇ ਸਕੂਲ ਤੇ ਆਪਣੇ ਮਾਤਾ-ਪਿਤਾ ਦਾ ਨਾਂ ਰੋਸ਼ਨ ਕੀਤਾ। ਪ੍ਰੀ-ਨਰਸਰੀ ਤੋਂ ਲੈ ਕੇ ਨੌਵੀਂ ਜਮਾਤ ਤੱਕ ਦੇ ਪਹਿਲਾ, ਦੂਜਾ, ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੀ ਪ੍ਰਿੰਸੀਪਲ ਮੈਡਮ ਮਨੂ ਪ੍ਰਿਆ ਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਸੈਕਰੇਟਰੀ ਡਾ. ਭਾਰਤ ਭੂਸ਼ਣ ਸਿੰਗਲਾ, ਕੈਸ਼ੀਅਰ ਜਗਮੋਹਨ ਮਿੱਤਲ, ਸਾਬਕਾ ਪ੍ਰਧਾਨ ਜਗਦੇਵ ਆਰੀਆ ਉਪ ਪ੍ਰਧਾਨ ਅਰਵਿੰਦ ਕਥੂਰੀਆਂ ਕਾਂਤਾ ਰਾਣੀ, ਸੋਨੂ ਜੈਨ ਵੱਲੋਂ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਮੈਡਮ ਮਨੂ ਪ੍ਰਿਆ ਨੇ ਬੱਚਿਆਂ ਦੀ ਦਿਨ-ਰਾਤ ਦੀ ਮਿਹਨਤ ਨਾਲ ਪ੍ਰਾਪਤ ਕੀਤੇ ਸ਼ਾਨਦਾਰ ਨਤੀਜੇ 'ਤੇ ਬੱਚਿਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ।ਇਸ ਦੇ ਨਾਲ ਹੀ ਪੂਰੇ ਸਾਲ ਦੌਰਾਨ ਹੋਏ ਕੰਪੀਟਿਸ਼ਨ ਦੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸੇ ਦਿਨ ਸਕੂਲ ਵਿੱਚ ਮਾਡਲ ਪ੍ਰਦਰਸ਼ਨੀ ਵੀ ਲਗਾਈ ਗਈ।ਪ੍ਰਿੰਸੀਪਲ ਮੈਡਮ ਦੀ ਅਗਵਾਈ ਹੇਠ ਲਗਾਈ ਗਈ ਇਸ ਪ੍ਰਦਰਸ਼ਨੀ ਵਿੱਚ ਬੱਚਿਆਂ ਦੁਆਰਾ ਕੀਤੇ ਗਏ ਇਸ ਸ਼ਲਾਘਾਯੋਗ ਕੰਮ ਦੀ ਮੈਨੇਜਮੈਂਟ ਮੈਂਬਰ ਤੇ ਪੇਰੈਂਟਸ ਦੁਆਰਾ ਬਹੁਤ ਪ੍ਰਸ਼ੰਸਾ ਕੀਤੀ ਗਈ।

## ਮੋਟਰਾਈਜ਼ਡ ਟਰਾਈਸਾਈਕਲ ਵੰਡ ਸਮਾਗਮ ਮਨੁੱਖਤਾ ਦੀ ਸੇਵਾ ਵੱਲ ਇੱਕ ਅਹਿਮ ਕਦਮ : ਇੰਜ. ਖੜਿਆਲ



**ਚੀਮਾ ਮੰਡੀ (ਰਵਿੰਦਰ ਚੀਮਾ)**

ਸਮਾਜ ਸੇਵਾ ਤੇ ਮਨੁੱਖਤਾ ਪ੍ਰਤੀ ਸਮਰਪਤ ਸੋਚ ਨੂੰ ਅੱਗੇ ਵਧਾਉਂਦੇ ਹੋਏ ਆਜ਼ਾਦ ਹੈਂਡੀਕੈਪਡ ਐਸੋਸੀਏਸ਼ਨ ਪੰਜਾਬ ਵੱਲੋਂ ਚੇਅਰਮੈਨ ਚਮਕੌਰ ਸਿੰਘ ਸ਼ਾਹਪੁਰ ਦੀ ਅਗਵਾਈ ਹੇਠ ਮੋਟਰਾਈਜ਼ਡ ਟਰਾਈਸਾਈਕਲ ਤੇ ਸਹਾਇਕ ਉਪਕਰਣ ਵੰਡ ਸਮਾਗਮ ਗੁਰਦੁਆਰਾ ਨਾਨਕਸਰ ਸਾਹਿਬ, ਚੀਮਾ ਮੰਡੀ ਵਿਖੇ ਆਯੋਜਿਤ ਕੀਤਾ ਗਿਆ।ਇਹ ਸਮਾਗਮ ਸਿਰਫ ਸਮਾਨ ਵੰਡ ਤੱਕ ਸੀਮਿਤ ਨਹੀਂ ਸੀ, ਸਗੋਂ ਇਹ ਮਨੁੱਖਤਾ, ਸਹਿਯੋਗ ਤੇ ਹਮਦਰਦੀ ਦਾ ਪ੍ਰਤੀਕ ਬਣ ਕੇ ਉੱਭਰਿਆ, ਜਿਸ ਵਿੱਚ ਵੱਖ-ਵੱਖ ਖੇਤਰਾਂ ਤੋਂ ਸ਼ਖਸੀਅਤਾਂ ਨੇ ਭਾਗ ਲੈ ਕੇ ਆਪਣੀ ਸਾਂਝ ਪਾਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਨਿਰਮਲ ਸਿੰਘ ਸ਼ੇਖੂਵਾਸ ਤੇ ਜਸਬੀਰ ਸਿੰਘ ਜਵੰਧਾ ਨੇ ਦੱਸਿਆ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਜ਼ਰੂਰਤਮੰਦ ਤੇ ਦਿਵਿਆਂਗ ਭਰਾਵਾਂ-ਭੈਣਾਂ ਨੂੰ ਸਹੂਲਤਾਂ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਆਪਣੀ ਜ਼ਿੰਦਗੀ ਆਤਮ-ਨਿਰਭਰ ਤੇ ਇੱਜ਼ਤ ਨਾਲ ਬਿਤਾ ਸਕਣ।ਉਨ੍ਹਾਂ ਕਿਹਾ ਕਿ ਐਸੀਆਂ ਪਹਿਲ ਕਦਮਾਂ ਨਾਲ ਲਾਭਪਾਤਰੀਆਂ ਦੀ ਜ਼ਿੰਦਗੀ ਆਸਾਨ ਹੁੰਦੀ ਹੈ, ਸਗੋਂ ਸਮਾਜ ਵਿੱਚ ਏਕਤਾ ਤੇ ਸਹਿਯੋਗ ਦੀ ਭਾਵਨਾ ਵੀ ਮਜ਼ਬੂਤ ਹੁੰਦੀ ਹੈ।ਇਸ ਮੌਕੇ ਇੰਜੀਨੀਅਰ ਵਿਨਰਜੀਤ ਸਿੰਘ ਖੜਿਆਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਜਥੇਦਾਰ ਦਰਵਰਾ ਸਿੰਘ ਰਿਸੀਵਰ ਗੁਰਦੁਆਰਾ ਨਾਨਕਸਰ ਸਾਹਿਬ ਚੀਮਾ ਮੰਡੀ ਨੇ ਹਾਜ਼ਰੀ ਲਗਵਾਈ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਇਸ ਨਿਸ਼ਕਾਮ ਸੇਵਾ ਕਾਰਜ ਦੀ ਭਰਪੂਰ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਇਸ ਤਰ੍ਹਾਂ ਦੀ ਸੇਵਾ ਬਹੁਤ ਵੱਡੀ ਲੋੜ ਹੈ, ਜੋ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਨਵੀਂ ਉਮੀਦ ਦਿੰਦੀ ਹੈ।ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰ ਬੀਬਾ ਕਰਮਜੀਤ ਕੌਰ ਮਾਡਲ ਟਾਊਨ ਸੇਰੋਂ ਤੇ ਗੁਰਸੇਵਕ ਸਿੰਘ ਬਿਗੜਵਾਲ ਪ੍ਰਧਾਨ ਸ਼ਹੀਦ ਊਧਮ ਸਿੰਘ ਨੌਜਵਾਨ ਸਪੋਰਟਸ ਕਲੱਬ ਨੇ ਦੱਸਿਆ ਕਿ ਇਸ ਮੌਕੇ ਲੋੜਵੰਦਾਂ ਨੂੰ ਮੋਟਰਾਈਜ਼ਡ ਟਰਾਈਸਾਈਕਲਾਂ, ਵ੍ਹੀਲਚੇਅਰਾਂ, ਸੁਣਨ ਯੰਤਰ (ਕੰਨਾਂ ਵਾਲੀਆਂ ਮਸ਼ੀਨਾਂ), ਗੋਡਿਆਂ ਲਈ ਸਪੋਰਟ, ਵਾਕਿੰਗ ਸਟਿਕਾਂ, ਬਲੈਂਡ ਵਿਅਕਤੀਆਂ ਲਈ ਸਮਾਰਟ ਸਟਿਕਾਂ, ਟੂ-ਵ੍ਹੀਲਚੇਅਰ ਸਹਾਇਕ ਉਪਕਰਣ, ਖੂੰਡੀਆਂ, ਪੌੜੀਆਂ ਤੇ ਕਮੋਡ ਚੇਅਰ ਆਦਿ ਵੰਡੀਆਂ ਗਈਆਂ।ਇਹ ਸਾਰਾ ਸਾਮਾਨ ਲਾਭਪਾਤਰੀਆਂ ਲਈ ਇੱਕ ਵੱਡੀ ਰਾਹਤ ਸਾਬਿਤ ਹੋਇਆ ਤੇ ਉਨ੍ਹਾਂ ਦੇ ਚਿਹਰਿਆਂ 'ਤੇ ਖੁਸ਼ੀ ਦੇ ਚਮਕਦੇ ਨਜ਼ਾਰੇ ਵੇਖਣ ਨੂੰ ਮਿਲੇ।ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਹੰਸਰਾਜ ਸਿੰਘ (ਰਿਟਾਇਰਡ ਕਨੂੰਗੋ), ਪ੍ਰੋਫੈਸਰ ਮਲਕੀਤ ਸਿੰਘ ਗਾਂਧੀ ਸ਼ਾਹਪੁਰ, ਜਨਾਬ ਮੁਖਤਿਆਰ ਅਲੀ, ਦਰਸ਼ਨ ਸਿੰਘ (ਸਰਕਲ ਪ੍ਰਧਾਨ), ਸਰਪੰਚ ਲਖਵੀਰ ਸਿੰਘ ਲੱਖੀ ਸ਼ਾਹਪੁਰ, ਗੋਬਿੰਦ ਸਿੰਘ ਗੋਪੀ ਐਡਵੋਕੇਟ, ਯਾਦਵਿੰਦਰ ਸਿੰਘ ਗੜ੍ਹੰਦੀ, ਡਾਕਟਰ ਪਰਮਜੀਤ ਸਿੰਘ, ਤਰਨ ਚਾਵਲਾ ਸੁਨਾਮ, ਜਸਵਿੰਦਰ ਸ਼ਰਮਾ (ਪ੍ਰਧਾਨ ਲੋਕ ਸੇਵਾ ਸਹਾਰਾ ਕਲੱਬ), ਪ੍ਰਦੀਪ ਕੁਮਾਰ ਬਿੱਟੂ ਪਰਮਜੀਤ ਸਿੰਘ ਨਿੱਕਾ ਪ੍ਰਧਾਨ ਚੀਮਾ, ਮੱਖਣ ਸਿੰਘ ਢੀਂਡਸਾ ਸ਼ਾਹਪੁਰ, ਡਾਕਟਰ ਸੁਰੇਸ਼ ਕੁਮਾਰ, ਕੁਲਦੀਪ ਸ਼ਰਮਾ ਗਾਮਾ ਲੈਬ ਆਦਿ ਸ਼ਾਮਲ ਸਨ, ਜਿਨ੍ਹਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕਰਦੇ ਹੋਏ ਇਸ ਉਪਰਾਲੇ ਦੀ ਭਰਪੂਰ ਸਿਫ਼ਤ ਕੀਤੀ।

## ਐੱਸ ਮਾਸਟਰ ਸਲੂਨ ਵੱਲੋਂ 8ਵੀਂ ਵਰ੍ਹੇਗੰਢ ਮੌਕੇ ਖ਼ੂਨਦਾਨ ਕੈਂਪ



**ਸਮਾਣਾ (ਇਕਬਾਲ ਸਿੰਘ)**-ਐੱਸ ਮਾਸਟਰ ਸਲੂਨ ਵੱਲੋਂ ਆਪਣੀ 8ਵੀਂ ਵਰ੍ਹੇਗੰਢ ਮੌਕੇ ਸਮਾਜ ਸੇਵਾ ਨੂੰ ਸਮਰਪਤ ਕਰਦਿਆਂ ਖ਼ੂਨਦਾਨ ਕੈਂਪ ਲਾਇਆ ਗਿਆ।ਇਸ ਮੌਕੇ ਪ੍ਰਧਾਨ ਜੀਵਨ ਗਰਗ, ਕੌਂਸਲਰ ਦਰਸ਼ਨ ਮਿੱਤਲ ਤੇ ਐੱਸ ਐੱਚ ਓ ਬਲਜੀਤ ਸਿੰਘ, ਸੋਸ਼ਲ ਮੀਡੀਆ ਇੰਚਾਰਜ ਬੀਜੇਪੀ ਜ਼ਿਲ੍ਹਾ ਪਟਿਆਲਾ ਸੰਜੀਵ ਗਰਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕੀਤੀ।ਉਨ੍ਹਾਂ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ, ਜੋ ਕਿਸੇ ਦੀ ਜ਼ਿੰਦਗੀ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਮੁੱਖ ਮਹਿਮਾਨਾਂ ਵੱਲੋਂ ਸਲੂਨ ਦੇ ਪ੍ਰਬੰਧਕਾਂ ਦੀ ਇਸ ਨੇਕ ਪਹਿਲ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ ਤੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਸਮਾਜ ਵਿੱਚ ਸੇਵਾ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਉਨ੍ਹਾਂ ਲੋਕਾਂ ਨੂੰ ਅੱਗੇ ਵੀ ਇਨ੍ਹਾਂ ਸਮਾਜਿਕ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਖ਼ੂਨ ਦਾਨ ਕਰਕੇ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਈ ਤੇ ਇਸ ਮੌਕੇ ਪ੍ਰਬੰਧਕਾਂ ਵੱਲੋਂ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ ਗਿਆ।

## ਝਾੜ ਸਾਹਿਬ ਕਾਲਜ ਵਿਖੇ ਵਿਸ਼ਵ ਟੀ ਬੀ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵੂਮੈਨ ਝਾੜ ਸਾਹਿਬ ਵਿਖੇ ਵਿਸ਼ਵ ਟੀ.ਬੀ. ਦਿਵਸ ਮਨਾਇਆ ਗਿਆ।ਇਹ ਪ੍ਰੋਗਰਾਮ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਦੀ ਰਹਿਨੁਮਾਈ, ਰੈੱਡ ਰਿਬਨ ਕਲੱਬ ਦੀ ਇੰਚਾਰਜ ਹਰਪ੍ਰੀਤ ਕੌਰ ਤੇ ਐੱਨ.ਐੱਸ.ਐੱਸ. ਇੰਚਾਰਜ ਜਸਵੀਰ ਕੌਰ ਦੀ ਨਿਗਰਾਨੀ ਹੇਠ ਸਾਂਝੇ ਤੌਰ 'ਤੇ ਕੀਤਾ ਗਿਆ।ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਟੀ.ਬੀ. ਦੇ ਕਾਰਨਾਂ, ਲੱਛਣਾਂ, ਰੋਕਥਾਮ ਤੇ ਇਲਾਜ ਬਾਰੇ ਜਾਣਕਾਰੀ ਦੇਣਾ ਸੀ।ਇਸ ਮੌਕੇ ਵਿਦਿਆਰਥਣਾਂ ਨੂੰ ਟੀ.ਬੀ. ਸੰਬੰਧੀ ਇੱਕ ਡਾਕੂਮੈਂਟਰੀ ਫਿਲਮ ਵੀ ਦਿਖਾਈ ਗਈ, ਜਿਸ ਵਿੱਚ ਟੀ.ਬੀ. ਫੈਲਣ ਦੇ ਕਾਰਨਾਂ, ਸਿਹਤ ਤੇ ਇਸ ਦੇ ਨੁਕਸਾਨਦਾਇਕ ਪ੍ਰਭਾਵਾਂ ਅਤੇ ਟੀ ਬੀ ਤੋਂ ਬਚਣ ਲਈ ਸਾਵਧਾਨੀਆਂ ਬਾਰੇ ਚਾਨਣਾ ਪਾਇਆ ਗਿਆ।ਇਸ ਦੌਰਾਨ ਵਿਸ਼ਵ ਟੀ.ਬੀ. ਦਿਵਸ ਦੇ ਥੀਮ 'ਤੇ ਵੀ ਚਰਚਾ ਕੀਤੀ ਗਈ ਤੇ ਵਿਦਿਆਰਥਣਾਂ ਨੂੰ ਟੀ.ਬੀ. ਮੁਕਤ ਸਮਾਜ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਨੇ ਕਿਹਾ ਕਿ ਟੀ.ਬੀ. ਦੇ ਮਰੀਜ਼ਾਂ ਨਾਲ ਕੋਈ ਸਮਾਜਿਕ ਭੇਦਭਾਵ ਨਹੀਂ ਕਰਨਾ ਚਾਹੀਦਾ।ਕਾਲਜ ਦੀਆਂ ਵਿਦਿਆਰਥਣਾਂ ਨੇ ਆਪਣੇ ਪਿੰਡਾਂ ਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਟੀ.ਬੀ. ਬਾਰੇ ਜਾਗਰੂਕਤਾ ਫੈਲਾਉਣ ਲਈ ਆਪਣੀ ਵਚਨਬੱਧਤਾ ਪ੍ਰਗਟ ਕੀਤੀ।

## ਲੋਕ ਮਾਨ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਪੂਰੀ ਤਰ੍ਹਾਂ ਸੰਤੁਸ਼ਟ : ਜੌੜਾਮਾਜਰਾ

### ਵਿਕਾਸ ਕਾਰਜਾਂ ਲਈ 15 ਲੱਖ ਰੁਪਏ ਦੇ ਫੰਡ ਜਾਰੀ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਮੌਕੇ 'ਤੇ 'ਭਗਵੰਤ ਸਿੰਘ ਮਾਨ ਦੇ ਨਾਲ ਸੰਵਾਦ' ਪ੍ਰੋਗਰਾਮ ਅਧੀਨ ਹਲਕਾ ਸਮਾਣਾ ਦੇ ਪਿੰਡ ਨੱਸੂਪੁਰ ਵਿੱਚ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਸ੍ਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਵਿਕਾਸ ਕਾਰਜਾਂ ਲਈ ਕੁੱਲ 15 ਲੱਖ ਰੁਪਏ ਦੇ ਫੰਡ ਜਾਰੀ ਕੀਤੇ ਗਏ।ਸਮਾਗਮ ਦੌਰਾਨ 28 ਲਾਲ ਲਕੀਰ ਵਾਲੇ ਘਰਾਂ ਵਿੱਚ ਰਹਿੰਦੇ ਪਰਿਵਾਰਾਂ ਨੂੰ ਸੈਂਕਸ਼ਨ ਲੈਟਰ ਵੰਡੇ ਗਏ।ਇਸ ਤੋਂ ਇਲਾਵਾ ਸਰਬ-ਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ 5 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ।ਪਿੰਡ ਵਿੱਚ ਪਾਈਪ ਲਾਈਨ, ਖੇਡ ਮੈਦਾਨ ਅਤੇ ਸੋਲਰ ਲਾਈਟਾਂ ਲਈ ਵੀ ਵੱਖ-ਵੱਖ ਤੌਰ 'ਤੇ ਫੰਡ ਜਾਰੀ ਕੀਤੇ ਗਏ।

ਇਸ ਮੌਕੇ ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਸਰਕਾਰ ਨੇ ਹਰ ਖੇਤਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਰਵਾਇਆ ਹੈ।

ਉਨ੍ਹਾਂ ਦੱਸਿਆ ਕਿ ਸਿਹਤ, ਸਿੱਖਿਆ, ਰੋਜ਼ਗਾਰ, ਮੁਫਤ ਬਿਜਲੀ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ, ਸੜਕਾਂ ਦੀ ਮੁਰੰਮਤ ਅਤੇ ਖੇਡ ਮੈਦਾਨਾਂ ਦੇ ਵਿਕਾਸ ਵਰਗੀਆਂ ਲੋਕ ਭਲਾਈ ਯੋਜਨਾਵਾਂ ਨਾਲ ਪੰਜਾਬ ਨੂੰ ਤਰੱਕੀ ਦੇ ਰਸਤੇ 'ਤੇ ਲਿਆਂਦਾ ਗਿਆ ਹੈ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਵਾਸੀਆਂ ਨੇ ਸਰਕਾਰ ਦੇ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਮਨਜੀਤ ਕੌਰ, ਤਹਿਸੀਲਦਾਰ ਨਵਜੋਤ ਤਿਵਾੜੀ, ਸਰਪੰਚ ਮਹਿਲ ਸਿੰਘ, ਸਮਾਜਿਕ ਸਿੱਖਿਆ ਤੇ ਪੰਚਾਇਤ ਅਫ਼ਸਰ ਗੁਰਤੇਜ ਸਿੰਘ, ਜੇ ਈ ਸ਼ੈਰੀ ਬਾਂਸਲ, ਦੀਪਕ ਵਧਵਾ, ਪੰਚਾਇਤ ਮੈਂਬਰ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਰਾਈਡਰ ਨਰਿੰਦਰ ਸਿੰਘ ਦਾ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਨਰਿੰਦਰ ਸਿੰਘ ਮਾਈਟੀ ਦਿੱਲੀ ਤੋਂ ਕਾਠਮੰਡੂ ਤੱਕ ਦੀ 1100 ਕਿਲੋਮੀਟਰ ਸੋਲੋ ਰਾਈਡ ਕਰਕੇ ਵਾਪਸ ਮੁਕਤਸਰ ਪਰਤੇ।ਇਸ ਮੌਕੇ ਉਨ੍ਹਾਂ ਦਾ ਆਪਣੇ ਜੱਦੀ ਸ਼ਹਿਰ ਵਾਪਸ ਪਰਤਣ 'ਤੇ ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਮੁਕਤਸਰ ਵੱਲੋਂ ਚੇਅਰਮੈਨ ਕੋਆਪ੍ਰੇਟਿਵ ਬੈਂਕ ਸਿਮਰਜੀਤ ਸਿੰਘ ਬਰਾੜ ਲੱਖੇਵਾਲੀ, ਹਰਸੁਨੀਤ ਸਿੰਘ ਲੱਖੇਵਾਲੀ, ਦੀਪਕ ਗਰਗ ਸੰਸਥਾਪਕ ਜੈ ਬਾਬੇ ਦੀ ਬਲੱਡ ਸੇਵਾ ਸੁਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਮੋਨੂੰ ਧਵਨ, ਰਿੰਕੂ ਛਾਬੜਾ, ਹਰਮਨਦੀਪ ਸਿੰਘ, ਮਨੋਜ ਚੋਪੜਾ, ਰਮਨਦੀਪ ਸਿੰਘ, ਪਰਮਿੰਦਰ ਸਿੰਘ ਹਾਜ਼ਰ ਸਨ।

## ਸਾਹਿਤ ਸਭਾ ਵੱਲੋਂ ਸ਼ਹੀਦਾਂ ਨੂੰ ਸਮਰਪਤ ਕਵੀ ਦਰਬਾਰ ਤੇ ਰੂਬਰੂ ਸਮਾਗਮ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਸਾਹਿਤ ਸਭਾ ਧੂਰੀ ਨੇ ਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ 'ਸਾਹਿਤ ਸਦਨ' ਵਿਖੇ ਸਭਾ ਦੇ ਪ੍ਰਧਾਨ ਸੁਰਿੰਦਰ ਸ਼ਰਮਾ ਨਾਗਰਾ ਦੀ ਅਗਵਾਈ ਹੇਠ ਮਾਰਚ ਦੇ ਸ਼ਹੀਦਾਂ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸਮਰਪਤ ਕਵੀ ਦਰਬਾਰ ਤੇ ਰੂ-ਬ-ਰੂ ਸਮਾਗਮ ਕਰਵਾਇਆ।ਸਮਾਗਮ ਦੇ ਸ਼ੁਰੂ 'ਚ ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਗਿਆ।ਉਪਰੰਤ ਸ੍ਰੀ ਨਾਗਰਾ ਨੇ ਸਭਾ ਵੱਲੋਂ ਆਏ ਲੇਖਕਾਂ ਨੂੰ ਜੀ ਆਇਆਂ ਆਖਿਆ।ਸਮਾਗਮ ਦੌਰਾਨ ਨਾਵਲਕਾਰ ਪ੍ਰਗਟ ਸਿੰਘ ਸਤੌਜ ਨੇ ਰੂ-ਬ-ਰੂ ਹੁੰਦਿਆਂ ਆਪਣੇ ਤੇ ਨਾਵਲ ਦੀ ਵਿਧਾ ਬਾਰੇ ਚਾਨਣਾ ਪਾਇਆ।ਕੁਲਵੰਤ ਸਿੰਘ ਬੂੰਗਾ ਦੀ ਪੁਸਤਕ 'ਅਤੀਤ ਵਿੱਚ ਡੁੱਬਿਆ ਵਰਤਮਾਨ' ਲੋਕ ਅਰਪਣ ਕੀਤੀ।ਇਸ ਮੌਕੇ ਸਮਾਗਮ ਦੀ ਪ੍ਰਧਾਨਗੀ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਕੀਤੀ।ਪੰਜਾਬ ਖੇਤੀ ਵਿਕਾਸ ਬੈਂਕ ਦੇ ਏ ਜੀ ਐੱਮ ਸ਼ਲੇਂਦਰ ਗਰਗ ਨੇ ਮੁੱਖ ਮਹਿਮਾਨ ਤੇ ਹਰਦੇਵ ਸਿੰਘ ਜਵੰਧਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸਮਾਗਮ 'ਚ ਕੁਲਵੰਤ ਸਿੰਘ ਬੂੰਗਾ ਦੀ ਪੁਸਤਕ 'ਤੇ ਸੁਖਦੇਵ ਸਿੰਘ ਔਲਖ, ਡਾ: ਰਾਕੇਸ਼ ਸ਼ਰਮਾ, ਮੂਲ ਚੰਦ ਸ਼ਰਮਾ, ਹਰਜੀਤ ਸਿੰਘ ਕਾਤਿਲ, ਸੰਤ ਸਿੰਘ ਬੀਲ੍ਹਾ, ਕੁਲਜੀਤ ਧਵਨ ਤੇ ਨਾਗਰਾ ਨੇ ਚਰਚਾ ਕੀਤੀ।ਕਵੀ ਦਰਬਾਰ ਵਿੱਚ ਗੁਲਜ਼ਾਰ ਸਿੰਘ ਸ਼ੌਂਕੀ, ਰਜਿੰਦਰ ਰਾਜਨ ਅਮਰਜੀਤ ਅਮਨ, ਕਰਮ ਸਿੰਘ ਜ਼ਖ਼ਮੀ, ਗੁਰਮੇਲ ਸਿੰਘ ਘਨੌਰ, ਸੱਤਪਾਲ ਪ੍ਰਾਸ਼ਰ, ਗੁਰਮੀਤ ਆਨੰਦ, ਬਹਾਦਰ ਸਿੰਘ ਧੌਲਾ, ਪਵਨ ਹੋਸ਼ੀ, ਸੰਗਰੂਰਵੀ, ਨਿਰਮਲ ਫਲੌਂਡ, ਸ਼ੇਰ ਸਿੰਘ ਬੇਨੜਾ, ਕਾ: ਰਮੇਸ਼ ਜੈਨ, ਜਗਦੇਵ ਸਿੰਘ, ਸੁਰਿੰਦਰ ਸ਼ਰਮਾ ਹਰਚੰਦਪੁਰ, ਮੀਤ ਸਕਰੌਦੀ, ਜਸਮੇਲ ਸਿੰਘ, ਅਮਰਜੀਤ ਸਿੰਘ ਤੇ ਜਸਦੇਵ ਸਿੰਘ, ਸਵੰਤ ਜੋਸ਼, ਮੁਖਤਿਆਰ ਅਲਾਲ ਆਦਿ ਨੇ ਭਾਗ ਲਿਆ।ਪਵਨ ਹਰਚੰਦਪੁਰੀ ਨੇ ਆਪਣੇ ਭਾਸ਼ਣ ਵਿੱਚ ਕੁਲਵੰਤ ਸਿੰਘ ਦੀ ਪੁਸਤਕ ਨੂੰ ਪਾਸ਼ ਦੀ ਇਨਕਲਾਬੀ ਰਚਨਾਵਾਂ ਤੋਂ ਬਾਅਦ ਦੂਸਰੀ ਇਨਕਲਾਬੀ ਰਚਨਾ ਕਰਾਰ ਦਿੱਤਾ। ਮੰਚ ਸੰਚਾਲਨ ਅਮਰਜੀਤ ਅਮਨ ਨੇ ਕੀਤਾ।

## ਸਫਾ 1 ਦੇ ਬਾਕੀ...

### ਅਕਾਲੀਆਂ 'ਤੇ ਪੀੜ੍ਹੀਆਂ ...

ਬਿਆਨਾਂ ਦੇ ਆਧਾਰ 'ਤੇ ਹੀ ਸਾਬਕਾ ਉਪ ਮੁੱਖ ਮੰਤਰੀ ਸੱਤਾ ਵਿੱਚ ਵਾਪਸੀ ਦੇ ਸੁਪਨੇ ਦੇਖ ਰਹੇ ਹਨ, ਜੋ ਕਦੇ ਵੀ ਸੰਭਵ ਨਹੀਂ ਹੋਵੇਗਾ।'

ਮਾਨ ਨੇ ਕਿਹਾ, 'ਅੱਜ ਇੱਕ ਇਤਿਹਾਸਕ ਦਿਨ ਹੈ, ਕਿਉਂਕਿ ਕਈ ਵੱਡੇ ਵਿਕਾਸ ਪ੍ਰੋਜੈਕਟ ਸਮਰਪਤ ਕੀਤੇ ਜਾ ਰਹੇ ਹਨ। 23 ਕਰੋੜ ਰੁਪਏ ਦੀ ਲਾਗਤ ਨਾਲ ਕੈਪਟਨ ਅਮੋਲ ਕਾਲੀਆ ਸੈਂਟਰ ਆਫ ਐਕਸੀਲੈਂਸ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਸ਼ਹੀਦ ਨੇ ਕਾਰਗਿਲ ਯੁੱਧ ਦੌਰਾਨ 25 ਸਾਲ ਦੀ ਉਮਰ ਵਿੱਚ ਆਪਣੀ ਜਾਨ ਦੇ ਦਿੱਤੀ ਸੀ ਅਤੇ ਪੂਰਾ ਦੇਸ ਨੰਗਲ ਦੇ ਇਸ ਬਹਾਦਰ ਪੁੱਤਰ 'ਤੇ ਮਾਣ ਕਰਦਾ ਹੈ। ਇਸ ਸੰਸਥਾ 'ਤੇ 23 ਕਰੋੜ ਰੁਪਏ ਖਰਚ ਕੀਤੇ ਜਾਣਗੇ, ਜੋ 540 ਵਿਦਿਆਰਥੀਆਂ ਨੂੰ ਸਿਖਲਾਈ ਦੇਵੇਗਾ। ਕੋਰਸ ਉਦਯੋਗ ਦੀਆਂ ਜ਼ਰੂਰਤਾਂ ਅਨੁਸਾਰ ਤਿਆਰ ਕੀਤੇ ਗਏ ਹਨ, ਜਿਨ੍ਹਾਂ ਵਿੱਚ ਰੋਬੋਟਿਕਸ, ਇਲੈਕਟ੍ਰਿਕ ਵਾਹਨ ਤਕਨਾਲੋਜੀ, ਸੋਲਰ ਟੈਕਨੀਸ਼ੀਅਨ ਅਤੇ 3ਡੀ ਪ੍ਰਿੰਟਿੰਗ ਸ਼ਾਮਲ ਹਨ। ਇਸ ਵਿੱਚ ਸਿਵਲ ਏਵੀਏਸ਼ਨ, ਏਅਰ ਹੋਸਟੈੱਸ ਸਿਖਲਾਈ ਅਤੇ ਡਰੋਨ ਤਕਨਾਲੋਜੀ ਵਰਗੇ ਕਈ ਨਵੇਂ ਕੋਰਸ ਵੀ ਸ਼ੁਰੂ ਕੀਤੇ ਜਾਣਗੇ। ਇਸ ਦੌਰਾਨ ਸੀਨੀਅਰ 'ਆਪ' ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਸੂਬਾ ਵਾਸੀਆਂ ਦਾ ਵੱਡਾ ਹੁੰਗਾਰਾ 'ਆਪ', ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਪ੍ਰਤੀ ਲੋਕਾਂ ਦੇ ਪਿਆਰ ਨੂੰ ਦਰਸਾਉਂਦਾ ਹੈ। 'ਆਪ' ਦਾ ਗਠਨ ਸਿਰਫ ਸਰਕਾਰਾਂ ਬਦਲਣ ਲਈ ਨਹੀਂ, ਸਗੋਂ ਸਿਸਟਮ ਨੂੰ ਬਦਲਣ ਲਈ ਕੀਤਾ ਗਿਆ ਸੀ, ਜਿਸ ਕਾਰਨ ਪੰਜਾਬ ਸਿੱਖਿਆ ਅਤੇ ਸਿਹਤ ਵਰਗੇ ਖੇਤਰਾਂ ਵਿੱਚ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। ਇਸ ਵਿਕਾਸ ਤੋਂ ਘਬਰਾਏ ਵਿਰੋਧੀ ਪਾਰਟੀਆਂ ਨੇ ਸਾਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਦੀ ਕੋਸ਼ਿਸ਼ ਕੀਤੀ, ਪਰ ਅਦਾਲਤ ਤੋਂ ਬਰੀ ਹੋ ਕੇ ਅਸੀਂ ਆਪਣੀ ਇਮਾਨਦਾਰੀ ਨੂੰ ਸਾਬਤ ਕਰ ਦਿੱਤਾ ਹੈ। ਜੇਕਰ ਕਾਂਗਰਸ, ਅਕਾਲੀ ਜਾਂ ਭਾਜਪਾ ਸੱਤਾ ਵਿੱਚ ਵਾਪਸ ਆਉਂਦੇ ਹਨ, ਤਾਂ ਉਹ ਇਨ੍ਹਾਂ ਲੋਕ ਭਲਾਈ ਯੋਜਨਾਵਾਂ ਨੂੰ ਖਤਮ ਕਰ ਦੇਣਗੇ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, 'ਇਸ ਵਿਧਾਨ ਸਭਾ ਹਲਕੇ ਦੇ ਹਰ ਖੇਤਰ ਵਿੱਚ ਸੰਪੂਰਨ ਵਿਕਾਸ ਹੋਇਆ ਹੈ, ਜਿਸ ਨਾਲ ਵਸਨੀਕਾਂ ਨੂੰ ਬਹੁਤ ਲਾਭ ਹੋ ਰਿਹਾ ਹੈ। ਇਹ ਇਤਿਹਾਸਕ ਪਹਿਲਕਦਮੀਆਂ ਇਸ ਖੇਤਰ ਵਿੱਚ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰਨਗੀਆਂ।'

### ਸੁੱਖੂ ਵੱਲੋਂ ਗੱਡੀਆਂ ...

ਸੂਬਿਆਂ, ਖਾਸ ਕਰਕੇ ਪੰਜਾਬ ਅਤੇ ਹਰਿਆਣਾ ਤੋਂ ਹਿਮਾਚਲ ਆਉਣ-ਜਾਣ ਵਾਲੇ ਰੋਜ਼ਾਨਾ ਦੇ ਯਾਤਰੀਆਂ ਅਤੇ ਸਥਾਨਕ ਵਪਾਰੀਆਂ ਨੂੰ ਹੋਵੇਗਾ। ਟੈਕਸ ਵਾਧੇ ਕਾਰਨ ਸਰਹੱਦੀ ਖੇਤਰਾਂ ਵਿੱਚ ਸੈਰ-ਸਪਾਟਾ ਅਤੇ ਮਾਲ ਦੀ ਢੋਆ-ਢੁਆਈ ਪ੍ਰਭਾਵਤ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਸੀ, ਜਿਸ ਕਾਰਨ ਟੈਕਸੀ ਯੂਨੀਅਨਾਂ ਅਤੇ ਸਥਾਨਕ ਕਾਰੋਬਾਰੀਆਂ ਵੱਲੋਂ ਲਗਾਤਾਰ ਪ੍ਰਦਰਸ਼ਨ ਕੀਤੇ ਜਾ ਰਹੇ ਸਨ।

ਮੁੱਖ ਮੰਤਰੀ ਨੇ ਭਰੋਸਾ ਦਿੱਤਾ ਹੈ ਕਿ ਸਰਕਾਰ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਕੰਮ ਕਰ ਰਹੀ ਹੈ ਅਤੇ ਪੰਜ ਕਿੱਲੋਮੀਟਰ ਦੇ ਘੇਰੇ ਵਾਲੇ ਲੋਕਾਂ ਲਈ ਵਿਸ਼ੇਸ਼ ਪਾਸ ਜਾਰੀ ਕਰਨ ਦੀ ਪ੍ਰਕਿਰਿਆ ਜਲਦੀ ਹੀ ਸ਼ੁਰੂ ਕਰ ਦਿੱਤੀ ਜਾਵੇਗੀ, ਤਾਂ ਜੋ ਸਥਾਨਕ ਵਸਨੀਕਾਂ 'ਤੇ ਕੋਈ ਵਾਧੂ ਵਿੱਤੀ ਬੋਝ ਨਾ ਪਵੇ।

### ਅਮਰੀਕਾ ਤੇ ਯੂਰਪ...

ਵਰਤਣੀ ਚਾਹੀਦੀ।ਉਨ੍ਹਾ ਕਿਹਾ, ਅਜਿਹੇ ਤੱਤਾਂ ਨੂੰ ਸਬਕ ਸਿਖਾਇਆ ਜਾਣਾ ਚਾਹੀਦਾ ਹੈ ਅਤੇ ਇਹਨਾਂ ਦਾ ਸਮਾਜਿਕ ਬਾਈਕਾਟ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਅਹਿਮ ਭੂਮਿਕਾ ਨਿਭਾਏਗਾ। ਪੰਜਾਬ ਸਰਕਾਰ ਨੇ ਪਹਿਲਾਂ ਹੀ ਨਸ਼ਿਆਂ ਦੇ ਵਪਾਰ ਵਿਰੁੱਧ ਸ਼ਿਕੰਜਾ ਕੱਸ ਦਿੱਤਾ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਸਜ਼ਾ ਦਰ 87 ਫੀਸਦ ਤੱਕ ਪਹੁੰਚ ਗਈ ਹੈ ਜੋ ਕਿ ਕਿਸੇ ਵੀ ਹੋਰ ਸੂਬੇ ਨਾਲੋਂ ਕਿਤੇ ਵੱਧ ਹੈ।ਉਨ੍ਹਾਂ ਕਿਹਾ ਕਿ 1,597 ਸਿਖਲਾਈ ਪ੍ਰਾਪਤ ਕਰਮਚਾਰੀਆਂ ਅਤੇ 144 ਆਧੁਨਿਕ ਵਾਹਨਾਂ ਦੇ ਨਾਲ ਸੜਕ ਸੁਰੱਖਿਆ ਫੋਰਸ ਨੇ ਆਪਣੀ ਸ਼ੁਰੂਆਤ ਤੋਂ ਬਾਅਦ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਵਿੱਚ 48 ਫੀਸਦ ਦੀ ਕਮੀ ਲਿਆਂਦੀ ਹੈ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਬਰਿੰਦਰ ਗੋਇਲ ਦੇ ਨਾਲ ਡੀ.ਜੀ.ਪੀ. ਜਨਰਲ ਗੌਰਵ ਯਾਦਵ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

### ਸ਼ਹੀਦ ਭਗਤ ਸਿੰਘ...

ਸੁਣਾਉਣ ਲਈ ਧਮਾਕੇ ਦੀ ਲੋੜ ਹੁੰਦੀ ਹੈ।' ਉਹਨਾਂ ਉਸੇ ਵੇਲੇ ਗ੍ਰਿਫ਼ਤਾਰੀ ਵੀ ਦੇ ਦਿੱਤੀ ਅਤੇ ਅਦਾਲਤ ਨੂੰ ਆਪਣੇ ਵਿਚਾਰਾਂ ਦੇ ਪ੍ਰਚਾਰ ਲਈ ਬਾਖ਼ੂਬੀ ਨਾਲ ਵਰਤਣ ਦਾ ਰਾਹ ਚੁਣਿਆ।ਇਸ ਉਪਰੰਤ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਨੂੰ ਦਹਿਸ਼ਤਗਰਦ ਸਾਬਤ ਕਰਨ ਲਈ ਅੱਡੀ-ਚੋਟੀ ਦਾ ਜ਼ੋਰ ਲਾਇਆ ਗਿਆ।ਸਮਾਜਿਕ ਬਦਲਾਅ ਭਾਵ ਇਨਕਲਾਬ ਦੇ ਚਿੰਨ੍ਹ ਭਗਤ ਸਿੰਘ ਨੂੰ ਇੱਕ ਅੱਤਵਾਦੀ ਅਤੇ ਬੰਬਾਂ, ਪਿਸਤੌਲਾਂ ਤੱਕ ਸੀਮਤ ਕਰਨ ਲਈ ਹਰ ਹਰਬਾ ਵਰਤਿਆ ਗਿਆ, ਜੋ ਅੱਜ ਵੀ ਹੋਛੇ ਢੰਗ ਨਾਲ਼ ਜਾਰੀ ਹੈ।ਬਿਆਨ ਵਿੱਚ ਕਿਹਾ ਗਿਆ ਹੈ ਕਿ ਭਗਤ ਸਿੰਘ ਅਤੇ ਸਾਥੀਆਂ ਦੀ ਵਿਚਾਰਧਾਰਾ ਉਹਨਾਂ ਦੇ ਉਦੇਸ਼ਾਂ ਨੂੰ ਇਤਿਹਾਸਕ ਹਵਾਲਿਆਂ ਨਾਲ ਜਨਤਾ ਦੇ ਸਾਹਮਣੇ ਇਹਨਾਂ ਦਿਨਾਂ ਵਿੱਚ ਲਿਆਉਣਾ ਹੋਰ ਵੀ ਜ਼ਰੂਰੀ ਹੋ ਗਿਆ ਹੈ। ਸਮੇਂ ਦੀ ਇਸ ਲੋੜ ਨੂੰ ਹੁੰਗਾਰਾ ਭਰਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦਾ ਕਹਿਣਾ ਹੈ ਕਿ 8 ਅਪ੍ਰੈਲ ਨੂੰ 2:30 ਵਜੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋ ਰਹੀ ਵਿਚਾਰ-ਚਰਚਾ ਮਿਲਣੀ 'ਚ ਬੁੱਧੀਜੀਵੀਆਂ, ਲੇਖਕਾਂ, ਸਮਾਜਿਕ ਕਾਰਕੁਨਾਂ, ਇਨਕਲਾਬੀ ਜਮਹੂਰੀ ਲਹਿਰ ਦੇ ਕਾਮਿਆਂ, ਤਰਕਸ਼ੀਲਾਂ, ਜਮਹੂਰੀ ਕਾਰਕੁਨਾਂ ਨੂੰ ਉਚੇਚੇ ਤੌਰ 'ਤੇ ਸ਼ਾਮਲ ਹੋਣ ਦੀ ਲੋੜ ਹੈ।

## 'ਆਪ' ਦੀ ਬੁਰਜ ਕੁਲਾਰਾ 'ਚ ਬਲਾਕ ਪੱਧਰੀ ਮੀਟਿੰਗ




**ਬੱਧਨੀ ਕਲਾਂ (ਲਵਲੀ ਕੁਮਾਰ)**-ਆਮ ਆਦਮੀ ਪਾਰਟੀ ਬਲਾਕ ਜਗਰਾਓਂ ਦੇ ਪ੍ਰਧਾਨ ਭਾਈ ਤਰਸੇਮ ਸਿੰਘ ਖਾਲਸਾ ਦੀ ਅਗਵਾਈ ਹੇਠ ਬਲਾਕ ਪੱਧਰੀ ਮੀਟਿੰਗ ਪਿੰਡ ਬੁਰਜ ਕੁਲਾਰਾ ਵਿਖੇ ਹੋਈ।ਇਸ ਮੀਟਿੰਗ ਵਿੱਚ ਬਲਾਕ ਦੇ ਸਮੂਹ ਵਰਕਰਾਂ ਤੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ।ਇਸ ਮੀਟਿੰਗ ਦੌਰਾਨ ਆਮ-ਆਦਮੀ ਪਾਰਟੀ ਵੱਲੋਂ ਚਲਾਈ ਮੁਹਿੰਮ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ 'ਸੰਵਾਦ' ਤਹਿਤ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਬਾਰੇ ਜਾਣੂ ਕਰਵਾਉਂਦਿਆਂ ਮਾਰਕੀਟ ਕਮੇਟੀ ਹਠੂਰ ਦੇ ਚੇਅਰਮੈਨ ਤੇ ਹਲਕਾ ਇੰਚਾਰਜ ਕਰਮਜੀਤ ਸਿੰਘ ਕੰਮੀ ਡੱਲਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਜੋ ਕਿਹਾ ਕਿ ਉਹ ਕਰ ਦਿਖਾਇਆ ਹੈ ਤੇ ਚੋਣਾਂ ਸਮੇਂ ਕੀਤੇ ਵਾਅਦਿਆਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾ ਕਿਹਾ ਕਿ 13 ਅਪ੍ਰੈਲ ਤੋਂ ਜਨਰਲ ਔਰਤਾਂ ਦੇ ਖਾਤਿਆਂ ਵਿਚ ਇੱਕ ਹਜ਼ਾਰ ਰੁਪਏ, ਪੱਛੜੀਆਂ ਸ਼੍ਰੇਣੀਆਂ ਦੀਆਂ ਔਰਤਾਂ ਦੇ ਖਾਤਿਆਂ ਵਿੱਚ ਪੰਦਰਾਂ ਸੌ ਰੁਪਏ ਪਾਏ ਜਾਣਗੇ। ਇਹ ਮੁੱਦਾ ਵਿਰੋਧੀ ਪਾਰਟੀ ਦੇ ਸਿਰ ਚੜ੍ਹ ਕੇ ਬੋਲਦਾ ਸੀ, ਜਿਸ ਨੇ ਅੱਜ ਵਿਰੋਧੀਆਂ ਨੂੰ ਚੁੱਪ ਕਰਵਾ ਦਿੱਤਾ ਹੈ।ਇਸ ਮੌਕੇ ਉਨ੍ਹਾ ਹਲਕੇ ਦੀਆਂ ਸੜਕਾਂ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਮਈ ਮਹੀਨੇ ਵਿੱਚ ਹਠੂਰ ਇਲਾਕੇ ਦੀਆਂ ਸੜਕਾਂ ਮੁਕੰਮਲ ਤੌਰ 'ਤੇ ਤਿਆਰ ਹੋ ਜਾਣਗੀਆਂ।ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਉੱਘੇ ਬੁਲਾਰੇ ਭਾਈ ਵਾਹਿਗੁਰੂਪਾਲ ਸਿੰਘ ਬੁਰਜ ਕੁਲਾਰਾ ਨੇ ਨਿਭਾਈ।ਇਸ ਮੌਕੇ ਸਰਪੰਚ ਚਮਕੌਰ ਸਿੰਘ ਬੁਰਜ ਕੁਲਾਰਾ ਤੇ ਗ੍ਰਾਮ ਪੰਚਾਇਤ ਬੁਰਜ ਕੁਲਾਰਾ ਨੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ, ਉੱਘੇ ਕਥਾ ਵਾਚਕ ਭਾਈ ਗੁਰਜੰਟ ਸਿੰਘ ਖਾਲਸਾ ਤੇ ਪ੍ਰਧਾਨ ਭਾਈ ਤਰਸੇਮ ਸਿੰਘ ਖਾਲਸਾ ਹਠੂਰ ਨੂੰ ਸਿਰਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਅਤੇ ਨਾਲ ਆਏ ਆਗੂਆਂ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਤੇਜ਼ ਰਫ਼ਤਾਰ ਟਿੱਪਰ ਦੀ ਸਾਈਡ ਵੱਜਣ ਨਾਲ ਕਾਰ ਨੁਕਸਾਨੀ, ਸਵਾਰ ਵਾਲ-ਵਾਲ ਬਚੇ



**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਪਿੰਡ ਚਾਵਾ ਨੇੜੇ ਇਕ ਤੇਜ਼ ਰਫ਼ਤਾਰ ਟਿੱਪਰ ਨੇ ਕਾਰ ਨੂੰ ਸਾਈਡ ਮਾਰ ਕੇ ਕਾਫ਼ੀ ਨੁਕਸਾਨ ਕੀਤਾ ਅਤੇ ਕਾਰ ਵਿਚ ਸਵਾਰ ਮਿਲ ਮੁਲਾਜ਼ਮ ਵਾਲ-ਵਾਲ ਬਚ ਗਏ। ਇਸ ਦੌਰਾਨ ਟਿੱਪਰ ਚਾਲਕ ਮੌਕੇ ਦਾ ਫਾਇਦਾ ਲੈਂਦਾ ਫ਼ਰਾਰ ਹੋ ਗਿਆ। ਸੀਨੀਅਰ ਕੇਨ ਅਫ਼ਸਰ ਗੰਨਾ ਮਿੱਲ ਕੀੜੀ ਅਫਗਾਨਾ ਜਸਬੀਰ ਸਿੰਘ ਸਹੋਤਾ ਪੁੱਤਰ ਅਜੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਕਾਰ ਨੰਬਰ ਪੀਬੀ 36 ਐੱਚ. 2450 ਰਾਹੀਂ ਮੁਕੇਰੀਆਂ ਤੋਂ ਕੀੜੀ ਅਫ਼ਗਾਨਾ ਗੰਨਾ ਮਿੱਲ ਡਿਊਟੀ 'ਤੇ ਜਾ ਰਹੇ ਸਨ ਅਤੇ ਮਗਰ ਆਉਂਦੀ ਤੇਜ਼ ਰਫ਼ਤਾਰ ਟਿੱਪਰ ਨੰਬਰ ਪੀਬੀ 07 ਸੀ ਐੱਲ 9356 ਨੇ ਸਾਨੂੰ ਲਪੇਟ ਵਿਚ ਲੈ ਲਿਆ ਜਿਸ ਵਿਚ ਅਸੀਂ ਤਾਂ ਵਾਲ-ਵਾਲ ਬਚ ਗਏ ਪਰ ਗੱਡੀ ਦਾ ਕਾਫ਼ੀ ਨੁਕਸਾਨ ਹੋਇਆ ਹੈ। ਮੌਕੇ 'ਤੇ ਘਟਨਾ ਨੂੰ ਵੇਖਦੇ ਸੜਕ ਸੁਰੱਖਿਆ ਫੋਰਸ ਦੇ ਐੱਸ. ਆਈ. ਰਾਜਵਿੰਦਰ ਸਿੰਘ ਅਤੇ ਸਿਪਾਹੀ ਵਰਿੰਦਰ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਥਾਣਾ ਪੁਰਾਣਾ ਸ਼ਾਲਾ ਪੁਲਸ ਨੂੰ ਸੂਚਿਤ ਕੀਤਾ ਤੇ ਸ਼ਾਲਾ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ। ਪੁਲਸ ਨੇ ਪੀੜਤਾਂ ਦੇ ਬਿਆਨ ਦਰਜ ਕਰਕੇ ਅਗਲੇਰੀ ਕਾਰਵਾਈ ਕਰਨ ਦਾ ਵਿਸ਼ਵਾਸ ਦਿਵਾਇਆ ਹੈ। ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਲਖਵਿੰਦਰ ਸਿੰਘ, ਸਤਪਾਲ, ਲੱਕੀ ਅਤੇ ਹੋਰ ਲੋਕਾਂ ਨੇ ਦੱਸਿਆ ਕਿ ਟਿੱਪਰਾਂ ਵਾਲੇ ਸਵੇਰੇ ਅਤੇ ਸ਼ਾਮ ਬਹੁਤ ਤੇਜ਼ ਰਫ਼ਤਾਰ ਨਾਲ ਇਥੋਂ ਲੰਘਦੇ ਹਨ। ਇਹ ਟਿੱਪਰ ਕਾਫ਼ੀ ਲੋਡ ਹੁੰਦੇ ਹਨ ਤੇ ਸੰਤੁਲਨ ਵਿਗੜਨ ਨਾਲ ਲੋਕਾਂ ਦਾ ਜਾਨੀ ਮਾਲੀ ਨੁਕਸਾਨ ਕਰਦੇ ਹਨ। ਉਨ੍ਹਾਂ ਨੇ ਜ਼ਿਲ੍ਹਾ ਪੁਲਸ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਸਪੀਡ ਲਿਮਟਿਡ ਨਿਸ਼ਚਿਤ ਕੀਤੀ ਜਾਵੇ ਜਿਸ ਨਾਲ ਦੁਬਾਰਾ ਹਾਦਸਾ ਨਾ ਵਾਪਰ ਸਕੇ।

# ਚੱਬੇਵਾਲ ਦੀ ਰੈਲੀ ਬਦਲੇਗੀ ਪੰਜਾਬ ਦੇ ਸਿਆਸੀ ਸਮੀਕਰਣ : ਲਾਲੀ ਬਾਜਵਾ, ਹਰਮਿੰਦਰ ਸੰਧੂ



**ਹੁਸ਼ਿਆਰਪੁਰ (ਓ ਪੀ ਰਾਣਾ)**

ਸ਼੍ਰੋਮਣੀ ਅਕਾਲੀ ਦਲ (ਬ) ਆਗੂਆਂ ਵਲੋਂ 3 ਅਪ੍ਰੈਲ ਨੂੰ ਸੰਧੂ ਫਾਰਮ ਚੱਬੇਵਾਲ ਵਿਖੇ ਹੋ ਰਹੀ ਵਿਸ਼ਾਲ ਰੈਲੀ ਲਈ ਸੀਨੀ. ਮੀਤ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਅਤੇ ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਚੱਬੇਵਾਲ ਦੀ ਅਗਵਾਈ ਹੇਠ ਜ਼ੋਰਦਾਰ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਰੈਲੀ ਨੂੰ ਇਤਿਹਾਸਕ ਬਣਾਉਣ ਲਈ ਹਲਕੇ ਦੇ ਹਰ ਪਿੰਡ ਅਤੇ ਇਲਾਕੇ ਦੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਆਗੂ ਜਤਿੰਦਰ ਸਿੰਘ ਲਾਲੀ ਬਾਜਵਾ ਸੀਨੀ ਕੌਮੀ ਮੀਤ ਪ੍ਰਧਾਨ, ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਚੱਬੇਵਾਲ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ 3 ਅਪ੍ਰੈਲ ਨੂੰ ਚੱਬੇਵਾਲ ਵਿਖੇ ਸਵਾਗਤ ਲਈ ਹਲਕਾ ਨਿਵਾਸੀਆਂ ਅੰਦਰ ਭਾਰੀ ਜੋਸ਼ ਅਤੇ ਖੁਸ਼ੀ ਦੀ ਲਹਿਰ ਹੈ।ਜਤਿੰਦਰ ਸਿੰਘ ਲਾਲੀ ਬਾਜਵਾ, ਹਰਮਿੰਦਰ ਸਿੰਘ ਸੰਧੂ ਨੇ ਕਿਹਾ ਕਿ ਚੱਬੇਵਾਲ ਦੀ ਰੈਲੀ ਇਹ ਦੱਸ ਦੇਵੇਗੀ ਕਿ ਦੁਆਬਾ ਸ਼੍ਰੋਮਣੀ ਅਕਾਲੀ ਦਲ ਨਾਲ ਚਟਾਨ ਵਾਂਗ ਖੜਾ ਹੈ ਅਤੇ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਸੂਬੇ ਦੇ ਹਿਤਾਂ ਦੀ ਪਹਿਰੇਦਾਰੀ ਕਰ ਸਕਦੀ ਹੈ। ਉਹਨਾਂ ਕਿਹਾ ਪਿਛਲੇ ਸਮੇਂ ਦੌਰਾਨ ਅਕਾਲੀ ਦਲ ਦੀ ਸਰਕਾਰ ਸਮੇਂ ਡਿਪਟੀ ਮੁੱਖ ਮੰਤਰੀ ਸੁਖਵੀਰ ਸਿੰਘ ਬਾਦਲ ਵਲੋਂ ਜੋ ਵਿਕਾਸ ਕਾਰਜ ਪਾਰਟੀ ਦੀ ਸਰਕਾਰ ਸਮੇਂ 10 ਸਾਲਾਂ ਵਿੱਚ ਕਰਵਾਏ ਸਨ ਉਸ ਦੀ ਝਲਕ ਅੱਜ ਵੀ ਪੰਜਾਬ ਵਿੱਚ ਦਿਖਾਈ ਦਿੰਦੀ ਹੈ।ਪੰਜਾਬ ਦੇ ਲੋਕ ਸੁਖਵੀਰ ਸਿੰਘ ਬਾਦਲ ਨੂੰ ਪੰਜਾਬ ਦਾ ਅਗਲਾ ਮੁੱਖ ਮੰਤਰੀ ਦੇਖਣ ਲਈ ਉਤਾਵਲੇ ਹਨ।ਇਸ ਮੌਕੇ ਇਕਵਾਲ ਸਿੰਘ ਖੇੜਾ, ਬਰਿੰਦਰ ਸਿੰਘ ਪਰਮਾਰ ਜ਼ਿਲਾ ਜਨਰਲ ਸਕੱਤਰ ਸਾਈਕਲਿਸਟ ਬਲਰਾਜ ਸਿੰਘ ਚੌਹਾਨ, ਦਵਿੰਦਰ ਸਿੰਘ ਬੈਂਸ ਬਾਹੋਵਾਲ, ਹਰਪ੍ਰੀਤ ਸਿੰਘ ਰਿੰਕੂ ਬੇਦੀ, ਸਨੀ ਗਿਲ ਝਿੰਜਰ, ਰਣਧੀਰ ਸਿੰਘ ਭਾਰਜ, ਸੰਤ ਸਿੰਘ ਜੰਡੋਰ, ਸੁਖਜਿੰਦਰ ਸਿੰਘ ਔਜਲਾ ਪ੍ਰਧਾਨ ਐਸ ਓ ਆਈ ਦੁਆਬਾ ਜੋਨ, ਸਤਵਿੰਦਰ ਸਿੰਘ ਆਹਲੂਵਾਲੀਆ, ਸਰਬਜੀਤ ਸਿੰਘ ਬਡਵਾਲ, ਲਖਵਿੰਦਰ ਸਿੰਘ ਠੱਕਰ, ਕੁਲਦੀਪ ਸਿੰਘ ਬਜਵਾੜਾ, ਹਰਭਜਨ ਸਿੰਘ ਧਾਲੀਵਾਲ, ਰਵਿੰਦਰ ਪਾਲ ਸਿੰਘ ਮਿੰਟੂ, ਗੁਰਪ੍ਰੀਤ ਸਿੰਘ ਕੋਹਲੀ, ਪ੍ਰਭਜੋਤ ਸੈਬ, ਕੁਲਵੀਰ ਸਿੰਘ, ਸਰਬਜੀਤ ਸਿੰਘ ਸਾਬੀ, ਜਤਿੰਦਰ ਸਿੰਘ ਰੀਹਲ ਆਦਿ ਹਾਜ਼ਰ ਸਨ।

# ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਕੈਬਨਿਟ ਮੰਤਰੀ ਨਾਲ ਮੀਟਿੰਗ

**ਧਾਰੀਵਾਲ, (ਮਨਦੀਪ ਵਿੱਕੀ)**



ਸਰਵ ਆਂਗਣਵਾੜੀ ਵਰਕਰ ਵਰਕਰ ਹੈਲਪਰ ਯੂਨੀਅਨ ਦੇ ਚਾਰ ਮੈਂਬਰੀ ਵਫਦ ਦੀ ਅਹਿਮ ਮੀਟਿੰਗ ਪੰਜਾਬ ਭਵਨ ਚੰਡੀਗੜ੍ਹ ਵਿਖੇ ਕੈਬਨਿਟ ਮੰਤਰੀ ਪੰਜਾਬ ਡਾਕਟਰ ਬਲਜੀਤ ਕੌਰ ਨਾਲ ਹੋਈ। ਮੀਟਿੰਗ ਵਿਚ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਸੈਕਟਰੀ ਗੁਰਕਿਰਤ ਕਿਰਪਾਲ ਸਿੰਘ, ਡਾਇਰੈਕਟਰ ਮੈਡਮ ਸੀਨਾ ਅਗਰਵਾਲ, ਡਿਪਟੀ ਡਾਇਰੈਕਟਰ ਅਮਰਜੀਤ ਸਿੰਘ ਭੁੱਲਰ, ਡਿਪਟੀ ਡਾਇਰੈਕਟਰ ਸੁਮਨਦੀਪ ਕੌਰ ਵੀ ਸ਼ਾਮਿਲ ਸਨ। ਇਸ ਵਫਦ ਵਿੱਚ ਯੂਨੀਅਨ ਦੀ ਪੰਜਾਬ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ, ਜਨਰਲ ਸਕੱਤਰ ਹਰਪ੍ਰੀਤ ਕੌਰ ਕਾਹਲੋਂ ਸਿੰਘਪੁਰਾ, ਮੀਤ ਪ੍ਰਧਾਨ ਸਤਵਿੰਦਰ ਕੌਰ ਮੁਕਤਸਰ ਅਤੇ ਜ਼ਿਲ੍ਹਾ ਗੁਰਦਾਸਪੁਰ ਪ੍ਰਧਾਨ ਕਮਲਜੀਤ ਕੌਰ ਚਾਹਲ ਸ਼ਾਮਿਲ ਸਨ। ਇਸ ਸੰਬਧੀ ਜਾਣਕਾਰੀ ਦਿੰਦਿਆਂ ਸਰਵ ਆਂਗਣਵਾੜੀ ਵਰਕਰ ਵਰਕਰ ਹੈਲਪਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਪ੍ਰਧਾਨ ਕਮਲਜੀਤ ਕੌਰ ਚਾਹਲ ਨੇ ਦੱਸਿਆ ਕਿ ਕੈਬਨਿਟ ਮੰਤਰੀ ਪੰਜਾਬ ਡਾਕਟਰ ਬਲਜੀਤ ਕੌਰ ਅਤੇ ਵਿਭਾਗ ਅਧਿਕਾਰੀਆਂ ਨਾਲ ਹੋਈ ਮੀਟਿੰਗ ਵਿੱਚ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸੰਬਧੀ ਚਰਚਾ ਕੀਤੀ ਗਈ ਅਤੇ ਕੈਬਨਿਟ ਮੰਤਰੀ ਨੂੰ ਮਾਣ ਭੱਤਾ ਦੁੱਗਣਾ ਕਰਨ, ਸਾਲਾਨਾ ਇੰਕਰੀਮੈਂਟ ਨੂੰ ਵਧਾ ਕੇ ਹਜ਼ਾਰ ਰੁਪਏ ਕਰਨ ਸਮੇਤ ਹੋਰ ਮੰਗਾਂ ਪੂਰੀਆਂ ਕਰਨ ਦੀ ਅਪੀਲ ਕੀਤੀ। ਜਿਸ 'ਤੇ ਕੈਬਨਿਟ ਮੰਤਰੀ ਪੰਜਾਬ ਡਾਕਟਰ ਬਲਜੀਤ ਕੌਰ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਜਲਦ ਹੀ ਮਾਣ ਭੱਤਾ ਦੁਗਣਾ ਕੀਤਾ ਜਾਵੇਗਾ ਅਤੇ ਯੂਨੀਅਨ ਵੱਲੋਂ ਰੱਖੀਆਂ ਹੋਰ ਮੰਗਾਂ ਚਰਚਾ ਕੀਤੀ ਗਈ ਅਤੇ ਜ਼ਿਆਦਾਤਰ ਮੰਗਾਂ ਨੂੰ ਪ੍ਰਵਾਨ ਕਰਨ ਦਾ ਭਰੋਸਾ ਦਵਾਇਆ ਗਿਆ। ਜ਼ਿਲ੍ਹਾ ਪ੍ਰਧਾਨ ਕਵਲਜੀਤ ਕੌਰ ਚਾਹਲ ਨੇ ਦੱਸਿਆ ਕਿ ਮੀਟਿੰਗ ਬਹੁਤ ਹੀ ਸੁਖਾਵੇਂ ਮਾਹੌਲ ਵਿੱਚ ਹੋਈ ਅਤੇ ਸੁਪਰਵਾਈਜ਼ਰ ਦੀ ਭਰਤੀ ਵੀ ਜਲਦੀ ਮੁਕੰਮਲ ਕਰ ਦਿੱਤੀ ਜਾਵੇਗੀ ਤੇ ਇਸ ਤੋਂ ਇਲਾਵਾ ਹੋਰ ਵੀ ਸਾਰੀਆਂ ਮੰਗਾਂ ਦਾ ਹਾਂ-ਪੱਖੀ ਹੁੰਗਾਰਾ ਮਿਲਿਆ ਹੈ। ਮੀਟਿੰਗ ਵਿੱਚ ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਪੰਜਾਬ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ, ਜਨਰਲ ਸਕੱਤਰ ਹਰਪ੍ਰੀਤ ਕੌਰ ਕਾਹਲੋਂ ਸਿੰਘਪੁਰਾ, ਮੀਤ ਪ੍ਰਧਾਨ ਸਤਵਿੰਦਰ ਕੌਰ ਮੁਕਤਸਰ ਤੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਕੌਰ ਚਾਹਲ ਸ਼ਾਮਲ ਸਨ।

# ਪੰਜਾਬ ਸਰਕਾਰ ਵਪਾਰੀਆਂ ਦੀ ਹਰ ਸਮੱਸਿਆ ਦਾ ਹੱਲ ਕਰਨ ਲਈ ਵਚਨਬੱਧ : ਧਾਲੀਵਾਲ




**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਹਰ ਵਰਗ ਦਾ ਖਿਆਲ ਰੱਖਦੀ ਹੈ ਜਿਵੇਂ ਕਿਸਾਨ, ਮਜ਼ਦੂਰ, ਮੁਲਾਜ਼ਮ ਆਦਿ। ਇਸੇ ਲੜੀ ਦੇ ਚਲਦਿਆਂ ਵਪਾਰੀਆਂ ਦੀ ਵੀ ਹਰ ਮੁਸ਼ਕਲ ਦਾ ਹੱਲ ਕਰਨ ਲਈ ਸਰਕਾਰ ਵਚਨਬੱਧ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਸੁਸਾਇਟੀ ਮਾਰਕੀਟ ਵਿੱਚ ਵਪਾਰ ਮੰਡਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਨੇ ਮੌਕੇ 'ਤੇ ਵਪਾਰੀਆਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਅਤੇ ਨਾਲ ਹੀ ਕਿਹਾ ਕਿ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਜਨਾਲੇ ਹਲਕੇ ਦਾ ਵਿਕਾਸ ਕੀਤਾ ਹੈ ਉਹ 75 ਸਾਲਾਂ ਵਿੱਚ ਦੂਸਰੀਆਂ ਪਾਰਟੀਆਂ ਦੇ ਵਿਧਾਇਕਾਂ ਨੇ ਨਹੀਂ ਕੀਤਾ ਅਤੇ ਰਹਿੰਦੇ ਵਿਕਾਸ ਕਾਰਜ ਵੀ ਆਪਣੇ ਸਮੇਂ ਦੌਰਾਨ ਪੂਰੇ ਕੀਤੇ ਜਾਣਗੇ। ਇਸ ਮੀਟਿੰਗ ਵਿੱਚ ਹਰ ਇੱਕ ਡਿਪਾਰਟਮੈਂਟ ਦੇ ਹੈੱਡ ਪਹੁੰਚੇ ਹੋਏ ਸਨ ਜਿਨ੍ਹਾਂ ਨੇ ਸਾਰੇ ਵਪਾਰੀਆਂ ਦੀਆਂ ਮੁਸ਼ਕਿਲਾਂ ਸੁਣਦੇ ਹੋਏ ਰਹਿੰਦੀਆਂ ਮੁਸ਼ਕਲਾਂ ਦੇ ਹੱਲ ਕਰਨ ਦਾ ਵਾਅਦਾ ਕੀਤਾ। ਮੀਟਿੰਗ ਵਿੱਚ ਐੱਸਡੀਐੱਮ ਅਜਨਾਲਾ ਅਸ਼ੋਕ ਕੁਮਾਰ, ਡੀਐੱਸਪੀ ਅਜਨਾਲਾ ਗੁਰਵਿੰਦਰ ਸਿੰਘ ਔਲਖ, ਨਗਰ ਪੰਚਾਇਤ ਦਫਤਰ ਤੋਂ ਦਵਿੰਦਰ ਕੁਮਾਰ ਠਾਕਰ ਅਤੇ ਮਾਰਕੀਟ ਕਮੇਟੀ ਅਜਨਾਲਾ ਅਤੇ ਫੂਡ ਸਪਲਾਈ ਵਿਭਾਗ ਵੱਲੋਂ ਏਐੱਫਐੱਸਓ ਸੰਦੀਪ ਸਿੰਘ, ਵਪਾਰ ਮੰਡਲ ਦੇ ਟ੍ਰੇਡ ਵਿੰਗ ਦੇ ਵਾਈਸ ਚੇਅਰਮੈਨ ਅਭਿਸ਼ੇਕ ਬਾਂਸਲ, ਟਰੇਡ ਵਿੰਗ ਚੇਅਰਮੈਨ ਕੁਲਵੰਤ ਸਿੰਘ ਅਜਨਾਲਾ, ਨਗਰ ਪੰਚਾਇਤ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਸ਼ਹਿਰੀ ਪ੍ਰਧਾਨ ਅਮਿਤ ਔਲ, ਵਪਾਰ ਮੰਡਲ ਤੋਂ ਰਮੇਸ਼ ਕੁਮਾਰ ਮਹਾਜਨ, ਗੁਰਮੀਤ ਸਿੰਘ ਚਾਵਲਾ, ਬੱਬੂ ਮਹਾਜਨ, ਹਰਪ੍ਰੀਤ ਸਿੰਘ ਸੋਹਲ, ਸ਼ਿਵਦੀਪ ਸਿੰਘ ਚਾਹਲ, ਐਡਵੋਕੇਟ ਸੰਦੀਪ ਕੌਸ਼ਲ, ਅਜੇ ਕੁਮਾਰ, ਸੀਨੀਅਰ ਆਗੂ ਬਲਜਿੰਦਰ ਸਿੰਘ ਮਾਹਲ, ਸੁਖ ਨਿੱਜਰ, ਅਮਿਤ ਪੁਰੀ, ਗੀਤਾ ਗਿੱਲ, ਬਾਬਾ ਰਿੰਕੂ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਉਣ ਦਾ ਨੀਂਹ ਪੱਥਰ ਰੱਖਿਆ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਚੱਕਰੀ ਬਾਜ਼ਾਰ ਦੇ ਦੁਕਾਨਦਾਰਾਂ ਦੀ ਮੰਗ ਪੂਰੀ ਕੀਤੀ ਗਈ ਹੈ।ਉਨ੍ਹਾਂ ਵੱਲੋਂ ਦੁਕਾਨਦਾਰਾਂ ਦੀ ਮੌਜੂਦਗੀ ਵਿੱਚ ਚੱਕਰੀ ਬਾਜ਼ਾਰ ਵਿਖੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਹੈ।ਇਸ ਮੌਕੇ ਦੁਕਾਨਦਾਰਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਕਈ ਦਹਾਕਿਆਂ ਤੋਂ ਕਿਸੇ ਵੀ ਪਾਰਟੀ ਦੇ ਆਗੂ ਵੱਲੋਂ ਇਸ ਸਮੱਸਿਆ ਵੱਲ ਨਹੀਂ ਧਿਆਨ ਨਹੀਂ ਦਿੱਤਾ ਗਿਆ ਪਰ ਹੁਣ ਵਿਧਾਇਕ ਸ਼ੈਰੀ ਕਲਸੀ ਵਲੋਂ ਉਨ੍ਹਾਂ ਦੀ ਇਹ ਸਮੱਸਿਆ ਹੱਲ ਕੀਤੀ ਜਾ ਰਹੀ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਚੱਕਰੀ ਬਾਜ਼ਾਰ ਆਪਣੇ ਆਪ ਵਿੱਚ ਵੱਡੀ ਵਿਰਾਸਤ ਸਮੋਈ ਬੈਠਾ ਹੈ ਅਤੇ ਇਸੇ ਬਾਜ਼ਾਰ ਵਿਚ ਹੀ ਗੁਰਦੁਆਰਾ ਸ੍ਰੀ ਕੰਧ ਸਾਹਿਬ, ਗੁਰਦੁਆਰਾ ਡੇਹਰਾ ਸਾਹਿਬ ਅਤੇ ਮਾਤਾ ਕਾਲੀ ਦੁਆਰੀ ਮੰਦਿਰ ਸੁਸ਼ੋਭਿਤ ਹਨ।ਉਨ੍ਹਾਂ ਦੱਸਿਆ ਕਿ ਚੱਕਰੀ ਬਾਜ਼ਾਰ ਵਾਲਿਆਂ ਦੀ ਮੰਗ ਪੂਰੀ ਕਰਦਿਆਂ ਇਥੇ ਵਿਕਾਸ ਕੰਮ ਸ਼ੁਰੂ ਕਰਵਾਇਆ ਗਿਆ ਹੈ ਅਤੇ ਸਾਰੇ ਦੁਕਾਨਦਾਰਾਂ ਦੀ ਸਹਿਮਤੀ ਤੋਂ ਬਾਅਦ ਚੱਕਰੀ ਬਾਜ਼ਾਰ ਨੂੰ ਹੈਰੀਟੇਜ ਲੁੱਕ ਵੀ ਪ੍ਰਦਾਨ ਕੀਤੀ ਜਾਵੇਗੀ, ਜਿਸ ਲਈ ਉਹ ਯਤਨਸ਼ੀਲ ਹਨ।ਉਨ੍ਹਾਂ ਕਿਹਾ ਕਿ ਦੁਕਾਨਦਾਰਾਂ ਦੀ ਹਰ ਸਮੱਸਿਆ ਦਾ ਨਿਪਟਾਰਾ ਕਰਨ ਲਈ ਉਹ ਵਚਨਬੱਧ ਹਨ।ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਸੁਭਾਸ਼ ਮਹਿਤਾ, ਚੇਅਰਮੈਨ ਮਾਨਿਕ ਮਹਿਤਾ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਲਾਇਨ ਰਾਜੀਵ ਵਿੱਗ, ਲੂਥਰਾ ਜਵੈਲਰਜ਼ ਵਾਲੇ, ਸਾਬੀ ਜੀ, ਹਰਵੰਤ ਮਹਾਜਨ, ਹਨੀ ਚੌਹਾਨ, ਵਿੱਕੀ ਚੌਹਾਨ, ਅੰਕੁਸ਼ ਮਹਿਤਾ ਸਮੇਤ ਵੱਡੀ ਗਿਣਤੀ ਵਿੱਚ ਚੱਕਰੀ ਬਾਜ਼ਾਰ ਦੇ ਦੁਕਾਨਦਾਰ ਅਤੇ ਵਸਨੀਕ ਮੌਜੂਦ ਸਨ।





# ਨਹਿਰ ਅਪਰਬਾਰੀ ਤੇ ਕਸੂਰ ਬਰਾਂਚ ਨਹਿਰ 'ਤੇ ਬਣੇ ਪੁਲ ਦੀ ਸਾਫ਼-ਸਫ਼ਾਈ ਨਾ ਹੋਣ ਕਰਕੇ ਰਾਹਗੀਰ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੀ ਨਹਿਰ ਅੱਪਰਬਾਰੀ ਦੁਆਬ 'ਤੇ ਬਣੇ ਪੁਲ ਦੇ ਕੰਢਿਆਂ ਤੇ ਪਈ ਗੰਦਗੀ ਕਾਰਨ ਰਾਹਗੀਰ ਕਾਫੀ ਪ੍ਰੇਸ਼ਾਨ ਹੋ ਰਹੇ ਹਨ। ਇਸ ਸਬੰਧੀ ਪ੍ਰਾਪਤ ਜਾਣਕਾਰੀ ਅਨੁਸਾਰ ਤਿੱਬੜੀ ਪੁੱਲ 'ਤੇ ਵਗਦੀ ਨਹਿਰ ਅਪਰ ਬਾਰੀ ਦੁਆਬ ਅਤੇ ਕਸੂਰ ਬਰਾਂਚ ਉਤੇ ਬਣੇ ਦੋਹਰੇ ਪੁਲ ਦਾ ਉਦਘਾਟਨ ਕਈ ਸਾਲ ਪਹਿਲਾਂ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਕੀਤਾ ਸੀ। ਮੌਜੂਦਾ ਸਮੇਂ ਪੁਲ ਦੀ ਸਾਂਭ ਸੰਭਾਲ ਨਾ ਹੋਣ ਕਰਕੇ ਇਸ 'ਤੇ ਬਣੇ ਸੋਲਰ ਲਾਈਟਾਂ ਦੇ ਖੰਭੇ ਵੀ ਟੁੱਟ ਭਜ ਗਏ ਹਨ। ਲਾਈਟਾਂ ਦੀਆਂ ਬੈਟਰੀਆਂ ਵੀ ਚੋਰੀ ਹੋ ਚੁਕੀਆਂ ਹਨ। ਇਸ ਤੋਂ ਇਲਾਵਾ ਪੁਲ ਦੀ ਸਾਫ਼ ਸਫ਼ਾਈ ਨਾ ਹੋਣ ਕਾਰਨ ਇਸ 'ਤੇ ਵੱਡੀ ਮਾਤਰਾ ਵਿਚ ਮਿੱਟੀ ਘੱਟਾ ਜਮ੍ਹਾ ਹੋਇਆ ਪਿਆ ਹੈ ਜਿਸ ਨਾਲ ਬੱਸਾਂ, ਕਾਰਾਂ ਆਦਿ ਲੰਘਣ ਵੇਲੇ ਮੋਟਰਸਾਈਕਲ, ਸਕੂਟਰ ਸਵਾਰ ਦੀਆਂ ਅੱਖਾਂ ਵਿਚ ਮਿੱਟੀ ਘੱਟਾ ਹੀ ਪੈਂਦਾ। ਲੋਕਾਂ ਦੀ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਇਸ ਪੁਲ ਦੀ ਦੇਖ ਰੇਖ ਕਰਨ ਵਾਲੇ ਸਬੰਧਿਤ ਵਿਭਾਗ ਨੂੰ ਤਾੜਨਾ ਕੀਤੀ ਜਾਵੇ ਤਾਂ ਜੋ ਇਸ ਦੋਹਰੀ ਨਹਿਰ ਦੇ ਪੁਲ ਦੀ ਸਾਫ਼ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਾਲ ਨਾਲ ਪੁਲ 'ਤੇ ਬੰਦ ਪਈਆਂ ਲਾਈਟਾਂ ਨੂੰ ਵੀ ਚਾਲੂ ਕਰਵਾਇਆ ਜਾਵੇ।

# ਮਾਪੇ-ਅਧਿਆਪਕ ਮਿਲਣੀ ਦੌਰਾਨ ਹੋਣਹਾਰ ਬੱਚਿਆਂ ਦਾ ਵਿਸ਼ੇਸ਼ ਸਨਮਾਨ

**ਜੈਂਤੀਪੁਰ (ਸੁਖਬੀਰ ਸਿੱਧੂ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਾਹਲੀ ਸਾਹਿਬ ਵਿਖੇ ਵਿਦਿਆਰਥੀਆਂ ਦੇ ਸਾਲਾਨਾ ਨਤੀਜਿਆਂ ਨੂੰ ਮੁੱਖ ਰੱਖਦੇ ਹੋਏ ਮਾਪੇ ਅਧਿਆਪਕ ਮਿਲਣੀ ਪ੍ਰਿੰਸੀਪਲ ਬਿਕਰਮਜੀਤ ਸਿੰਘ ਦੀ ਅਗਵਾਈ ਵਿਚ ਕਰਵਾਈ ਗਈ ਜਿਸ ਵਿਚ ਵਿਦਿਆਰਥੀਆਂ ਅਤੇ ਮਾਪਿਆਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲਿਆ।ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਢੱਡੇ ਨੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੂਲ ਵਿਚ ਚੱਲ ਰਹੇ ਕੰਮਾਂ ਅਤੇ ਮਿਸ਼ਨ ਸਮਰੱਥ, ਸਕਾਲਰਸ਼ਿਪ, ਕਰੀਅਰ ਗਾਈਡੈਂਸ ਬਾਰੇ ਮਾਪਿਆਂ ਨੂੰ ਜਾਣੂ ਕਰਵਾਇਆ।ਇਸੇ ਦੌਰਾਨ ਸਕੂਲ ਦੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਢੱਡੇ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਅਤੇ ਸਮੂਹ ਸਕੂਲ ਸਟਾਫ ਵਲੋਂ ਸਲਾਨਾ ਇਮਤਿਹਾਨਾਂ ਵਿਚ ਪਹਿਲੀ ਦੂਜੀ ਅਤੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਪ੍ਰਿੰਸੀਪਲ ਅਤੇ ਸਟਾਫ਼ ਦੀ ਸ਼ਲਾਘਾ ਕੀਤੀ ਅਤੇ ਸਕੂਲ ਵਿਚ ਦਾਖਲ ਵਧਾਉਣ ਲਈ ਬੱਚਿਆਂ ਨੂੰ ਪ੍ਰੇਰਿਤ ਕਰਨ ਵਿਚ ਸਹਿਯੋਗ ਕਰਨ ਦਾ ਵਾਅਦਾ ਕੀਤਾ।ਇਸ ਮੌਕੇ ਬਲਵਿੰਦਰ ਕੌਰ ਮੈਂਬਰ, ਅਨਰੂਪ ਕੌਰ ਚੇਅਰਮੈਨਪ. ਵ. ਕਮੇਟੀ, ਬਲਹਾਰ ਸਿੰਘ ਟਾਹਲੀ ਸਾਹਿਬ, ਗੁਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਪਰਵਿੰਦਰ ਕੌਰ, ਪੁਨੀਤ ਕੌਰ, ਸ਼ਰਮਜੀਤ ਕੌਰ ਆਦਿ ਹਾਜ਼ਰ ਸਨ।




# ਪਹਿਲਾ ਨਾਈਟ ਸੈਵਨ-ਏ-ਸਾਈਡ ਵੈਦ ਨਿਰੰਜਨ ਦਾਸ ਫੁੱਟਬਾਲ ਟੂਰਨਾਮੈਂਟ ਸਮਾਪਤ



**ਮਾਹਿਲਪੁਰ (ਸ਼ਫਰੀ)**

ਵੈਦ ਨਿਰੰਜਨ ਦਾਸ ਸਪੋਰਟਸ ਕਲੱਬ ਪਿੰਡ ਭੂਨੋ ਵਲੋਂ ਪਿੰਡ ਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਪਹਿਲਾ ਸੈਵਨ-ਏ-ਸਾਈਡ ਨਾਈਟ ਫੁੱਟਬਾਲ ਟੂਰਨਾਮੈਂਟ ਦੇ ਫਾਈਨਲ ਮੌਕੇ ਡਾ. ਇਸ਼ਾਂਕ ਕੁਮਾਰ ਵਿਧਾਇਕ ਚੱਬੇਵਾਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਅਤੇ ਖਿਡਾਰੀਆ ਨੂੰ ਅਸ਼ੀਰਵਾਦ ਦਿੱਤਾ। ਟੂਰਨਾਮੈਂਟ ਦਾ ਫਾਈਨਲ ਮੁਕਾਬਲਾ ਪਿੰਡ ਹਾਲਟਾ ਅਤੇ ਨੰਗਲ ਖਿਡਾਰੀਆ ਦੀਆਂ ਟੀਮਾਂ ਵਿਚਕਾਰ ਬਹੁਤ ਹੀ ਰੋਮਾਂਚਿਕ ਅਤੇ ਫਸਵਾਂ ਹੋਇਆ। ਜਿਸ ਦੇ ਨਿਰਧਾਰਿਤ ਸਮੇਂ ਵਿੱਚ ਕੋਈ ਵੀ ਟੀਮ ਗੋਲ ਕਰਨ ਵਿਚ ਕਾਮਯਾਬ ਨਹੀਂ ਹੋ ਸਕੀ। ਹਾਲਟਾ ਦੀ ਟੀਮ ਨੇ ਪੈਨਲਟੀ ਕਿਕ ਰਾਹੀਂ ਮੁਕਾਬਲਾ ਜਿੱਤ ਕੇ ਜੇਤੂ ਟਰਾਫ਼ੀ 'ਤੇ ਕਬਜ਼ਾ ਕੀਤਾ। ਕਲੱਬ ਵਲੋਂ ਜੇਤੂ ਟੀਮ ਨੂੰ 56000, ਉਪ ਜੇਤੂ ਟੀਮ ਨੂੰ 25000 ਅਤੇ ਸ਼ਾਨਦਾਰ ਟਰਾਫੀਆਂ ਨਾਲ ਸਨਮਾਨਤ ਕੀਤਾ। ਇਸ ਮੌਕੇ ਮਾਹਿਲਪੁਰ ਅਤੇ ਭੂਨੋ ਦੇ 40 ਸਾਲ ਤੋਂ ਵੱਧ ਉਮਰ ਦੀਆਂ ਟੀਮਾਂ ਵਿਚਕਾਰ ਸ਼ੋ ਮੁਕਾਬਲਾ ਕਰਵਾਇਆ ਗਿਆ ਜੋ ਮਾਹਿਲਪੁਰ ਦੇ ਖਿਡਾਰੀਆ ਨੇ 3-0 ਗੋਲਾਂ ਦੇ ਫਰਕ ਨਾਲ ਜਿੱਤ ਲਿਆ। ਇਸ ਮੌਕੇ ਕਬੱਡੀ ਖਿਡਾਰੀ ਹਨੀ ਪੰਡਿਤ ਅਤੇ ਫੁੱਟਬਾਲਰ ਹਰਮਨਜੋਤ ਖਾਬੜਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਟੂਰਨਾਮੈਂਟ ਵਿਚ ਵਧੀਆ ਖੇਡ ਦਾ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਅਤੇ ਸਹਿਯੋਗ ਦੇਣ ਵਾਲੇ ਮੋਹਤਬਰ ਵਿਅਕਤੀਆਂ ਦਾ ਵੀ ਸਨਮਾਨ ਕੀਤਾ ਗਿਆ।ਇਸ ਮੌਕੇ ਕਲੱਬ ਦੇ ਪ੍ਰਧਾਨ ਬਲਬੀਰ ਸਿੰਘ ਸਹੋਤਾ, ਕੈਪਟਨ ਦਿਲਬਾਗ ਸਿੰਘ ਕੈਨੇਡਾ, ਸਰਵਣ ਸਿੰਘ ਯੂ.ਕੇ., ਸੁੱਚਾ ਸਿੰਘ ਕੈਨੇਡਾ, ਬਲਬੀਰ ਸਿੰਘ ਜਰਮਨ, ਕੋਚ ਸੰਨੂੰ ਫੌਜੀ, ਜ਼ੋਰਾਵਰ ਸਿੰਘ ਰਾਜਾ, ਪਲਵਿੰਦਰ ਸਿੰਘ ਹਾਲੈਂਡ, ਦਵਿੰਦਰ ਸਿੰਘ ਸੰਮਤੀ ਮੈਂਬਰ,ਨੰਬਰਦਾਰ ਕਰਨੈਲ ਸਿੰਘ, ਦਲਜੀਤ ਸਿੰਘ ਸਰਪੰਚ, ਰਵਿੰਦਰ ਸਿੰਘ ਪੰਚ, ਮਨਜੀਤ ਸਿੰਘ ਰੋਡਵੇਜ਼ ਹਰਜਿੰਦਰ ਸਿੰਘ ਪੰਚ, ਕੋਚ ਕਰਨ ਕੁਮਾਰ, ਮਹਿੰਦਰ ਸਿੰਘ ਪੰਚ, ਮੰਜੂ ਬਾਲਾ ਪੰਚ, ਰਵਿੰਦਰ ਸਿੰਘ ਪੰਚ,, ਸੁੱਖ ਬੂੜੋ ਬਾੜੀ, ਜੀਤੀ ਬੂੜੋਬਾੜੀ, ਸੂਬੇਦਾਰ ਹਰਮਿੰਦਰਪਾਲ ਸਿੰਘ, ਦਵਿੰਦਰ ਸਿੰਘ ਇੰਸਟਾਲਿਨ, ਭੁਪਿੰਦਰ ਸਿੰਘ ਘੰਟੀ, ਜ਼ੋਰਾਵਰ ਸਿੰਘ, ਸਾਬਕਾ ਸਰਪੰਚ ਦਰਸ਼ਨ ਸਿੰਘ, ਕਾਮਰੇਡ ਸੋਹਣ ਸਿੰਘ, ਹਰਜਿੰਦਰ ਸਿੰਘ ਬਿੰਦੀ, ਮਨਦੀਪ ਸਿੰਘ, ਪ੍ਰਗਟ ਸਿੰਘ, ਮਹਿੰਦਰ ਸਿੰਘ ਭੰਬੋ, ਮੰਗਲ ਸਿੰਘ ਬਿਲਾਸਪੁਰ, ਕੇਵਲ ਸਿੰਘ, ਠੇਕੇਦਾਰ ਜਸਵਿੰਦਰ ਸਿੰਘ ਜੱਸਾ, ਠੇਕੇਦਾਰ ਹਰਜੀਤ ਸਿੰਘ ਜੀਤਾ, ਠੇਕੇਦਾਰ ਗੁਰਪ੍ਰੀਤ ਸਿੰਘ, ਨੰਬਰਦਾਰ ਸੁਖਜੀਤ ਸਿੰਘ, ਮੈਸੀ ਭੁੰਨੋ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।

# ਮੁਆਵਜ਼ੇ ਨੂੰ ਲੈ ਕੇ ਡੀਐੱਸਪੀ ਤੇ ਐੱਸਡੀਐੱਮ ਨੂੰ ਦਿੱਤਾ ਮੰਗ ਪੱਤਰ



**ਜੈਂਤੀਪੁਰ (ਸੁਖਬੀਰ ਸਿੱਧੂ)**

ਹੜ੍ਹ ਸਬੰਧੀ ਜਿਨ੍ਹਾਂ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਮਿਲਿਆ, ਜਿਨ੍ਹਾਂ ਕਿਸਾਨਾਂ ਦੀਆਂ ਫਸਲਾਂ ਬਰਬਾਦ ਹੋ ਚੁੱਕੀਆਂ ਜਾਂ ਮਕਾਨ ਢਹਿ ਗਏ ਜਾਂ ਪਸ਼ੂ ਮਰ ਚੁੱਕੇ ਸਨ ਉਨ੍ਹਾਂ ਨੂੰ ਮੁਆਵਜ਼ਾ ਦੇਣ ਦੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਮੰਗ ਕੀਤੀ ਗਈ। ਮੰਗਾਂ ਨੂੰ ਲੈ ਕੇ ਕਮੇਟੀ ਨੇ ਡੀਐੱਸਪੀ ਤੇ ਐੱਸਡੀਐੱਮ ਨੂੰ ਮੰਗ ਪੱਤਰ ਵੀ ਦਿੱਤਾ। ਵੀ ਬੀ ਜੀ ਰਾਮ ਜੀ ਸਕੀਮ ਨੂੰ ਰੱਦ ਕਰਨ ਅਤੇ ਪਹਿਲਾਂ ਦੀ ਤਰ੍ਹਾਂ ਮਨਰੇਗਾ ਕਾਨੂੰਨ ਬਹਾਲ ਕਰਨ ਦੀ ਵੀ ਮੰਗ ਕੀਤੀ। ਆਗੂਆਂ ਨੇ ਕਿਹਾ ਕਿ ਜੇ ਸਰਕਾਰ ਨੇ ਇਲਾਕੇ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਮਜਬੂਰੀ ਵੱਸ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ 2 ਅਪ੍ਰੈਲ ਨੂੰ ਐੱਸਡੀਐੱਮ ਅਜਨਾਲਾ ਦਫਤਰ ਅੱਗੇ ਧਰਨਾ ਦਿੱਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਜ਼ਿਲ੍ਹਾ ਆਗੂ ਸਕੱਤਰ ਸਿੰਘ ਕੋਟਲਾ, ਬਾਜ ਸਿੰਘ ਸਾਰੰਗੜਾ, ਗੁਰਦੇਵ ਸਿੰਘ ਗੱਗੋਵਾਲ, ਜ਼ੋਨ ਪ੍ਰਧਾਨ ਪ੍ਰਭਜੋਤ ਸਿੰਘ ਗੁੱਜਰਪੁਰਾ, ਜ਼ੋਨ ਗੁਰੂ-ਕਾ-ਬਾਗ ਗੁਰਦਾਸ ਸਿੰਘ ਵਿਛੋਆ, ਜ਼ੋਨ ਰਮਦਾਸ ਲਖਵਿੰਦਰ ਸਿੰਘ, ਜ਼ੋਨ ਪ੍ਰਧਾਨ ਅਜਨਾਲਾ ਸੁਖਜਿੰਦਰ ਸਿੰਘ ਹਰੜ, ਜਰਨੈਲ ਸਿੰਘ ਹਰੜ, ਗੁਰਭੇਜ ਸਿੰਘ ਜੱਟਾਂ, ਸਰਤਾਜ ਸਿੰਘ ਬੋਹੜ ਵਾਲਾ ਆਦਿ ਆਗੂ ਹਾਜ਼ਰ ਸਨ।

# ਨਵਾਂ ਸਾਈਕਲ ਆਉਣ ਦੀ ਕਿੰਨੀ ਖੁਸ਼ੀ ਹੁੰਦੀ ਐ ਕਿਸੇ ਗਰੀਬ ਘਰ ਤੋਂ ਪੁੱਛੋ !



**ਜੈਂਤੀਪੁਰ (ਸੁਖਬੀਰ ਸਿੱਧੂ)**-ਅੰਮ੍ਰਿਤਸਰ ਹਲਕਾ ਮਜੀਠਾ ਪਿੰਡ ਕੋਟਲੀ ਢੋਲੇ ਸ਼ਾਹ ਤੋਂ ਇੱਕ ਦਿਲ ਨੂੰ ਛੂਹਣ ਵਾਲੀ ਤਸਵੀਰ ਸਾਹਮਣੇ ਆਈ ਹੈ ਜਿੱਥੇ ਇੱਕ ਗਰੀਬ ਪਰਿਵਾਰ ਨੇ ਸਿਰਫ਼ ਇੱਕ ਨਵੀਂ ਸਾਈਕਲ ਆਉਣ 'ਤੇ ਘਰ ਵਿੱਚ ਖੁਸ਼ੀ ਦਾ ਮਾਹੌਲ ਬਣਾ ਗਿਆ।ਇਸ ਪਰਿਵਾਰ ਲਈ ਇਹ ਸਾਈਕਲ ਕੋਈ ਆਮ ਚੀਜ਼ ਨਹੀਂ, ਸਗੋਂ ਬੱਚਿਆਂ ਦੇ ਸੁਪਨਿਆਂ ਦੀ ਪੂਰੀ ਹੋਈ ਇੱਕ ਵੱਡੀ ਖ਼ਾਹਿਸ਼ ਹੈ।ਛੋਟੇ-ਛੋਟੇ ਬੱਚਿਆਂ ਨੇ ਇਸ ਮੌਕੇ ਰਿਬਨ ਕੱਟ ਕੇ ਖੁਸ਼ੀ ਮਨਾਈ, ਜੋ ਕਿ ਇੱਕ ਵੱਖਰੀ ਤੇ ਪ੍ਰੇਰਨਾਦਾਇਕ ਮਿਸਾਲ ਬਣ ਗਈ।ਅੱਜ ਦੇ ਸਮੇਂ ਵਿੱਚ ਜਿੱਥੇ ਲੋਕ ਕਾਰਾਂ, ਮੋਟਰਸਾਈਕਲਾਂ ਜਾਂ ਸਕੂਟਰੀਆਂ ਖਰੀਦ ਕੇ ਜਸ਼ਨ ਮਨਾਉਂਦੇ ਹਨ, ਉੱਥੇ ਹੀ ਇਸ ਪਰਿਵਾਰ ਨੇ ਸਾਬਤ ਕੀਤਾ ਕਿ ਅਸਲੀ ਖੁਸ਼ੀ ਚੀਜ਼ ਦੀ ਕੀਮਤ ਵਿੱਚ ਨਹੀਂ, ਸਗੋਂ ਉਸਦੀ ਅਹਿਮੀਅਤ ਵਿੱਚ ਹੁੰਦੀ ਹੈ।ਇਹ ਘਟਨਾ ਸਾਨੂੰ ਇਹ ਵੀ ਸਿਖਾਉਂਦੀ ਹੈ ਕਿ ਛੋਟੀਆਂ-ਛੋਟੀਆਂ ਖੁਸ਼ੀਆਂ ਹੀ ਜ਼ਿੰਦਗੀ ਨੂੰ ਖ਼ਾਸ ਬਣਾਉਂਦੀਆਂ ਹਨ।ਬੱਚਿਆਂ ਦੀ ਇਹ ਮੁਸਕਾਨ ਸਭ ਤੋਂ ਵੱਡੀ ਦੌਲਤ ਹੈ।

# ਪੁਰਾਣਾ ਸ਼ਾਲਾ ਪੁਲਸ ਵੱਲੋਂ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਵਾਲੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਵਿਸ਼ਾਲ ਪੁੱਤਰ ਬਲਵਿੰਦਰ ਮਸੀਹ ਵਾਸੀ ਦਊਵਾਲ ਨੇ ਦੱਸਿਆ ਕਿ 16 ਦਸੰਬਰ 2025 ਨੂੰ ਸ਼ਿਕਾਇਤ ਕਰਤਾ ਅਤੇ ਅਲੀਸਾ ਪੁੱਤਰ ਹੈਪੀ ਮਸੀਹ ਵਾਸੀ ਦਊਵਾਲ ਮੋਟਰਸਾਇਕਲ ਨੰਬਰੀ ਪੀਬੀ06 ਏ.ਡਬਲਯੂ. 4639 ਮਾਰਕਾ ਸਪਲੈਂਡਰ 'ਤੇ ਸਵਾਰ ਹੋ ਕੇ ਆਪਣੀ ਜ਼ਮੀਨ ਵੱਲ ਫੇਰਾ ਮਾਰਨ ਜਾ ਰਹੇ ਸੀ। ਸ਼ਾਮ 6 ਵਜੇ ਦੇ ਕਰੀਬ ਜਦ ਉਹ ਧੁੱਸੀ ਬੰਨ੍ਹ ਚੌਕ ਜਗਤਪੁਰ ਕਲਾਂ ਪੁੱਜੇ ਤਾਂ ਵਿਕਰਮ ਸਿੰਘ ਪੁੱਤਰ ਵੀਰ ਸਿੰਘ, ਸੌਰਵ ਪੁੱਤਰ ਦੇਬਾ ਵਾਸੀ ਦਊਵਾਲ, ਵਿਕਰਮ ਸਿੰਘ ਪੁੱਤਰ ਨਾਨਕ ਸਿੰਘ, ਜੋਗਾ ਸਿੰਘ ਪੁੱਤਰ ਮੁੱਖਾ ਸਿੰਘ ਵਾਸੀ ਜਗਤਪੁਰ ਕਲਾਂ, ਮਹਿੰਦਰ ਸਿੰਘ ਪੁੱਤਰ ਮੰਗਤ ਸਿੰਘ, ਬਲਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਟਾਂਡਾ, ਹਰਦੀਪ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਦਸੂਹਾ ਨੇ ਉਨ੍ਹਾਂ ਨੂੰ ਰਸਤੇ ਵਿਚ ਰੋਕ ਕੇ ਸ਼ਿਕਾਇਤ ਕਰਤਾ ਨੂੰ ਜ਼ਖਮੀ ਕਰ ਦਿੱਤਾ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ ਜ਼ੇਰੇ ਧਾਰਾ 126 (2), 115 (2), 117 (2), 324 (4), 190, 191 (3) ਬੀ. ਐੱਨ. ਐੱਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਚਪਨ ਤੇ ਅਕੈਡਮਿਕ ਹਾਈਟ ਪਬਲਿਕ ਸਕੂਲ ਨੇ ਮਨਾਇਆ ਪਾਣੀ ਬਚਾਓ ਦਿਵਸ

**ਅਜਨਾਲਾ (ਸੁੱਖਤਿਦਰ ਸਿੰਘ ਰਾਜੂ)**

ਬਚਪਨ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਅਜਨਾਲਾ ਵੱਲੋਂ ਪਾਣੀ ਬਚਾਓ ਦਿਵਸ ਬੜੇ ਉਤਸ਼ਾਹ ਅਤੇ ਉਮੰਗ ਨਾਲ ਮਨਾਇਆ ਗਿਆ।ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਪਾਣੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇਸ ਦੀ ਸੰਭਾਲ ਲਈ ਪ੍ਰੇਰਿਤ ਕਰਨਾ ਸੀ।ਸਕੂਲ ਦੇ ਸਾਰੇ ਬੱਚਿਆਂ ਨੇ ਵੱਧ ਚੜ੍ਹ ਕੇ ਭਾਗ ਲਿਆ ਅਤੇ ਆਪਣੇ-ਆਪਣੇ ਢੰਗ ਨਾਲ ਪਾਣੀ ਬਚਾਉਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਵਿਦਿਆਰਥੀਆਂ ਵੱਲੋਂ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤੇ ਗਏ ਅਤੇ ਸੁੰਦਰ ਚਿੱਤਰ ਤੇ ਪੋਸਟਰ ਤਿਆਰ ਕਰਕੇ ਪਾਣੀ ਦੀ ਸੰਭਾਲ ਦਾ ਸੰਦੇਸ਼ ਪ੍ਰਸਾਰਿਤ ਕੀਤਾ ਗਿਆ।ਬੱਚਿਆਂ ਨੇ ਪਾਣੀ ਦੀ ਬੇਮਤਲਬ ਖਪਤ ਰੋਕਣ ਸਬੰਧੀ ਇੱਕ ਸਿੱਖਿਆਤਮਕ ਨਾਟਕ ਵੀ ਪੇਸ਼ ਕੀਤਾ, ਜਿਸ ਰਾਹੀਂ ਸਭ ਨੂੰ ਪਾਣੀ ਦੀ ਕਦਰ ਕਰਨ ਲਈ ਪ੍ਰੇਰਿਤ ਕੀਤਾ ਗਿਆ।ਸਕੂਲ ਦੇ ਐੱਮ. ਡੀ. ਸੰਤੋਸ਼ ਬਜਾਜ ਨੇ ਆਪਣੇ ਸੰਬੋਧਨ ਵਿੱਚ ਬੱਚਿਆਂ ਨੂੰ ਰੋਜ਼ਾਨਾ ਪਾਣੀ ਦੀ ਬੱਚਤ ਕਰਨ ਦੇ ਤਰੀਕੇ ਸਮਝਾਏ ਅਤੇ ਕਿਹਾ ਕਿ ਪਾਣੀ ਕੁਦਰਤ ਦੀ ਅਨਮੋਲ ਦਾਤ ਹੈ,ਜਿਸ ਦੀ ਸੰਭਾਲ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਪ੍ਰਿੰ. ਅੰਸ਼ ਬਜਾਜ ਨੇ ਪਾਣੀ ਨੂੰ ਜੀਵਨ ਦਾ ਆਧਾਰ ਦੱਸਦੇ ਹੋਏ ਇਸ ਦੀ ਰੱਖਿਆ ਲਈ ਹਰ ਵਿਕਤੀ ਨੂੰ ਅੱਗੇ ਆਉਣ ਦੀ ਅਪੀਲ ਕੀਤੀ।ਬਚਪਨ ਸਕੂਲ ਦੇ ਪ੍ਰਿੰਸੀਪਲ ਮੋਨਿਕਾ ਖੋਕਰ ਨੇ ਵੀ ਵਿਦਿਆਰਥੀਆਂ ਨੂੰ ਪਾਣੀ ਦੀ ਸਹੀ ਅਤੇ ਸੰਭਲ ਕੇ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਦੇ ਅੰਤ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਨਵਰਾਜ ਕੌਰ, ਸੇਖਪ੍ਰੀਤ, ਅਮਨਦੀਪ ਕੌਰ, ਨਵਜੀਤ ਕੌਰ, ਜਗਰੂਪ ਕੌਰ, ਪ੍ਰਭਜੀਤ ਕੌਰ, ਐਨਾ, ਜੋਬਨਜੀਤ ਕੌਰ, ਰਿੰਕੀ ਕੁਕਰੇਜਾ ਅਤੇ ਰੀਨਾ ਸ਼ਰਮਾ ਦਾ ਵਿਸ਼ੇਸ਼ ਯੋਗਦਾਨ ਰਿਹਾ।



# ਪੱਤਰਕਾਰਤਾ ਨੂੰ ਗ੍ਰਹਿਣ ਲਗਾ ਰਹੇ ਕੁਝ ਝੋਲਾ ਛਾਪ ਪੱਤਰਕਾਰ

## ਸੋਸ਼ਲ ਮੀਡੀਆ ਦੇ ਯੁੱਗ 'ਚ ਗੰਭੀਰ ਚੁਣੌਤੀ



ਰਣਬੀਰ ਸਿੰਘ, ਭਿੱਖੀਵਿੰਡ
ਮੋਬਾ. : 70094-77561

ਪੱਤਰਕਾਰਤਾ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਮੰਨਿਆ ਜਾਂਦਾ ਹੈ।ਇਹ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਇੱਕ ਵੱਡੀ ਜ਼ਿੰਮੇਵਾਰੀ ਹੈ, ਸੱਚਾਈ ਨੂੰ ਸਾਹਮਣੇ ਲਿਆਉਣ ਦੀ, ਲੋਕਾਂ ਦੀ ਆਵਾਜ਼ ਬਣਨ ਦੀ ਅਤੇ ਪ੍ਰਸ਼ਾਸਨ ਨੂੰ ਜਵਾਬਦੇਹ ਬਣਾਉਣ ਦੀ ਪਰ ਅੱਜ ਦੇ ਡਿਜੀਟਲ ਯੁੱਗ ਵਿੱਚ ਕੁੱਝ ਝੋਲਾ ਛਾਪ ਪੱਤਰਕਾਰ ਇਸ ਪਵਿੱਤਰ ਪੇਸ਼ੇ ਦੀ ਸਾਖ ਨੂੰ ਗੰਭੀਰ ਤੌਰ 'ਤੇ ਨੁਕਸਾਨ ਪਹੁੰਚਾ ਰਹੇ ਹਨ।ਪਹਿਲਾਂ ਖ਼ਬਰਾਂ ਨੂੰ ਪੱਕਾ ਕਰਨ ਲਈ ਸਮਾਂ ਲੱਗਦਾ ਸੀ ਅਤੇ ਸੰਪਾਦਕੀ ਮਾਪਦੰਡ ਕਾਫ਼ੀ ਸਖ਼ਤ ਹੁੰਦੇ ਸਨ, ਪਰ ਹੁਣ ਸੋਸ਼ਲ ਮੀਡੀਆ ਦੇ ਆਉਣ ਨਾਲ ਹਰ ਕੋਈ ਆਪਣੇ ਆਪ ਨੂੰ ਪੱਤਰਕਾਰ ਦੱਸ ਕੇ ਖ਼ਬਰਾਂ ਪ੍ਰਸਾਰਿਤ ਕਰਨ ਲੱਗ ਪਿਆ ਹੈ। ਫੇਸਬੁੱਕ, ਯੂਟਿਊਬ, ਵ੍ਹਟਸਐਪ ਅਤੇ ਇੰਸਟਾਗ੍ਰਾਮ ਵਰਗੇ ਮੰਚਾਂ ਨੇ ਜਾਣਕਾਰੀ ਨੂੰ ਤੁਰੰਤ ਲੋਕਾਂ ਤੱਕ ਪਹੁੰਚਾਉਣਾ ਆਸਾਨ ਬਣਾਇਆ ਹੈ, ਪਰ ਇਸ ਦੇ ਨਾਲ ਗਲਤ ਜਾਣਕਾਰੀ ਦੇ ਫੈਲਾਅ ਨੂੰ ਵੀ ਬੇਹੱਦ ਵਧਾ ਦਿੱਤਾ ਹੈ।ਕੁੱਝ ਝੋਲਾ ਛਾਪ ਪੱਤਰਕਾਰ ਇਸ ਤੇਜ਼ੀ ਦਾ ਫਾਇਦਾ ਉਠਾਉਂਦੇ ਹੋਏ ਬਿਨਾਂ ਤਸਦੀਕ ਕੀਤੀਆਂ ਖ਼ਬਰਾਂ ਨੂੰ ਬ੍ਰੇਕਿੰਗ ਨਿਊਜ਼ ਬਣਾ ਕੇ ਪੇਸ਼ ਕਰਦੇ ਹਨ।ਉਹ ਸਿਰਫ਼ ਲਾਈਕਸ, ਸ਼ੇਅਰ ਅਤੇ ਫਾਲੋਅਰਜ਼ ਵਧਾਉਣ ਲਈ ਸਨਸਨੀਖੇਜ਼ ਸਿਰਲੇਖ ਲਗਾਉਂਦੇ ਹਨ, ਜਿਸ ਨਾਲ ਲੋਕਾਂ ਵਿੱਚ ਗਲਤਫ਼ਹਿਮੀਆਂ ਅਤੇ ਡਰ ਦਾ ਮਾਹੌਲ ਪੈਦਾ ਹੁੰਦਾ ਹੈ।ਕਈ ਵਾਰ ਇਹ ਲੋਕ ਪੁਰਾਣੀਆਂ ਵੀਡੀਓਜ਼ ਜਾਂ ਤਸਵੀਰਾਂ ਨੂੰ ਨਵੀਂ ਘਟਨਾ ਨਾਲ ਜੋੜ ਕੇ ਲੋਕਾਂ ਨੂੰ ਗੁੰਮਰਾਹ ਕਰਦੇ ਹਨ।ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਕੁਝ ਝੋਲਾ ਛਾਪ ਪੱਤਰਕਾਰ ਆਪਣੇ ਆਪ ਨੂੰ ਵੱਡੇ ਮੀਡੀਆ ਹਾਊਸ ਨਾਲ ਜੁੜਿਆ ਦਿਖਾ ਕੇ ਸਰਕਾਰੀ ਦਫ਼ਤਰਾਂ ਵਿੱਚ ਦਾਖ਼ਲ ਹੋ ਜਾਂਦੇ ਹਨ।ਅਸਲ ਪੱਤਰਕਾਰਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਕਈ ਵਾਰ ਕੁੱਝ ਸਰਕਾਰੀ ਅਧਿਕਾਰੀ ਵੀ ਇਨ੍ਹਾਂ ਦੇ ਝਾਂਸੇ ਵਿੱਚ ਆ ਜਾਂਦੇ ਹਨ।ਇਹ ਲੋਕ ਆਪਣੇ ਪ੍ਰੈੱਸ ਟੈਗ ਜਾਂ ਫਰਜ਼ੀ ਆਈਡੀ ਕਾਰਡ ਦੀ ਆੜ ਵਿੱਚ ਅਧਿਕਾਰੀਆਂ 'ਤੇ ਦਬਾਅ ਬਣਾਉਂਦੇ ਹਨ ਅਤੇ ਆਪਣੇ ਨਿੱਜੀ ਲਾਭ ਲਈ ਸਿਸਟਮ ਦਾ ਗਲਤ ਇਸਤੇਮਾਲ ਕਰਦੇ ਹਨ।ਅੱਜ ਹਾਲਾਤ ਇੱਥੋਂ ਤੱਕ ਪਹੁੰਚ ਗਏ ਹਨ ਕਿ ਜਿੱਥੇ ਅਸਲ ਅਤੇ ਮਿਹਨਤੀ ਪੱਤਰਕਾਰ ਮੈਦਾਨ ਵਿੱਚ ਰਹਿ ਕੇ ਖ਼ਬਰਾਂ ਇਕੱਠੀਆਂ ਕਰਦੇ ਹਨ, ਉੱਥੇ ਇਹ ਝੋਲਾ ਛਾਪ ਪੱਤਰਕਾਰ ਅਕਸਰ ਲੀਡਰਾਂ ਦੇ ਫੰਕਸ਼ਨਾਂ ਅਤੇ ਸਰਕਾਰੀ ਸਮਾਗਮਾਂ ਵਿੱਚ ਅੱਗੇ ਵਾਲੀਆਂ ਕੁਰਸੀਆਂ 'ਤੇ ਬੈਠੇ ਨਜ਼ਰ ਆਉਂਦੇ ਹਨ ਅਤੇ ਆਪਣੇ ਆਪ ਨੂੰ ਵੱਡੇ ਮੀਡੀਆ ਦਾ ਹਿੱਸਾ ਦਿਖਾ ਕੇ ਪ੍ਰੋਟੋਕੋਲ ਦਾ ਗਲਤ ਫਾਇਦਾ ਉਠਾਉਂਦੇ ਹਨ, ਜਿਸ ਨਾਲ ਅਸਲ ਪੱਤਰਕਾਰਾਂ ਦੀ ਹੱਕਦਾਰੀ ਨੂੰ ਨੁਕਸਾਨ ਪਹੁੰਚਦਾ ਹੈ।ਇਸ ਤੋਂ ਇਲਾਵਾ ਖ਼ਬਰਾਂ ਲਗਾਉਣ ਦੇ ਨਾਂਅ 'ਤੇ ਕੁੱਝ ਝੋਲਾ ਛਾਪ ਪੱਤਰਕਾਰ ਲੀਡਰਾਂ ਅਤੇ ਆਮ ਲੋਕਾਂ ਤੋਂ ਮੋਟੇ ਪੈਸੇ ਵੀ ਮੰਗਦੇ ਹਨ।ਤੁਹਾਡੀ ਖ਼ਬਰ ਚਲਾਉਣੀ ਹੈ, ਤੁਹਾਡਾ ਨਾਂਅ ਹਾਈ ਲਾਈਟ ਕਰਨਾ ਹੈ, ਵਰਗੀਆਂ ਗੱਲਾਂ ਕਰਕੇ ਉਹ ਲੋਕਾਂ ਨੂੰ ਲਾਲਚ ਜਾਂ ਦਬਾਅ ਵਿੱਚ ਲਿਆਉਂਦੇ ਹਨ।ਇਹ ਸਿਰਫ਼ ਇੱਕ ਅਨੈਤਿਕ ਕੰਮ ਨਹੀਂ, ਸਗੋਂ ਪੱਤਰਕਾਰਤਾ ਦੇ ਮੂਲ ਸਿਧਾਂਤਾਂ ਦੀ ਖੁੱਲ੍ਹੀ ਉਲੰਘਣਾ ਹੈ।ਕਈ ਵਾਰ ਅਜਿਹੇ ਲੋਕ ਬਲੈਕਮੇਲਿੰਗ ਤੱਕ ਵੀ ਪਹੁੰਚ ਜਾਂਦੇ ਹਨ।ਉਹ ਕਿਸੇ ਛੋਟੀ ਗਲਤੀ ਜਾਂ ਮਾਮਲੇ ਨੂੰ ਵਧਾ ਚੜ੍ਹਾ ਕੇ ਪੇਸ਼ ਕਰਨ ਦੀ ਧਮਕੀ ਦੇ ਕੇ ਪੈਸੇ ਜਾਂ ਹੋਰ ਲਾਭ ਹਾਸਲ ਕਰਨ ਦੀ ਕੋਸ਼ਿਸ਼ ਕਰਦੇ ਹਨ।ਜਦੋਂ ਅਧਿਕਾਰੀ ਜਾਂ ਆਮ ਲੋਕ ਇਨ੍ਹਾਂ ਦੀਆਂ ਗੱਲਾਂ ਵਿੱਚ ਆ ਜਾਂਦੇ ਹਨ, ਤਾਂ ਇਹ ਰੁਝਾਨ ਹੋਰ ਵਧਦਾ ਹੈ ਅਤੇ ਸੱਚੀ ਪੱਤਰਕਾਰਤਾ ਨੂੰ ਹੋਰ ਨੁਕਸਾਨ ਹੁੰਦਾ ਹੈ।ਇਸ ਸਾਰੀ ਸਥਿਤੀ ਵਿੱਚ ਸਭ ਤੋਂ ਵੱਡਾ ਨੁਕਸਾਨ ਇਮਾਨਦਾਰ ਅਤੇ ਮਿਹਨਤੀ ਪੱਤਰਕਾਰਾਂ ਨੂੰ ਹੁੰਦਾ ਹੈ, ਜੋ ਆਪਣੇ ਅਸੂਲਾਂ 'ਤੇ ਖਰੇ ਉਤਰਦੇ ਹੋਏ ਸੱਚਾਈ ਨੂੰ ਸਾਹਮਣੇ ਲਿਆਉਂਦੇ ਹਨ।ਉਨ੍ਹਾਂ ਦੀ ਮਿਹਨਤ ਨੂੰ ਅਕਸਰ ਇਨ੍ਹਾਂ ਝੋਲਾ ਛਾਪ ਪੱਤਰਕਾਰਾਂ ਕਰਕੇ ਸ਼ੱਕ ਦੀ ਨਜ਼ਰ ਨਾਲ ਦੇਖਿਆ ਜਾਂਦਾ ਹੈ।ਹਾਲਾਂਕਿ ਸੋਸ਼ਲ ਮੀਡੀਆ ਦਾ ਇੱਕ ਸਕਾਰਾਤਮਕ ਪੱਖ ਵੀ ਹੈ।ਇਸ ਨੇ ਕਈ ਸੱਚੀਆਂ ਘਟਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਅਤੇ ਕਈ ਵਾਰ ਆਮ ਲੋਕਾਂ ਦੀ ਆਵਾਜ਼ ਨੂੰ ਤਾਕਤ ਦਿੱਤੀ ਹੈ।ਇਸ ਲਈ ਸਮੱਸਿਆ ਮੰਚਾਂ ਦੀ ਨਹੀਂ, ਸਗੋਂ ਉਨ੍ਹਾਂ ਦੇ ਗਲਤ ਇਸਤੇਮਾਲ ਦੀ ਹੈ।ਇਸ ਸਮੱਸਿਆ ਦਾ ਹੱਲ ਲੱਭਣ ਲਈ ਕੁੱਝ ਅਹਿਮ ਕਦਮ ਚੁੱਕਣ ਦੀ ਲੋੜ ਹੈ।ਸਰਕਾਰੀ ਅਧਿਕਾਰੀਆਂ ਨੂੰ ਵੀ ਸੁਚੇਤ ਰਹਿਣ ਦੀ ਲੋੜ ਹੈ ਕਿ ਉਹ ਕਿਸੇ ਵੀ ਵਿਅਕਤੀ ਦੀ ਪਛਾਣ ਅਤੇ ਮਾਨਤਾ ਦੀ ਪੜਤਾਲ ਕਰਨ ਤੋਂ ਬਾਅਦ ਹੀ ਉਸ ਨਾਲ ਸਹਿਯੋਗ ਕਰਨ।ਮੀਡੀਆ ਸੰਸਥਾਵਾਂ ਨੂੰ ਆਪਣੇ ਨੈਤਿਕ ਮਾਪਦੰਡ ਹੋਰ ਮਜ਼ਬੂਤ ਕਰਨੇ ਚਾਹੀਦੇ ਹਨ ਅਤੇ ਗੈਰ-ਜ਼ਿੰਮੇਵਾਰ ਤੱਤਾਂ ਨੂੰ ਦੂਰ ਰੱਖਣਾ ਚਾਹੀਦਾ ਹੈ ਅਤੇ ਨਾਲ ਹੀ ਆਮ ਜਨਤਾ ਨੂੰ ਵੀ ਜਾਗਰੂਕ ਹੋਣਾ ਪਵੇਗਾ।ਕਿਸੇ ਵੀ ਖ਼ਬਰ 'ਤੇ ਤੁਰੰਤ ਵਿਸ਼ਵਾਸ ਕਰਨ ਦੀ ਬਜਾਏ ਉਸਦੀ ਪੁਸ਼ਟੀ ਕਰਨੀ ਜ਼ਰੂਰੀ ਹੈ।ਸਿਰਫ਼ ਭਰੋਸੇਯੋਗ ਸਰੋਤਾਂ ਨੂੰ ਹੀ ਮਾਨਤਾ ਦੇਣੀ ਚਾਹੀਦੀ ਹੈ।ਅੰਤ ਵਿੱਚ ਪੱਤਰਕਾਰਤਾ ਦੀ ਇੱਜ਼ਤ ਅਤੇ ਭਰੋਸੇਯੋਗਤਾ ਨੂੰ ਬਣਾਈ ਰੱਖਣ ਲਈ ਸਾਨੂੰ ਸਭ ਨੂੰ ਮਿਲ ਕੇ ਕੋਸ਼ਿਸ਼ ਕਰਨੀ ਪਵੇਗੀ।ਸੱਚੇ ਪੱਤਰਕਾਰਾਂ ਦੀ ਕਦਰ ਕਰਦੇ ਹੋਏ ਅਤੇ ਝੋਲਾ ਛਾਪ ਪੱਤਰਕਾਰਾਂ ਤੋਂ ਸਾਵਧਾਨ ਰਹਿੰਦੇ ਹੋਏ ਹੀ ਅਸੀਂ ਇਸ ਪਵਿੱਤਰ ਪੇਸ਼ੇ ਨੂੰ ਬਚਾ ਸਕਦੇ ਹਾਂ।ਸੱਚ, ਇਮਾਨਦਾਰੀ ਅਤੇ ਜ਼ਿੰਮੇਵਾਰੀ ਹੀ ਪੱਤਰਕਾਰਤਾ ਦੀ ਅਸਲ ਪਛਾਣ ਹੈ।

# ਨਵੀਂ ਸਿੱਖਿਆ ਨੀਤੀ-2020 ਨੂੰ ਤੁਰੰਤ ਰੱਦ ਕਰਕੇ ਕਾਮਨ ਸਕੂਲ ਸਿਸਟਮ ਲਾਗੂ ਕਰਨ ਦੀ ਮੰਗ

## ਸਾਂਝੀ ਸਕੂਲ ਸਿੱਖਿਆ, ਸਿਹਤ ਸਹੂਲਤਾਂ ਤੇ ਰੋਜ਼ਗਾਰ ਗਰੰਟੀ ਸਮੇਂ ਦੀ ਲੋੜ : ਪੁਆਰੀ, ਵਲਟੋਹਾ




**ਤਰਨ ਤਾਰਨ, (ਪ੍ਰਿਤਪਾਲ ਸਿੰਘ)**-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ, ਪੰਜਾਬ ਦੀ ਸੂਬਾ ਪੱਧਰੀ ਕਾਡਰ ਮੀਟਿੰਗ ਸਥਾਨਕ ਰੋਡਵੇਜ਼ ਏਟਕ ਦਫ਼ਤਰ ਵਿਖੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ।ਸੂਬਾ ਜਨਰਲ ਸਕੱਤਰ ਜਿੰਦਰ ਪਾਇਲਟ, ਵਿੱਤ ਸਕੱਤਰ ਨਵੀਨ ਸਚਦੇਵਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ, ਮੀਡੀਆ ਸਕੱਤਰ ਗੁਰਪ੍ਰੀਤ ਮਾੜੀ ਮੇਘਾ, ਸੂਬਾ ਸਲਾਹਕਾਰ ਬਲਕਾਰ ਵਲਟੋਹਾ ਤੇ ਪ੍ਰੇਮ ਚਾਵਲਾ, ਕਾਰਜ ਸਿੰਘ ਕੈਰੋਂ ਵੀ ਸ਼ਾਮਲ ਸਨ।ਵਿਚਾਰ ਵਟਾਂਦਰੇ ਵਿੱਚ ਆਇਆ ਕਿ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਨਵੀਂ ਸਿੱਖਿਆ ਨੀਤੀ 2020 ਮਿਹਨਤਕਸ਼ ਜਨਤਾ ਤੇ ਵਿਦਿਆਰਥੀ ਵਿਰੋਧੀ ਹੈ।ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਹ ਨਵੀਂ ਸਿੱਖਿਆ ਨੀਤੀ ਤੁਰੰਤ ਰੱਦ ਕੀਤੀ ਜਾਵੇ ਤੇ ਕੋਠਾਰੀ ਸਿੱਖਿਆ ਕਮਿਸ਼ਨ ਵਲੋਂ ਤਜਵੀਜ਼ਤ ਅਤੇ ਭਾਰਤੀ ਸੰਸਦ ਵੱਲੋਂ ਪਾਸ ਕੀਤੀ 1968 ਦੀ ਸਿੱਖਿਆ ਨੀਤੀ ਸਾਰਥਿਕ ਵਾਧਿਆਂ ਨਾਲ ਲਾਗੂ ਕੀਤੀ ਜਾਵੇ।ਪਿਛਲੇ ਕਾਫੀ ਸਮੇਂ ਤੋਂ ਕੰਮ ਕਰ ਰਹੇ ਅਧਿਆਪਕਾਂ ਨੂੰ ਟੈੱਟ ਪਾਸ ਕਰਨ ਦੀ ਨੀਤੀ ਵਾਪਿਸ ਲਈ ਜਾਵੇ, ਅਡਜਸਟਮੈਂਟ/ਰੈਸ਼ਨਲਾਈਜੇਸ਼ਨ ਕਰਦੇ ਸਮੇਂ ਪ੍ਰੀ-ਪ੍ਰਾਇਮਰੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੇ ਗੋਸ਼ਵਾਰੇ ਅਨੁਸਾਰ ਕੀਤੀ ਜਾਵੇ, ਪ੍ਰਾਇਮਰੀ ਪੱਧਰ ਤੋਂ ਸੈਕੰਡਰੀ ਪੱਧਰ ਤੱਕ ਖਾਲੀ ਹਜ਼ਾਰਾਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਤੇ ਪਦ ਉਨਤੀਆਂ ਰਾਹੀਂ ਤੁਰੰਤ ਭਰੀਆਂ ਜਾਣ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, 2020 ਤੋਂ ਲਾਗੂ ਕੇਂਦਰੀ ਤਨਖ਼ਾਹ ਸਕੇਲ ਰੱਦ ਕਰਕੇ ਪੰਜਾਬ ਦੇ ਤਨਖ਼ਾਹ ਸਕੇਲ ਲਾਗੂ ਕੀਤੇ ਜਾਣ, ਪਿਕਟਸ ਅਧੀਨ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਤੁਰੰਤ ਮਰਜ ਕੀਤਾ ਜਾਵੇ, ਆਊਟਸੋਰਸ ਅਧੀਨ ਕੰਮ ਕਰਦੇ ਐੱਨ.ਐੱਸ.ਕਿਊ.ਐੱਫ. ਅਧਿਆਪਕਾਂ ਅਤੇ ਵੱਖ ਕਿਸਮ ਦੇ ਹੋਰ ਵਲੰਟੀਅਰ ਅਧਿਆਪਕਾਂ/ਐਸੋਸੀਏਟ ਅਧਿਆਪਕਾਂ ਨੂੰ ਤੁਰੰਤ ਪੂਰੀਆਂ ਤਨਖਾਹਾਂ ਸਮੇਤ ਸਿੱਖਿਆ ਭਾਗ ਵਿੱਚ ਤੁਰੰਤ ਰੈਗੂਲਰ ਕੀਤਾ ਜਾਵੇ, ਪੇਂਡੂ ਭੱਤੇ, ਬਾਰਡਰ ਏਰੀਆ ਭੱਤਾ ਅਤੇ ਹੋਰ ਵੱਖ-ਵੱਖ ਕਿਸਮ ਦੇ ਬੰਦ ਕੀਤੇ ਗਏ ਭੱਤੇ ਤੁਰੰਤ ਬਹਾਲ ਕੀਤੇ ਜਾਣ, ਅਧਿਆਪਕਾਂ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਮਹਿੰਗਾਈ ਭੱਤੇ ਦੀਆਂ ਪੰਜ ਕਿਸਤਾਂ ਤੁਰੰਤ ਜਾਰੀ ਕੀਤੀਆਂ ਜਾਣ, ਵੱਡੀ ਗਿਣਤੀ ਵਿੱਚ ਅਧਿਆਪਕਾਂ ਦੀਆਂ ਬੀਐੱਲਓ ਵਜੋਂ ਲਗਾਈਆਂ ਗਈਆਂ ਡਿਊਟੀਆਂ ਅਤੇ ਲਏ ਜਾ ਰਹੇ ਹੋਰ ਗੈਰ ਵਿੱਦਿਅਕ ਕੰਮ ਤੁਰੰਤ ਬੰਦ ਕੀਤੇ ਜਾਣ ਆਦਿ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਆਗੂਆਂ ਵਲੋਂ ਚਿੰਤਾ ਜ਼ਾਹਰ ਕਰਦਿਆਂ ਕਿਹਾ ਗਿਆ ਕਿ ਅੱਜ ਕਾਰਪੋਰੇਟ ਜਮਾਤ ਦੁਨੀਆ ਨੂੰ ਹਰ ਪੱਖ ਤੋਂ ਲੁੱਟ ਰਹੀ ਹੈ।ਮਿਹਨਤਕਸ਼ ਜਨਤਾ ਦਾ ਹਾਲ ਦਿਨੋਂ-ਦਿਨ ਮਾੜਾ ਹੋ ਰਿਹਾ ਹੈ।ਦੁਨੀਆ ਦੀ ਧਨ ਦੌਲਤ ਕੁਝ ਕੁ ਹੱਥਾਂ ਵਿੱਚ ਕੇਂਦਰਿਤ ਹੋ ਰਹੀ ਹੈ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਅਧਿਆਪਕਾਂ ਦੀਆਂ ਵੱਖ-ਵੱਖ ਮੁਸ਼ਕਿਲਾਂ ਦੇ ਨਿਪਟਾਰੇ ਲਈ 9 ਅਪ੍ਰੈਲ ਨੂੰ ਜਥੇਬੰਦੀ ਦਾ ਇੱਕ ਵਫਦ ਡਾਇਰੈਕਟਰ ਸਿੱਖਿਆ ਵਿਭਾਗ ਸੈਕੰਡਰੀ ਅਤੇ ਪ੍ਰਾਇਮਰੀ ਸਿੱਖਿਆ ਪੰਜਾਬ ਨੂੰ ਮਿਲੇਗਾ।ਇਹ ਵੀ ਨਿਰਣਾ ਲਿਆ ਗਿਆ ਕਿ ਜੱਥੇਬੰਦੀ ਦੀ ਅਗਲੀ ਸੂਬਾ ਕਮੇਟੀ ਮੀਟਿੰਗ 17 ਮਈ ਨੂੰ ਫਿਰੋਜ਼ਪੁਰ ਵਿਖੇ ਕੀਤੀ ਜਾਵੇਗੀ।

# ਮੋਦੀ ਦੀ ਪਾਪੂਲੈਰਿਟੀ !

*ਭਾਜਪਾਈ ਇਹ ਦਾਅਵਾ ਕਰਦੇ ਨਹੀਂ ਥੱਕਦੇ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਨੀਆ ਦੀ ਸਭ ਤੋਂ ਪਾਪੂਲਰ ਹਸਤੀ ਬਣ ਚੁੱਕੇ ਹਨ। ਇਸ ਦਾਅਵੇ ਦੀ ਹਕੀਕਤ 28 ਮਾਰਚ ਨੂੰ ਯੂ ਪੀ ਦੇ ਜੇਵਰ ਵਿੱਚ ਕੌਮਾਂਤਰੀ ਹਵਾਈ ਅੱਡੇ ਦੇ ਪਹਿਲੇ ਪੜਾਅ ਦੇ ਉਨ੍ਹਾ ਵੱਲੋਂ ਕੀਤੇ ਗਏ ਉਦਘਾਟਨ ਵੇਲੇ ਦੇਖਣ ਨੂੰ ਮਿਲੀ। ਉੱਥੇ ਆਪਣੇ ਪਿਆਰੇ ਪ੍ਰਧਾਨ ਮੰਤਰੀ ਨੂੰ ਦੇਖਣ ਲਈ ਕਾਫੀ ਨੌਜਵਾਨ ਪੁੱਜੇ, ਪਰ ਕੀ ਉਹ ਆਪਮੁਹਾਰੇ ਆਏ ਸਨ ਜਾਂ ਲਿਆਂਦੇ ਗਏ ਸਨ? ਇੱਕ ਕਾਲਜ ਦੀ ਵਿਦਿਆਰਥਣ ਦੀ ਉਸ ਦਿਨ ਦੀ ਵਾਇਰਲ ਹੋਈ ਵੀਡੀਓ ਕਲਿੱਪ ਵਿੱਚ ਉਹ ਕਹਿੰਦੀ ਸੁਣੀ ਜਾ ਸਕਦੀ ਹੈ ਕਿ ਜੇ ਤੁਹਾਨੂੰ ਲਗਦਾ ਹੈ ਕਿ ਜੇਵਰ ਵਿਖੇ ਮੋਦੀ ਜੀ ਦੇ ਭਗਤ ਆਪਣਾ ਕੀਮਤੀ ਸਮਾਂ ਕੱਢ ਕੇ ਆਏ ਹਨ ਤਾਂ ਤੁਸੀਂ ਬਿਲਕੁਲ ਗਲਤ ਹੋ। ਇਹ ਭੀੜ ਆਈ ਨਹੀਂ, ਬੁਲਾਈ ਗਈ ਹੈ। ਗ੍ਰੇਟਰ ਨੋਇਡਾ ਦੇ ਸਾਰੇ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਦੋ ਦਿਨ ਦੀ ਫਰੀ ਅਟੈਂਡੈਂਸ ਤੇ ਹੋਰ ਲਾਲਚ ਦੇ ਕੇ ਲਿਆਂਦਾ ਗਿਆ ਹੈ। 29 ਡਿਗਰੀ ਤਾਪਮਾਨ ਤੇ ਸੰਘਣੇ ਟਰੈਫਿਕ ਵਿਚਾਲੇ ਸਾਨੂੰ ਲਿਆਂਦਾ ਗਿਆ ਹੈ ਤੇ ਮੋਦੀ ਜੀ ਵੱਲੋਂ ਸਾਨੂੰ ਖਾਣ ਨੂੰ ਪਾਰਲੇ ਬਿਸਕੁਟ ਦਿੱਤੇ ਗਏ ਹਨ।*

*ਇਸ ਤੋਂ ਪਹਿਲਾਂ ਨੋਇਡਾ ਦੀ ਗਲਗੋਟੀਆ ਯੂਨੀਵਰਸਿਟੀ ਦੀ ਜਮਾਤ ਦੇ ਗਰੁੱਪ ਦੀ ਇੱਕ ਵ੍ਹਟਸਐਪ ਚੈਟ ਨੇ ਸੋਸ਼ਲ ਮੀਡੀਆ 'ਤੇ ਕਾਫੀ ਸੁਰਖੀਆਂ ਬਟੋਰੀਆਂ, ਜਿਸ ਵਿੱਚ ਯੂਨੀਵਰਸਿਟੀ ਦੀ ਸੰਚਾਰ ਵਿਭਾਗ ਦੀ ਮੁਖੀ ਨੇਹਾ ਸਿੰਘ ਵਿਦਿਆਰਥੀਆਂ ਨੂੰ ਮੋਦੀ ਦੀ ਰੈਲੀ ਵਿੱਚ ਸ਼ਾਮਲ ਹੋਣ ਲਈ ਕਹਿ ਰਹੀ ਹੈ। ਨੇਹਾ ਸਿੰਘ ਉਹੀ ਹੈ, ਜਿਹੜੀ ਏ ਆਈ ਸਮਿਟ ਵਿੱਚ ਚੀਨੀ ਰੋਬੋਟ ਕੁੱਤੇ ਨੂੰ ਆਪਣੀ ਯੂਨੀਵਰਸਿਟੀ ਦਾ ਦੱਸ ਕੇ ਦੁਨੀਆ-ਭਰ ਵਿੱਚ ਚਰਚਿਤ ਹੋਈ ਸੀ। ਨੇਹਾ ਸਿੰਘ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਉਹ ਭਲਕੇ (28 ਮਾਰਚ) ਨੂੰ ਯੂਨੀਵਰਸਿਟੀ ਜ਼ਰੂਰ ਆਉਣ। ਏਅਰਪੋਰਟ ਦੇ ਉਦਘਾਟਨ ਸਮਾਰੋਹ ਤੱਕ ਲਿਜਾਣ ਲਈ ਬੱਸਾਂ ਦੀ ਵਿਵਸਥਾ ਕੀਤੀ ਗਈ ਹੈ। ਆਉਣ 'ਤੇ ਦੋ ਦਿਨ ਦੀ ਅਟੈਂਡੈਂਸ ਦਿੱਤੀ ਜਾਵੇਗੀ। ਯੂਨੀਵਰਸਿਟੀ ਦੀ ਇੱਕ ਵਿਦਿਆਰਥਣ ਨੇ ਦੱਸਿਆ ਕਿ ਯੂਨੀਵਰਸਿਟੀ ਤੋਂ 300 ਬੱਸਾਂ ਏਅਰਪੋਰਟ ਤੱਕ ਗਈਆਂ। ਹੋਰਨਾਂ ਕਾਲਜਾਂ ਤੋਂ ਵੀ ਵਿਦਿਆਰਥੀ ਪੁੱਜੇ। ਹਰ ਪਾਸੇ ਵਿਦਿਆਰਥੀ ਹੀ ਨਜ਼ਰ ਆ ਰਹੇ ਸਨ। ਸ਼ਾਰਦਾ ਯੂਨੀਵਰਸਿਟੀ ਦੇ ਲੱਗਭੱਗ 1200 ਵਿਦਿਆਰਥੀ ਜੇਵਰ ਪੁੱਜੇ। ਗੌਤਮ ਬੁੱਧ ਯੂਨੀਵਰਸਿਟੀ ਦੀ ਵੈੱਬਸਾਈਟ 'ਤੇ ਇੱਕ ਨੋਟਿਸ ਵਿੱਚ ਕਿਹਾ ਗਿਆ ਕਿ ਸਮਾਰੋਹ ਲਈ 600 ਵਾਲੰਟੀਅਰਾਂ ਦੀ ਲੋੜ ਹੈ। ਪ੍ਰੋਗਰਾਮ ਵਿੱਚ ਸ਼ਾਮਲ ਹੋਣ 'ਤੇ ਉਨ੍ਹਾਂ ਨੂੰ ਟੀ-ਸ਼ਰਟ, ਰਿਫਰੈਸ਼ਮੈਂਟ, ਸਰਟੀਫਿਕੇਟ ਮਿਲਣਗੇ ਤੇ ਕੌਮੀ ਪੱਧਰ ਦੇ ਈਵੈਂਟ ਤੋਂ ਸਿੱਖਣ ਦਾ ਮੌਕਾ ਮਿਲੇਗਾ।*

*ਇਸੇ ਤਰ੍ਹਾਂ ਦੀ ਚਰਚਾ ਪ੍ਰਧਾਨ ਮੰਤਰੀ ਦੇ 31 ਮਾਰਚ ਦੇ ਗੁਜਰਾਤ ਦੌਰੇ ਨੂੰ ਲੈ ਕੇ ਚੱਲੀ ਹੈ। ਤਕਨੀਕੀ ਸਿੱਖਿਆ ਕਮਿਸ਼ਨਰ ਵੱਲੋਂ ਜਾਰੀ ਸਰਕੂਲਰ ਵਿੱਚ ਸਰਕਾਰੀ ਪਾਲੀਟੈਕਨਿਕ ਤੇ ਇੰਜੀਨੀਅਰਿੰਗ ਕਾਲਜਾਂ ਦੇ ਟੀਚਰਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਹਰ ਅਦਾਰੇ ਤੋਂ 100 ਤੋਂ 250 ਵਿਦਿਆਰਥੀ ਲੈ ਕੇ ਪੁੱਜੋ।*

# ਚੜ੍ਹਦਾ ਭਾਰਤ, ਉੱਡਦੀ ਸਿੱਖਿਆ


ਗੁਰਮੀਤ ਸਿੰਘ ਪਲਾਹੀ

ਪਿਛਲੇ ਇੱਕ ਦਹਾਕੇ ਵਿੱਚ ਲਗਭਗ 94,000 ਸਰਕਾਰੀ ਸਕੂਲ ਪੂਰੇ ਦੇਸ਼ ਵਿੱਚ ਬੰਦ ਹੋਏ ਹਨ। ਦੇਸ਼ ਦਾ ਹਾਕਮ ਪੂਰੇ ਮਾਣ ਨਾਲ ਇਹ ਹੁੱਬਕੇ ਦੱਸਦਾ ਹੈ ਕਿ ਇੱਥੇ ਪਹਾੜੀ ਅਤੇ ਦੂਰ-ਦੁਰਾਡੇ ਜੰਗਲ ਵਿੱਚ ਇੱਕ ਵੋਟਰ ਲਈ ਪੋਲਿੰਗ ਸਟੇਸ਼ਨ ਬਣਦਾ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਇੱਕ ਬੱਚੇ ਲਈ, ਜੋ ਪੜ੍ਹਨਾ ਚਾਹੁੰਦਾ ਹੈ, ਇੱਕ ਸਕੂਲ ਨੂੰ ਉਸ ਲਈ ਚਲਦਾ ਕਿਉਂ ਨਹੀਂ ਰੱਖ ਸਕਦਾ?

ਪਿਛਲੇ ਦਿਨੀਂ ਸੰਸਦ ਵਿੱਚ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਸਿੱਖਿਆ ਮੰਤਰਾਲੇ ਨੇ ਦੱਸਿਆ ਕਿ ਸਾਲ 2014-15 ਵਿੱਚ ਦੇਸ਼ ਵਿੱਚ 11 ਲੱਖ 7 ਹਜ਼ਾਰ101 ਸਰਕਾਰੀ ਸਕੂਲ ਸਨ, ਜੋ ਸਾਲ 2024-25 ਵਿੱਚ ਘਟ ਕੇ 10 ਲੱਖ 13 ਹਜ਼ਾਰ 222 ਰਹਿ ਗਏ। ਯਾਨਿ 93 ਹਜ਼ਾਰ 779 ਸਕੂਲ ਬੰਦ ਕਰ ਦਿੱਤੇ ਗਏ। ਸਿੱਧਾ ਅਰਥ ਇਹ ਕਿ ਬੀਤੇ 10 ਸਾਲਾਂ ਵਿੱਚ ਹਰ ਰੋਜ਼ 25 ਸਰਕਾਰੀ ਸਕੂਲ ਬੰਦ ਕਰ ਦਿੱਤੇ ਗਏ। ਦੂਜੇ ਪਾਸੇ ਇਹ ਵੱਡਾ ਸੱਚ ਵੀ ਸਾਹਮਣੇ ਆਇਆ ਕਿ ਇਸ ਸਮੇਂ ਦੌਰਾਨ 51 ਹਜ਼ਾਰ ਪ੍ਰਾਈਵੇਟ ਨਿੱਜੀ ਸਕੂਲ ਨਵੇਂ ਖੁੱਲ੍ਹੇ। ਵਰਨਣਯੋਗ ਹੈ ਕਿ ਔਸਤਨ ਸਰਕਾਰੀ ਸਕੂਲ 'ਚ 2,863 ਰੁਪਏ ਅਤੇ ਪ੍ਰਾਈਵੇਟ ਸਕੂਲ 'ਚ 25,002 ਰੁਪਏ ਇੱਕ ਵਿਦਿਆਰਥੀ ਦਾ ਖ਼ਰਚਾ ਹੈ।

ਇਹਨਾਂ ਦਸ ਵਰ੍ਹਿਆਂ ਦੌਰਾਨ ਸਰਕਾਰੀ ਸਕੂਲਾਂ ਵਿੱਚ ਸਵਾ ਦੋ ਕਰੋੜ ਵਿਦਿਆਰਥੀਆਂ ਦੀ ਐਨਰੋਲਮੈਂਟ (ਦਾਖ਼ਲਾ) 'ਚ ਕਮੀ ਆਈ, ਜਦ ਕਿ ਇਹਨਾਂ ਵਿੱਚੋਂ ਨਿੱਜੀ ਸਕੂਲਾਂ 'ਚ ਇੱਕ ਕਰੋੜ ਬਾਰਾਂ ਲੱਖ ਵਿਦਿਆਰਥੀਆਂ ਨੇ ਦਾਖ਼ਲਾ ਲਿਆ ਅਤੇ ਇੱਕ ਕਰੋੜ ਬਾਰਾਂ ਲੱਖ ਵਿਦਿਆਰਥੀ ਸਕੂਲਾਂ ਤੋਂ ਬਾਹਰ ਭਾਵ ਸਿੱਖਿਆ ਤੰਤਰ ਤੋਂ ਬਾਹਰ ਚਲੇ ਗਏ। ਸਿੱਧਾ ਅਰਥ ਇਹ ਨਿਕਲਿਆ ਕਿ ਹਰ ਪੜ੍ਹਨਯੋਗ ਪੰਜਵਾਂ ਬੱਚਾ ਸਕੂਲੋਂ ਬਾਹਰ ਕਰ ਦਿੱਤਾ ਗਿਆ।

2014-15 ਵਿੱਚ ਦੇਸ਼ ਦੀ ਕੁੱਲ ਅਬਾਦੀ 130 ਕਰੋੜ 90 ਲੱਖ ਸੀ। ਕੁੱਲ ਸਰਕਾਰੀ ਅਤੇ ਪ੍ਰਾਈਵੇਟ 15 ਲੱਖ 16 ਹਜ਼ਾਰ 892 ਸਕੂਲ ਸਨ, ਜਿਹਨਾਂ ਵਿੱਚ 26 ਕਰੋੜ 95 ਲੱਖ 6 ਹਜ਼ਾਰ 270 ਵਿਦਿਆਰਥੀ ਪੜ੍ਹਦੇ ਸਨ। 2024-25 'ਚ ਅਬਾਦੀ 15 ਕਰੋੜ 4 ਲੱਖ ਵਧ ਗਈ। ਭਾਵ ਅਬਾਦੀ 146 ਕਰੋੜ 30 ਲੱਖ ਹੋ ਗਈ, ਕੁੱਲ ਸਕੂਲ 14 ਲੱਖ 71 ਹਜ਼ਾਰ 473 ਰਹਿ ਗਏ ਅਤੇ ਵਿਦਿਆਰਥੀ ਦੀ ਗਿਣਤੀ 24 ਕਰੋੜ 69 ਲੱਖ 32 ਹਜ਼ਾਰ 680 ਤੱਕ ਸਿਮਟ ਗਈ। ਜੇਕਰ ਵਿਦਿਆਰਥੀ ਐਨਰੋਲਮੈਂਟ ਵੇਖੀ ਜਾਵੇ ਤਾਂ ਇਹ ਸਿੱਧਾ ਲਗਭਗ 20 ਫ਼ੀਸਦੀ ਦਾ ਗਿਰਾਵਟ ਅੰਤਰ ਦਸਦੀ ਹੈ।

ਸਕੂਲ ਬੰਦ ਹੋਣ ਦੀ ਪ੍ਰਵਿਰਤੀ ਉੱਤਰੀ ਅਤੇ ਪੂਰਬੀ ਸੂਬਿਆਂ 'ਚ ਵੱਧ ਵੇਖਣ ਨੂੰ ਮਿਲੀ, ਜਿਥੇ ਮੱਧ ਪ੍ਰਦੇਸ਼ ਵਿੱਚ 30 ਹਜ਼ਾਰ ਅਤੇ ਉੱਤਰ ਪ੍ਰਦੇਸ਼ ਵਿੱਚ 25 ਹਜ਼ਾਰ ਸਕੂਲ ਬੰਦ ਹੋ ਗਏ, ਜਦ ਕਿ ਦੱਖਣੀ ਸੂਬਿਆਂ ਤਾਮਿਲਨਾਡੂ ਅਤੇ ਕੇਰਲ ਵਿੱਚ ਕਰਮਵਾਰ 285 ਅਤੇ 296 ਸਕੂਲ ਹੀ ਬੰਦ ਹੋਏ।

ਸਰਕਾਰ ਦੀ ਨੀਤ ਅਤੇ ਨੀਤੀ ਇਸ ਤੱਥ ਤੋਂ ਸਪੱਸ਼ਟ ਹੁੰਦੀ ਹੈ ਕਿ ਆਪਣੀ ਨਿੱਜੀਕਰਨ ਦੀ ਪਾਲਿਸੀ ਦੇ ਅਧੀਨ ਸਰਕਾਰੀ ਸਕੂਲਾਂ ਤੋਂ ਬਾਹਰ ਹੋਏ ਵਿਦਿਆਰਥੀਆਂ ਵਿੱਚੋਂ ਅੱਧੇ ਨਿੱਜੀ ਸਕੂਲਾਂ 'ਚ ਦਾਖ਼ਲ ਹੋਏ, ਜਿੱਥੇ ਉਹਨਾਂ ਨੂੰ ਮਹਿੰਗੀ ਸਿੱਖਿਆ ਲੈਣ ਲਈ ਮਜਬੂਰ ਹੋਣਾ ਪਿਆ। 2014-15 ਵਿੱਚ 11 ਲੱਖ 7 ਹਜ਼ਾਰ ਤੋਂ ਵਧ ਸਰਕਾਰੀ ਸਕੂਲਾਂ ਵਿੱਚ 14 ਕਰੋੜ 40 ਲੱਖ 81 ਹਜ਼ਾਰ ਤੋਂ ਵੱਧ ਵਿਦਿਆਰਥੀ ਪੜ੍ਹਦੇ ਸਨ, ਜਦ ਕਿ ਦੋ ਲੱਖ 88 ਹਜ਼ਾਰ ਤੋਂ ਵੱਧ ਨਿੱਜੀ ਸਕੂਲਾਂ ਵਿੱਚ 8 ਕਰੋੜ 46 ਲੱਖ 42 ਹਜ਼ਾਰ ਤੋਂ ਵੱਧ ਵਿਦਿਆਰਥੀ ਪੜ੍ਹਦੇ ਸਨ, 2024-25 ਵਿੱਚ ਸਰਕਾਰੀ ਸਕੂਲ ਘਟ ਕੇ 10 ਲੱਖ 13 ਹਜ਼ਾਰ ਤੋਂ ਕੁਝ ਵੱਧ ਰਹਿ ਗਏ। ਸਕੂਲਾਂ 'ਚ ਵਿਦਿਆਰਥੀਆਂ ਦੀ ਗਿਣਤੀ ਘਟ ਕੇ 12 ਕਰੋੜ 15 ਲੱਖ, ਲਗਭਗ 90 ਹਜ਼ਾਰ ਰਹਿ ਗਈ, ਜਦ ਕਿ ਨਿੱਜੀ ਸਕੂਲ ਵਧ ਕੇ 3 ਲੱਖ 40 ਹਜ਼ਾਰ ਹੋ ਗਏ ਅਤੇ ਵਿਦਿਆਰਥੀ ਵਧ ਕੇ 9 ਕਰੋੜ 58 ਲੱਖ 56 ਹਜ਼ਾਰ ਤੋਂ ਕੁਝ ਉੱਪਰ ਚਲੇ ਗਏ।

ਸਪੱਸ਼ਟ ਵਿਖਾਈ ਦਿੰਦਾ ਹੈ ਅੰਕੜਿਆਂ ਅਤੇ ਪ੍ਰਾਪਤ ਸੂਚਨਾਵਾਂ ਤੋਂ ਕਿ ਮੌਜੂਦਾ ਸਰਕਾਰ ਸਿੱਖਿਆ ਪ੍ਰਤੀ ਫ਼ਰਜ਼ਾਂ ਤੋਂ ਉਵੇਂ ਦੀ ਹੀ ਕੁਤਾਹੀ ਕਰ ਰਹੀ ਹੈ, ਜਿਵੇਂ ਦੀ ਕੁਤਾਹੀ ਸਿਹਤ ਸੁਵਿਧਾਵਾਂ ਪ੍ਰਤੀ ਹੈ। ਕੋਰੋਨਾ ਕਾਲ ਇਸ ਦਾ ਗਵਾਹ ਹੈ, ਜਦੋਂ ਸਿਹਤ ਸੁਵਿਧਾਵਾਂ ਦਾ ਦੀਵਾਲਾ ਨਿਕਲਿਆ ਦਿਸਿਆ। ਸਿੱਖਿਆ ਖੇਤਰ ਵੀ ਉਦੋਂ ਚਰਮਰਾ ਗਿਆ ਸੀ।

ਕਹਿਣ ਨੂੰ ਤਾਂ ਭਾਵੇਂ ਸਿਹਤ ਅਤੇ ਸਿੱਖਿਆ ਸਰਕਾਰਾਂ ਦੀਆਂ ਮੁੱਖ ਤਰਜੀਹਾਂ ਹਨ, ਪਰ ਅਸਲ ਅਰਥਾਂ 'ਚ ਸਰਕਾਰ ਲੋਕ ਸਰੋਕਾਰਾਂ ਤੋਂ ਅੱਖਾਂ ਮੀਟ ਕੇ ਬੈਠੀ ਹੋਈ ਹੈ। ਨਵੀਂ ਸਿੱਖਿਆ ਨੀਤੀ ਦੀਆਂ ਵੱਡੀਆਂ ਗੱਲਾਂ ਹੋ ਰਹੀਆਂ ਹਨ। ਪੀ ਐੱਮ ਸ਼੍ਰੀ (ਪੀ ਐੱਮ ਸਕੂਲਜ਼ ਫਾਰ ਰਾਈਜ਼ਿੰਗ ਇੰਡੀਆ) ਯੋਜਨਾ ਸਮੇਤ ਹੋਰ ਬਹੁਤ ਸਾਰੀਆਂ ਪੀ ਐੱਮ ਦੇ ਨਾਂਅ ਵਾਲੀਆ ਯੋਜਨਾਵਾਂ ਲਗਭਗ ਫੇਲ੍ਹ ਹੋ ਰਹੀਆਂ ਹਨ, ਜਿਹੜੀਆਂ ਸਿਰਫ਼ ਪ੍ਰਚਾਰ ਦੀ ਖ਼ਾਤਰ ਆਰੰਭੀਆਂ ਗਈਆਂ ਅਤੇ ਵੋਟਰਾਂ ਨੂੰ ਭਰਮ ਜਾਲ 'ਚ ਫਸਾਉਣ ਦਾ ਯਤਨ ਹੈ, ਪਰ ਜਿਹੜੇ ਲੋਕਾਂ ਦੇ ਅਸਲ ਸਰੋਕਾਰ ਹਨ, ਜਿਹੜੇ ਲੋਕ ਸੋਚ ਅਤੇ ਵਿਚਾਰ ਨਾਲ ਜੁੜੇ ਹਨ, ਉਹਨਾਂ ਨੂੰ ਖੁੰਡਿਆਂ ਕਰਨ ਅਤੇ ਧਰਮ ਜਾਲ 'ਚ ਫਸਾਉਣ ਦੀ ਸਾਜ਼ਿਸ਼ ਪਿਛਲੇ ਦਹਾਕੇ ਤੋਂ ਪੂਰੇ ਜ਼ੋਰ 'ਤੇ ਹੈ। ਸਵਾਲ ਉੱਠਦਾ ਹੈ ਕਿ ਭਾਰਤੀ ਸੰਵਿਧਾਨ 'ਚ ਦਰਜ ਸਿੱਖਿਆ ਦਾ ਮੁਢਲਾ ਅਧਿਕਾਰ ਸਰਕਾਰ ਦੀ ਪਹਿਲ ਕਿਉਂ ਨਹੀਂ? ਕਿਉਂ ਸਿੱਖਿਆ ਨਿੱਜੀਕਰਨ ਦੇ ਰਾਹ ਪਾ ਕੇ ਅਮੀਰਾਂ ਦਾ ਹੱਕ ਬਣਾਈ ਜਾ ਰਹੀ ਹੈ? ਕਿਉਂ ਹਰ ਇੱਕ ਨੂੰ ਬਰਾਬਰ ਦੀ ਸਿੱਖਿਆ ਪ੍ਰਦਾਨ ਕਰਨ ਵੱਲ ਮੋੜਾ ਨਹੀਂ ਕੱਟਿਆ ਜਾ ਰਿਹਾ?

ਹਾਕਮਾਂ ਦੀਆਂ ਗਲਤ ਆਰਥਿਕ ਨੀਤੀਆਂ ਕਾਰਨ ਦੇਸ਼ ਦਾ ਗ਼ਰੀਬ ਵਰਗ ਪ੍ਰੇਸ਼ਾਨ ਹੈ। ਗ਼ਰੀਬ ਦੇ ਬੱਚੇ ਮਹਿੰਗਾਈ ਦੀ ਮਾਰ ਸਹਿੰਦੇ, ਸਿੱਖਿਆ ਤੋਂ ਦੂਰ ਕੀਤੇ ਜਾ ਰਹੇ ਹਨ। ਹਜ਼ਾਰਾਂ ਨਹੀਂ ਲੱਖਾਂ ਬੱਚੇ ਸਕੂਲ ਨਹੀਂ ਜਾ ਪਾਉਂਦੇ। ਬਾਲ ਮਜ਼ਦੂਰੀ ਵੱਲ ਧੱਕੇ ਜਾ ਰਹੇ ਹਨ। ਸਕੂਲਾਂ ਵਿੱਚ ਪ੍ਰਾਇਮਰੀ ਸਿੱਖਿਆ ਉਪਰੰਤ ਹਾਈ ਸਕੂਲ ਤੇ ਉਚੇਰੀ ਸਿੱਖਿਆ ਤੱਕ ਪਹੁੰਚ ਬੇਹੱਦ ਔਖੀ ਹੋ ਗਈ ਹੈ। ਭਾਰਤ ਦੀਆਂ ਆਰਥਿਕ ਨੀਤੀਆਂ ਇਸ ਭਰਮ ਵਿੱਚ ਹਨ ਕਿ ਦੇਸ਼ ਤੇਜ਼ੀ ਨਾਲ ਉਭਰਦੀ ਅਰਥ ਵਿਵਸਥਾ ਬਣਦਾ ਜਾ ਰਿਹਾ ਹੈ। ਇਸ ਦੇ ਚਲਦਿਆਂ ਵਿਦੇਸ਼ੀ ਨਿਵੇਸ਼ ਭਾਰਤ ਦੇ ਬਜ਼ਾਰਾਂ 'ਚ ਆ ਰਿਹਾ ਹੈ। ਕਾਰਪੋਰੇਟਾਂ ਦਾ ਪ੍ਰਭਾਵ ਵਧਦਾ ਜਾ ਰਿਹਾ ਹੈ, ਜਿਸ ਦਾ ਸਿੱਧਾ ਅਸਰ ਭਾਰਤੀ ਬਜ਼ਾਰ 'ਤੇ ਵੇਖਿਆ ਜਾ ਰਿਹਾ ਹੈ ਅਤੇ ਜਿਸ ਦਾ ਸਭ ਤੋਂ ਵੱਧ ਅਸਰ ਆਮ ਆਦਮੀ 'ਤੇ ਪੈਂਦਾ ਹੈ। ਭਾਰਤ ਅੱਜ ਜਦੋਂ ਤੇਜ਼ੀ ਨਾਲ ਅੱਗੇ ਵਧਣ ਦਾ ਸੁਪਨਾ ਪਾਲ ਰਿਹਾ ਹੈ, ਇਸ ਸਥਿਤੀ 'ਚ ਸਮਾਜ ਦਾ ਅਸੰਗਠਿਤ ਖੇਤਰ (ਜੋ ਲੱਗਭਗ 44 ਕਰੋੜ ਲੋਕ ਹਨ) ਸੰਕਟ 'ਚ ਫਸ ਰਿਹਾ ਹੈ। ਜੇਕਰ ਸਰਕਾਰੀ ਨੀਤੀਆਂ ਇਹੋ ਰਹੀਆਂ ਤਾਂ ਆਮ ਆਦਮੀ ਲਈ ਸਿੱਖਿਆ ਤੱਕ ਪਹੁੰਚ ਹੋਰ ਵੀ ਔਖੀ ਹੋ ਜਾਏਗੀ, ਉਹ ਸਿਰਫ਼ ਜਿਊਣ ਲਈ ਅੰਨ ਕਮਾਉਣ ਜੋਗਾ ਅਤੇ ਮੁੜ ਸਰਕਾਰੀ ਖ਼ੈਰਾਤ (ਮੁਫ਼ਤ ਅਨਾਜ ਤੇ ਹੋਰ ਸੁਵਿਧਾਵਾਂ) ਤੱਕ ਸੀਮਤ ਹੋ ਕੇ ਰਹਿ ਜਾਏਗਾ, ਜਿਸ ਦਾ ਅਰਥ ਉਸ ਦੇ ਬੱਚਿਆਂ ਦੀ ਸਕੂਲ ਤੋਂ ਦੂਰੀ ਹੋਰ ਵੀ ਵਧ ਜਾਏਗੀ। ਭਾਰਤ ਡਿਜੀਟਲ ਹੁੰਦਿਆਂ ਵੀ ਪਿਛਲਖੁਰੀ ਤੁਰਦਾ ਵਿਖਾਈ ਦੇਵੇਗਾ।

ਪਿਛਲੇ ਸਾਲਾਂ ਤੋਂ ਨਿੱਜੀਕਰਨ ਸਰਕਾਰ ਦਾ ਮੁੱਖ ਅਜੰਡਾ ਹੈ। ਕਾਰਪੋਰੇਟਾਂ ਦੇ ਹੱਥਾਂ 'ਚ ਖੇਡਣਾ ਉਸ ਦੀ ਵੱਡੀ ਪਹਿਲ ਹੈ। ਕੁਦਰਤੀ ਸਾਧਨਾਂ ਦੀ ਬੇਰੋਕ -ਟੋਕ ਵਰਤੋਂ, ਰੇਲਵੇ, ਏਅਰਪੋਰਟਾਂ, ਖਾਨਾਂ ਅਤੇ ਸਰਕਾਰੀ ਫੈਕਟਰੀਆਂ ਦਾ ਨਿੱਜੀਕਰਨ, ਮਜ਼ਦੂਰਾਂ ਲਈ ਕਾਲੇ ਕਾਨੂੰਨ, ਕਿਸਾਨਾਂ ਦੀਆਂ ਜ਼ਮੀਨਾਂ ਹਥਿਆਉਣ ਦੀ ਸਾਜ਼ਿਸ਼ ਉਸ ਦੀ ਮੁੱਖ ਤਰਜੀਹ ਹੈ। ਜਿਹੜਾ ਅਸਲ ਅਰਥਾਂ 'ਚ ਆਮ ਆਦਮੀ ਦੀਆਂ ਮੁੱਢਲੀਆਂ ਸੁਵਿਧਾਵਾਂ, ਸਾਧਨਾਂ ਅਤੇ ਹੱਕਾਂ ਉੱਤੇ ਡਾਕਾ ਪਾਉਣ ਸਮਾਨ ਹਨ। ਜੇਕਰ ਮਜ਼ਦੂਰ ਕਿਸਾਨ ਦੇ ਪੱਲੇ ਸਾਧਨ ਹੀ ਨਹੀਂ ਹੋਵੇਗਾ, ਉਹ ਆਪਣੀ ਔਲਾਦ ਨੂੰ ਸਾਧਨਾਂ ਤੋਂ ਬਿਨਾਂ ਸਿੱਖਿਆ ਕਿਵੇਂ ਦੁਆ ਸਕੇਗੀ ਅਤੇ ਜਦੋਂ ਸਰਕਾਰ ਵੱਲੋਂ ਆਮ ਆਦਮੀ ਲਈ ਸਿੱਖਿਆ ਲਈ ਪ੍ਰਬੰਧ ਚੰਗੇਰੇ ਨਹੀਂ ਕੀਤੇ ਹੋਣਗੇ ਤਾਂ ਅਗਲੀ ਪੀੜ੍ਹੀ ਪੜ੍ਹ ਕਿਵੇਂ ਸਕੇਗੀ? ਚੰਗੇ ਨਾਗਰਿਕ ਕਿਵੇਂ ਬਣੇਗੀ?

ਸਰਕਾਰ ਦੀ ਸਿੱਖਿਆ ਬੇਰੁਖੀ ਇਸ ਪੱਖ ਤੋਂ ਵੀ ਵੇਖਣ ਯੋਗ ਹੈ ਕਿ ਨੈਸ਼ਨਲ ਸਿੱਖਿਆ ਪਾਲਿਸੀ-2020 ਅਧੀਨ ਸਾਲ 2020 'ਚ ਜੀ ਡੀ ਪੀ ਦਾ 6 ਫ਼ੀਸਦੀ ਫੰਡ ਪਬਲਿਕ ਸਿੱਖਿਆ ਉੱਤੇ ਵਰਤੇ ਜਾਣ ਦੀ ਸਿਫਾਰਿਸ਼ ਸੀ, ਪਰ ਸਰਕਾਰ ਨੇ ਬਜਟ ਵਿੱਚ ਕਦੇ ਵੀ 3 ਤੋਂ 3.5 ਪ੍ਰਤੀਸ਼ਤ ਤੋਂ ਵੱਧ ਸਿੱਖਿਆ ਲਈ ਨਹੀਂ ਰੱਖਿਆ। ਸਰਕਾਰੀ ਸਕੂਲਾਂ 'ਚ ਬੁਨਿਆਦੀ ਢਾਂਚਾ ਬੁਰੀ ਤਰ੍ਹਾਂ ਪ੍ਰਭਾਵਤ ਹੈ। ਵਿਦਿਆਰਥੀਆਂ ਲਈ ਕਮਰੇ ਨਹੀਂ ਹਨ, ਟਾਇਲਟ, ਪੀਣ ਦੇ ਪਾਣੀ, ਇਥੋਂ ਤੱਕ ਕਿ ਬਿਜਲੀ ਸੁਵਿਧਾਵਾਂ ਦੀ ਕਮੀ ਹੈ। ਟੀਚਰਾਂ ਦੀਆਂ ਸਕੂਲਾਂ 'ਚ ਅਸਾਮੀਆਂ ਖਾਲੀ ਪਈਆਂ ਹਨ।

2009 'ਚ ਸਰਕਾਰ ਵੱਲੋਂ ਸਿੱਖਿਆ ਅਧਿਕਾਰ ਕਾਨੂੰਨ ਆਰ ਟੀ ਆਈ ਐਕਟ-2009 ਪਾਸ ਕੀਤਾ ਗਿਆ। 6 ਤੋਂ 14 ਸਾਲ ਦੇ ਬੱਚਿਆ ਲਈ ਮੁਫ਼ਤ ਅਤੇ ਜ਼ਰੂਰੀ ਸਿੱਖਿਆ ਦਾ ਇਸ ਵਿੱਚ ਪ੍ਰਾਵਧਾਨ ਸੀ। ਨੈਸ਼ਨਲ ਐਜੂਕੇਸ਼ਨ ਪਾਲਿਸੀ (ਐੱਨ ਈ ਸੀ)-2020 ਨਾਲ 34 ਸਾਲ ਪਹਿਲੀ ਐੱਨ ਈ ਸੀ 1986 ਬਦਲੀ ਗਈ, ਪਰ ਜ਼ਮੀਨੀ ਪੱਧਰ ਉੱਤੇ ਆਮ ਆਦਮੀ ਪੱਲੇ ਸਿੱਖਿਆ ਖੇਤਰ 'ਚ ਨਿਰਾਸ਼ਾ ਹੀ ਪਈ ਹੈ। ਉਹਨਾਂ ਦੇ ਬੱਚਿਆਂ ਦੀ ਪਹੁੰਚ ਡਿਜੀਟਲ ਖੇਤਰ ਤੋਂ ਦੂਰ ਹੈ।

ਇੱਕ ਲੱਖ ਸਰਕਾਰੀ ਸਕੂਲ ਇੱਕੋ ਟੀਚਰ ਨਾਲ ਚਲਾਏ ਜਾ ਰਹੇ ਹਨ, ਜਿਹਨਾਂ 'ਚ ਵਿਦਿਆਰਥੀਆਂ ਦੀ ਗਿਣਤੀ 33 ਲੱਖ ਹੈ। ਕੀ ਇਹੋ ਜਿਹੀ ਸਕੂਲੀ ਸਿੱਖਿਆ ਆਮ ਆਦਮੀ ਦੇ ਬੱਚਿਆਂ ਦਾ ਕੁਝ ਸੁਆਰਨ ਯੋਗ ਹੈ? ਸਰਕਾਰੀ ਸਕੂਲ ਬੰਦ ਕੀਤੇ ਜਾ ਰਹੇ ਹਨ, ਵਿਚ-ਵਿਚਾਲੇ ਸਕੂਲ ਛੱਡਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਸੈਕੰਡਰੀ ਪੱਧਰ ਤੱਕ 8.2 ਪ੍ਰਤੀਸ਼ਤ ਆਂਕੀ ਗਈ। ਕੀ ਇਹ ਦੇਸ਼ ਵਿੱਚੋਂ ਉੱਡ ਰਹੀ ਸਿੱਖਿਆ ਦੀ ਨਿਸ਼ਾਨੀ ਨਹੀਂ?

ਇੱਕ ਪਾਸੇ ਫਾਈਵ ਸਟਾਰ ਪਬਲਿਕ ਸਕੂਲ ਹਨ, ਦੂਜੇ ਪਾਸੇ ਤੱਪੜਾਂ, ਬੋਰੀਆਂ ਵਾਲੇ ਛੱਤਾਂ ਤੋਂ ਸੱਖਣੇ, ਸੁਵਿਧਾਵਾਂ ਤੋਂ ਊਣੇ ਸਰਕਾਰੀ ਸਕੂਲ ਹਨ, ਜਿੱਥੇ ਬਿਜਲੀ, ਪਾਣੀ, ਖੇਡ ਮੈਦਾਨ ਹੋਰ ਸੁਵਿਧਾਵਾਂ ਨਹੀਂ ਹਨ। ਤਦ ਫਿਰ ਰਾਈਜ਼ਿੰਗ ਇੰਡੀਆ ਦੀ ਕਲਪਨਾ ਸਧਾਰਨ ਵਿਦਿਆਰਥੀਆਂ ਦੇ ਅੱਖਾਂ ਦਾ ਸੁਪਨਾ ਕਿਵੇਂ ਬਣੇਗੀ?

ਸ਼ੀਸ਼ ਮਹਿਲਾਂ ਵਿੱਚ ਰਹਿਣ ਵਾਲੇ ਹੁਕਮਰਾਨ ਅਮੀਰ-ਗਰੀਬ 'ਚ ਖਾਈ ਵਧਾਈ ਜਾ ਰਹੇ ਹਨ, ਜਿੱਥੇ ਦੋ ਵਰਗਾਂ ਵਿੱਚ ਵਿਵਾਦ ਲਗਾਤਾਰ ਵਧਦਾ ਜਾ ਰਿਹਾ ਹੈ। ਜਿਵੇਂ ਦੇਸ਼ ਭਾਰਤ ਦੀਆਂ ਆਰਥਿਕ ਨੀਤੀਆਂ ਨਿੱਤ ਭਰਮ 'ਚ ਉਲਝਾਈਆਂ ਜਾ ਰਹੀਆਂ ਹਨ, ਉਵੇਂ ਦਾ ਭਰਮ ਜਾਲ ਸਿੱਖਿਆ ਖੇਤਰ 'ਚ ਆਪਣਾ ਦਾਇਰਾ ਵੱਡਾ ਕਰ ਰਿਹਾ ਹੈ, ਜੋ ਆਮ ਆਦਮੀ ਦੀ ਸਿੱਖਿਆ ਤੋਂ ਦੂਰੀ ਹੋਰ ਵਧਾ ਦੇਵੇਗਾ।

**# ਸੰਪਰਕ : 98158-02070**

# ਕੀ ਮਾਸਟਰ ਜੀ, ਤੁਹਾਡੇ ਬੱਚੇ ਸਰਕਾਰੀ ਸਕੂਲ 'ਚ ਪੜ੍ਹਦੇ ਹਨ?


ਹਰਸੰਤ ਸਿੰਘ ਢੀਂਡਸਾ

ਸਕੂਲ ਸਿੱਖਿਆ ਵਿਭਾਗ ਪੰਜਾਬ ਸਰਕਾਰ ਦੁਆਰਾ ਸਰਕਾਰੀ ਸਕੂਲਾਂ ਦੇ ਵਿੱਚ ਵਿਦਿਆਰਥੀਆਂ ਦੇ ਦਾਖਲੇ ਵਧਾਉਣ ਦੇ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮੁਹਿਮ ਪੂਰੇ ਜ਼ੋਰਾਂ ਨਾਲ ਚਲਾਈ ਜਾ ਰਹੀ ਹੈ, ਜਿਸ ਤਹਿਤ ਸਕੂਲ ਦੇ ਵੱਖ-ਵੱਖ ਅਧਿਆਪਕਾਂ ਦੀਆਂ ਟੀਮਾਂ ਬਣਾ ਕੇ ਸੰਬੰਧਤ ਪਿੰਡਾਂ ਦੇ ਵਿੱਚ ਭੇਜਿਆ ਜਾ ਰਿਹਾ ਹੈ, ਹਰੇਕ ਮਾਂ-ਬਾਪ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ, ਕਿ ਸਰਕਾਰ ਵੱਲੋਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ। ਨਵੇਂ ਕਲਾਸ ਰੂਮ, ਫਰਨੀਚਰ, ਸਾਇੰਸ ਲੈਬ, ਕੰਪਿਊਟਰ ਲੈਬ ਅਤੇ ਹੋਰ ਵੋਕੇਸ਼ਨਲ ਕੋਰਸ, ਇਥੋਂ ਤੱਕ ਕਿ ਕੈਂਪਸ ਮੈਨੇਜਰ ਅਤੇ ਸਕਿਉਰਟੀ ਗਾਰਡ ਵੀ ਸਰਕਾਰ ਵੱਲੋਂ ਭਰਤੀ ਕੀਤੇ ਗਏ ਹਨ, ਸਾਰਾ ਸਟਾਫ ਪੂਰਾ ਹੈ, ਪੂਰੀ ਕਾਬਲੇਤਰੀਫ ਪੜ੍ਹਾਈ ਹੋ ਰਹੀ। ਮਾਪੇ ਪ੍ਰਭਾਵਤ ਹੁੰਦੇ ਹਨ, ਪਿੰਡਾਂ ਦੇ ਲੋਕ ਬਹੁਤ ਸਤਿਕਾਰ ਦਿੰਦੇ ਹਨ, ਚਾਹ-ਪਾਣੀ ਦੀ ਸੇਵਾ ਕਰਨ ਦੇ ਲਈ ਪੂਰੇ ਤਤਪਰ ਰਹਿੰਦੇ ਹਨ।

ਪਰ ਅਚਾਨਕ ਹੀ ਕੁਝ ਦਿਨ ਪਹਿਲਾ ਦਫਤਰ ਦੇ ਵਿੱਚ ਬੈਠੇ ਮੈਨੂੰ ਬੱਚੇ ਦੇ ਮਾਤਾ-ਪਿਤਾ ਮਿਲਣ ਦੇ ਲਈ ਆਏ, ਗੱਲਬਾਤ ਹੋਈ, ਕਹਿੰਦੇ ਸਰ ਅਸੀਂ ਬੱਚੇ ਨੂੰ ਅਗਲੇ ਸਾਲ ਪ੍ਰਾਈਵੇਟ ਸਕੂਲ ਦੇ ਵਿੱਚ ਲਾਉਣਾ ਹੈ, ਮੈਂ ਕਿਹਾ-ਤੁਹਾਡਾ ਬੱਚਾ ਪੜ੍ਹਨ ਵਾਲਾ ਹੈ, ਮੇਰੇ ਸਮੇਤ ਪੂਰਾ ਸਟਾਫ ਤੁਹਾਡੇ ਬੱਚੇ ਲਈ ਮਿਹਨਤ ਕਰਦਾ ਹੈ, ਇਹ ਕੀ ਗੱਲ ਹੋਈ, ਤੁਸੀਂ ਕੀ ਕਹਿ ਰਹੇ ਹੋ, ਮੈਂ ਹੈਰਾਨ ਹਾਂ, ਪਰ ਉਹ ਟੱਸ ਤੋਂ ਮੱਸ ਨਾ ਹੋਏ, ਨਹੀਂ ਸਰ ਅਸੀਂ ਫੈਸਲਾ ਕਰ ਲਿਆ ਹੈ। ਮੈਂ ਬਹੁਤ ਉਦਾਹਰਨਾਂ ਦਿੱਤੀਆਂ, ਮੈਂ ਕਿਹਾ ਕਿ ਮੈਂ ਇਸ ਸਕੂਲ ਦੇ ਵਿੱਚ ਪੜ੍ਹ ਕੇ ਹੀ ਅੱਜ ਬਤੌਰ ਪ੍ਰਿੰਸੀਪਲ/ਸਕੂਲ ਮੁਖੀ ਸੇਵਾਵਾਂ ਨਿਭਾ ਰਿਹਾ ਹਾਂ, ਚਾਰ ਹੋਰ ਅਧਿਆਪਕ ਵੀ ਇਸ ਸਕੂਲ ਦੇ ਵਿੱਚੋਂ ਪੜ੍ਹ ਕੇ ਇੱਥੇ ਹੀ ਨੌਕਰੀ ਕਰ ਰਹੇ ਹਨ। ਸਕੂਲ ਦਾ ਸਾਰਾ ਸਟਾਫ ਸਰਕਾਰੀ ਸਕੂਲਾਂ ਦਾ ਪੜ੍ਹਿਆ ਹੋਇਆ ਹੈ, ਤੁਸੀਂ ਮੈਨੂੰ ਕੋਈ ਘਾਟ ਦੱਸੋ, ਅਸੀਂ ਪੂਰੀ ਕਰਨ ਲਈ ਤਿਆਰ ਹਾਂ। ਮੇਰੀ ਸਾਰੀ ਵਾਰਤਾ ਬਹੁਤ ਧਿਆਨ ਦੇ ਨਾਲ ਉਹਨਾਂ ਸੁਣੀ, ਪਰ ਉਨ੍ਹਾਂ ਦੇ ਇੱਕ ਹੀ ਪ੍ਰਸ਼ਨ ਨੇ ਮੈਨੂੰ ਚੁੱਪ ਕਰਵਾ ਦਿੱਤਾ, ਕਹਿਣ ਲੱਗੇ, ਸਰ, ਇੱਕ ਗੱਲ ਦੱਸੋ, ਕੀ ਤੁਹਾਡੇ ਕਿਸੇ ਵੀ ਅਧਿਆਪਕ ਦੇ ਬੱਚੇ ਸਰਕਾਰੀ ਸਕੂਲ ਵਿੱਚ ਪੜ੍ਹਦੇ ਹਨ?

ਮਾਪਿਆਂ ਦਾ ਸਵਾਲ ਸੁਣ ਕੇ ਮੈਂ ਨਿਰ ਉੱਤਰ ਹੋ ਗਿਆ, ਉਹਨਾਂ ਦਾ ਸਵਾਲ ਵੀ ਵਾਜਿਬ ਸੀ ਕਿ ਸਾਡੇ ਸਕੂਲ ਦੇ ਕਿਸੇ ਵੀ ਅਧਿਆਪਕ ਦਾ ਬੱਚਾ ਸਰਕਾਰੀ ਸਕੂਲ ਦੇ ਵਿੱਚ ਨਹੀਂ ਪੜ੍ਹ ਰਿਹਾ, ਮੇਰੀ ਸੋਚ ਚਾਰ ਦਹਾਕੇ ਪਿੱਛੇ ਚਲੀ ਗਈ ਕਿ ਕੋਈ ਸਮਾਂ ਸੀ, ਸਰਕਾਰੀ ਅਧਿਆਪਕ ਤਾ ਕੀ, ਵੱਡੇ-ਵੱਡੇ ਅਫਸਰਾਂ ਤੱਕ ਦੇ ਬੱਚੇ, ਵਿਧਾਇਕਾਂ ਦੇ ਬੱਚੇ, ਸਰਕਾਰੀ ਸਕੂਲਾਂ, ਕਾਲਜਾਂ ਦੇ ਵਿੱਚ ਪੜ੍ਹਦੇ ਸਨ। ਉਸ ਸਮੇਂ ਪ੍ਰਾਈਵੇਟ ਸਕੂਲਾਂ ਦੀਆਂ ਪੀਲੀਆਂ ਬੱਸਾਂ ਕਿਧਰੇ ਵੀ ਨਜ਼ਰ ਨਹੀਂ ਆਉਂਦੀਆਂ ਸਨ। ਕਿਤੇ ਕੋਈ ਪ੍ਰਾਈਵੇਟ ਸਕੂਲ ਨਹੀਂ ਸੀ, ਹਾਂ ਟਾਵਾਂ ਕੋਈ ਏਡਿਡ ਸਕੂਲ ਹੁੰਦਾ, ਉਹ ਵੀ ਸ਼ਹਿਰ ਦੇ ਵਿੱਚ, ਜਿਸ ਦਾ ਸਿਸਟਮ ਸਰਕਾਰੀ ਸਕੂਲ ਵਾਂਗ ਹੀ ਹੁੰਦਾ। ਸਰਕਾਰੀ ਸਕੂਲਾਂ ਦੇ ਵਿੱਚੋਂ ਬੜੇ ਵੱਡੇ ਵਿਦਵਾਨ, ਡਾਕਟਰ, ਇੰਜੀਨੀਅਰ, ਸਾਇੰਸਦਾਨ, ਪ੍ਰੋਫੈਸਰ ਸਾਹਿਬਾਨ ਪੈਦਾ ਹੋਏ ਹਨ।

ਸਰਕਾਰੀ ਸਕੂਲਾਂ ਦੇ ਵਿਘਟਨ ਦੀ ਸ਼ੁਰੂਆਤ ਪ੍ਰਾਈਵੇਟ, ਆਰਥਿਕ ਉਦਾਰੀਕਰਨ ਦੀਆਂ ਨੀਤੀਆਂ ਆਉਣ ਦੇ ਨਾਲ ਸ਼ੁਰੂ ਹੋਈ, ਵਿਦਿਆ ਦਾ ਵਪਾਰੀਕਰਨ ਸ਼ੁਰੂ ਹੋ ਗਿਆ, ਵਪਾਰੀਆਂ ਨੇ ਪ੍ਰਾਈਵੇਟ ਸਕੂਲ ਖੋਲ੍ਹਣੇ ਸ਼ੁਰੂ ਕੀਤੇ, ਫਿਰ ਕਾਲਜ ਅਤੇ ਯੂਨੀਵਰਸਿਟੀਆ ਖੋਲ੍ਹਣ ਤੱਕ ਗੱਲ ਜਾ ਪਹੁੰਚੀ, ਸ਼ੁਰੂ ਦੇ ਵਿੱਚ ਅਮੀਰ ਲੋਕਾਂ ਨੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਦੇ ਵਿੱਚ ਦਾਖਲ ਕਰਵਾਉਣਾ ਸ਼ੁਰੂ ਕਰ ਦਿੱਤਾ, ਸਮਾਂ ਬੀਤਿਆ, ਮੱਧ ਵਰਗੀ ਲੋਕਾਂ ਨੇ ਵੀ ਮੁਹਾਰਾਂ ਮੋੜੀਆਂ, ਆਪਣੇ ਬੱਚੇ ਪ੍ਰਾਈਵੇਟ ਸਕੂਲਾਂ ਦੇ ਵਿੱਚ ਦਾਖਲ ਕਰਾਉਣੇ ਆਰੰਭ ਕੀਤੇ। ਸਰਕਾਰੀ ਸਕੂਲ ਸਿਰਫ ਮਜ਼ਦੂਰਾਂ ਅਤੇ ਨਿਮਨ ਵਰਗ ਦੇ ਕਿਸਾਨਾਂ ਦੇ ਬੱਚਿਆਂ ਦੇ ਲਈ ਹੀ ਰਹਿ ਗਏ, ਪੂੰਜੀਪਤੀ ਸਿਸਟਮ ਦਾ ਜਾਲ ਹੀ ਇਹੋ ਜਿਹਾ ਹੈ ਕਿ ਛੋਟੀ ਤੋਂ ਛੋਟੀ ਮੱਛੀ ਵੀ ਜਾਲ ਵਿੱਚੋਂ ਬਾਹਰ ਨਹੀਂ ਰਹਿ ਸਕਦੀ, ਫਿਰ ਅਧਿਆਪਕ ਕਿਹੜੇ ਬਾਗ ਦੀ ਮੂਲੀ ਸਨ, ਜਦੋਂ ਸਕੂਲ ਦੇ ਸੇਵਾਦਾਰ ਦਾ ਬੱਚਾ ਵੀ ਪ੍ਰਾਈਵੇਟ ਸਕੂਲ ਵੱਲ ਚਲਿਆ ਗਿਆ, ਫਿਰ ਅਧਿਆਪਕ ਵਿਚਾਰੇ ਕੀ ਕਰਦੇ।

ਆਰਥਿਕ ਉਦਾਰੀਕਰਨ ਦੀਆਂ ਨੀਤੀਆਂ ਨੇ ਪੂਰੇ ਦੇਸ ਦੇ ਰਾਜਨੀਤਕ ਢਾਂਚੇ ਨੂੰ ਹੀ ਆਪਣੀ ਜਕੜ ਦੇ ਵਿੱਚ ਲੈ ਲਿਆ, ਵੱਡੇ ਘਰਾਣੇ ਲੋਕ ਭਲਾਈ ਦੇ ਮਹਿਕਮਿਆਂ 'ਤੇ ਵੀ ਭਾਰੂ ਪੈ ਗਏ, ਜਦੋਂ ਕਿ ਸਿੱਖਿਆ ਤੇ ਸਿਹਤ, ਟਰਾਂਸਪੋਰਟ ਵਰਗੇ ਅਦਾਰੇ ਲੋਕਾਂ ਦੀ ਭਲਾਈ ਲਈ ਸਨ, ਕਿੰਨਾ ਭਲਾ ਵੇਲਾ ਸੀ ਕਿ ਸਾਰੇ ਪਿੰਡ ਦੇ ਬੱਚੇ ਅਤੇ ਸ਼ਹਿਰ ਦੇ ਵੱਡੇ ਧਨਾਢ ਸੇਠਾਂ ਦੇ ਬੱਚੇ ਵੀ ਸਰਕਾਰੀ ਸਕੂਲਾਂ ਚ ਪੜ੍ਹਦੇ, ਸਰਕਾਰੀ ਹਸਪਤਾਲਾਂ ਦੇ ਵਿੱਚ ਮਰੀਜ਼ਾਂ ਦੀ ਪੂਰੀ ਭੀੜ ਹੁੰਦੀ, ਪਹਿਲਾਂ ਤਾਂ ਉਸ ਸਮੇਂ ਬਿਮਾਰੀਆਂ ਬਹੁਤ ਘੱਟ ਸਨ, ਪਰ ਹਰ ਬਿਮਾਰੀ ਦਾ ਇਲਾਜ ਸਰਕਾਰੀ ਹਸਪਤਾਲ ਦੇ ਵਿੱਚ ਕੀਤਾ ਜਾਂਦਾ, ਵੱਡੇ-ਵੱਡੇ ਡਾਕਟਰ, ਨਾਮਵਰ ਸਰਕਾਰੀ ਸਕੂਲ, ਕਾਲਜਾਂ ਦੇ ਪੜ੍ਹੇ ਹੁੰਦੇ। ਸਰਕਾਰੀ ਬੱਸਾਂ ਦੇ ਵਿੱਚ ਪਹਿਲੀਆਂ ਸੀਟਾਂ ਵਿਧਾਇਕਾਂ ਦੇ ਲਈ ਰਾਖਵੀਆਂ ਹੁੰਦੀਆਂ, ਪਰ ਅੱਜ ਜਦੋਂ ਰਾਜਨੀਤਕ ਲੋਕਾਂ ਦੀਆਂ ਹੂਟਰ ਮਾਰਦੀਆਂ ਗੱਡੀਆਂ ਲੰਘਦੀਆਂ ਵੇਖਦੇ ਹਾਂ ਤਾਂ ਸੋਚਦੇ ਹਾਂ ਕਿ ਉਹ ਸਤਯੁਗ ਦਾ ਸਮਾਂ ਹੋਵੇਗਾ, ਜਦੋਂ ਵਿਧਾਇਕ ਬੱਸ ਦੇ ਵਿੱਚ ਜਾਂਦੇ ਸਨ, ਇਥੋਂ ਤੱਕ ਕਿ ਜੱਜ ਸਾਹਿਬਾਨ ਸਰਕਾਰੀ ਰੋਡਵੇਜ਼ ਦੀਆਂ ਬੱਸਾਂ ਵਿੱਚ ਸਫ਼ਰ ਕਰਦੇ ਰਹੇ ਹਨ, ਪ੍ਰੰਤੂ ਆਰਥਿਕ ਉਦਾਰੀਕਰਨ ਦੀਆਂ ਨੀਤੀਆਂ ਨੇ ਸਮਾਜ ਦੇ ਵਿੱਚ ਅਜਿਹੀਆਂ ਕੰਧਾਂ ਕੱਢੀਆਂ ਕਿ ਗਰੀਬ-ਅਮੀਰ ਦਾ ਪਾੜਾ ਜ਼ਮੀਨ-ਅਸਮਾਨ ਜਿੰਨਾਂ ਵਧਾ ਦਿੱਤਾ ਕਿ ਸਾਂਝਾ ਪੰਜਾਬੀ ਅਮੀਰ ਸੱਭਿਆਚਾਰ ਹੀ ਖਤਮ ਹੋ ਗਿਆ, ਆਪਸੀ ਭਾਈਚਾਰਾ, ਲੋਕਾਂ ਦੀ ਮੁਹੱਬਤ, ਰੋਟੀ-ਬੇਟੀ ਦੀ ਸਾਂਝ ਬੀਤੇ ਸਮੇਂ ਦੀਆਂ ਗੱਲਾਂ ਬਣ ਕੇ ਰਹਿ ਗਈਆਂ।

ਸਰਕਾਰੀ ਸਕੂਲਾਂ ਦੇ ਅਧਿਆਪਕ ਬਹੁਤ ਮਿਹਨਤੀ ਹਨ। ਵੱਡੇ ਟੈਸਟ ਪਾਸ ਕਰਕੇ, ਵੱਡੀਆਂ-ਵੱਡੀਆਂ ਡਿਗਰੀਆਂ ਪ੍ਰਾਪਤ ਕਰਕੇ ਨੌਕਰੀਆਂ ਦੇ ਵਿੱਚ ਆਏ ਹਨ, ਪਰ ਅੱਜ ਅਫਸੋਸ ਕਿ ਸਾਨੂੰ ਮਿਹਨਤੀ ਵਿਦਿਆਰਥੀ ਨਹੀਂ ਮਿਲ ਰਹੇ, ਕਿਉਂਕਿ ਪੜ੍ਹਾਈ ਕਲਾਸ ਦੇ ਵਿੱਚ ਵਿਦਿਆਰਥੀਆਂ ਦੇ ਆਪਸੀ ਮੁਕਾਬਲੇ ਨਾਲ ਹੁੰਦੀ ਹੈ, ਪਹਿਲਾਂ ਵਿਦਿਆਰਥੀਆਂ ਦੇ ਵਿੱਚ ਪੜ੍ਹਨ ਦਾ, ਮਿਹਨਤ ਕਰਨ ਦਾ ਜਜ਼ਬਾ ਹੁੰਦਾ, ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਲਈ ਵਿਦਿਆਰਥੀਆਂ ਦੇ ਵਿੱਚ ਪੂਰਾ ਫਸਵਾਂ ਮੁਕਾਬਲਾ ਹੁੰਦਾ, ਪਰ ਅੱਜ ਉਹ ਮੁਕਾਬਲਾ ਕਰਨ ਵਾਲੇ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਦੇ ਵਿੱਚ ਚਲੇ ਗਏ, ਫੋਕੀ ਵਿਖਾਵੇਬਾਜ਼ੀ ਵਿੱਚ, ਉਹਨਾਂ ਦੇ ਮਾਪੇ ਵੱਡੀ ਆਰਥਕ ਲੁੱਟ ਕਰਵਾ ਰਹੇ ਹਨ।

ਕਾਸ਼! ਸਰਕਾਰ ਨਿੱਜੀ ਥਰਮਲ ਖਰੀਦਣ ਵਾਂਗ, ਸਿੱਖਿਆ ਦਾ ਵੀ ਕੋਈ ਅਜਿਹਾ ਜਨਤਕ ਢਾਂਚਾ ਸਿਰਜਦੀ ਕਿ ਦੁਬਾਰਾ, ਉਹ ਸੁਨਹਿਰੀ ਸਮਾਂ ਦੇਖਣ ਨੂੰ ਮਿਲਦਾ ਕਿ ਸੇਵਾਦਾਰ ਤੋਂ ਲੈ ਕੇ ਵੱਡੇ ਅਫਸਰ ਤੱਕ ਦੇ ਬੱਚੇ, ਮਜ਼ਦੂਰ ਤੋਂ ਲੈ ਕੇ ਵੱਡੇ ਸਰਮਾਏਦਾਰ ਦੇ ਬੱਚੇ ਇਕੱਠੇ ਬੈਠ ਕੇ ਪੜ੍ਹਦੇ, ਦਿਲਾਂ ਦੇ ਵਲਵਲੇ ਸਾਂਝੇ ਕਰਦੇ, ਬੱਚੇ ਤਾਂ ਰੱਬ ਦਾ ਰੂਪ ਹਨ, ਜਪਾਨ ਦੇ ਵਿੱਚ ਰਹਿੰਦੇ ਸਾਡੇ ਪੰਜਾਬੀ ਦੇ ਮਕਬੂਲ ਲੇਖਕ ਪਰਮਿੰਦਰ ਸੋਢੀ ਦੀ ਕਿਤਾਬ 'ਰੱਬ ਦੇ ਡਾਕੀਏ' ਜੋ ਕਿ ਬੱਚਿਆਂ ਦੇ ਬਚਪਨ, ਬਾਲ ਮਨ, ਭੋਲੇਪਣ ਨੂੰ ਦਰਸਾਉਂਦੀ ਹੈ, ਪਰੰਤੂ ਅੱਜ ਅਸੀਂ ਰੱਬ ਦੇ ਡਾਕੀਏ ਸ਼੍ਰੇਣੀਆਂ ਦੇ ਵਿੱਚ ਵੰਡ ਦਿੱਤੇ ਹਨ, ਕਾਣੀਆਂ ਵੰਡਾਂ ਦੇ ਕਾਰਨ, ਅੱਜ ਸਮਾਜ ਖੇਰੂੰ-ਖੇਰੂੰ ਹੋ ਰਿਹਾ ਹੈ, ਜਿਸ ਦੇ ਭਿਆਨਕ ਸਿੱਟੇ ਸਮਾਜ ਨੂੰ ਭੁਗਤਣੇ ਪੈ ਰਹੇ ਹਨ, ਸਿੱਖਿਆ ਦਾ ਮੁੱਖ ਮਨੋਰਥ ਚੰਗਾ ਸਮਾਜ ਸਿਰਜਣਾ ਹੈ, ਨਾ ਕਿ ਲੋਕਾਂ ਦੀ ਆਰਥਿਕ ਲੁੱਟ ਕਰਨਾ, ਪਰ ਮੇਰੇ ਵਿਚਾਰ ਸੁਣਨ ਦੇ ਉੱਤੇ, ਮਾਪੇ ਬੱਚੇ ਨੂੰ ਸਰਕਾਰੀ ਸਕੂਲ ਦੇ ਵਿੱਚ ਪੜ੍ਹਾਉਣ ਲਈ ਸਹਿਮਤ ਹੋ ਗਏ, ਮੈਨੂੰ ਬਹੁਤ ਮਾਣ ਮਹਿਸੂਸ ਹੋਇਆ ਕਿ ਮੈਂ ਆਪਣੀ ਕੋਸ਼ਿਸ਼ ਵਿੱਚ ਸਫਲ ਹੋ ਗਿਆ ਹਾਂ, ਸਵਾਲ ਦਾ ਉੱਤਰ ਭਾਵੇਂ ਜਿਉਂ ਦਾ ਤਿਉਂ ਸਾਡੇ ਸਾਹਮਣੇ ਖੜ੍ਹਾ ਹੈ।

**# ਸੰਪਰਕ : 98781-97000**

# ਚੀਨ ਅਤੇ ਰੂਸ ਈਰਾਨ ਦਾ ਸਾਥ ਕਿਉਂ ਦਿੰਦੇ ਹਨ


ਸੁਰਜੀਤ ਸਿੰਘ ਫਲੋਰਾ

ਜਦੋਂ ਈਰਾਨ ਇਜ਼ਰਾਈਲ ਅਤੇ ਅਮਰੀਕਾ ਨਾਲ ਟਕਰਾਉਂਦਾ ਹੈ, ਉਹ ਪੂਰੀ ਤਰ੍ਹਾਂ ਇਕੱਲਾ ਨਹੀਂ ਹੁੰਦਾ, ਉਸ ਦੇ ਪਿੱਛੇ ਚੀਨ ਅਤੇ ਰੂਸ ਦਾ ਐਸਾ ਸਹਾਰਾ ਖੜ੍ਹਾ ਹੁੰਦਾ ਹੈ, ਜੋ ਸ਼ੋਰ ਘੱਟ ਕਰਦਾ ਹੈ, ਪਰ ਅਸਰ ਡੂੰਘਾ ਛੱਡਦਾ ਹੈ। ਇਹ ਸਹਾਇਤਾ ਧਾਰਮਿਕ ਨੇੜਤਾ ਜਾਂ ਵਿਚਾਰਧਾਰਕ ਪਿਆਰ ਕਰਕੇ ਨਹੀਂ ਆਉਂਦੀ। ਇਸ ਦਾ ਅਸਲ ਕਾਰਨ ਤਾਕਤ ਦੀ ਰਾਜਨੀਤੀ ਦਾ ਹੈ।

ਮਾਰਚ 2026 ਦੇ ਸੰਦਰਭ ਵਿੱਚ ਤਸਵੀਰ ਹੋਰ ਸਾਫ਼ ਹੋ ਚੁੱਕੀ ਹੈ। 29 ਜਨਵਰੀ ਦਾ ਤ੍ਰਿਪੱਖੀ ਰਣਨੀਤਕ ਸਮਝੌਤਾ, ਯੂਕਰੇਨ ਜੰਗ ਤੋਂ ਬਾਅਦ ਰੂਸ ਦੀ ਲੋੜ ਅਤੇ ਚੀਨ ਦੀ ਊਰਜਾ ਸੁਰੱਖਿਆ, ਸਭ ਇਕੋ ਪਾਸੇ ਇਸ਼ਾਰਾ ਕਰਦੇ ਹਨ। ਮਾਸਕੋ ਅਤੇ ਬੀਜਿੰਗ ਈਰਾਨ ਨੂੰ ਏਨਾ ਸਹਾਰਾ ਦਿੰਦੇ ਹਨ ਕਿ ਉਹ ਟਿਕਿਆ ਰਹੇ, ਪਰ ਏਨਾ ਨਹੀਂ ਕਿ ਉਹਨਾਂ ਨੂੰ ਖੁੱਲ੍ਹੀ ਜੰਗ ਵਿੱਚ ਘਸੀਟ ਲਵੇ।

ਰੂਸ ਅਤੇ ਚੀਨ ਦੋਵੇਂ ਅਜਿਹੇ ਵਿਸ਼ਵਕ੍ਰਮ ਦੇ ਹਮਾਇਤੀ ਹਨ, ਜਿੱਥੇ ਵਾਸ਼ਿੰਗਟਨ ਇਕੱਲਾ ਫੈਸਲਾ ਨਾ ਕਰੇ। ਉਹ ਚਾਹੁੰਦੇ ਹਨ ਕਿ ਤਾਕਤ ਕਈ ਕੇਂਦਰਾਂ ਵਿੱਚ ਵੰਡੇ। ਇਸੇ ਲਈ ਇਰਾਨ ਉਹਨਾਂ ਲਈ ਉਪਯੋਗੀ ਸਾਥੀ ਬਣਦਾ ਹੈ, ਕਿਉਂਕਿ ਤਹਿਰਾਨ ਖੁੱਲ੍ਹੇ ਤੌਰ 'ਤੇ ਅਮਰੀਕੀ ਪਾਬੰਦੀਆਂ, ਫੌਜੀ ਦਬਾਅ ਅਤੇ ਖੇਤਰੀ ਗਠਜੋੜਾਂ ਨੂੰ ਚੁਣੌਤੀ ਦਿੰਦਾ ਹੈ।

ਅਸਲ 'ਚ ਦੇਖਿਆ ਜਾਵੇ ਤਾਂ ਇਹ ਸਿਰਫ਼ ਮੱਧ ਪੂਰਬ ਦਾ ਯੁੱਧ ਨਹੀਂ, ਇਹ ਇੱਕ ਵੱਡੀ ਤਾਕਤੀ ਹੋੜ ਦਾ ਹਿੱਸਾ ਹੈ। ਜੇ ਈਰਾਨ ਦਬਾਅ ਹੇਠ ਵੀ ਖੜ੍ਹਾ ਰਹਿੰਦਾ ਹੈ, ਤਾਂ ਚੀਨ ਅਤੇ ਰੂਸ ਇਹ ਸੁਨੇਹਾ ਦਿੰਦੇ ਹਨ ਕਿ ਅਮਰੀਕਾ ਹੁਣ ਹਰ ਜਗ੍ਹਾ ਆਪਣੀ ਮਰਜ਼ੀ ਨਹੀਂ ਚਲਾ ਸਕਦਾ। ਇਸ ਕਰਕੇ ਇਰਾਨ ਉਹਨਾਂ ਲਈ ਇਕ ਦੇਸ਼ ਤੋਂ ਵੱਧ ਇਕ ਰਣਨੀਤਕ ਔਜ਼ਾਰ ਬਣ ਕੇ ਪਿੱਛੇ ਖੜ੍ਹਦਾ ਹੈ।

ਯੂਕਰੇਨ ਜੰਗ ਤੋਂ ਬਾਅਦ ਰੂਸ ਉੱਤੇ ਪੱਛਮੀ ਪਾਬੰਦੀਆਂ ਸਖ਼ਤ ਹੋਣ ਕਾਰਨ ਇਸ ਹਾਲਤ ਵਿੱਚ ਮਾਸਕੋ ਨੂੰ ਉਹਨਾਂ ਸਾਥੀਆਂ ਦੀ ਲੋੜ ਪਈ, ਜੋ ਇਕਾਂਤ ਤੋਂ ਨਾ ਡਰਨ। ਈਰਾਨ ਇਸ ਮਾਪਦੰਡ 'ਤੇ ਫਿੱਟ ਬੈਠਦਾ ਹੈ। ਉਹ ਸਾਲਾਂ ਤੋਂ ਪਾਬੰਦੀਆਂ ਹੇਠ ਜੀਣਾ ਸਿੱਖ ਚੁੱਕਾ ਹੈ।

ਇਸ ਨਾਲ ਰੂਸ ਆਪਣੀ ਇਹ ਕਹਾਣੀ ਮਜ਼ਬੂਤ ਕਰਦਾ ਹੈ ਕਿ ਦੁਨੀਆ ਹੁਣ ਬਹੁ-ਧਰੁਵੀ ਬਣ ਰਹੀ ਹੈ। ਦੂਜੇ ਪਾਸੇ ਈਰਾਨ ਤੋਂ ਰੂਸ ਨੂੰ ਡਰੋਨ ਅਤੇ ਮਿਜ਼ਾਈਲ ਸਹਿਯੋਗ ਮਿਲਿਆ, ਜੋ ਯੂਕਰੇਨ ਜੰਗ ਵਿੱਚ ਵਰਤਿਆ ਗਿਆ। ਬਦਲੇ ਵਿੱਚ ਮਾਰਚ 2026 ਤੱਕ ਦੀਆਂ ਰਿਪੋਰਟਾਂ ਰੂਸੀ ਖੁਫੀਆ ਸਾਂਝ, ਸੈਟੇਲਾਈਟ ਜਾਣਕਾਰੀ ਅਤੇ Su-35 ਤੇ S-400 ਵਰਗੀ ਮਦਦ ਨਾਲ ਜੁੜੀਆਂ ਰਹੀਆਂ ਹਨ। ਇਸ ਤਰ੍ਹਾਂ ਦੋਵੇਂ ਇਕ-ਦੂਜੇ ਦੀ ਕਮਜ਼ੋਰੀ ਢੱਕਦੇ ਆ ਰਹੇ ਹਨ।

ਚੀਨ ਦੀ ਗਿਣਤੀ ਹੋਰ ਵੱਧ ਆਰਥਿਕ ਹੈ, ਪਰ ਸਿਰਫ਼ ਆਰਥਿਕ ਨਹੀਂ। ਇਰਾਨ ਵੱਡੇ ਤੇਲ ਭੰਡਾਰ ਰੱਖਦਾ ਹੈ ਅਤੇ ਪਾਬੰਦੀਆਂ ਕਰਕੇ ਉਹ ਤੇਲ ਅਕਸਰ ਸਸਤੇ ਦਰਾਂ 'ਤੇ ਮਿਲਦਾ ਹੈ। ਇਹ ਚੀਨ ਲਈ ਫਾਇਦੇ ਦਾ ਸੌਦਾ ਹੈ। ਨਾਲ ਹੀ ਇਰਾਨ ਦੀ ਭੂਗੋਲਕ ਥਾਂ ਬੈਲਟ ਐਂਡ ਰੋਡ ਨਾਲ ਜੁੜੇ ਰਸਤੇ, ਬੰਦਰਗਾਹਾਂ ਅਤੇ ਜ਼ਮੀਨੀ ਸੰਪਰਕ ਲਈ ਅਹਿਮ ਹੈ।

ਬੀਜਿੰਗ ਖੁੱਲ੍ਹੀ ਜੰਗ ਨਹੀਂ ਚਾਹੁੰਦਾ। ਫਿਰ ਵੀ ਈਰਾਨ ਨੂੰ ਸਹਾਰਾ ਦੇ ਕੇ ਉਹ ਖਾੜੀ ਵਿੱਚ ਅਮਰੀਕੀ ਸਾਥੀਆਂ ਉੱਤੇ ਦਬਾਅ ਬਣਾਈ ਰੱਖਦਾ ਹੈ। ਸਧਾਰਨ ਬੋਲੀ ਵਿੱਚ ਕਿਹਾ ਜਾਵੇ ਤਾਂ ਚੀਨ ਚਾਹੁੰਦਾ ਹੈ ਕਿ ਈਰਾਨ ਡਿੱਗੇ ਨਾ, ਪਰ ਅੱਗ ਵੀ ਏਨੀ ਨਾ ਭੜਕੇ ਕਿ ਤੇਲ ਦੇ ਰਸਤੇ ਤੇ ਭੰਡਾਰ ਸੜ ਜਾਣ।

ਇਹ ਮਦਦ ਖੁੱਲ੍ਹਾ ਫੌਜੀ ਗਠਜੋੜ ਨਹੀਂ। ਜਨਵਰੀ 2026 ਦਾ ਤ੍ਰਿਪੱਖੀ ਸਮਝੌਤਾ ਵੀ ਨਾਟੋ-ਸਟਾਈਲ ਸਾਂਝੀ ਰੱਖਿਆ ਦਾ ਵਾਅਦਾ ਨਹੀਂ ਕਰਦਾ। ਉਸ ਦਾ ਢਾਂਚਾ ਆਰਥਿਕ, ਕੂਟਨੀਤਕ ਅਤੇ ਸੁਰੱਖਿਆ ਸਹਿਕਾਰ 'ਤੇ ਅਧਾਰਿਤ ਹੈ। ਮਕਸਦ ਸਾਫ਼ ਹੈ, ਇਰਾਨ ਨੂੰ ਤਨਹਾ ਨਾ ਛੱਡਿਆ ਜਾਵੇ, ਪਰ ਸਿੱਧੀ ਜੰਗ ਤੋਂ ਬਚਿਆ ਜਾਵੇ।

ਇਸੇ ਲਈ ਸਹਾਇਤਾ ਨਪੀ-ਤੁਲੀ ਰਹਿੰਦੀ ਹੈ। ਜਿੱਥੇ ਲੋੜ ਹੋਵੇ, ਉਥੇ ਪੈਸਾ, ਤਕਨਾਲੋਜੀ, ਖੁਫੀਆ ਜਾਣਕਾਰੀ ਜਾਂ ਰਾਜਨੀਤਕ ਛਤਰੀ ਦਿੱਤੀ ਜਾਂਦੀ ਹੈ, ਪਰ ਮਾਸਕੋ ਅਤੇ ਬੀਜਿੰਗ ਆਪਣੇ ਲਈ ਪਿੱਛੇ ਹਟਣ ਦਾ ਰਸਤਾ ਵੀ ਖੁੱਲ੍ਹਾ ਰੱਖਦੇ ਹਨ।ਰੂਸ ਦੀ ਮਦਦ ਦਾ ਸਭ ਤੋਂ ਅਹਿਮ ਹਿੱਸਾ ਸਿੱਧਾ ਜੰਗ ਦੇ ਮੈਦਾਨ ਵਿੱਚ ਨਹੀਂ, ਸਗੋਂ ਉਸ ਦੇ ਪਿੱਛੇ ਚਲਦਾ ਹੈ। ਰਿਪੋਰਟਾਂ ਮੁਤਾਬਕ ਰੂਸ ਸੈਟਲਾਈਟ ਡਾਟਾ, ਨਿਸ਼ਾਨਿਆਂ ਬਾਰੇ ਜਾਣਕਾਰੀ, ਹਵਾਈ ਰੱਖਿਆ ਪ੍ਰਣਾਲੀਆਂ ਅਤੇ ਹਥਿਆਰ ਰੀਸਪਲਾਈ ਨਾਲ ਈਰਾਨ ਦੀ ਸਮਰੱਥਾ ਵਧਾਉਂਦਾ ਹੈ। ਪਹਿਲਾਂ ਤੋਂ ਚੱਲ ਰਹੇ ਸਾਂਝੇ ਅਭਿਆਸ ਅਤੇ ਫੌਜੀ ਸਹਿਕਾਰ ਇਸ ਕੰਮ ਨੂੰ ਆਸਾਨ ਬਣਾਉਂਦੇ ਹਨ।

ਮਾਸਕੋ ਆਪਣੀ ਹੱਦ ਵੀ ਜਾਣਦਾ ਹੈ। ਉਹ ਸਿੱਧੇ ਮੈਦਾਨ ਵਿੱਚ ਨਹੀਂ ਉਤਰਦਾ, ਕਿਉਂਕਿ ਯੂਕਰੇਨ ਵਿੱਚ ਉਸ ਦੀ ਆਪਣੀ ਲੜਾਈ ਚੱਲ ਰਹੀ ਹੈ। ਫਿਰ ਵੀ, ਇਹ ਮਦਦ ਈਰਾਨ ਦੀ ਰੋਕ-ਥਾਮ ਅਤੇ ਜਵਾਬੀ ਸਮਰੱਥਾ ਦੋਵੇਂ ਵਧਾਉਂਦੀ ਹੈ।ਚੀਨ ਈਰਾਨ ਲਈ ਨਕਦੀ ਆਕਸੀਜਨ ਵਰਗਾ ਕੰਮ ਕਰਦਾ ਹੈ। ਉਹ ਈਰਾਨੀ ਤੇਲ ਦਾ ਵੱਡਾ ਖਰੀਦਦਾਰ ਹੈ ਅਤੇ ਇਹ ਖਰੀਦ ਪਾਬੰਦੀਆਂ ਦੇ ਬਾਵਜੂਦ ਚੱਲਦੀ ਰਹਿੰਦੀ ਹੈ। ਡਿਸਕਾਊਂਟ ਵਾਲੇ ਸੌਦੇ, ਡਾਲਰ ਤੋਂ ਬਾਹਰ ਲੈਣ-ਦੇਣ ਅਤੇ ਲੰਬੇ ਸਮੇਂ ਦੇ ਨਿਵੇਸ਼ ਈਰਾਨ ਦੀ ਅਰਥ ਵਿਵਸਥਾ ਨੂੰ ਪੂਰੀ ਤਰ੍ਹਾਂ ਡਿੱਗਣ ਤੋਂ ਬਚਾਉਂਦੇ ਹਨ।

ਇਸ ਤੋਂ ਇਲਾਵਾ ਰਡਾਰ, ਨੈਵੀਗੇਸ਼ਨ ਹਿੱਸੇ, ਡੂਅਲ-ਯੂਜ਼ ਤਕਨਾਲੋਜੀ ਅਤੇ ਲੌਜਿਸਟਿਕ ਸਹਾਇਤਾ ਵੀ ਮਹੱਤਵ ਰੱਖਦੀ ਹੈ। ਇਹ ਸਭ ਕੁਝ ਟੈਂਕ ਭੇਜਣ ਜਿੰਨਾ ਦਿਖਾਈ ਨਹੀਂ ਦਿੰਦਾ, ਪਰ ਅਸਰ ਕਈ ਵਾਰੀ ਉਨਾ ਹੀ ਵੱਡਾ ਹੁੰਦਾ ਹੈ।

ਜਿਥੇ ਕਿ ਹਥਿਆਰ ਇੱਕ ਪੱਖ ਹਨ, ਪਰ ਰਾਜਨੀਤਕ ਢਾਲ ਵੀ ਓਨੀ ਹੀ ਮਹੱਤਵਪੂਰਨ ਹੈ। ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿੱਚ ਚੀਨ ਅਤੇ ਰੂਸ ਦਾ ਰਵੱਈਆ ਅਕਸਰ ਪੱਛਮੀ ਦਬਾਅ ਨੂੰ ਹੌਲਾ ਕਰਦਾ ਹੈ। ਕਦੇ ਵਿਰੋਧ, ਕਦੇ ਰੋਕ, ਤੇ ਕਦੇ ਸਖ਼ਤ ਕਾਰਵਾਈਆਂ ਦੇ ਖ਼ਿਲਾਫ਼ ਮਿਲਦੀ ਹਮਾਇਤ, ਈਰਾਨ ਨੂੰ ਪੂਰਾ ਇਕੱਲਾ ਨਹੀਂ ਪੈਣ ਦਿੰਦੀ।ਇਸੇ ਲੜੀ ਵਿੱਚ BRICS ਅਤੇ Shanghia Cooperaiton Orgainzaiton ਵੀ ਕੰਮ ਆਉਂਦੇ ਹਨ। ਇਰਾਨ ਲਈ ਇਹ ਮੰਚ ਸਿਰਫ਼ ਸਨਮਾਨ ਦਾ ਮਸਲਾ ਨਹੀਂ, ਸਗੋਂ ਵਪਾਰ, ਭੁਗਤਾਨ ਅਤੇ ਰਾਜਨੀਤਕ ਜਾਇਜ਼ਤਾ ਦਾ ਰਸਤਾ ਹਨ। ਜਨਵਰੀ 2026 ਦਾ ਤ੍ਰਿਪੱਖੀ ਢਾਂਚਾ ਇਸ ਛਤਰੀ ਨੂੰ ਹੋਰ ਸਪੱਸ਼ਟ ਕਰਦਾ ਹੈ।

ਚੀਨ ਅਤੇ ਰੂਸ ਈਰਾਨ ਨੂੰ ਬਚਾਉਂਦੇ ਹਨ, ਪਰ ਉਸ ਲਈ ਮਰਨ ਨਹੀਂ ਜਾਂਦੇ। ਇਹ ਫਰਕ ਸਮਝਣਾ ਲਾਜ਼ਮੀ ਹੈ। ਉਹਨਾਂ ਦਾ ਲਕਸ਼ ਇਰਾਨ ਨੂੰ ਤਾਕਤ ਦੇਣਾ ਨਹੀਂ, ਸਗੋਂ ਉਸ ਨੂੰ ਏਨਾ ਸੰਭਾਲੇ ਰੱਖਣਾ ਹੈ ਕਿ ਅਮਰੀਕਾ ਲਈ ਉਹ ਲਗਾਤਾਰ ਚੁਣੌਤੀ ਬਣਿਆ ਰਹੇ।

ਇਸ ਸੰਤੁਲਨ ਵਿੱਚ ਖਤਰੇ ਵੀ ਹਨ। ਜੇ ਬੀਜਿੰਗ ਤਹਿਰਾਨ ਦੇ ਬਹੁਤ ਨੇੜੇ ਦਿਖੇ, ਤਾਂ ਖਾੜੀ ਦੇ ਰਾਜ ਹੋਰ ਵੱਧ ਵਾਸ਼ਿੰਗਟਨ ਵੱਲ ਖਿਸਕ ਸਕਦੇ ਹਨ। ਉਧਰ ਰੂਸ ਪਹਿਲਾਂ ਹੀ ਯੂਕਰੇਨ ਵਿੱਚ ਫਸਿਆ ਹੈ, ਇਸ ਲਈ ਵਧੇਰੇ ਫੈਲਾਅ ਉਸ ਲਈ ਮਹਿੰਗਾ ਪੈ ਸਕਦਾ ਹੈ।

ਇਹ ਦੋਵੇਂ ਦੇਸ਼ ਜਾਣਦੇ ਹਨ ਕਿ ਖੁੱਲ੍ਹੀ ਜੰਗ ਨਾਲ ਤੇਲ ਦੇ ਰਸਤੇ ਹਿੱਲ ਸਕਦੇ ਹਨ, ਕੀਮਤਾਂ ਚੜ੍ਹ ਸਕਦੀਆਂ ਹਨ ਅਤੇ ਉਹਨਾਂ ਦੀ ਆਪਣੀ ਅਰਥ ਵਿਵਸਥਾ ਨੂੰ ਝਟਕਾ ਲੱਗ ਸਕਦਾ ਹੈ। ਚੀਨ ਨੂੰ ਖਾੜੀ ਦੀ ਜਹਾਜ਼ਰਾਨੀ ਸਥਿਰ ਚਾਹੀਦੀ ਹੈ। ਰੂਸ ਕੋਲ ਵੀ ਇਕੱਠੇ ਕਈ ਮੋਰਚੇ ਖੋਲ੍ਹਣ ਦੀ ਸਮਰੱਥਾ ਨਹੀਂ।ਇਸ ਕਰਕੇ ਉਹਨਾਂ ਦੀ ਮਦਦ ਸਾਵਧਾਨ ਰਹਿੰਦੀ ਹੈ। ਇਹ ਸਹਾਰਾ ਇਰਾਨ ਨੂੰ ਤੈਰਦਾ ਰੱਖਦਾ ਹੈ, ਪਰ ਉਸ ਨੂੰ ਐਸੀ ਛਾਲ ਮਾਰਨ ਦਾ ਮੌਕਾ ਨਹੀਂ ਦਿੰਦਾ, ਜੋ ਸਭ ਨੂੰ ਸਿੱਧੀ ਟੱਕਰ ਵਿੱਚ ਲਿਆਵੇ।ਜਦ ਕਿ ਵਾਸ਼ਿੰਗਟਨ ਜੇ ਸਿਰਫ਼ ਈਰਾਨ ਨੂੰ ਹੀ ਨਿਸ਼ਾਨਾ ਬਣਾਵੇ, ਤਾਂ ਵੱਡੀ ਤਸਵੀਰ ਹੱਥੋਂ ਨਿਕਲ ਸਕਦੀ ਹੈ। ਚੀਨ ਦੀ ਆਰਥਿਕ ਲਾਈਫ ਲਾਈਨ ਅਤੇ ਰੂਸ ਦੀ ਫੌਜੀ ਭਾਗੀਦਾਰੀ ਮਿਲ ਕੇ ਈਰਾਨੀ ਅਣਗਹਿਲੀਆਂ ਨੂੰ ਟਿਕਾਊ ਬਣਾਉਂਦੀਆਂ ਹਨ। ਅਸਲ ਚੁਣੌਤੀ ਇਹੀ ਬਣਤਰ ਹੈ।

ਇਸ ਲਈ ਅਮਰੀਕਾ ਲਈ ਸਿਰਫ਼ ਰੋਕਥਾਮ ਕਾਫ਼ੀ ਨਹੀਂ ਹੋਵੇਗੀ, ਉਸ ਨੂੰ ਉਹ ਜਾਲ ਵੀ ਕਮਜ਼ੋਰ ਕਰਨੇ ਪੈਣਗੇ, ਜੋ ਇਰਾਨ ਨੂੰ ਪੈਸਾ, ਤਕਨਾਲੋਜੀ, ਰਾਜਨੀਤਕ ਢਾਲ ਅਤੇ ਫੌਜੀ ਸਹਾਰਾ ਦਿੰਦੇ ਹਨ, ਨਹੀਂ ਤਾਂ ਉਹ ਲੱਛਣਾਂ ਨਾਲ ਲੜੇਗਾ, ਬਿਮਾਰੀ ਨਾਲ ਨਹੀਂ।

ਅੰਤ ਵਿੱਚ ਗੱਲ ਬਿਲਕੁਲ ਸਾਫ਼ ਹੈ। ਚੀਨ ਅਤੇ ਰੂਸ ਇਰਾਨ ਦਾ ਸਾਥ ਇਸ ਲਈ ਦਿੰਦੇ ਹਨ ਕਿ ਇਸ ਨਾਲ ਉਹ ਅਮਰੀਕੀ ਤਾਕਤ ਨੂੰ ਚੁਣੌਤੀ ਦੇ ਸਕਣ, ਆਪਣੇ ਹਿੱਤ ਬਚਾ ਸਕਣ ਅਤੇ ਬਹੁ-ਕੇਂਦਰੀ ਵਿਸ਼ਵਕ੍ਰਮ ਨੂੰ ਧੱਕਾ ਦੇ ਸਕਣ। ਉਹਨਾਂ ਦੀ ਮਦਦ ਸੋਚੀ-ਸਮਝੀ, ਸੀਮਿਤ, ਪਰ ਪ੍ਰਭਾਵਸ਼ਾਲੀ ਰਹਿੰਦੀ ਹੈ। ਇਸੇ ਕਰਕੇ ਮੱਧ ਪੂਰਬ ਦੀ ਅੱਜ ਦੀ ਟੱਕਰ ਸਿਰਫ਼ ਖੇਤਰੀ ਸੰਘਰਸ਼ ਨਹੀਂ ਰਹੀ, ਇਹ ਕੱਲ੍ਹ ਦੇ ਵਿਸ਼ਵਕ੍ਰਮ ਦੀ ਕਸੌਟੀ ਬਣ ਚੁੱਕੀ ਹੈ। ਜੋ ਕਿਸ ਤਰ੍ਹਾਂ ਦੀ ਕਰਵਟ ਲਏਗੀ, ਇਹ ਤਾਂ ਸਮਾਂ ਹੀ ਦੱਸ ਸਕਦਾ ਹੈ ਜਾਂ ਹਉਮੈਂ ਦਾ ਭਰਿਆ ਅਮਰੀਕੀ ਲੰਬੜਦਾਰ।

# ਪੁਲਸ ਨੇ 24 ਘੰਟਿਆਂ 'ਚ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਈ, ਮੁਲਜ਼ਮ ਕਾਬੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀ ਬਚਨ ਸਿੰਘ ਡੀ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਇੰਸਪੈਕਟਰ ਰਾਜਵੀਰ ਸਿੰਘ, ਮੁੱਖ ਅਫਸਰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਤੇ ਪੁਲਸ ਪਾਰਟੀ ਵੱਲੋਂ ਇੱਕ ਅੰਨ੍ਹੇ ਕਤਲ ਦੀ ਗੁੱਥੀ ਨੂੰ 24 ਘੰਟਿਆਂ ਵਿੱਚ ਸੁਲਝਾਉਣ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ।ਪੁਲਸ ਨੂੰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਟੈਲੀਫੋਨ ਸੂਚਨਾ ਪ੍ਰਾਪਤ ਹੋਈ ਕਿ ਪਿੰਡ ਥਾਂਦੇਵਾਲਾ ਦੇ ਨਜ਼ਦੀਕ ਰਾਜਸਥਾਨ ਫੀਡਰ ਨਹਿਰ ਵਿੱਚ ਇੱਕ ਅਣਪਛਾਤੀ ਔਰਤ ਦੀ ਲਾਸ਼ ਪਈ ਹੈ।ਇਸ ਉਪਰੰਤ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲਿਆ ਗਿਆ ਤੇ ਸ਼ਨਾਖਤ ਦੀ ਕਾਰਵਾਈ ਕੀਤੀ ਗਈ।ਜਾਂਚ ਦੌਰਾਨ ਮ੍ਰਿਤਕ ਔਰਤ ਦੀ ਪਛਾਣ ਜਸਪ੍ਰੀਤ ਕੌਰ ਪਤਨੀ ਕੁਲਬੀਰ ਸਿੰਘ, ਵਾਸੀ ਵਾਰਡ ਨੰਬਰ 07 ਪਿੰਡ ਥਾਂਦੇਵਾਲਾ, ਹਾਲ ਗਲੀ ਨੰਬਰ 12 ਚੱਕ ਰਾਮ ਨਗਰ ਬਸਤੀ, ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ ਵਜੋਂ ਹੋਈ।ਇਸ ਮਾਮਲੇ ਸੰਬੰਧੀ ਪੁਲਸ ਵੱਲੋਂ ਤੁਰੰਤ ਤਫਤੀਸ਼ ਸ਼ੁਰੂ ਕੀਤੀ ਗਈ।ਤਫਤੀਸ਼ ਦੌਰਾਨ ਸਾਹਮਣੇ ਆਇਆ ਕਿ ਜਸਪ੍ਰੀਤ ਕੌਰ ਦਾ ਪਹਿਲਾਂ ਵਿਆਹ ਕਿਸੇ ਹੋਰ ਵਿਅਕਤੀ ਨਾਲ ਹੋਇਆ ਸੀ ਤੇ ਤਲਾਕ ਤੋਂ ਬਾਅਦ ਮਾਨਯੋਗ ਅਦਾਲਤ ਦੇ ਆਦੇਸ਼ ਅਨੁਸਾਰ ਉਹ ਕੁਲਬੀਰ ਸਿੰਘ ਨਾਲ ਲਿਵ-ਇਨ ਰਿਸ਼ਤੇ ਵਿੱਚ ਰਹਿ ਰਹੀ ਸੀ।ਗਹਿਰਾਈ ਨਾਲ ਕੀਤੀ ਤਫਤੀਸ਼ ਦੌਰਾਨ ਸਾਹਮਣੇ ਆਇਆ ਕਿ ਮ੍ਰਿਤਕ ਦੇ ਪਤੀ ਕੁਲਬੀਰ ਸਿੰਘ ਪੁੱਤਰ ਮਿੱਠੂ ਸਿੰਘ ਵਾਸੀ ਪਿੰਡ ਥਾਂਦੇਵਾਲਾ ਵੱਲੋਂ ਹੀ ਆਪਣੀ ਪਤਨੀ ਦਾ ਕਤਲ ਕਰਕੇ ਲਾਸ਼ ਨੂੰ ਨਹਿਰ ਵਿੱਚ ਸੁੱਟਿਆ ਗਿਆ ਸੀ।ਇਸ ਸੰਬੰਧੀ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿੱਚ ਮੁਕੱਦਮਾ ਅਧੀਨ ਧਾਰਾਵਾਂ ਬੀ ਐੱਨ ਐੱਸ ਤਹਿਤ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਪ੍ਰਾਰੰਭਿਕ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਦੋਸ਼ੀ ਕੁਲਬੀਰ ਸਿੰਘ ਮ੍ਰਿਤਕ ਜਸਪ੍ਰੀਤ ਕੌਰ ਦੇ ਘਰ ਨੂੰ ਆਪਣੇ ਨਾਮ ਕਰਵਾਉਣਾ ਚਾਹੁੰਦਾ ਸੀ ਅਤੇ ਇਸ ਗੱਲ ਨੂੰ ਲੈ ਕੇ ਦੋਹਾਂ ਵਿੱਚ ਰੰਜਿਸ਼ ਚੱਲ ਰਹੀ ਸੀ।ਮ੍ਰਿਤਕ ਦੇ ਘਰ ਉਸ ਦੇ ਨਾਮ ਪਰ ਕਰਵਾਉਣ ਤੋਂ ਇਨਕਾਰ ਕਰਨ 'ਤੇ ਦੋਸ਼ੀ ਨੇ ਗੁੱਸੇ ਵਿੱਚ ਆ ਕੇ ਇਹ ਘਿਨੌਣਾ ਅਪਰਾਧ ਨੂੰ ਅੰਜਾਮ ਦਿੱਤਾ।ਗ੍ਰਿਫਤਾਰ ਕੀਤੇ ਦੋਸ਼ੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਮਾਮਲੇ ਵਿੱਚ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।ਜ਼ਿਲ੍ਹਾ ਪੁਲਸ ਮੁਖੀ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਅਪਰਾਧਾਂ 'ਤੇ ਅੰਕੁਸ਼ ਲਾਇਆ ਜਾ ਸਕੇ।

# ਰਸੋਈ ਗੈਸ ਨੂੰ ਤਰਸ ਰਹੇ ਮਜ਼ਦੂਰਾਂ ਨੇ ਕੀਤਾ ਕੇਂਦਰ ਸਰਕਾਰ ਦਾ ਸਿਆਪਾ

**ਤਲਵੰਡੀ ਸਾਬੋ/ਕੋਟਸ਼ਮੀਰ (ਜਗਦੀਪ ਗਿੱਲ)** ਪਿੰਡ ਕੋਟਸ਼ਮੀਰ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਪੇਂਡੂ ਮਜ਼ਦੂਰਾਂ ਨੇ ਕੇਂਦਰ ਸਰਕਾਰ ਤੇ ਪ੍ਰਧਾਨ ਮੰਤਰੀ ਦਾ ਪੁਤਲਾ ਸਾੜ ਕੇ ਨਰੇਗਾ ਕਾਨੂੰਨ ਨੂੰ ਕਮਜ਼ੋਰ ਕਰਨ ਤੇ ਰਸੋਈ ਗੈਸ ਸਿਲੰਡਰਾਂ ਦੀ ਹੋ ਰਹੀ ਬਲੈਕ ਤੇ ਕਿੱਲਤ ਵਿਰੁੱਧ ਰੋਸ ਪ੍ਰਗਟ ਕੀਤਾ।ਉਨ੍ਹਾਂ ਸਿਰਾਂ ਉੱਤੇ ਖਾਲੀ ਸਿਲੰਡਰ ਚੁੱਕੇ ਹੋਏ ਸਨ ਤੇ ਮੁੱਖ ਸੜਕ ਉੱਤੇ ਪੁਤਲੇ ਨੂੰ ਅੱਗ ਲਾ ਕੇ ਕੇਂਦਰ ਸਰਕਾਰ ਦਾ ਸਿਆਪਾ ਕੀਤਾ।ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਠਾਕੁਰ ਸਿੰਘ ਤੇ ਸਥਾਨਕ ਆਗੂਆਂ ਗੁਰਦੀਪ ਸਿੰਘ, ਅੰਗਰੇਜ਼ ਸਿੰਘ, ਗੁਰਜੰਟ ਸਿੰਘ, ਕਾਕਾ ਸਿੰਘ, ਮਨਜੀਤ ਸਿੰਘ, ਜਗਰੂਪ ਸਿੰਘ ਰੂਪਾ, ਗੋਥਾ ਸਿੰਘ, ਵੀਰ ਪਾਲ ਕੌਰ, ਪਰਮਜੀਤ ਕੌਰ, ਗੁਰਮੀਤ ਕੌਰ ਤੇ ਸਚਿਆਰ ਕੌਰ ਨੇ ਇਸ ਰੋਸ ਮੁਜ਼ਾਹਰੇ ਦੀ ਅਗਵਾਈ ਕੀਤੀ।ਉਨ੍ਹਾਂ ਦੋਸ਼ ਲਾਇਆ ਕਿ ਗੈਸ ਸਿਲੰਡਰਾਂ ਦੀ ਕੋਈ ਘਾਟ ਨਾ ਹੋਣ ਦੇ ਬਾਵਜੂਦ ਜੰਗ ਦਾ ਬਹਾਨਾ ਲਾ ਕੇ ਗੈਸ ਦੀ ਬਲੈਕ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਗੈਸ ਸਿਲੰਡਰ 2200 ਰੁਪਏ ਤੋਂ ਲੈ ਕੇ 3000 ਰੁਪਏ ਤੱਕ ਵੇਚੇ ਜਾ ਰਹੇ ਹਨ।ਸਰਕਾਰ ਇਨ੍ਹਾਂ ਲੁਟੇਰੀਆਂ ਕੰਪਨੀਆਂ ਨਾਲ ਮਿਲੀ ਹੋਈ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਬਲੈਕ ਬੰਦ ਨਾ ਹੋਈ ਤਾਂ ਗੈਸ ਏਜੰਸੀਆਂ ਦੇ ਘੇਰਾਓ ਕੀਤੇ ਜਾਣਗੇ।ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਸੀਨੀਅਰ ਕਮਿਊਨਿਸਟ ਆਗੂ ਜਗਜੀਤ ਸਿੰਘ ਜੋਗਾ ਨੇ 2005 ਵਾਲਾ ਪੁਰਾਣਾ ਨਰੇਗਾ ਕਾਨੂੰਨ ਬਹਾਲ ਕਰਨ, ਨਵਾਂ ਜੀ ਰਾਮ ਜੀ ਐਕਟ ਖਤਮ ਕਰਨ ਤੇ ਪਿੰਡਾਂ ਦੇ ਨਾਲ ਨਾਲ ਛੋਟੇ ਵੱਡੇ ਕਸਬਿਆਂ ਤੇ ਸ਼ਹਿਰਾਂ ਵਿੱਚ ਵੀ ਨਰੇਗਾ ਸਕੀਮ ਅਧੀਨ ਗਰੀਬਾਂ ਨੂੰ ਰੁਜ਼ਗਾਰ ਦੇਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਨਰੇਗਾ ਦੀ ਦਿਹਾੜੀ ਸਰਕਾਰੀ ਖਜ਼ਾਨੇ ਵਿੱਚੋਂ ਮਿਲਦੀ ਹੈ ਤੇ ਸਰਕਾਰ ਦੇ ਕਾਨੂੰਨ ਮੁਤਾਬਕ ਘੱਟੋ ਘੱਟ ਉਜ਼ਰਤ 18000 ਰੁਪਏ ਮਹੀਨਾ ਤੋਂ ਘੱਟ ਨਹੀਂ ਹੋ ਸਕਦੀ, ਇਸ ਲਈ ਨਰੇਗਾ ਮਜ਼ਦੂਰਾਂ ਦੀ ਦਿਹਾੜੀ 700 ਰੁਪਏ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਇੱਕ ਪਾਸੇ ਮੋਦੀ ਸਰਕਾਰ ਕਹਿੰਦੀ ਹੈ ਕਿ ਸਾਲ ਵਿੱਚ ਹਰ ਨਰੇਗਾ ਮਜ਼ਦੂਰ ਨੂੰ 125 ਦਿਨ ਕੰਮ ਦੇਣ ਦੀ ਗਰੰਟੀ ਹੈ, ਪਰ ਦੂਜੇ ਪਾਸੇ ਘੱਟ ਮਿਲੀਆਂ ਦਿਹਾੜੀਆਂ ਦਾ ਕੋਈ ਮੁਆਵਜ਼ਾ ਨਹੀਂ ਦਿੱਤਾ ਜਾਂਦਾ।ਉਨ੍ਹਾਂ ਦੋਸ਼ ਲਾਇਆ ਕਿ 125 ਦੀ ਗਰੰਟੀ ਕੇਵਲ ਨਾਮ ਦੀ ਹੀ ਗਰੰਟੀ ਹੈ।ਸ੍ਰੀ ਜੋਗਾ ਨੇ ਕਿਹਾ ਕਿ ਤਿੰਨ ਕਾਲੇ ਖੇਤੀ ਕਾਨੂੰਨ ਵਾਪਸ ਲੈਣ ਵੇਲੇ ਪ੍ਰਧਾਨ ਮੰਤਰੀ ਮੋਦੀ ਨੇ ਐਲਾਨ ਕੀਤਾ ਸੀ ਕਿ ਕਿਸਾਨਾਂ ਨੂੰ ਸਾਰੀਆਂ ਫਸਲਾਂ ਉੱਤੇ ਐੱਮ ਐੱਸ ਪੀ ਵੀ ਛੇਤੀ ਦਿੱਤੀ ਜਾਵੇਗੀ, ਜੋ ਇੱਕ ਸ਼ਗੂਫਾ ਬਣ ਕੇ ਰਹਿ ਗਿਆ ਹੈ।



# ਸੀ ਪੀ ਆਈ ਜ਼ਿਲ੍ਹਾ ਸੰਗਰੂਰ ਕਾਰਜਕਾਰਨੀ ਦੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸੰਗਰੂਰ ਦੀ ਕਾਰਜਕਾਰਨੀ ਦੀ ਮੀਟਿੰਗ ਸਤੰਤਰ ਭਵਨ ਵਿਖੇ ਡਾਕਟਰ ਮਨਿੰਦਰ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਸਾਥੀ ਸੁਖਦੇਵ ਸ਼ਰਮਾ ਜ਼ਿਲ੍ਹਾ ਸਕੱਤਰ ਤੇ ਨਿਰਮਲ ਸਿੰਘ ਬੱਟੜਿਆਣਾ ਨੇ ਦੱਸਿਆ ਕਿ ਮੀਟਿੰਗ ਨੇ ਪਿਛਲੇ ਤਿੰਨ ਮਹੀਨਿਆਂ ਦੌਰਾਨ ਕੀਤੀਆਂ ਸਰਗਰਮੀਆਂ, ਜਿਨ੍ਹਾਂ ਦੀ ਰਿਪੋਰਟ ਜ਼ਿਲ੍ਹਾ ਸਕੱਤਰ ਨੇ ਪੇਸ਼ ਕੀਤੀ, ਨੂੰ ਉਸਾਰੂ ਬਹਿਸ ਉਪਰੰਤ ਪਾਸ ਕਰ ਦਿੱਤਾ।

ਇਸ ਤੋਂ ਉਪਰੰਤ ਤਹਿਸੀਲ ਪਾਰਟੀਆਂ ਵੱਲੋਂ ਕੀਤੇ ਗਏ ਨਵੀਨੀਕਰਨ 'ਤੇ ਵਿਚਾਰ ਕਰਨ ਤੋਂ ਬਾਅਦ ਪ੍ਰਵਾਨ ਕਰ ਲਿਆ ਗਿਆ। ਉਪਰੰਤ ਉੱਘੇ ਰਾਜਨੀਤੀਵਾਨ ਮੁਜ਼ਾਰਾ ਲਹਿਰ ਦੇ ਆਗੂ ਸੁਤੰਤਰਤਾ ਸੈਨਾਨੀ ਤੇ ਸਾਬਕਾ ਪਾਰਲੀਮੈਂਟ ਸਾਥੀ ਤੇਜਾ ਸਿੰਘ ਸੁਤੰਤਰ ਦੀ ਬਰਸੀ ਮਨਾਉਣ ਦਾ ਫੈਸਲਾ ਕੀਤਾ, ਜੋ ਉਨ੍ਹਾਂ ਦੇ ਸ਼ਹੀਦੀ ਦਿਨ 12 ਅਪ੍ਰੈਲ ਨੂੰ ਮਨਾਈ ਜਾ ਰਹੀ ਹੈ। ਮੀਟਿੰਗ ਨੇ ਇੱਕ ਮਤੇ ਵਿੱਚ ਮੰਗ ਕੀਤੀ ਕਿ ਗਗਨਦੀਪ ਸਿੰਘ ਐੱਮ ਡੀ ਵੇਅਰ ਹਾਊਸ ਦੀ ਮੌਤ ਦੇ ਜ਼ਿੰਮੇਵਾਰ ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਖਿਲਾਫ ਸਖਤ ਕਾਰਵਾਈ ਕਰਦੇ ਹੋਏ ਇਸ ਮਾਮਲੇ ਦੀ ਜਾਂਚ ਸੀਬੀਆਈ ਤੋਂ ਕਰਵਾਈ ਜਾਵੇ, ਨਾਲ ਹੀ ਇੱਕ ਮਤੇ ਰਾਹੀਂ ਬਿਜਲੀ ਸੋਧ ਬਿਲ 2025, ਬੀਜ ਸੋਧ ਬਿਲ 2025 ਤੇ 29 ਕਾਨੂੰਨਾਂ ਨੂੰ ਖਤਮ ਕਰਕੇ ਬਣਾਏ ਚਾਰ ਲੇਬਰ ਲੇਬਰ ਕੋਡ ਤੇ ਮਨਰੇਗਾ ਦੀ ਥਾਂ ਬਣਾਏ ਗਏ ਗ੍ਰਾਮ ਜੀ ਕਾਨੂੰਨ ਨੂੰ ਤੁਰੰਤ ਵਾਪਸ ਲਿਆ ਜਾਏ। ਅੰਤ ਵਿੱਚ ਸਾਥੀ ਮਨਿੰਦਰ ਧਾਲੀਵਾਲ ਨੇ ਧੰਨਵਾਦ ਕਰਦਿਆਂ ਕਿਹਾ ਕਿ ਕੇਂਦਰ ਤੇ ਪੰਜਾਬ ਦੀ ਸਰਕਾਰ ਸਾਮਰਾਜ ਦੇ ਇਸ਼ਾਰਿਆਂ 'ਤੇ ਚੱਲ ਰਹੀ ਹੈ। ਉਨ੍ਹਾਂ ਕਿਰਤੀ ਕਿਸਾਨ, ਮਜ਼ਦੂਰਾਂ ਤੇ ਮੁਲਾਜ਼ਮਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਸਾਨੂੰ ਇਕੱਠਿਆਂ ਹੋ ਕੇ ਇਸ ਸਰਕਾਰ ਦੇ ਹੰਕਾਰ ਨੂੰ ਤੋੜਨਾ ਚਾਹੀਦਾ ਤੇ ਮਜ਼ਦੂਰਾਂ ਦਾ ਰਾਜ ਸਥਾਪਤ ਕਰਨ ਲਈ ਸਿਰ ਤੋੜ ਯਤਨ ਕਰਨੇ ਚਾਹੀਦੇ ਹਨ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਬਲਦੇਵ ਸਿੰਘ ਨਿਹਾਲਗੜ੍ਹ, ਹਰਦੇਵ ਸਿੰਘ ਬਖਸ਼ੀਆਲਾ, ਸਤਵੰਤ ਸਿੰਘ ਖੰਡੇਬਾਦ, ਗੁਰਦਿਆਲ ਨਿਰਮਾਣ, ਬਲਵਿੰਦਰ ਸਿੰਘ ਖੰਡੇਬਾਦ, ਜਗਦੇਵ ਸਿੰਘ, ਲਹਿਲ ਖੁਰਦ, ਜਗਦੇਵ ਸਿੰਘ ਵਾਹੀਆ, ਲੀਲੇ ਖਾਂ, ਇੰਦਰ ਸਿੰਘ, ਸੁਖਚੈਨ ਸਿੰਘ ਫੂਲਦ, ਜੀਵਨ ਸਿੰਘ ਸੰਗਰੂਰ, ਦਰਸ਼ਨ ਸਿੰਘ ਸਜੂਮਾ, ਸੀਤਾਰਾਮ ਸ਼ਰਮਾ, ਬਿਰਜ ਧੀਮਾਨ ਸੁਨਾਮ ਤੇ ਉਚੇਚੇ ਤੌਰ 'ਤੇ ਸੰਪੂਰਨ ਸਿੰਘ ਐਡਵੋਕੇਟ ਸ਼ਾਮਲ ਸਨ। ਜ਼ਿਲ੍ਹਾ ਸਕੱਤਰ ਨੇ ਮੀਟਿੰਗ ਦੇ ਫੈਸਲਿਆਂ ਨੂੰ ਤਨਦੇਹੀ ਨਾਲ ਲਾਗੂ ਕਰਨ ਦੀ ਅਪੀਲ ਕੀਤੀ।

## ਕਾਤਰਾਂ

### ਹਨੂੰਮਾਨ ਜੈਅੰਤੀ ਸਮਾਗਮ ਭਲਕੇ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਬਾਲਾ ਜੀ ਪਰਵਾਰ ਰਾਏਕੋਟ ਵੱਲੋਂ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਹਨੂੰਮਾਨ ਜੈਅੰਤੀ ਬੜੀ ਧੂਮਧਾਮ ਤੇ ਸ਼ਰਧਾ ਨਾਲ ਮਨਾਈ ਜਾਵੇਗੀ।ਇਹ ਫੈਸਲਾ ਸ੍ਰੀ ਬਾਲਾ ਜੀ ਪਰਵਾਰ ਰਾਏਕੋਟ ਦੀ ਹੋਈ ਇੱਕ ਮੀਟਿੰਗ ਵਿੱਚ ਲਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੈਂਬਰ ਵਿਨੋਦ ਜੈਨ (ਪੁਜਾਰੀ ਫੀਡ) ਤੇ ਅਭੀ ਗੋਇਲ ਨੇ ਦੱਸਿਆ ਕਿ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ 2 ਅਪ੍ਰੈਲ ਨੂੰ ਸਥਾਨਕ ਸ੍ਰੀ ਸ਼ਿਵ ਮੰਦਰ ਬਗੀਚੀ ਵਿਖੇ ਸਥਿਤ ਸ੍ਰੀ ਬਾਲਾ ਜੀ ਦਰਬਾਰ 'ਤੇ ਕੀਰਤਨ ਕੀਤਾ ਜਾਵੇਗਾ।ਮੀਟਿੰਗ ਵਿੱਚ ਸ੍ਰੀ ਬਾਲਾ ਜੀ ਪਰਵਾਰ ਦੇ ਹੋਰ ਵੀ ਕਈ ਮੈਂਬਰ ਹਾਜ਼ਰ ਸਨ।

### ਰੋਸ ਮੁਜ਼ਾਹਰਾ 6 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਯੁਕਤ ਕਿਸਾਨ ਮੋਰਚਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਗੁਰਦੁਆਰਾ ਬੀਬੀ ਕਾਨ ਕੌਰ ਵਿਖੇ ਸੰਯੁਕਤ ਕਿਸਾਨ ਮੋਰਚਾ ਜਥੇਬੰਦੀਆਂ ਵੱਲੋਂ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਗੁਰਮੀਤ ਸਿੰਘ ਕਿਸ਼ਨਪੁਰਾ ਬੀਕੇਯੂ ਉਗਰਾਹਾਂ, ਬਲਕਰਨ ਸਿੰਘ ਬੀਕੇਯੂ ਲੱਖੋਵਾਲ, ਗੁਰਮੇਲ ਸਿੰਘ ਕੁੱਲ ਹਿੰਦ ਕਿਸਾਨ ਸਭਾ, ਕੁਲਦੀਪ ਸਿੰਘ ਖੁਖਰਾਣਾ ਕਿਰਤੀ ਕਿਸਾਨ ਯੂਨੀਅਨ, ਕਸ਼ਮੀਰ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਜਗਜੀਤ ਸਿੰਘ, ਸੁਖਦੀਪ ਸਿੰਘ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਐੱਸ ਕੇ ਐੱਮ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹੇ ਦੀਆਂ ਸਮੁੱਚੀਆਂ ਜਥੇਬੰਦੀਆਂ ਵੱਲੋਂ 6 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ ਮੋਗਾ ਦੇ ਗੇਟ ਅੱਗੇ ਧਰਨਾ ਲਾ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

### ਯੂਨਾਈਟਡ ਅਕਾਲੀ ਦਲ ਦੀ ਮਹੀਨਾਵਾਰ ਮੀਟਿੰਗ ਅੱਜ

**ਮੋਗਾ (ਇਕਬਾਲ ਸਿੰਘ ਖਹਿਰਾ)**-ਯੂਨਾਈਟਡ ਅਕਾਲੀ ਦਲ ਜ਼ਿਲ੍ਹਾ ਮੋਗਾ ਦੀ ਵਿਸ਼ੇਸ਼ ਮੀਟਿੰਗ ਪਿੰਡ ਤਲਵੰਡੀ ਭੰਗੇਰੀਆਂ ਵਿਖੇ ਜਥੇਦਾਰ ਕਰੋੜ ਸਿੰਘ ਦੇ ਗ੍ਰਹਿ ਵਿਖੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ 01 ਅਪ੍ਰੈਲ ਨੂੰ ਮਹੀਨਾਵਾਰ ਮੀਟਿੰਗ ਗੁਰਦੁਆਰਾ ਬੀਬੀ ਕਾਹਨ ਕੌਰ ਜੀ ਵਿਖੇ ਕੀਤੀ ਜਾਵੇਗੀ, ਜਿਸ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਲਈ ਜ਼ਿਲ੍ਹਾ ਪੱਧਰੀ ਪ੍ਰੋਗਰਾਮਾਂ ਬਾਰੇ ਅਹਿਮ ਫੈਸਲਾ ਲਿਆ ਜਾਵੇਗਾ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਜਥੇਦਾਰ ਕਰੋੜ ਸਿੰਘ ਤਲਵੰਡੀ ਭਗੇਰੀਆਂ, ਭਾਈ ਗੁਰਲਾਭ ਸਿੰਘ ਧਰਮਕੋਟ, ਭਾਈ ਜਗਸੀਰ ਸਿੰਘ ਡਾਲਾ, ਭਾਈ ਬਲਜੀਤ ਸਿੰਘ ਅਕਾਲੀਆਂ ਵਾਲਾ, ਜਥੇਦਾਰ ਪਰਮਜੀਤ ਸਿੰਘ ਧੱਲੇਕੇ, ਜਥੇਦਾਰ ਅਜੀਤ ਸਿੰਘ ਸਰਪੰਚ ਕੋਰੇਵਾਲਾ, ਭਾਈ ਮੱਖਣ ਸਿੰਘ ਤਲਵੰਡੀ, ਜਥੇਦਾਰ ਗੁਰਬਚਨ ਸਿੰਘ ਤਲਵੰਡੀ, ਪ੍ਰੈਸ ਸੈਕਟਰੀ ਭਾਈ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

### ਸਾਲਾਨਾ ਕਨਵੋਕੇਸ਼ਨ ਤੇ ਇਨਾਮ ਵੰਡ ਸਮਾਰੋਹ 06 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**-ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ ਵਿਖੇ ਕਾਲਜ ਦੇ 2024-25 ਬੈਚ ਦੇ ਗ੍ਰੈਜੂਏਟ ਤੇ ਪੋਸਟ ਗ੍ਰੈਜੂਏਟ ਪਾਸ ਆਊਟ ਵਿਦਿਆਰਥੀਆਂ ਲਈ ਸਾਲਾਨਾ ਕਨਵੋਕੇਸ਼ਨ ਤੇ ਇਨਾਮ ਵੰਡ ਸਮਾਰੋਹ 06 ਅਪ੍ਰੈਲ 2026 ਨੂੰ ਸਵੇਰੇ 08:30 ਵਜੇ ਕਾਲਜ ਦੇ ਆਡੀਟੋਰੀਅਮ ਵਿੱਚ ਕਰਵਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਜਯੋਤਸ਼ਨਾ ਨੇ ਦੱਸਿਆ ਕਿ ਇਸ ਸਮਾਗਮ ਸਬੰਧੀ ਰਿਹਰਸਲ 4 ਅਪ੍ਰੈਲ ਨੂੰ ਸਵੇਰੇ 09 ਵਜੇ ਹੋਵੇਗੀ। ਉਨ੍ਹਾਂ ਦੱਸਿਆ ਕਿ ਕਨਵੋਕੇਸ਼ਨ ਵਾਲੇ ਦਿਨ ਰਿਹਰਸਲ ਵਿੱਚ ਸ਼ਾਮਲ ਹੋਣ ਵਾਲੇ ਵਿਦਿਆਰਥੀਆਂ ਨੂੰ ਹੀ ਡਿਗਰੀਆਂ ਦਿੱਤੀਆਂ ਜਾਣਗੀਆਂ।

# ਘੋੜੇ ਟਰਾਲੇ ਤੇ ਕਾਰ ਦੀ ਟੱਕਰ 'ਚ ਇੱਕ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ-ਫਾਜ਼ਿਲਕਾ 'ਤੇ ਖਾਈ ਵਾਲੀਆਂ ਨਹਿਰਾਂ ਦੇ ਨਜ਼ਦੀਕ ਇਕ ਘੋੜੇ ਟਰਾਲੇ ਤੇ ਕਾਰ ਦੀ ਭਿਆਨਕ ਟੱਕਰ 'ਚ ਕਾਰ ਸਵਾਰ ਦੀ ਮੌਤ ਹੋਣ ਦੇ ਮਾਮਲੇ 'ਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਘੋੜੇ ਟਰਾਲੇ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੁਰਪ੍ਰੀਤ ਸਿੰਘ ਪੁੱਤਰ ਰਾਮ ਸਿੰਘ ਵਾਸੀ ਪੰਜੇ ਕੇ ਉਤਾੜ ਨੇ ਦੱਸਿਆ ਕਿ ਉਸ ਦਾ ਜੀਜਾ ਬਲਵੀਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਕੋਟ ਈਸੇ ਖਾਂ ਰੋਡ ਜ਼ਿਲ੍ਹਾ ਮੋਗਾ ਸਮੇਤ ਆਪਣੀ ਪਤਨੀ ਤੇ ਬੱਚਿਆਂ ਦੇ 28 ਮਾਰਚ 2026 ਨੂੰ ਉਨ੍ਹਾਂ ਦੇ ਘਰ ਮਿਲਣ ਵਾਸਤੇ ਆਇਆ ਸੀ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ 29 ਮਾਰਚ 2026 ਨੂੰ ਜਦ ਉਹ ਆਪਣੇ ਘਰ ਵਾਪਸ ਜਾਣ ਲਈ ਆਪਣੀ ਕਾਰ ਨੰਬਰ ਐੱਚ ਆਰ 51 ਬੀ ਡੀ 5008 ਆਈ-10 'ਤੇ ਸਵਾਰ ਹੋ ਕੇ ਵਾਪਸ ਘਰ ਨੂੰ ਜਾ ਰਿਹਾ ਸੀ ਤੇ ਉਹ ਆਪਣੀ ਕਾਰ ਦੇ ਪਿੱਛੇ ਆ ਰਿਹਾ ਸੀ। ਜਦ ਉਹ ਖਾਈ ਵਾਲੀਆਂ ਨਹਿਰਾਂ ਟੱਪ ਕੇ ਡੇਰਾ ਰਾਧਾ ਸਵਾਮੀ ਪਾਸ ਪੁੱਜੇ ਤਾਂ ਸਾਹਮਣੇ ਤੋਂ ਇਕ ਘੋੜਾ ਟਰਾਲਾ ਨੰਬਰ ਆਰਜੇ 36 ਜੀਏ 9154 ਨੂੰ ਡਰਾਈਵਰ ਨੇ ਬੜੀ ਤੇਜ਼ ਰਫਤਾਰ ਤੇ ਲਾਪ੍ਰਵਾਹੀ ਤੇ ਬਿਨਾਂ ਹਾਰਨ ਵਜਾਏ ਉਸ ਦੇ ਜੀਜੇ ਬਲਵੀਰ ਸਿੰਘ ਦੀ ਕਾਰ ਵਿੱਚ ਟਰਾਲਾ ਲਿਆ ਕੇ ਮਾਰਿਆ ਤੇ ਟਰਾਲੇ ਦਾ ਡਰਾਈਵਰ ਮੌਕੇ ਤੋਂ ਭੱਜ ਗਿਆ, ਜਿਸ ਨਾਲ ਉਸ ਦੇ ਜੀਜੇ ਬਲਵੀਰ ਸਿੰਘ ਦੇ ਸੱਟਾਂ ਲੱਗਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਘੋੜਾ ਟਰਾਲੇ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਮੋਦੀ ਸਰਕਾਰ ਪੈਟਰੋਲੀਅਮ ਪਦਾਰਥਾਂ ਨੂੰ ਜੀ ਐੱਸ ਟੀ ਦੇ ਦਾਇਰੇ 'ਚ ਸ਼ਾਮਲ ਕਰੇ : ਚੌਹਾਨ/ਉੱਡਤ

**ਅਮਰੀਕਾ ਈਰਾਨ ਯੁੱਧ ਦੌਰਾਨ ਭਾਰਤੀ ਅਵਾਮ ਨੂੰ ਰਾਹਤ ਦੇਣ ਦਾ ਢੁੱਕਵਾਂ ਸਮਾਂ**



**ਮਾਨਸਾ (ਆਤਮਾ ਸਿੰਘ ਪਮਾਰ)**-ਅਮਰੀਕਾ ਈਰਾਨ ਯੁੱਧ ਦੌਰਾਨ ਬਣੇ ਭਿਆਨਕ ਹਾਲਾਤ ਦੌਰਾਨ ਭਾਰਤੀ ਅਵਾਮ ਨੂੰ ਮਹਿੰਗਾਈ ਦੀ ਮਾਰ ਤੋਂ ਬਚਾਉਣ ਤੇ ਦੇਸ਼ ਦੀ ਆਰਥਿਕਤਾ ਨੂੰ ਸਥਿਰ ਤੇ ਬਰਕਰਾਰ ਰੱਖਣ ਲਈ ਪੈਟਰੋਲੀਅਮ ਪਦਾਰਥਾਂ ਨੂੰ ਮੋਦੀ ਸਰਕਾਰ ਫੌਰੀ ਤੌਰ 'ਤੇ ਜੀਐੱਸਟੀ ਦੇ ਦਾਇਰੇ 'ਚ ਸ਼ਾਮਲ ਕਰੇ।ਇੱਕ ਪ੍ਰੈੱਸ ਬਿਆਨ ਰਾਹੀਂ ਇਹ ਮੰਗ ਕਰਦਿਆਂ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਚੌਹਾਨ ਤੇ ਸੂਬਾ ਕੌਂਸਲ ਮੈਂਬਰ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਜਦੋਂ ਮੋਦੀ ਹਕੂਮਤ ਦੇਸ਼ 'ਚ ਜੀਐੱਸਟੀ ਬਿੱਲ ਲੈ ਕੇ ਆਈ ਤੰ ਦੀਵਾਲੀ ਦੀ ਰਾਤ ਵਾਂਗ ਪਾਰਲੀਮੈਂਟ ਨੂੰ ਰੁਸ਼ਨਾਇਆ ਗਿਆ ਤੇ ਪੂਰੇ ਦੇਸ਼ 'ਚ ਸੰਘੀ ਲਾਣੇ ਵੱਲੋਂ ਜਸ਼ਨ ਮਨਾਏ ਗਏ।ਨਾਅਰਾ ਇਹ ਦਿੱਤਾ ਸੀ ਕਿ ਇੱਕ ਦੇਸ਼ ਤੇ ਇੱਕ ਟੈਕਸ, ਪ੍ਰੰਤੂ ਪੈਟਰੋਲੀਅਮ ਪਦਾਰਥਾਂ ਨੂੰ ਜੀਐੱਸਟੀ 'ਚੋਂ ਜਾਣ-ਬੁੱਝ ਕੇ ਬਾਹਰ ਰੱਖਿਆ ਗਿਆ, ਜਿੱਥੋਂ ਕੁੱਝ ਰਾਹਤ ਦੇਸ਼ ਦੇ ਅਵਾਮ ਨੂੰ ਮਿੱਲਦੀ, ਕਿਉਂਕਿ ਜੇਕਰ ਪੈਟਰੋਲੀਅਮ ਪਦਾਰਥਾਂ ਨੂੰ ਜੀਐੱਸਟੀ ਦੇ ਦਾਇਰੇ 'ਚ ਸ਼ਾਮਲ ਕੀਤਾ ਜਾਂਦਾ ਹੈ ਤਾਂ ਵੱਧ ਤੋਂ ਵੱਧ 28 ਪ੍ਰਤੀਸ਼ਤ ਟੈਕਸ ਪੈਟਰੋਲੀਅਮ ਪਦਾਰਥਾਂ 'ਤੇ ਲੱਗਣਾ ਸੀ, ਜੋ ਹੁਣ ਲਗਾਏ ਜਾ ਰਹੇ ਟੈਕਸ ਤੋਂ ਕਿਤੇ ਘੱਟ ਹੋਣਾ ਸੀ।ਆਗੂਆਂ ਨੇ ਕਿਹਾ ਕਿ ਜਦੋਂ ਇਸ ਸਬੰਧੀ ਦੇਸ਼ ਦੇ ਅਵਾਮ ਨੇ ਅਵਾਜ਼ ਉਠਾਈ ਤਾਂ ਸੰਘੀ ਲਾਣੇ ਨੇ ਕਿਹਾ ਕਿ ਬਾਅਦ 'ਚ ਪੈਟਰੋਲੀਅਮ ਪਦਾਰਥਾਂ ਨੂੰ ਜੀਐੱਸਟੀ ਦੇ ਦਾਇਰੇ 'ਚ ਸ਼ਾਮਲ ਕਰ ਲਿਆ ਜਾਵੇਗਾ, ਪ੍ਰੰਤੂ ਅਜਿਹਾ ਸੰਭਵ ਨਹੀਂ ਹੋ ਸਕਿਆ।ਕਮਿਊਨਿਸਟ ਆਗੂਆਂ ਨੇ ਕਿਹਾ ਕਿ ਹੁਣ ਜਦੋਂ ਅਮਰੀਕੀ ਸਾਮਰਾਜ 'ਚ ਈਰਾਨ ਉੱਤੇ ਹਮਲਾ ਕਰ ਦਿੱਤਾ ਤੇ ਇਹ ਯੁੱਧ ਨੇ ਪੂਰੀ ਦੁਨੀਆ ਦੇ ਲੋਕਾਂ ਨੂੰ ਮਹਿੰਗਾਈ ਦੀ ਭੱਠੀ ਵਿੱਚ ਝੋਕ ਦਿੱਤਾ ਤੇ ਭਾਰਤ 'ਚ ਹਾਲਾਤ ਭਿਆਨਕ ਬਣੇ ਹੋਏ ਹਨ ਤੇ ਮਹਿੰਗਾਈ ਨੇ ਦਿਨ ਪ੍ਰਤੀ ਦਿਨ ਹੋਰ ਵਧਣਾ ਹੈ ਤਾਂ ਮੋਦੀ ਹਕੂਮਤ ਨੂੰ ਫੌਰੀ ਤੌਰ 'ਤੇ ਪੈਟਰੋਲੀਅਮ ਪਦਾਰਥਾਂ ਨੂੰ ਜੀਐੱਸਟੀ ਦੇ ਦਾਇਰੇ 'ਚ ਲਿਆ ਕੇ ਆਮ ਲੋਕਾਂ ਨੂੰ ਰਾਹਤ ਦੇਣੀ ਚਾਹੀਦੀ ਹੈ ਤਾਂ ਜੋ ਦੇਸ਼ ਦੀ ਆਰਥਿਕਤਾ ਨੂੰ ਵੀ ਕੁੱਝ ਹੱਦ ਤੱਕ ਸਥਿਰ ਰੱਖਿਆ ਜਾ ਸਕੇ।

# ਸਾਬਕਾ ਮੰਤਰੀ ਲਾਲ ਸਿੰਘ ਦੀਆਂ ਅਸਥੀਆਂ ਜਲ ਪ੍ਰਵਾਹ, ਭੋਗ ਤੇ ਅੰਤਿਮ ਅਰਦਾਸ 10 ਨੂੰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੀਨੀਅਰ ਸਾਬਕਾ ਕੈਬਨਿਟ ਮੰਤਰੀ ਲਾਲ ਸਿੰਘ, ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ, ਦੀਆਂ ਅਸਥੀਆਂ ਪਰਵਾਰ ਵੱਲੋਂ ਹਰਦੁਆਰ ਵਿਖੇ ਗੰਗਾ 'ਚ ਜਲ ਪ੍ਰਵਾਹ ਕਰ ਦਿੱਤੀਆਂ ਗਈਆਂ। ਅੱਜ ਬੀਰ ਜੀ ਸ਼ਮਸ਼ਾਨ ਘਾਟ ਪਟਿਆਲ਼ਾ ਵਿਖੇ ਉਨ੍ਹਾਂ ਦੇ ਸਪੁੱਤਰ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਵੱਲੋਂ ਉਨ੍ਹਾਂ ਦਾ ਅੰਗੀਠਾ ਸਾਂਭਿਆ ਗਿਆ। ਇਸ ਮੌਕੇ ਲਾਲ ਸਿੰਘ ਦੇ ਪਰਿਵਾਰਕ ਮੈਂਬਰ, ਸਾਕ ਸੰਬੰਧੀ ਤੇ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਚਾਹੁਣ ਵਾਲੇ ਮੌਜੂਦ ਸਨ। ਉਨ੍ਹਾਂ ਦੇ ਸਪੁੱਤਰ ਰਾਜਿੰਦਰ ਸਿੰਘ ਨੇ ਦੱਸਿਆ ਕਿ ਸ. ਲਾਲ ਸਿੰਘ ਦੀ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਮੋਤੀ ਬਾਗ ਵਿਖੇ 10 ਅਪ੍ਰੈਲ ਨੂੰ ਦੁਪਹਿਰ 12 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗੀ, ਜਿੱਥੇ ਵੱਖ ਵੱਖ ਪਾਰਟੀਆਂ ਦੇ ਆਗੂ, ਸਾਕ ਸੰਬੰਧੀ, ਧਾਰਮਿਕ ਸੰਸਥਾਵਾਂ ਦੇ ਮੁੱਖੀ ਤੇ ਵਰਕਰ ਆਪਣੇ ਵਿੱਛੜੇ ਹੋਏ ਨੇਤਾ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਨਗੇ। ਇਸ ਦੌਰਾਨ ਵੱਖ ਵੱਖ ਰਾਜਸੀ ਪਾਰਟੀਆਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਮੁੱਖੀਆਂ ਵੱਲੋਂ ਉਨ੍ਹਾਂ ਦੇ ਸਪੁੱਤਰ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਤੇ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ ਗਿਆ।

# ਬਾਲਾਜੀ ਖਾਟੂ ਸ਼ਿਆਮ ਮੰਦਰ ਵੱਲੋਂ ਵਿਸ਼ਾਲ ਝੰਡਾ ਯਾਤਰਾ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਵਿੱਚ ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਰ ਵੱਲੋਂ ਸ੍ਰੀ ਰਾਮ ਭਗਤ ਹਨੂਮਾਨ ਜੀ ਦੇ ਜਨਮ ਉਤਸਵ ਦੇ ਮੌਕੇ 'ਤੇ ਇੱਕ ਵਿਸ਼ਾਲ ਤੇ ਸ਼ਾਨਦਾਰ ਝੰਡਾ ਯਾਤਰਾ ਪੂਰੀ ਸ਼ਰਧਾ ਤੇ ਧੂਮਧਾਮ ਨਾਲ ਕੱਢੀ ਗਈ।ਇਸ ਯਾਤਰਾ ਵਿੱਚ ਵੱਖ-ਵੱਖ ਸਿਆਸੀ ਤੇ ਸਮਾਜਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਜਾਣਕਾਰੀ ਦਿੰਦਿਆਂ ਸ੍ਰੀ ਬਾਲਾਜੀ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸ੍ਰੀ ਬਾਲਾਜੀ ਦਾ ਆਸ਼ੀਰਵਾਦ ਲਿਆ।ਭਾਜਪਾ ਦੀ ਜ਼ਿਲ੍ਹਾ ਪ੍ਰਧਾਨ ਮੈਡਮ ਦਾਮਨ ਬਾਜਵਾ ਨੇ ਨਾਰੀਅਲ ਦੀ ਰਸਮ ਅਦਾ ਕਰਕੇ ਯਾਤਰਾ ਦਾ ਸ਼ੁਭ ਆਰੰਭ ਕੀਤਾ।ਪੂਜਾ ਤੇ ਜੋਤ ਪ੍ਰਚੰਡ ਕਰਨ ਦੀ ਰਸਮ ਸ੍ਰੀ ਘਨਸ਼ਿਆਮ ਕਾਂਸਲ ਤੇ ਮੈਡਮ ਗੀਤਾ ਸ਼ਰਮਾ ਵੱਲੋਂ ਨਿਭਾਈ ਗਈ। ਸ਼ਰਧਾਲੂਆਂ ਵੱਲੋਂ ਸ੍ਰੀ ਬਾਲਾਜੀ ਮਹਾਰਾਜ ਦੇ ਮੁੱਖ ਝੰਡੇ ਸਹਿਤ ਲਗਭਗ 2121 ਪਵਿੱਤਰ ਝੰਡੇ ਚੁੱਕੇ ਗਏ।ਯਾਤਰਾ ਸ੍ਰੀ ਨੈਨਾ ਦੇਵੀ ਮੰਦਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਤੇ ਬਸਤੀਆਂ ਵਿੱਚੋਂ ਹੁੰਦੀ ਹੋਈ ਸ੍ਰੀ ਬਾਲਾਜੀ ਧਾਮ ਵਿਖੇ ਪਹੁੰਚੀ।ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਵਿੱਚ ਲੋਕਾਂ ਤੇ ਸੰਸਥਾਵਾਂ ਨੇ ਫੁੱਲਾਂ ਦੀ ਵਰਖਾ ਕਰਕੇ ਯਾਤਰਾ ਦਾ ਸ਼ਾਨਦਾਰ ਸੁਆਗਤ ਕੀਤਾ।ਸਵਾਮਨੀ ਦਾ ਭੋਗ ਤਰੁਣ ਗੋਇਲ ਤੇ ਉਨ੍ਹਾਂ ਦੇ ਪਰਵਾਰ ਵੱਲੋਂ ਲਗਵਾਇਆ ਗਿਆ।ਜਲ ਤੇ ਕੋਲਡ ਡਰਿੰਕਸ ਦੀ ਸੇਵਾ ਰਜਨੀਸ਼ ਰਾਜੂ ਵੱਲੋਂ ਕੀਤੀ ਗਈ।ਕਚੌਰੀ ਤੇ ਲੱਡੂਆਂ ਦੇ ਪ੍ਰਸਾਦ ਦੀ ਸੇਵਾ ਐੱਮ. ਵੀ. ਡਿਵੈਲਪਰਜ਼ ਵੱਲੋਂ ਲਗਾਈ ਗਈ।ਯਾਤਰਾ ਵਿੱਚ ਜਤਿੰਦਰ ਜੈਨ, ਰਵੀਕਮਲ ਗੋਇਲ, ਸੰਜੇ ਗੋਇਲ, ਮੁਕੇਸ਼ ਜੁਨੇਜਾ, ਮੁਨੀਸ਼ ਸੋਨੀ, ਮੁਨੀਸ਼ ਮੋਨੂ, ਵਿਕਰਮ ਗਰਗ ਵਿੱਕੀ, ਮਨਪ੍ਰੀਤ ਬਾਂਸਲ ਸਹਿਤ ਸ਼ਹਿਰ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ।



# ਮਿਮਿਟ ਵਿਖੇ ਐੱਨ ਐੱਸ ਐੱਸ ਯੂਨਿਟ ਵੱਲੋਂ ਨਸ਼ਿਆਂ ਵਿਰੁੱਧ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਦੁਆਰਾ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ), ਮਲੋਟ ਦੇ ਐੱਨ ਐੱਨ ਐੱਸ ਵਿੰਗ ਵੱਲੋਂ ਸੰਸਥਾ ਵਿਖੇ ਨਸ਼ਾ ਵਿਰੋਧੀ ਸੈਮੀਨਾਰ ਕਰਵਾਇਆ ਗਿਆ।ਇਸ ਪ੍ਰੋਗਰਾਮ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਸੰਸਥਾ ਦੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ, ਡਾ. ਹਰਕੀਰਤ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਸਟੀਕ ਜਾਣਕਾਰੀ ਪਹੁੰਚਾਉਣ ਦੇ ਉਪਰਾਲੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿੰਦਗੀ ਜ਼ਿੰਦਾਬਾਦ, ਨਸ਼ੇ ਨੂੰ ਨਾਂਹ ਤੇ ਜ਼ਿੰਦਗੀ ਨੂੰ ਹਾਂ, ਮੁਹਿੰਮ ਤਹਿਤ ਇਕ ਸੈਮੀਨਾਰ ਸੰਸਥਾ ਵਿਖੇ ਲਗਾਇਆ ਗਿਆ।ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਐੱਨ ਜੀ ਓ ਮੈਂਬਰ ਡਾ. ਇੰਦਰਵੀਰ ਕੌਰ, ਰੁਪਿੰਦਰਜੀਤ ਸਿੰਘ ਤੇ ਨਰਵੀਰ ਸਿੰਘ ਗਿੱਲ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕਰਕੇ ਨਸ਼ੇ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਮੁੱਖ ਬੁਲਾਰੇ ਡਾ. ਇੰਦਰਵੀਰ ਕੌਰ, ਰੁਪਿੰਦਰਜੀਤ ਸਿੰਘ ਤੇ ਨਰਵੀਰ ਸਿੰਘ ਗਿੱਲ ਵੱਲੋਂ ਵਿਦਿਆਰਥੀਆਂ ਨੂੰ ਨਸ਼ਾ ਕਰਨ ਨਾਲ ਹੋਣ ਵਾਲੇ ਜਾਨੀ ਮਾਲੀ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਗਈ ਤੇ ਨਾਲ ਹੀ ਇਨ੍ਹਾਂ ਮਾਹਰਾਂ ਨੇ ਨਸ਼ਾ ਮੁਕਤ ਜੀਵਨ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ।ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਨੇ ਆਏ ਹੋਏ ਬੁਲਾਰਿਆਂ ਨੂੰ ਜੀ ਆਇਆਂ ਕਿਹਾ ਤੇ ਜਾਣਕਾਰੀ ਸਾਂਝੀ ਕੀਤੀ ਕਿ ਮਿਮਿਟ ਡਰੱਗ ਫ੍ਰੀ ਕੈਂਪਸ ਹੈ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਸੰਸਥਾ ਵਿੱਚ ਸਮੇਂ-ਸਮੇਂ ਸਿਰ ਸੱਭਿਆਚਾਰਕ, ਖੇਡਾਂ, ਵੱਖ ਵੱਖ ਕੰਪਨੀਆਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਹਨ। ਪ੍ਰੋਗਰਾਮ ਦੇ ਅਖੀਰ ਵਿੱਚ ਡਾ. ਭੁੱਲਰ ਨੇ ਆਏ ਹੋਏ ਬੁਲਾਰਿਆਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਸੰਸਥਾ ਵੱਲੋਂ ਆਏ ਹੋਏ ਬੁਲਾਰਿਆਂ ਨੂੰ ਸਨਮਾਨਤ ਕੀਤਾ ਗਿਆ।

# ਪੱਤਰਕਾਰ ਪਵਨ ਸ਼ਰਮਾ ਨੂੰ ਸਦਮਾ, ਪਿਤਾ ਦਾ ਦਿਹਾਂਤ

**ਵੱਖ-ਵੱਖ ਆਗੂਆਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ, ਅੰਤਿਮ ਅਰਦਾਸ ਭਲਕੇ**



**ਸੁਨਾਮ ਊਧਮ ਸਿੰਘ ਵਾਲਾ (ਨਵਾਂ ਜ਼ਮਾਨਾ ਸਰਵਿਸ)**-ਲਹਿਰਾਗਾਗਾ ਤੋਂ ਨਵਾਂ ਜ਼ਮਾਨਾ ਦੇ ਸੀਨੀਅਰ ਪੱਤਰਕਾਰ ਤੇ ਪ੍ਰੈੱਸ ਕਲੱਬ ਸੁਨਾਮ ਦੇ ਮੀਤ ਪ੍ਰਧਾਨ ਪਵਨ ਸ਼ਰਮਾ ਨੂੰ ਅੱਜ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਪਿਤਾ ਸ੍ਰੀ ਕ੍ਰਿਸ਼ਨ ਚੰਦ ਸ਼ਰਮਾ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖਦੇ ਹੋਏ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ।ਸਿਹਤ ਵਿਭਾਗ ਵਿੱਚ ਆਪਣੀਆਂ ਸੇਵਾਵਾਂ ਨਿਭਾਉਣ ਵਾਲੇ ਕ੍ਰਿਸ਼ਨ ਚੰਦ ਸ਼ਰਮਾ ਜੀ ਦੇ ਅਚਾਨਕ ਹੋਏ ਦਿਹਾਂਤ 'ਤੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ, ਖਜ਼ਾਨਾ ਮੰਤਰੀ ਪੰਜਾਬ ਸ੍ਰ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਸ੍ਰੀ ਵਰਿੰਦਰ ਗੋਇਲ, ਸਾਬਕਾ ਮੰਤਰੀ ਪ੍ਰਮਿੰਦਰ ਸਿੰਘ ਢੀਂਡਸਾ, ਭਾਜਪਾ ਦੇ ਸੂਬਾ ਮੀਤ ਪ੍ਰਧਾਨ ਸ੍ਰੀ ਅਰਵਿੰਦ ਖੰਨਾ, ਸਾਬਕਾ ਮੈਂਬਰ ਪਾਰਲੀਮੈਂਟ ਸ੍ਰ ਸਿਮਰਨਜੀਤ ਸਿੰਘ ਮਾਨ, ਸਾਬਕਾ ਮੰਤਰੀ ਬਲਦੇਵ ਸਿੰਘ ਮਾਨ, ਭਾਜਪਾ ਆਗੂ ਮੈਡਮ ਦਾਮਨ ਥਿੰਦ ਬਾਜਵਾ, ਹਰਮਨ ਦੇਵ ਸਿੰਘ ਬਾਜਵਾ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਮੰਤਰੀ, ਜਥੇਦਾਰ ਗੁਰਪ੍ਰੀਤ ਸਿੰਘ ਲਖਮੀਰਵਾਲਾ, ਕਾਂਗਰਸੀ ਆਗੂ ਰਜਿੰਦਰ ਦੀਪਾ, ਵਿਨਰਜੀਤ ਸਿੰਘ ਗੋਲਡੀ, ਡਾ. ਅਵਿਨਾਸ਼ ਰਾਣਾ, ਰਾਜਿੰਦਰ ਸਿੰਘ ਰਾਜਾ, ਮੰਡੀ ਬੋਰਡ ਦੇ ਸਾਬਕਾ ਵਾਈਸ ਚੇਅਰਮੈਨ ਰਵਿੰਦਰ ਸਿੰਘ ਚੀਮਾ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਪ੍ਰਿਤਪਾਲ ਸਿੰਘ ਹਾਂਡਾ, ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਭਾਜਪਾ ਆਗੂ ਅਮ੍ਰਿਤ ਪਾਲ ਸਿੰਘ ਚੱਠਾ, ਪੰਜਾਬ ਐਗਰੋ ਫੂਡ ਗ੍ਰੇਨ ਦੀ ਸਾਬਕਾ ਚੇਅਰਮੈਨ ਮੈਡਮ ਗੀਤਾ ਸ਼ਰਮਾ, ਜਗਤਜੀਤ ਇੰਡ. ਚੀਮਾ ਦੇ ਚੇਅਰਮੈਨ ਧਰਮ ਸਿੰਘ ਸਿੰਘ ਸਾਰੋ ਤੇ ਐੱਮ ਡੀ ਜਗਤਜੀਤ ਸਿੰਘ ਸਾਰੋ, ਜਸਵਿੰਦਰ ਸਿੰਘ ਧੀਮਾਨ, ਨਗਰ ਕੌਂਸਲ ਦੇ ਪ੍ਰਧਾਨ ਨਿਸ਼ਾਨ ਸਿੰਘ ਟੋਨੀ, ਪਰਮਜੀਤ ਸਿੰਘ ਧਾਲੀਵਾਲ, ਹਰਬੰਸ ਸਿੰਘ ਧਾਲੀਵਾਲ, ਪ੍ਰੈੱਸ ਕਲੱਬ ਸੁਨਾਮ ਦੇ ਪ੍ਰਧਾਨ ਰੁਪਿੰਦਰ ਸਿੰਘ ਸੱਗੂ, ਮਨਿੰਦਰ ਸਿੰਘ ਧਾਲੀਵਾਲ, ਪ੍ਰਭਸਰਨ ਸਿੰਘ ਬੱਬੂ, ਪ੍ਰਮਿੰਦਰ ਸਿੰਘ ਜਾਰਜ, ਹੈਪੀ ਵਸ਼ਿਸ਼ਟ, ਡਾ. ਪ੍ਰਸ਼ੋਤਮ ਵਸ਼ਿਸ਼ਟ, ਸੁਰਜੀਤ ਸਿੰਘ ਗਹੀਰ, ਗੁਰਿੰਦਰ ਜੀਤ ਸਿੰਘ ਧਾਲੀਵਾਲ, ਲੱਕੀ ਧਾਲੀਵਾਲ, ਮਾਸਟਰ ਗੁਰਸਿਮਰਤ ਸਿੰਘ ਜਖੇਪਲ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਕ੍ਰਿਸ਼ਨ ਚੰਦ ਸ਼ਰਮਾ ਦੀ ਅੰਤਿਮ ਅਰਦਾਸ 2 ਅਪ੍ਰੈਲ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਰਾਮੇਸ਼ਵਰ ਮੰਦਰ ਇੰਦਰਾ ਬਸਤੀ ਸੁਨਾਮ ਵਿਖੇ ਹੋਵੇਗੀ।

# ਤੇਈ ਮਾਰਚ ਦੇ ਸ਼ਹੀਦਾਂ ਦੀ ਯਾਦ 'ਚ ਇਨਕਲਾਬੀ, ਤਰਕਸ਼ੀਲ ਸਮਾਗਮ



**ਜਗਰਾਉਂ (ਨਛੱਤਰ ਸੰਧੂ)**-ਨੇੜਲੇ ਪਿੰਡ ਪੋਨਾ ਦੀ ਯੂਥ ਐਂਡ ਵੈਲਫੇਅਰ ਕਲੱਬ, ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਤੇਈ ਮਾਰਚ ਦੇ ਸ਼ਹੀਦਾਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਯਾਦ 'ਚ ਇਨਕਲਾਬੀ ਯਾਦਗਾਰੀ ਸਮਾਗਮ ਕਰਵਾਇਆ ਗਿਆ।ਇਸ ਸਮੇਂ 29 ਮਾਰਚ 1917 ਨੂੰ ਅੰਗਰੇਜ਼ੀ ਸਰਕਾਰ ਵਲੋਂ ਫਾਂਸੀ ਚਾੜ੍ਹ ਸ਼ਹੀਦ ਕਰ ਦਿੱਤੇ ਗਏ ਗਦਰੀ ਸ਼ਹੀਦ ਹਾਫ਼ਿਜ਼ ਅਬਦੁੱਲਾ ਜਗਰਾਓਂ ਨੂੰ ਵੀ ਯਾਦ ਕੀਤਾ ਗਿਆ। ਕਲੱਬ ਦੇ ਆਗੂ ਪਰਮਿੰਦਰ ਪਾਲ ਸਿੰਘ ਦੀ ਮੰਚ ਸੰਚਾਲਨਾ ਹੇਠ ਸਭ ਤੋਂ ਪਹਿਲਾਂ ਪਿੰਡ ਦੀ ਪੰਚਾਇਤ, ਯੂਥ ਕਲੱਬ ਦੇ ਅਹੁਦੇਦਾਰਾਂ ਨੇ ਸ਼ਹੀਦਾਂ ਦੀਆਂ ਤਸਵੀਰਾਂ ਨੂੰ ਨਾਅਰਿਆਂ ਦੀ ਗੂੰਜ 'ਚ ਫੁੱਲ ਪੱਤੀਆਂ ਭੇਟ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ।ਇਨਕਲਾਬੀ ਕਲਾਕਾਰ ਰਾਮ ਸਿੰਘ ਹਠੂਰ ਨੇ ਸ਼ਹੀਦਾਂ ਨੂੰ ਸਮਰਪਤ ਗੀਤ ਪੇਸ਼ ਕਰਕੇ ਬੀਰਰਸ ਦਾ ਮੁੱਢ ਬੰਨ੍ਹਿਆ। ਲੋਕ ਕਲਾ ਮੰਚ ਮੰਡੀ ਮੁਲਾਂਪੁਰ ਦੇ ਕਲਾਕਾਰਾਂ ਨੇ ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾ ਹੇਠ ਨਸ਼ਿਆਂ ਦੇ ਕੋਹੜ ਖਿਲਾਫ ਪੇਸ਼ ਕੀਤੀ ਕੋਰਿਓਗ੍ਰਾਫੀ 'ਦੁੱਖ ਪੰਜਾਬ ਦਾ' ਨੇ ਵੱਡੇ ਸਮਾਜਿਕ ਸਵਾਲ ਉਭਾਰਨ ਦਾ ਸਫ਼ਲ ਯਤਨ ਕੀਤਾ। ਉੱਘੇ ਰੰਗਕਰਮੀ ਅਤੇ ਫਿਲਮਸਾਜ਼ ਸੁਰਿੰਦਰ ਸ਼ਰਮਾ ਨੇ ਗੰਦੇ ਲੱਚਰ ਸੱਭਿਆਚਾਰ, ਸਮਾਜ ਦੀ ਪਿਛਾਖੜੀ ਸੋਚ, ਯੁੱਧ ਨਸ਼ਿਆਂ ਵਿਰੁੱਧ ਦਾ ਖੋਖਲਾਪਣ ਉਘਾੜਦਿਆਂ ਚੇਤਨਤਾ ਦਾ ਛੱਟਾ ਦਿੱਤਾ।ਇਸ ਟੀਮ ਵਲੋਂ ਪ੍ਰਵਾਸ ਦੇ ਡੂੰਘੇ ਹੋ ਚੁੱਕੇ ਸੰਕਟ ਦੀਆਂ ਪਰਤਾਂ ਉਘਾੜਦੇ ਸੁਰਿੰਦਰ ਸ਼ਰਮਾ ਦੇ ਰਚੇ ਖ਼ੂਬਸੂਰਤ ਨਾਟਕ ਦੋ ਰੋਟੀਆਂ ਨੇ ਦਰਸ਼ਕਾਂ ਨੂੰ ਅੱਖ ਵੀ ਨਾ ਝਪਕਣ ਦਿੱਤੀ। ਨਾਟਕ 'ਮਿੱਟੀ ਦੇ ਰਿਸ਼ਤੇ' ਸਰੋਤਿਆਂ ਨੂੰ ਮੰਤਰਮੁਗਧ ਕਰ ਗਿਆ। ਇਸ ਸਮੇਂ ਇਨਕਲਾਬੀ ਕੇਂਦਰ ਪੰਜਾਬ ਦੇ ਜਰਨਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਅੱਜ ਅਮਰੀਕਨ ਸਾਮਰਾਜ ਪੂਰੀ ਦੁਨੀਆ ਦੇ ਲੋਕਾਂ ਦਾ ਦੁਸ਼ਮਣ ਨੰਬਰ ਇੱਕ ਹੈ। ਈਰਾਨ ਜੰਗ, ਮੋਦੀ ਸਰਕਾਰ ਵਲੋਂ ਅਮਰੀਕਾ ਨਾਲ ਵਪਾਰ ਸਮਝੌਤੇ ਦੀ ਅਸਲੀਅਤ, ਈਰਾਨ ਤੇ ਇਜ਼ਰਾਈਲ ਅਤੇ ਅਮਰੀਕਾ ਵਲੋਂ ਠੋਸੀ ਜੰਗ ਦੇ ਕਾਰਨਾਂ ਅਤੇ ਅਸਰਾਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਸੰਸਾਰ ਦੇ ਅਰਬਾਂ ਖਰਬਾਂ ਦੇ ਮਾਲਕ ਕਾਰਪੋਰੇਟ ਨੇ ਜਿਥੇ ਪਹਿਲਾਂ ਤੇਲ ਤੇ ਕਬਜ਼ੇ ਲਈ ਗ਼ਾਜ਼ਾ ਨੂੰ ਤਬਾਹ ਕੀਤਾ, ਹੁਣ ਈਰਾਨ ਤਬਾਹ ਕਰਨ ਜਾ ਰਿਹਾ ਹੈ। ਗੈਸ, ਤੇਲ ਦੀ ਨਕਲੀ ਕਿੱਲਤ ਪੈਦਾ ਕਰਕੇ ਵਡੇ ਅਰਬਪਤੀ ਸਾਡੀ ਗਲ ਕੱਟ ਕੇ ਹੋਰ ਅਮੀਰ ਹੋ ਰਹੇ ਹਨ। ਇਹੀ ਸਾਮਰਾਜਵਾਦ ਹੈ ਜਿਸ ਦਾ ਵਿਰੋਧ ਹੀ ਤੇਈ ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਹੈ। ਇਸ ਸਮੇਂ ਸਰਪੰਚ ਹਰਪ੍ਰੀਤ ਸਿੰਘ, ਸਮੂਹ ਮੈਂਬਰ ਸਾਹਿਬਾਨ, ਮਾਸਟਰ ਕਰਮਜੀਤ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂ ਗੁਰਵਿੰਦਰ ਸਿੰਘ ਪੋਨਾ, ਗਗਨ ਜਵੰਦਾ, ਮਾਸਟਰ ਗੁਰਮੀਤ ਸਿੰਘ, ਲੱਕੀ ਪੰਡਿਤ, ਸ਼ਿਵ ਕੁਮਾਰ ਆਦਿ ਹਾਜ਼ਰ ਸਨ।

# ਹਰੀ ਨੌ ਦੇ ਦੋ ਸਕੇ ਭਰਾਵਾਂ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਬੈਂਕ ਮੈਨੇਜਰ ਨੂੰ ਸਜ਼ਾ ਦਿਵਾਉਣ ਲਈ ਪ੍ਰਦਰਸ਼ਨ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਵੱਲੋਂ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਹਰੀ ਨੌ ਦੇ ਖੁਦਕੁਸ਼ੀ ਕਰਨ ਵਾਲੇ ਸਕੇ ਭਰਾਵਾਂ ਨੂੰ ਇਨਸਾਫ ਦਿਵਾਉਣ ਲਈ ਤੇ ਲੈਂਡ ਮੋਰਗੇਜ ਬੈਂਕ ਵੱਲੋਂ ਕਿਸਾਨਾਂ ਦੀਆਂ ਜ਼ਮੀਨਾਂ ਦੀ ਕੀਤੀ ਜਾਣ ਵਾਲੀ ਨਿਲਾਮੀ ਨੂੰ ਰੋਕਣ ਲਈ ਪੰਜਾਬ ਭਰ ਦੀਆਂ ਲੈਂਡ ਮੌਰਗੇਜ ਬੈਂਕਾਂ ਅੱਗੇ ਰੋਸ ਪ੍ਰਦਰਸ਼ਨ ਕਰਦੇ ਹੋਏ ਪੁਤਲੇ ਫੂਕਣ ਦੇ ਦਿੱਤੇ ਗਏ ਪ੍ਰੋਗਰਾਮ ਅਨੁਸਾਰ ਰਜਵੰਤ ਸਿੰਘ ਗਿੱਲ ਸ਼ਹਿਰੀ ਪ੍ਰਧਾਨ ਤੇ ਬਲਾਕ ਪ੍ਰਧਾਨ ਅਵਤਾਰ ਸਿੰਘ ਰਾਣਵਾ ਦੀ ਅਗਵਾਈ ਵਿੱਚ ਮਾਛੀਵਾੜਾ ਵਿਖੇ ਸਹਿਕਾਰਤਾ ਵਿਭਾਗ ਦੇ ਮੁਖੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲੇ ਫੂਕੇ ਗਏ ਅਤੇ ਪਿੰਡ ਹਰੀ ਨੌ ਦੇ ਖੁਦਕੁਸ਼ੀ ਕਰਨ ਵਾਲੇ ਪੀੜਤ ਕਿਸਾਨਾਂ ਦਾ ਕਰਜ਼ਾ ਮਾਫ ਕਰਨ, ਪੀੜਤ ਕਿਸਾਨਾਂ ਦੀਆਂ ਦੋ ਛੋਟੀਆਂ ਧੀਆਂ ਤੇ ਬਾਕੀ ਪਰਵਾਰ ਦਾ ਜ਼ਿੰਦਗੀ ਗੁਜ਼ਰ ਦਾ ਪ੍ਰਬੰਧ ਕਰਨ ਅਤੇ ਲੈਂਡ ਮਾਰਗੇਜ ਬੈਂਕਾਂ ਰਾਹੀਂ ਛੋਟੇ, ਵੱਡੇ ਸਾਰੇ ਹੀ ਕਿਸਾਨਾਂ ਦੀਆਂ ਜ਼ਮੀਨਾਂ ਦੀ ਨਿਲਾਮੀ ਕਰਨ ਵਾਲੇ ਹੁਕਮਾਂ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਰਜਵੰਤ ਸਿੰਘ ਗਿੱਲ ਤੇ ਅਵਤਾਰ ਸਿੰਘ ਰਾਣਵਾ ਨੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਤੇ ਐੱਮ ਐੱਸ ਪੀ ਦਾ ਗਾਰੰਟੀ ਕਾਨੂੰਨ ਨਾ ਹੋਣ ਕਰਕੇ ਹੀ ਕਿਸਾਨ ਸਰਕਾਰ ਵੱਲੋਂ ਐਲਾਨੀ ਜਾਂਦੀ ਐੱਮਐੱਸਪੀ ਤੋਂ ਥੱਲੇ ਫਸਲ ਵੇਚਣ ਕਾਰਨ ਕਰਜਾਈ ਹੋਏ ਹਨ ਤੇ ਹੁਣ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਕਰਜ਼ਾਈ ਹੋਏ ਕਿਸਾਨਾਂ ਦੀ ਜ਼ਮੀਨ ਉੱਪਰ ਪੰਜਾਬ ਸਰਕਾਰ ਵੱਲੋਂ ਮੈਲੀ ਅੱਖ ਰੱਖ ਕੇ ਕੁਰਕੀ ਰਾਹੀਂ ਜ਼ਮੀਨਾਂ ਖੋਹਣ ਦੇ ਮਨਸੂਬੇ ਘੜੇ ਜਾ ਰਹੇ ਹਨ ਅਤੇ ਕੁੱਝ ਕਿਸਾਨ ਹਿਤੈਸ਼ੀ ਜਥੇਬੰਦੀਆਂ ਹੋਣ ਦਾ ਦਿਖਾਵਾ ਕਰਨ ਵਾਲੀਆਂ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਿਸਾਨਾਂ ਤੋਂ ਜ਼ਮੀਨਾਂ ਖੋਹਣ ਲਈ ਲਿਆਂਦੀ ਗਈ ਜ਼ਮੀਨ ਕੁਰਕੀ ਦੀ ਪਾਲਸੀ ਦੀ ਹਮਾਇਤ ਕੀਤੀ ਜਾ ਰਹੀ ਹੈ, ਜਿਸ ਤੋਂ ਉਨ੍ਹਾਂ ਜਥੇਬੰਦੀਆਂ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰਾਂ ਦੀਆਂ ਇਨ੍ਹਾਂ ਕਿਸਾਨ ਮਾਰੂ ਨੀਤੀਆਂ ਕਾਰਨ ਤੇ ਐੱਮ ਐੱਸ ਪੀ ਦਾ ਗਾਰੰਟੀ ਕਾਨੂੰਨ ਤੇ ਡਾਕਟਰ ਸਵਾਮੀਨਾਥਨ ਦੇ 3+50% ਫਾਰਮੂਲੇ ਅਨੁਸਾਰ ਪਿਛਲੇ ਲੰਮੇ ਸਮੇਂ ਤੋਂ ਫਸਲਾਂ ਦੇ ਭਾਅ ਨਾ ਮਿਲਣ ਕਾਰਨ ਤੇ ਹੁਣ ਆਲੂਆਂ ਦੀ ਫਸਲ ਵਿੱਚ ਪਏ ਘਾਟੇ ਤੇ ਲੈਂਡ ਮਾਰਗੇਜ ਬੈਂਕਾਂ ਵੱਲੋਂ ਕਰਜ਼ਾਈ ਕਿਸਾਨਾਂ ਦੀਆਂ ਤਸਵੀਰਾਂ ਲਗਾ ਕੇ ਸਮਾਜਿਕ ਤੌਰ 'ਤੇ ਜ਼ਲੀਲ ਕਰਨ ਦੇ ਡਰ ਕਾਰਨ ਹੀ ਪਿੰਡ ਹਰੀ ਨੌਂ ਦੇ ਦੋ ਸਕੇ ਭਰਾਵਾਂ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਪਿਆ ਅਤੇ ਉਨ੍ਹਾਂ ਪਿੰਡ ਹਰੀ ਨੌਂ ਜ਼ਿਲ੍ਹਾ ਫਰੀਦਕੋਟ ਦੇ ਸਕੇ ਭਰਾਵਾਂ ਜਸਕਰਨ ਸਿੰਘ ਤੇ ਜਸਵਿੰਦਰ ਸਿੰਘ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਵਾਲੇ ਸਾਰੇ ਸਬੰਧਤ ਮੁਲਾਜ਼ਮਾਂ ਨੂੰ ਸਜ਼ਾਵਾਂ ਦਿਵਾਉਣ ਲਈ ਤੇ ਸਹਿਕਾਰਤਾ ਵਿਭਾਗ ਦੇ ਮੁਖੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੈਂਡ ਮੋਰਗੇਜ ਬੈਂਕਾਂ ਰਾਹੀਂ ਕਿਸਾਨਾਂ ਦੀ ਜ਼ਮੀਨ ਦੀ ਕੁਰਕੀ ਕਰਨ ਦੇ ਦਿੱਤੇ ਗਏ ਹੁਕਮਾਂ ਨੂੰ ਰੱਦ ਕਰਵਾਉਣ ਲਈ ਪੰਜਾਬ ਭਰ ਅੰਦਰ ਲੈਂਡ ਮਾਰਗੇਜ ਬੈਂਕਾਂ ਅੱਗੇ ਰੋਸ ਪ੍ਰਦਰਸ਼ਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲੇ ਫੂਕੇ ਗਏ ਹਨ, ਜਿਸ ਦੀ ਕੜੀ ਤਹਿਤ ਹੀ ਮਾਛੀਵਾੜਾ ਸਾਹਿਬ ਵਿਖੇ ਪੁਤਲੇ ਫੂਕੇ ਗਏ ਹਨ।ਇਸ ਮੌਕੇ ਮਲਕੀਤ ਸਿੰਘ ਬਲਾਕ ਜਨਰਲ ਸਕੱਤਰ, ਬਲਜਿੰਦਰ ਸਿੰਘ, ਹਰਪ੍ਰੀਤ ਸਿੰਘ ਹੈਪੀ, ਸਤਨਾਮ ਸਿੰਘ, ਜਸਮੇਰ ਸਿੰਘ, ਬੂਟਾ ਸਿੰਘ, ਗਗਨਦੀਪ ਸਿੰਘ ਗਿੱਲ, ਜਗਦੀਪ ਸਿੰਘ ਝੱਜ, ਸੁਖਦੇਵ ਸਿੰਘ ਕਰਨ ਗਿੱਲ ਜੌਨਾ ਗਿੱਲ, ਮੇਵਾ ਸਿੰਘ, ਹਰਚੰਦ ਸਿੰਘ ਗਿੱਲ, ਬੱਬੂ ਬੈਨੀਪਾਲ, ਪਵਨਾ ਗਿੱਲ ਆਦਿ ਕਿਸਾਨ ਆਗੂ ਹਾਜ਼ਰ ਸਨ।

# ਸੁਖਵੰਤ ਸਿੰਘ ਪੱਕਾ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਆਮ ਆਦਮੀ ਪਾਰਟੀ ਪੰਜਾਬ ਦੇ ਯੂਥ ਵਿੰਗ ਵੱਲੋਂ ਹਾਲ ਹੀ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਤੇ ਨੌਜਵਾਨਾਂ ਨੂੰ ਵੱਧ ਤੌਰ 'ਤੇ ਜੋੜਨ ਦੇ ਮੱਦੇਨਜ਼ਰ ਵੱਖ-ਵੱਖ ਅਹੁਦੇਦਾਰਾਂ ਦੀ ਨਿਯੁਕਤੀ ਦਾ ਐਲਾਨ ਕੀਤਾ ਗਿਆ ਹੈ।ਇਸੇ ਕੜੀ ਤਹਿਤ ਜ਼ਿਲ੍ਹਾ ਫ਼ਰੀਦਕੋਟ ਦੇ ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਪਿੰਡ ਪੱਕਾ ਨਾਲ ਸੰਬੰਧਤ ਯੂਥ ਆਗੂ ਸੁਖਵੰਤ ਸਿੰਘ ਪੱਕਾ ਨੂੰ ਯੂਥ ਵਿੰਗ ਦਾ ਸਟੇਟ ਜੁਆਇੰਟ ਸੈਕਟਰੀ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਨਿਯੁਕਤੀ ਨੂੰ ਇਲਾਕੇ ਵਿੱਚ ਵੱਡੀ ਉਪਲਬਧੀ ਵਜੋਂ ਵੇਖਿਆ ਜਾ ਰਿਹਾ ਹੈ ਤੇ ਇਸ ਨਾਲ ਨੌਜਵਾਨ ਵਰਗ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਆਪ ਆਗੂਆਂ ਤੇ ਵਰਕਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੁਖਵੰਤ ਸਿੰਘ ਪੱਕਾ ਨੂੰ ਦਿਲੋਂ ਮੁਬਾਰਕਬਾਦ ਦਿੱਤੀ ਗਈ।ਉਨ੍ਹਾਂ ਦੇ ਸਾਥੀਆਂ ਤੇ ਇਲਾਕੇ ਦੇ ਕਈ ਪ੍ਰਮੁੱਖ ਆਗੂਆਂ ਮਨਪ੍ਰੀਤ ਸਿੰਘ ਮਣੀ ਧਾਲੀਵਾਲ, ਬੱਬੂ ਸੇਖੋਂ, ਮਨਦੀਪ ਮੋਂਗਾ, ਸੁਖਵੰਤ ਸਿੰਘ ਨੰਬਰਦਾਰ, ਅਮਰੀਕ ਸਿੰਘ ਸਰਪੰਚ (ਡੱਗੋਰੋਮਾਣਾ), ਜੱਗਾ ਸਰਪੰਚ (ਖਾਰਾ), ਸਰਬਜੀਤ ਸਿੰਘ ਸਰਪੰਚ (ਮੋਰਾਂਵਾਲੀ), ਅਭੈ ਸਰਪੰਚ (ਚੰਦਬਾਜ਼ਾ), ਰਾਜਪਾਲ ਸਿੰਘ ਢੁੱਡੀ, ਹਰਵਿੰਦਰ ਸਿੰਘ, ਜਗਜੀਤ ਸਿੰਘ ਸਰਪੰਚ (ਕਲੇਰ), ਸੇਵਕ (ਧੂਰਕੋਟ), ਬਲਦੇਵ ਸਿੰਘ ਸਰਪੰਚ (ਭਾਣਾ), ਸੋਹਨ ਸਰਪੰਚ (ਨਵਾਂ ਟਹਿਣਾ), ਮਲਕੀਤ ਸਿੰਘ ਸਰਪੰਚ (ਪੱਕਾ), ਗੁਰਸੇਵਕ ਸਿੰਘ ਸਰਪੰਚ (ਪੱਕਾ-2), ਰਣਜੀਤ ਸਿੰਘ ਸਰਪੰਚ (ਟਹਿਣਾ), ਰਾਜਵਿੰਦਰ ਸਿੰਘ ਸਰਪੰਚ (ਭੈਰੋ ਭੱਟੀ), ਗੁਰਮੇਲ ਸਿੰਘ ਸਰਪੰਚ (ਬਾਹਮਣ ਵਾਲਾ), ਜਗਸੀਰ ਸਿੰਘ (ਕੋਠੇ ਦਿਹਾਤੀ), ਗੁਰਜਿੰਦਰ ਸਿੰਘ ਤੇ ਜਗਸੀਰ ਸਿੰਘ ਸਮੇਤ ਹੋਰ ਆਗੂਆਂ ਨੇ ਇਸ ਨਿਯੁਕਤੀ ਦਾ ਸਵਾਗਤ ਕੀਤਾ।

ਆਗੂਆਂ ਨੇ ਕਿਹਾ ਕਿ ਸੁਖਵੰਤ ਸਿੰਘ ਪੱਕਾ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਸਮਰਪਣ ਨਾਲ ਨਿਭਾਉਂਦੇ ਹੋਏ ਨੌਜਵਾਨਾਂ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਉੱਪਰ ਲੈ ਕੇ ਜਾਣਗੇ।

# ਸ਼ਿਵ ਸ਼ੰਕਰ ਯੁਵਾ ਸੇਵਾ ਦਲ ਨੇ ਪੰਜ ਲੜਕੀਆਂ ਦੇ ਵਿਆਹ ਕਰਵਾਏ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਜ ਸੇਵਾ ਦੀ ਆਪਣੀ ਪਰੰਪਰਾ ਨੂੰ ਜਾਰੀ ਰੱਖਦੇ ਹੋਏ ਸ਼ਿਵ ਸ਼ੰਕਰ ਯੁਵਾ ਸੇਵਾ ਦਲ ਨੇ ਸ੍ਰੀ ਰਮੇਸ਼ ਗਰਗ (ਨੈਸ਼ਨਲ ਕੰਡਿਊਟ ਪਾਈਪ) ਤੇ ਗਿਆਨ ਚੰਦ ਕਟਾਰੀਆ ਦੀ ਸਰਪ੍ਰਸਤੀ ਹੇਠ ਮਾਤਾ ਨੈਣਾ ਆਰੀਆ ਧਰਮਸ਼ਾਲਾ ਵਿਖੇ ਪੰਜ ਗ਼ਰੀਬ ਲੜਕੀਆਂ ਦੇ ਸਮੂਹਕ ਵਿਆਹ ਕਰਵਾਏ।ਸੰਗਠਨ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਕਿਹਾ ਕਿ ਉਨ੍ਹਾਂ ਦਾ ਸਮੂਹ ਕਈ ਸਾਲਾਂ ਤੋਂ ਸਮਾਜ ਭਲਾਈ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਸ਼ਾਮਲ ਹੈ।ਇਸ ਭਾਵਨਾ ਵਿੱਚ, ਸੰਗਠਨ ਵੱਖ-ਵੱਖ ਸਮਾਜਿਕ ਪਹਿਲਕਦਮੀਆਂ ਕਰਦਾ ਹੈ। ਉਨ੍ਹਾਂ ਤੇ ਉਨ੍ਹਾਂ ਦੀ ਸੰਸਥਾ ਨੇ ਆਰੀਆ ਸਮਾਜ ਤੇ ਮਾਤਾ ਨੈਣਾ ਆਰੀਆ ਧਰਮਸ਼ਾਲਾ ਦੇ ਪ੍ਰਧਾਨ ਯਸ਼ਪਾਲ ਸਿੰਗਲਾ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦੀਆਂ ਸਮਾਜ ਭਲਾਈ ਗਤੀਵਿਧੀਆਂ ਲਈ ਮਾਤਾ ਨੈਣਾ ਆਰੀਆ ਧਰਮਸ਼ਾਲਾ ਨੂੰ ਲਗਾਤਾਰ ਇੱਕ ਸਥਾਨ ਪ੍ਰਦਾਨ ਕੀਤਾ।ਇਸ ਮੌਕੇ ਬੋਲਦੇ ਹੋਏ ਮੁੱਖ ਮਹਿਮਾਨ ਬਲਤੇਜ ਪੰਨੂ (ਜਨਰਲ ਸਕੱਤਰ ਤੇ ਮੀਡੀਆ ਡਾਇਰੈਕਟਰ ਪੰਜਾਬ ਸਰਕਾਰ ਨੇ ਦੁਲਹਨਾਂ ਨੂੰ ਅਸ਼ੀਰਵਾਦ ਦਿੱਤਾ ਤੇ ਉਨ੍ਹਾਂ ਦੇ ਵਿਆਹੁਤਾ ਜੀਵਨ ਨੂੰ ਖੁਸ਼ੀਆਂ ਨਾਲ ਭਰਿਆ ਹੋਣ ਦੀ ਕਾਮਨਾ ਕੀਤੀ।ਸ਼ਿਵ ਸ਼ੰਕਰ ਯੁਵਾ ਸੇਵਾ ਦਲ ਦੇ ਕੰਮ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਟਿੱਪਣੀ ਕੀਤੀ ਕਿ ਸੰਗਠਨ ਦੁਆਰਾ ਕੀਤੇ ਜਾ ਰਹੇ ਸਮਾਜਿਕ ਉਪਰਾਲੇ ਬਹੁਤ ਪ੍ਰਸ਼ੰਸਾਯੋਗ ਹਨ।ਯਸ਼ਪਾਲ ਸਿੰਗਲਾ ਤੇ ਹਰਜਿੰਦਰ ਸਿੰਘ ਜੌੜਾਮਾਜਰਾ ਨੇ ਵੀ ਸਵੀਕਾਰ ਕੀਤਾ ਕਿ ਸ਼ਿਵ ਸ਼ੰਕਰ ਯੁਵਾ ਸੇਵਾ ਦਲ ਸਮਾਜ ਸੇਵਾ ਦੇ ਖੇਤਰ ਵਿੱਚ ਬਹੁਤ ਸ਼ਲਾਘਾਯੋਗ ਕੰਮ ਕਰ ਰਿਹਾ ਹੈ। ਉਨ੍ਹਾਂ ਪੁਸ਼ਟੀ ਕੀਤੀ ਕਿ ਜਦੋਂ ਵੀ ਸੰਗਠਨ ਨੂੰ ਕਿਸੇ ਵੀ ਸਮਾਜਿਕ ਕਾਰਜ ਲਈ ਉਨ੍ਹਾਂ ਦੀ ਸਹਾਇਤਾ ਦੀ ਲੋੜ ਹੁੰਦੀ ਹੈ, ਤਾਂ ਉਹ ਆਪਣਾ ਪੂਰਾ ਸਮਰਥਨ ਦੇਣ ਲਈ ਤਿਆਰ ਰਹਿੰਦੇ ਹਨ, ਜਿਵੇਂ ਕਿ ਉਨ੍ਹਾਂ ਨੇ ਪਹਿਲਾਂ ਕੀਤਾ ਹੈ।ਇਸ ਮੌਕੇ ਜਗਤਾਰ ਸਿੰਘ ਰਾਜਲਾ, ਮਦਨ ਮਿੱਤਲ, ਦਰਸ਼ਨ ਮਿੱਤਲ, ਪ੍ਰਮੋਦ ਸਿੰਗਲਾ, ਪ੍ਰਦੀਪ ਗੋਇਲ ਮਿੰਕਾ, ਰਾਜੇਸ਼ ਗੋਇਲ ਲੱਕੀ, ਸੀਤਾ ਰਾਮ ਗੁਪਤਾ, ਰਘੁਵੀਰ ਚੰਦ ਗੁਪਤਾ, ਅਨਿਲ ਗੋਇਲ, ਸੰਜੇ ਮੰਤਰੀ, ਸਚਿਨ ਸਚਦੇਵਾ, ਪ੍ਰਿੰਸੀਪਲ ਮੋਹਨ ਲਾਲ, ਜਤਿੰਦਰ ਸ਼ਰਮਾ, ਜਤਿੰਦਰਪਾਲ, ਜਥੇ. ਦਾਸ, ਰਾਜੂ ਛਾਬੜਾ, ਰੋਮੀ ਸ਼ਰਮਾ, ਯਸ਼ ਲੂਥਰਾ, ਅਸ਼ੋਕ ਗਰਗ, ਰਜਿੰਦਰ 'ਹੈਪੀ', ਹੀਰਾ ਜੈਨ, ਹੇਮੰਤ ਸੰਧੂ, ਸ਼ਿਵ ਸ਼ੰਕਰ ਯੁਵਾ ਸੇਵਾ ਦਲ ਦੇ ਸਕੱਤਰ ਕਮਲ ਸ਼ਰਮਾ ਕੈਸ਼ੀਅਰ ਸਨੀ ਪੋਪਲੀ, ਰਾਹੁਲ ਗਰਗ ਰੌਕੀ, ਮੁਕੁਲ ਲੂਥਰਾ, ਰਵੀ ਗਰਗ ਤੇਮਾ, ਮਨੋਜ ਰਹੇਜਾ, ਟਵਿੰਕਲ ਧੀਮਾਨ, ਅਮਿਤ ਧੀਮਾਨ, ਕਰਨ ਬਜਾਜ, ਹੈਪੀ ਸ਼ਰਮਾ, ਮਨਜੀਤ ਸਿੰਘ (ਜੇ.ਈ.), ਹੈਪੀ ਕੁਮਾਰ, ਬਲਵਿੰਦਰ ਭਟਨਾਗਰ, ਰਾਕੇਸ਼ ਕੁਮਾਰ, ਮੋਹਨ ਲਾਲ, ਉਮਾ ਸ਼ੰਕਰ, ਸੁਖਚੈਨ ਸਿੰਘ, ਦੀਪਕ ਗਰਗ, ਮੇਹਰ, ਸੁਸ਼ਮਾ ਗਰਗ, ਕਾਂਤਾ ਰਾਣੀ, ਰਿੰਪੀ ਮੇਨਕਾ, ਸੁਨੈਨਾ ਮਿੱਤਲ ਤੇ ਸਰੋਜ ਰਾਣੀ ਆਦਿ ਹਾਜ਼ਰ ਸਨ।

# ਏ ਪੀ ਸਿੰਘ ਬਾਬਾ ਆਲ ਇੰਡੀਆ ਪੋਸਟਲ ਯੂਨੀਅਨ ਦੇ ਜੁਆਇੰਟ ਸੈਕਟਰੀ ਚੁਣੇ




**ਸੰਗਰੂਰ (ਪ੍ਰਵੀਨ ਸਿੰਘ)**-ਪਿਛਲੇ ਦਿਨੀਂ ਗੁਹਾਟੀ ਵਿਖੇ ਹੋਈ ਆਲ ਇੰਡੀਆ ਕਾਨਫਰੰਸ ਵਿੱਚ ਏ ਪੀ ਸਿੰਘ ਬਾਬਾ ਨੂੰ ਸਰਬਸੰਮਤੀ ਨਾਲ ਇੰਡੀਆ ਪੋਸਟਲ ਰਿਟਾਇਰਡ ਯੂਨੀਅਨ ਇੰਡੀਆ ਦੇ ਜੁਆਇੰਟ ਸੈਕਟਰੀ ਚੁਣਿਆ ਗਿਆ।ਜ਼ਿਕਰਯੋਗ ਹੈ ਕਿ ਏ ਪੀ ਸਿੰਘ ਬਾਬਾ ਪਿਛਲੇ ਲੰਮੇ ਸਮੇਂ ਤੋਂ ਪੋਸਟਲ ਯੂਨੀਅਨ ਨਾਲ ਜੁੜੇ ਹੋਏ ਹਨ, ਉਹ 1988 ਤੋਂ 2020 ਤੱਕ ਲਗਾਤਾਰ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ, ਸਕੱਤਰ ਰਹੇ ਤੇ ਪੰਜਾਬ ਦੇ ਸਹਾਇਕ ਸਕੱਤਰ ਰਹੇ।2025 'ਚ ਪੋਸਟਲ ਰਿਟਾਇਰੀਆਂ ਦੀ ਚੰਡੀਗੜ੍ਹ ਹੋਈ ਚੋਣ 'ਚ ਪੰਜਾਬ ਦੇ ਪ੍ਰਧਾਨ ਚੁਣੇ ਗਏ।ਉਨ੍ਹਾਂ ਅਪਣੀ ਇਸ ਚੋਣ ਪ੍ਰਤੀ ਜਿੱਥੇ ਸਮੁੱਚੀ ਪੋਸਟਲ ਯੂਨੀਅਨ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਅਹੁਦੇ ਪ੍ਰਤੀ ਮਿਹਨਤ ਤੇ ਇਮਾਨਦਾਰੀ ਨਾਲ਼ ਕੰਮ ਕਰਨਗੇ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਇਹ ਵਾਅਦਾ ਕੀਤਾ ਕਿ ਉਹ ਸਮੁੱਚੀ ਜਥੇਬੰਦੀ ਦੀ ਚੜ੍ਹਦੀਕਲਾ ਤੇ ਰਿਟਾਇਰ ਮੁਲਾਜ਼ਮਾਂ ਦੇ ਹੱਕਾਂ ਲਈ ਸੰਘਰਸ਼ਸ਼ੀਲ ਰਹਿਣਗੇ। ਇਸ ਕਾਨਫਰੰਸ ਵਿੱਚ ਕੇ ਰਘਵੀਂਦਰਾ ਤਾਮਿਲਨਾਡੂ, ਡੀ ਕੇ ਡੈਬਿਨਾਥ ਆਸਮ, ਸੀ ਸੇਕਰ ਤਾਮਿਲਨਾਡੂ, ਸਿੰਦਰ ਸੇਠੀ ਸਟੇਟ ਸੈਕਟਰੀ ਪੰਜਾਬ, ਗੁਰਨਾਮ ਸਿੰਘ, ਮਹਾਂਵੀਰ ਸਿੰਘ, ਕਰਨੈਲ ਸਿੰਘ, ਐੱਨ ਪੀ ਸਿੰਘ, ਕੇ ਕੇ ਸ਼ਰਮਾ ਦਿੱਲੀ ਹਾਜ਼ਰ ਸਨ।

# ਰੂਪ ਵਾਟਿਕਾ ਸਕੂਲ 'ਚ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ



**ਜਗਰਾਉਂ (ਅਮਿਤ ਖੰਨਾ)**-ਰੂਪ ਵਾਟਿਕਾ ਸਕੂਲ ਜਗਰਾਉਂ ਵਿਖੇ 'ਗ੍ਰੈਜੂਏਸ਼ਨ ਸਮਾਰੋਹ-ਵਿੰਗਜ਼ ਟੂ ਫਲਾਈ' ਬਹੁਤ ਉਤਸ਼ਾਹ ਨਾਲ ਕਰਵਾਇਆ।ਪ੍ਰੋਗਰਾਮ ਦੀ ਸ਼ੁਰੂਆਤ ਦੀਪਕ ਜਗਾਉਣ ਤੇ ਨਵਕਾਰ ਮੰਤਰ ਦੇ ਜਾਪ ਨਾਲ ਹੋਈ, ਜਿਸ ਨੇ ਪੂਰੇ ਕੈਂਪਸ ਵਿੱਚ ਸਕਾਰਾਤਮਕ ਊਰਜਾ ਭਰ ਦਿੱਤੀ।ਛੋਟੇ ਵਿਦਿਆਰਥੀਆਂ ਨੇ ਆਪਣੇ ਰੰਗੀਨ ਪ੍ਰਦਰਸ਼ਨਾਂ ਨਾਲ ਸਾਰਿਆਂ ਨੂੰ ਮੋਹਿਤ ਕੀਤਾ।ਨਰਸਰੀ, ਐੱਲ.ਕੇ.ਜੀ., ਤੇ ਯੂ.ਕੇ.ਜੀ. ਦੇ ਬੱਚਿਆਂ ਦੇ ਮਨਮੋਹਕ ਨਾਚ ਪ੍ਰਦਰਸ਼ਨਾਂ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ।ਪਹਿਲੀ ਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਦੁਆਰਾ ਸਵਾਗਤ ਨਾਚ ਪ੍ਰਦਰਸ਼ਨ ਨੇ ਸਮਾਰੋਹ ਦੀ ਸ਼ਾਨ ਨੂੰ ਹੋਰ ਵਧਾ ਦਿੱਤਾ।ਅਧਿਆਪਕਾਂ ਵੱਲੋਂ ਪੇਸ਼ ਕੀਤੇ ਗਏ ਸਕਿੱਟ ਨੇ ਸਿੱਖਿਆ, ਅਨੁਸ਼ਾਸਨ ਤੇ ਕਦਰਾਂ-ਕੀਮਤਾਂ ਦਾ ਇੱਕ ਸ਼ਕਤੀਸ਼ਾਲੀ ਸੰਦੇਸ਼ ਦਿੱਤਾ।ਪ੍ਰੋਗਰਾਮ ਦੀ ਇੱਕ ਖਾਸ ਗੱਲ ਸਕੂਲ ਦੇ ਨਵੇਂ ਗੀਤ 'ਰੂਪ ਵਾਟਿਕਾ' ਦੀ ਸ਼ਾਨਦਾਰ ਲਾਂਚਿੰਗ ਸੀ।ਵਿਦਿਆਰਥਣਾਂ ਕਾਇਨਾਤ ਕੌਰ, ਗੁਰਸਾਖੀ ਕੌਰ ਤੇ ਭੂਮਿਕਾ ਨੇ ਇਸ ਗੀਤ ਨੂੰ ਆਪਣੀਆਂ ਸੁਰੀਲੀਆਂ ਆਵਾਜ਼ਾਂ ਦਿੱਤੀਆਂ।ਇਸ ਗੀਤ ਦੇ ਬੋਲ ਅਧਿਆਪਕ ਲਿਆਕਤ ਅਲੀ ਨੇ ਲਿਖੇ, ਸੰਗੀਤ ਅਧਿਆਪਕ ਜਸਵਿੰਦਰ ਸਿੰਘ ਤੇ ਕੋਰੀਓਗ੍ਰਾਫੀ ਅਧਿਆਪਕਾ ਪ੍ਰਿਆ ਦਾਸ ਦੁਆਰਾ ਕੀਤੀ ਗਈ, ਜਿਸ ਨੇ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ।ਪ੍ਰੋਗਰਾਮ ਦੀ ਮੁੱਖ ਗੱਲ ਯੂ.ਕੇ.ਜੀ. ਦੇ ਵਿਦਿਆਰਥੀਆਂ ਦੀ ਗ੍ਰੈਜੂਏਸ਼ਨ ਸੈਰੇਮਨੀ ਸੀ, ਜਿਸ ਵਿੱਚ ਬੱਚਿਆਂ ਨੂੰ ਸਰਟੀਫਿਕੇਟ ਦਿੱਤੇ ਗਏ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।ਆਪਣੇ ਪ੍ਰੇਰਨਾਦਾਇਕ ਸੰਦੇਸ਼ ਵਿੱਚ ਸਕੂਲ ਪ੍ਰਿੰਸੀਪਲ ਵਿੰਮੀ ਠਾਕੁਰ ਨੇ ਸਾਰੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਗੁਰੂ ਨਾਨਕ ਕਾਲਜ 'ਚ 'ਸੀਡ ਬਾਲ ਤੇ ਵਰਮੀ ਕੰਪੋਸਟ ਬਣਾਉਣ ਦੀ ਪ੍ਰਕਿਰਿਆ' 'ਤੇ ਵਰਕਸ਼ਾਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਕਾਲਜ ਫ਼ਿਰੋਜ਼ਪੁਰ ਕੈਂਟ ਵਿਖੇ ਸੋਮਵਾਰ ਨੂੰ 'ਸੀਡ ਬਾਲ ਤੇ ਵਰਮੀ ਕੰਪੋਸਟ ਬਣਾਉਣ ਦੀ ਪ੍ਰਕਿਰਿਆ' ਵਿਸ਼ੇ ਉੱਪਰ ਇਕ ਵਿਸ਼ੇਸ਼ ਵਰਕਸ਼ਾਪ ਕੀਤੀ ਗਈ। ਇਹ ਵਰਕਸ਼ਾਪ ਕਾਲਜ ਦੇ ਚੇਅਰਮੈਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਦੀ ਯੋਗ ਅਗਵਾਈ ਤੇ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ, ਪ੍ਰਧਾਨ ਗੁਰਦੀਪ ਸਿੰਘ ਸੰਘਾ ਤੇ ਡਾਇਰੈਕਟਰ ਪ੍ਰੋ. ਸਤੀਸ਼ ਗੁਪਤਾ ਦੇ ਸਹਿਯੋਗ ਨਾਲ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ, ਈਕੋ ਕਲੱਬ ਤੇ ਸਾਇੰਸ ਵਿਭਾਗ ਨੇ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੁਆਰਾ ਚਲਾਈ ਜਾ ਰਹੀ ਵਾਤਾਵਰਣ ਸੰਭਾਲ ਮੁਹਿੰਮ ਦੇ ਤਹਿਤ ਸਾਂਝੇ ਉਪਰਾਲੇ ਨਾਲ ਸਫ਼ਲਤਾਪੂਰਵਕ ਆਯੋਜਿਤ ਕੀਤੀ ਗਈ। ਵਰਕਸ਼ਾਪ ਵਿੱਚ ਬਤੌਰ ਮੁੱਖ ਮਹਿਮਾਨ ਨਰੇਸ਼ ਸੈਣੀ, ਖੇਤੀਬਾੜੀ ਅਫਸਰ, ਕ੍ਰਿਸ਼ੀ ਵਿਗਿਆਨ ਕੇਂਦਰ, ਫ਼ਿਰੋਜ਼ਪੁਰ ਨੇ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਧੁਨਿਕ ਖੇਤੀ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦੇ ਦੱਸਿਆ ਕਿ ਕਿਵੇਂ ਅਸੀਂ ਖੇਤੀ ਨੂੰ ਲਾਹੇਵੰਦ ਧੰਦਾ ਬਣਾ ਸਕਦੇ ਹਾਂ ਤੇ ਨਾਲ ਨਾਲ ਕੁਦਰਤ ਤੇ ਵਾਤਾਵਰਣ ਨੂੰ ਵੀ ਸੰਭਾਲ ਸਕਦੇ ਹਾਂ। ਉਨ੍ਹਾਂ ਵਿਦਿਆਰਥੀਆਂ ਨੂੰ ਖੇਤੀਬਾੜੀ ਦਾ ਕਿੱਤਾ ਅਪਨਾਉਣ ਲਈ ਅਤੇ ਰਸਾਇਣਿਕ ਖਾਦਾਂ ਤੇ ਸਪਰੇਆਂ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਕੀਤਾ। ਵਰਕਸ਼ਾਪ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਭਾਰੀ ਗਿਣਤੀ ਵਿੱਚ ਸੀਡ ਬਾਲ ਸਿਖਲਾਈ ਦੀਆਂ ਤਕਨੀਕਾਂ ਵਿੱਚ ਦਿਲਚਸਪੀ ਨਾਲ ਭਾਗ ਲਿਆ।

# ਪੰਜਾਬ ਨੰਬਰਦਾਰ ਯੂਨੀਅਨ ਸਮਰਾ ਤਹਿਸੀਲ ਜ਼ੀਰਾ ਦੀ ਮੀਟਿੰਗ




**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਨੰਬਰਦਾਰ ਯੂਨੀਅਨ ਸਮਰਾ ਤਹਿਸੀਲ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਤਹਿਸੀਲ ਪ੍ਰਧਾਨ ਲਖਵਿੰਦਰ ਸਿੰਘ ਵਾਹੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਵੱਡੀ ਗਿਣਤੀ ਵਿੱਚ ਤਹਿਸੀਲ ਨਾਲ ਸਬੰਧਤ ਨੰਬਰਦਾਰ ਹਾਜ਼ਰ ਹੋਏ।ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਬਾਹਰਵਾਲੀ ਤੇ ਜ਼ਿਲ੍ਹਾ ਖਜ਼ਾਨਚੀ ਦਲਜੀਤ ਸਿੰਘ ਜੱਗੇਵਾਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਦੌਰਾਨ ਨੰਬਰਦਾਰ ਭਾਈਚਾਰੇ ਨੂੰ ਦਰਪੇਸ਼ ਮੁਸ਼ਕਲਾਂ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣ ਮਨੋਰਥ ਪੱਤਰ ਵਿੱਚ ਕੀਤੇ ਵਾਅਦੇ ਪੂਰੇ ਨਾ ਕਰਨ 'ਤੇ ਸਖਤ ਨਰਾਜ਼ਗੀ ਜ਼ਾਹਰ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਤੇ ਤਹਿਸੀਲ ਪ੍ਰਧਾਨ ਲਖਵਿੰਦਰ ਸਿੰਘ ਵਾਹੀ ਨੇ ਕਿਹਾ ਕਿ ਹਰਿਆਣੇ ਵਿੱਚ ਨੰਬਰਦਾਰ ਭਾਈਚਾਰੇ ਨੂੰ ਪੰਜਾਬ ਨਾਲੋਂ ਵੱਧ ਸਹੂਲਤਾਂ ਮਿਲ ਰਹੀਆਂ ਹਨ ਤੇ 'ਆਪ' ਨੇ ਚੋਣਾਂ ਤੋਂ ਪਹਿਲਾਂ ਜੋ ਵਾਅਦੇ ਕੀਤੇ ਸੀ, ਉਹ ਸਰਕਾਰ ਬਣ ਜਾਨ ਉਪਰੰਤ ਸਾਰੇ ਵਿਸਾਰ ਦਿੱਤੇ ਗਏ। ਇਸ ਮੌਕੇ ਰਾਜਵਿੰਦਰ ਸਿੰਘ ਝਾਮਕੇ ਨੂੰ ਜ਼ਿਲ੍ਹਾ ਜਨਰਲ ਸਕੱਤਰ ਤੇ ਗੁਰਸੇਵਕ ਸਿੰਘ ਚੱਕ ਖੰਨਾ ਨੂੰ ਮੀਤ ਪ੍ਰਧਾਨ ਤਹਿਸੀਲ ਬਣਾਇਆ ਗਿਆ।ਇਸ ਮੌਕੇ ਰੇਸ਼ਮ ਸਿੰਘ ਮਲੰਗ ਸਾਹਵਾਲਾ ਜ਼ਿਲ੍ਹਾ ਮੀਤ ਪ੍ਰਧਾਨ, ਦਲਜੀਤ ਸਿੰਘ ਜ਼ਿਲ੍ਹਾ ਖਜ਼ਾਨਚੀ, ਕ੍ਰਿਪਾਲ ਸਿੰਘ, ਗੁਰਨਾਮ ਸਿੰਘ ਅਕਬਰਵਾਲਾ, ਜਸਪਾਲ ਸਿੰਘ ਬਿੱਟੂ, ਲਛਮਨ ਸਿੰਘ ਨੰਬਰਦਾਰ ਅਮੀਵਾਲਾ, ਭਜਨ ਸਿੰਘ ਚੱਕ ਖੰਨਾ, ਗੁਰਦੇਵ ਸਿੰਘ ਤਲਵੰਡੀ, ਨਿਸ਼ਾਨ ਸਿੰਘ ਤਲਵੰਡੀ ਨਿਪਾਲਾਂ, ਗੁਰਜੰਟ ਸਿੰਘ ਮੱਖੂ, ਜੋਗਿੰਦਰ ਸਿੰਘ ਸ਼ੀਹਾਂਪਾੜੀ, ਬਲਦੇਵ ਸਿੰਘ ਖਿਆਲੀ ਆਦਿ ਵੱਡੀ ਗਿਣਤੀ ਵਿੱਚ ਨੰਬਰਦਾਰ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਆਂਗਣਵਾੜੀ ਵਰਕਰਾਂ ਦਾ ਵਫ਼ਦ ਮੰਤਰੀ ਨੂੰ ਮਿਲਿਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਆਂਗਣਵਾੜੀ ਵਰਕਰਾਂ ਦੀਆਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈਣ ਕੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਦਾ ਵਫ਼ਦ ਵਿਭਾਗ ਦੇ ਮੰਤਰੀ ਡਾ ਬਲਜੀਤ ਕੌਰ ਨੂੰ ਮਿਲਿਆ, ਜਿਸ ਦੌਰਾਨ ਸੁਖਾਵੇਂ ਮਾਹੌਲ ਵਿੱਚ ਮੰਗਾਂ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਹੋਈ।ਇਸ ਦੌਰਾਨ ਹੋਈ ਮੀਟਿੰਗ ਵਿੱਚ ਵਿਭਾਗੀ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਵਿਭਾਗ ਦੇ ਪ੍ਰਮੁੱਖ ਸਕੱਤਰ ਗੁਰਕਿਰਤ ਕਿਰਪਾਲ ਸਿੰਘ, ਵਿਭਾਗ ਦੇ ਡਾਇਰੈਕਟਰ ਸ਼੍ਰੀਮਤੀ ਸ਼ੀਨਾ ਅਗਰਵਾਲ, ਡਿਪਟੀ ਡਇਰੈਕਟਰ ਅਮਰਜੀਤ ਸਿੰਘ ਭੁੱਲਰ, ਡਿਪਟੀ ਡਾਇਰੈਕਟਰ ਸੁਮਨਦੀਪ ਕੌਰ ਮੌਜੂਦ ਸਨ।ਮੀਟਿੰਗ ਦੌਰਾਨ ਯੂਨੀਅਨ ਦੀ ਪ੍ਰਤੀਨਿਧਤਾ ਕੌਮੀ ਜਰਨਲ ਸਕੱਤਰ ਊਸ਼ਾ ਰਾਣੀ, ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ, ਜਰਨਲ ਸਕੱਤਰ ਸੁਭਾਸ਼ ਰਾਣੀ ਵਿੱਤ ਸਕੱਤਰ ਅੰਮ੍ਰਿਤਪਾਲ ਕੌਰ ਸ਼ਾਮਲ ਹੋਏ। ਯੂਨੀਅਨ ਵੱਲੋਂ ਇੱਕ ਇੱਕ ਮੰਗ ਨੂੰ ਮੀਟਿੰਗ ਵਿੱਚ ਰੱਖਦੇ ਹੋਏ ਵੱਖ-ਵੱਖ ਮਸਲੇ ਮੰਤਰੀ ਦੇ ਧਿਆਨ ਵਿੱਚ ਲਿਆਂਦੇ ਗਏ, ਜਿਨ੍ਹਾਂ 'ਤੇ ਮੰਤਰੀ ਵੱਲੋਂ ਹਾਂ-ਪੱਖੀ ਰਵੱਈਆ ਅਪਨਾਉਂਦੇ ਹੋਏ ਜਲਦੀ ਹੱਲ ਦਾ ਭਰੋਸਾ ਦਿੱਤਾ ਗਿਆ।ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਪੈਨਸ਼ਨ ਅਤੇ ਗ੍ਰੈਚੂਟੀ ਦੇ ਮਸਲੇ ਨੂੰ ਪ੍ਰਮੁੱਖ ਤੌਰ 'ਤੇ ਉਠਾਇਆ ਗਿਆ।ਇਸ ਸਬੰਧੀ ਮੰਤਰੀ ਨੇ ਦੱਸਿਆ ਕਿ ਮਾਮਲਾ ਸਰਕਾਰ ਵੱਲੋਂ ਏਜੀ ਕੋਲ ਭੇਜਿਆ ਜਾ ਚੁੱਕਾ ਹੈ, ਉਨ੍ਹਾਂ ਇਸ ਮੰਗ ਉੱਤੇ ਹਾਂ-ਪੱਖੀ ਹੁੰਗਾਰਾ ਦਿੱਤਾ ਹੈ।ਉਪਰੰਤ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਵੱਲੋਂ ਕੇਂਦਰ ਸਰਕਾਰ ਦੀਆਂ ਨੀਤੀਆਂ ਖਿਲਾਫ 1 ਅਪ੍ਰੈਲ ਨੂੰ ਬਲੈਕ ਡੇਅ ਮੌਕੇ ਸਮੂਹ ਵਰਕਰਾਂ ਤੇ ਹੈਲਪਰਾਂ ਨੇ ਕਾਲੀਆਂ ਪੱਟੀਆਂ ਬੰਨ੍ਹ ਕੇ ਜਾਂ ਕਾਲੇ ਦੁਪੱਟੇ ਲੈ ਕੇ ਸੈਂਟਰ ਵਿੱਚ ਕੰਮ ਕਰਨ ਤੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰਨਗੀਆਂ।

# ਪੀ ਯੂ ਦੇ ਸਾਲਾਨਾ ਇਨਾਮ ਵੰਡ ਸਮਾਰੋਹ 'ਚ ਦੇਵ ਸਮਾਜ ਕਾਲਜ ਦੀ ਕੁਸ਼ਤੀ ਟੀਮ ਨੇ ਓਵਰਆਲ ਚੈਂਪੀਅਨਸ਼ਿਪ ਜਿੱਤੀ

## ਪ੍ਰਿੰਸੀਪਲ ਡਾ. ਸੰਗੀਤਾ ਨੂੰ ਐਗਜ਼ੀਕਿਊਟਿਵ ਬਾਡੀ ਦਾ ਮੈਂਬਰ ਚੁਣਿਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਸ਼ਹਿਰ ਕਾਲਜ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੇ ਆਸ਼ੀਰਵਾਦ ਤੇ ਚੇਅਰਪਰਸਨ ਡਾ. ਅਗਨੀਜ਼ ਢਿੱਲੋਂ ਦੀ ਰਹਿਨੁਮਾਈ ਤੇ ਕਾਲਜ ਸਕੱਤਰ ਅਜੇ ਬੱਤਾ, ਪ੍ਰਿੰਸੀਪਲ ਡਾ. ਸੰਗੀਤਾ ਦੇ ਉੱਦਮੀ ਯਤਨਾਂ ਨਾਲ ਸਿੱਖਿਆ ਤੇ ਸਮਾਜਿਕ ਗਤੀਵਿਧੀਆਂ ਵਿੱਚ ਨਵੇਂ ਕੀਰਤੀਮਾਨ ਸਥਾਪਤ ਕਰ ਰਿਹਾ ਹੈ। ਇਸ ਲੜੀ ਤਹਿਤ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਬੀਤੇ ਦਿਨ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਕਾਲਜ ਦੀ ਟੀਮ ਨੂੰ 'ਰੈਸਲਿੰਗ (ਕੁਸ਼ਤੀ) ਦੀ ਓਵਰ ਆਲ ਚੈਂਪੀਅਨਸ਼ਿਪ' ਟਰਾਫੀ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾਇਰੈਕਟੋਰੇਟ ਆਫ਼ ਸਪੋਰਟਸ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਹੈਨੀ ਕੁਮਾਰੀ ਨੂੰ 'ਆਲ ਇੰਡੀਆ ਇੰਟਰ-ਯੂਨੀਵਰਸਿਟੀ' ਵਿੱਚ 50 ਕਿੱਲੋ ਭਾਰ ਲਈ ਗੋਲਡ ਮੈਡਲ ਜਿੱਤਣ 'ਤੇ 28000 ਦਾ ਚੈੱਕ ਦੇ ਕੇ ਸਨਮਾਨਿਆ ਗਿਆ ਅਤੇ ਨਾਲ ਹੀ ਤਨੂ ਸ਼ਰਮਾ. ਜਿਸ ਨੇ 72 ਕਿੱਲੋ ਭਾਰ ਵਿੱਚ ਕਾਂਸੀ ਦਾ ਤਮਗ਼ਾ ਜਿੱਤਿਆ ਸੀ,



ਉਸ ਨੂੰ 20,000 ਦੀ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਕਾਲਜ ਲਈ ਇਹ ਬੜੇ ਮਾਣ ਦੀ ਗੱਲ ਹੈ ਕਿ ਦੋਵਾਂ ਖਿਡਾਰਣਾਂ ਨੂੰ 'ਖੇਲੋ ਇੰਡੀਆ' ਲਈ ਚੁਣਿਆ ਗਿਆ। ਇਸ ਦੇ ਨਾਲ ਹੀ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਸਰੀਰਿਕ ਸਿੱਖਿਆ ਤੇ ਖੇਡ ਵਿਭਾਗ ਦੇ ਮੁਖੀ ਪਲਵਿੰਦਰ ਸਿੰਘ, ਵੇਦ ਪ੍ਰਕਾਸ਼ ਸ਼ਰਮਾ ਸਹਾਇਕ ਪ੍ਰੋਫ਼ੈਸਰ ਤੇ ਡਾ. ਕੁਲਬੀਰ ਸਿੰਘ ਸਹਾਇਕ ਪ੍ਰੋਫ਼ੈਸਰ ਆਦਿ ਨੂੰ 'ਸਪੋਰਟਸ ਪ੍ਰਮੋਸ਼ਨ' ਐਵਾਰਡ ਨਾਲ ਨਿਵਾਜਿਆ ਗਿਆ ਅਤੇ ਡਾ. ਸੰਗੀਤਾ ਨੂੰ ਪੰਜਾਬ ਯੂਨੀਵਰਸਿਟੀ ਸਪੋਰਟਸ ਕੌਂਸਲ ਚੰਡੀਗੜ੍ਹ ਦੀ ਐਗਜ਼ੀਕਿਊਟਿਵ ਬਾਡੀ ਦਾ ਮੈਂਬਰ ਚੁਣਿਆ ਗਿਆ। ਇਸ ਦੇ ਨਾਲ ਹੀ ਡਾ. ਕੁਲਬੀਰ ਸਿੰਘ ਨੂੰ ਪੰਜਾਬ ਯੂਨੀਵਰਸਿਟੀ ਸਪੋਰਟਸ ਕੌਂਸਲ ਚੰਡੀਗੜ੍ਹ ਦੀ ਜਨਰਲ ਬਾਡੀ ਦਾ ਮੈਂਬਰ ਨਿਯੁਕਤ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਸਰੀਰਿਕ ਸਿੱਖਿਆ ਤੇ ਖੇਡ ਵਿਭਾਗ ਦੇ ਮੁਖੀ ਪਲਵਿੰਦਰ ਸਿੰਘ, ਵੇਦ ਪ੍ਰਕਾਸ਼ ਸ਼ਰਮਾ ਸਹਾਇਕ ਪ੍ਰੋਫ਼ੈਸਰ ਤੇ ਡਾ. ਕੁਲਬੀਰ ਸਿੰਘ ਸਹਾਇਕ ਪ੍ਰੋਫ਼ੈਸਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਉਪਲੱਬਧੀਆਂ ਨਾਲ ਵਿਦਿਆਰਥਣਾਂ ਵਿੱਚ ਆਤਮ-ਵਿਸ਼ਵਾਸ ਵਧਦਾ ਹੈ ਤੇ ਉਹ ਭਵਿੱਖ ਵਿੱਚ ਹੋਰ ਵੱਡੀਆਂ ਕਾਮਯਾਬੀਆਂ ਹਾਸਲ ਕਰਨ ਲਈ ਪ੍ਰੇਰਿਤ ਹੁੰਦੀਆਂ ਹਨ। ਉਨ੍ਹਾਂ ਟੀਮ ਦੀ ਮਿਹਨਤ, ਲਗਨ ਤੇ ਜਜ਼ਬੇ ਦੀ ਖੂਬ ਸਰਾਹਨਾ ਕੀਤੀ। ਕਾਲਜ ਦੇ ਅਧਿਆਪਕਾਂ ਨੇ ਵੀ ਖਿਡਾਰਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਇਹ ਪ੍ਰਾਪਤੀ ਹੋਰ ਵਿਦਿਆਰਥਣਾਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ।

# ਬਲਾਕ ਸੰਮਤੀ ਚੋਣਾਂ 'ਚ ਕਾਂਗਰਸ ਦੀ ਝੰਡੀ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਬਲਾਕ ਸੰਮਤੀ ਗੁਰੂਹਰਸਹਾਏ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਜੋ ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਡਿਪਟੀ ਕਮਿਸ਼ਨਰ ਦਫ਼ਤਰ ਫ਼ਾਜ਼ਿਲਕਾ ਦੇ ਮੀਟਿੰਗ ਹਾਲ ਵਿਖੇ ਡਿਪਟੀ ਕਮਿਸ਼ਨਰ ਦੀ ਨਿਗਰਾਨੀ ਹੇਠ ਬੈਲਟ ਪੇਪਰ ਰਾਹੀਂ ਵੋਟਿੰਗ ਕਰਵਾ ਕੇ ਮੁਕੰਮਲ ਕਰਵਾਈ ਗਈ। ਇਸ ਚੋਣ ਪ੍ਰਕਿਰਿਆ 'ਚ ਉਪ ਮੰਡਲ ਮੈਜਿਸਟਰੇਟ ਗੁਰੂਹਰਸਹਾਏ ਤੇ ਬਲਾਕ ਵਿਕਾਸ ਪੰਚਾਇਤ ਦਫਤਰ ਦਾ ਅਮਲਾ ਪਹੁੰਚਿਆ ਹੋਇਆ ਸੀ।ਕਰਵਾਈ ਗਈ ਵੋਟਿੰਗ ਵਿਚ ਬਲਾਕ ਸੰਮਤੀ ਗੁਰੂਹਰਸਹਾਏ ਦੀ ਚੇਅਰਮੈਨ ਆਸ਼ਾ ਰਾਣੀ ਕੈਟਾਗਰੀ ਐਸ.ਸੀ. ਜੋ ਕਿ 11 ਵੋਟਾਂ ਲੈ ਕੇ ਜੇਤੂ ਰਹੇ। ਪੂਜਾ ਦੇਵੀ ਉਰਫ਼ ਪੂਜਾ ਰਾਣੀ ਆਜ਼ਾਦ ਨੂੰ 7 ਵੋਟਾਂ ਮਿਲੀਆਂ। ਬਲਾਕ ਸੰਮਤੀ ਗੁਰੂਹਰਸਹਾਏ ਦੇ ਵਾਈਸ ਚੇਅਰਮੈਨ ਦੀ ਚੋਣ ਦੌਰਾਨ ਕੁਲਵੰਤ ਕੌਰ ਕੈਟਾਗਰੀ ਐਸ.ਸੀ. ਇਸਤਰੀ ਨੂੰ 10 ਵੋਟਾਂ, ਮਲੂਕ ਸਿੰਘ ਆਪ ਨੂੰ 8 ਵੋਟਾਂ ਪ੍ਰਾਪਤ ਹੋਈਆਂ, ਜੋ ਕਿ ਕਾਂਗਰਸ ਪਾਰਟੀ ਗੁਰੂਹਰਸਹਾਏ ਬਲਾਕ ਸੰਮਤੀ ਅੰਦਰ ਚੇਅਰਮੈਨ ਤੇ ਵਾਈਸ ਚੇਅਰਮੈਨ ਬਣਾਉਣ ਵਿੱਚ ਕਾਮਯਾਬ ਰਹੀ। ਕਾਂਗਰਸ ਪਾਰਟੀ ਨੇ ਆਪਣਾ ਦਬਦਬਾ ਕਾਇਮ ਰੱਖਦਿਆਂ ਦੋਵੇਂ ਸੀਟਾਂ 'ਤੇ ਜਿੱਤ ਹਾਸਲ ਕੀਤੀ।ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਵਲੋਂ ਚੁਣੇ ਗਏ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਵਧਾਈਆਂ ਦਿੱਤੀਆਂ ਅਤੇ ਕਾਂਗਰਸ ਦੇ ਸਾਬਕਾ ਵਿਧਾਇਕ ਰਮਿੰਦਰ ਆਵਲਾ ਨੂੰ ਵੀ ਇਸ ਸਫਲਤਾ ਲਈ ਵਧਾਈ ਦਿੱਤੀ। ਰਾਮਿੰਦਰ ਸਿੰਘ ਆਵਲਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਚੁਣੇ ਗਏ ਸਾਥੀਆਂ ਤੋਂ ਉਮੀਦ ਕਰਦੇ ਹਨ ਕਿ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ ਤੇ ਮੁਕੰਮਲ ਕਰਾਉਣਗੇ।ਇਸ ਮੌਕੇ ਸਮੂਹ ਵਰਕਰਾਂ ਨੇ ਇਕ ਦੂਜੇ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ। ਬਲਾਕ ਸੰਮਤੀ ਗੁਰੂ ਹਰਸਹਾਏ ਦੇ 17 ਜ਼ੋਨਾਂ 'ਚ ਕਾਂਗਰਸ ਪਾਰਟੀ ਦੇ ਅੱਠ ਬਲਾਕ ਸੰਮਤੀ ਮੈਂਬਰ, ਆਮ ਆਦਮੀ ਦੇ ਪੰਜ, ਸ਼੍ਰੋਮਣੀ ਅਕਾਲੀ ਦਲ ਦੇ ਤਿੰਨ ਅਤੇ ਇਕ ਆਜ਼ਾਦ ਉਮੀਦਵਾਰ ਇਸਤਰੀ ਨੇ ਚੋਣ ਜਿੱਤੀ ਸੀ ਪਰ ਅੱਜ ਦੀ ਹੋਈ ਚੋਣ ਵਿਚ ਵੋਟਿੰਗ ਦੌਰਾਨ ਕਾਂਗਰਸ ਪਾਰਟੀ ਨੂੰ ਕਾਮਯਾਬੀ ਹਾਸਲ ਹੋਈ।

# ਡਾਕਟਰ ਜੇ ਪੀ ਨਰੂਲਾ ਚੌਥੀ ਵਾਰ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਬਣੇ



**ਨਾਭਾ (ਵਰਿੰਦਰ ਵਰਮਾ)**-ਇੰਡੀਅਨ ਮੈਡੀਕਲ ਐਸੋਸੀਏਸ਼ਨ ਨਾਭਾ ਦੀ ਚੋਣ ਕਰਵਾਈ ਗਈ।ਇਹ ਚੋਣ ਅਬਜ਼ਰਵਰ ਡਾਕਟਰ ਆਈ ਡੀ ਗੋਇਲ ਸਾਬਕਾ ਸਿਵਲ ਸਰਜਨ ਤੇ ਡਾਕਟਰ ਅਮਰਜੀਤ ਸਿੰਘ ਸਾਹਨੀ ਦੀ ਦੇਖ ਰੇਖ ਹੇਠ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਡਾਕਟਰ ਜੇ ਪੀ ਨਰੂਲਾ ਨੂੰ ਚੌਥੀ ਵਾਰ ਪ੍ਰਧਾਨ ਚੁਣਿਆ ਗਿਆ ਤੇ ਡਾਕਟਰ ਰੀਨਾ ਬਾਂਸਲ ਨੂੰ ਜਨਰਲ ਸਕੱਤਰ ਚੁਣਿਆ ਗਿਆ। ਇਸ ਮੌਕੇ ਡਾ. ਜੇ ਪੀ ਨਰੂਲਾ ਨੇ ਚੌਥੀ ਵਾਰ ਪ੍ਰਧਾਨ ਬਣਨ 'ਤੇ ਸਮੂਹ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਜੋ ਪੂਰੀ ਟੀਮ ਨੇ ਮੇਰੇ 'ਤੇ ਵਿਸ਼ਵਾਸ ਪ੍ਰਗਟ ਕੀਤਾ ਹੈ, ਮੈਂ ਉਨ੍ਹਾਂ ਦੀਆਂ ਆਸਾਂ 'ਤੇ ਪੂਰਾ ਉੱਤਰਾਂਗਾ।ਉਨ੍ਹਾਂ ਕਿਹਾ ਕਿ ਮੇਰੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ।ਡਾ. ਜੇ ਪੀ ਨਰੂਲਾ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਮਾਜ ਭਲਾਈ ਦੇ ਕਾਰਜ ਪਹਿਲਾਂ ਵਾਂਗ ਵੱਧ ਚੜ੍ਹ ਕੇ ਕੀਤੇ ਜਾਣਗੇ।ਨਵ-ਨਿਯੁਕਤ ਜਨਰਲ ਸਕੱਤਰ ਡਾ. ਰੀਨਾ ਬਾਂਸਲ ਨੇ ਕਿਹਾ ਕਿ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੀ ਟੀਮ ਦਾ ਇੱਕ ਹੀ ਮਕਸਦ ਹੈ ਲੋਕਾਂ ਦੀ ਸੇਵਾ ਕਰਨਾ।ਉਨ੍ਹਾਂ ਕਿਹਾ ਕਿ ਇਹ ਸੇਵਾ ਲਗਾਤਾਰ ਕੀਤੀ ਜਾ ਰਹੀ ਹੈ ਤੇ ਅੱਗੇ ਵੀ ਜਾਰੀ ਰਹੇਗੀ।ਇਸ ਮੌਕੇ ਡਾਕਟਰ ਰਾਜਵੰਤ ਸਿੰਘ, ਡਾਕਟਰ ਵਿਜੇ ਸ਼ਾਰਦਾ ਤੇ ਸਮੂਹ ਟੀਮ ਵੱਲੋਂ ਨਵ-ਨਿਯੁਕਤ ਪ੍ਰਧਾਨ ਤੇ ਜਨਰਲ ਸਕੱਤਰ ਨੂੰ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਡਾ. ਓ ਪੀ ਅਨੇਜਾ, ਡਾ. ਸ਼ਾਮ ਸਿੰਘ, ਲਾਜਇੰਦਰ ਵਰਮਾ, ਡਾ. ਰਾਜੇਸ਼ ਗੋਇਲ, ਡਾ. ਸਲੇਸ਼ ਗੁਪਤਾ, ਡਾ. ਚੇਤਨ ਗੋਇਲ, ਡਾ. ਹਰਗੁਰਵਿੰਦਰ ਸਿੰਘ, ਡਾ. ਅਤੁਲ ਅਨੇਜਾ, ਡਾ. ਕਮਲ ਬਾਂਸਲ, ਡਾ. ਵਿਸ਼ਵ ਯਾਦਵ, ਡਾ. ਕਨਵਰਜੀਤ ਸਿੰਘ, ਡਾ. ਸੁਰਿੰਦਰ ਅਗਰਵਾਲ, ਡਾ. ਅਸ਼ੀਸ਼ ਗਰਗ, ਡਾ. ਚਰਨਜੀਤ ਸਿੰਘ, ਡਾ. ਰਾਓ ਵਰਿੰਦਰ, ਡਾ. ਮਹੇਸ਼ ਅਹੂਜਾ, ਡਾ. ਅਸੀਮ ਮਹਿਤਾ ਆਦਿ ਹਾਜ਼ਰ ਸਨ।

# ਅਲਾਇੰਸ ਇੰਟਰਨੈਸ਼ਨਲ ਸਕੂਲ ਵੱਲੋਂ ਸਾਲਾਨਾ ਸਮਾਗਮ



**ਜੈਤੋ (ਸਤੀਸ਼ ਕੁਮਾਰ ਭੀਰੀ)**-ਜੈਤੋ ਇਲਾਕੇ ਦੀ ਮੋਹਰੀ ਵਿਦਿਅਕ ਸੰਸਥਾ ਅਲਾਇੰਸ ਇੰਟਰਨੈਸ਼ਨਲ ਸਕੂਲ ਵੱਲੋਂ ਸਾਲਾਨਾ ਸਮਾਗਮ 'ਅਕਾਂਕਸ਼ਾਏ' ਸ਼ਾਨਦਾਰ ਢੰਗ ਨਾਲ ਕਰਵਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਮੁੱਖ ਮਹਿਮਾਨ ਵਿਧਾਇਕ ਅਮੋਲਕ ਸਿੰਘ, ਡਾ. ਲਕਸ਼ਮਣ ਭਗਤੂਆਣਾ, ਹਰਸਿਮਰਨ ਮਲਹੋਤਰਾ ਅਤੇ ਸਕੂਲ ਪ੍ਰਬੰਧਨ ਕਮੇਟੀ ਦੇ ਮੈਂਬਰਾਂ, ਜਿਨ੍ਹਾਂ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਅਸ਼ਵਨੀ ਕੁਮਾਰ, ਅਸ਼ੋਕ ਕੁਮਾਰ ਗਰਗ, ਘਣਈਆ ਗਰਗ, ਜਗਮੇਲ ਸਿੰਘ ਬਰਾੜ, ਗੌਰਵ ਗਰਗ ਲੱਕੀ, ਡਿੱਪੀ ਗਰਗ ਅਤੇ ਅੰਕੁਰ ਗਰਗ ਨੇ ਦੀਪ ਜਗਾ ਕੇ ਕੀਤਾ।ਨਰਸਰੀ ਤੋਂ ਲੈ ਕੇ ਸੀਨੀਅਰ ਕਲਾਸਾਂ ਤੱਕ ਦੇ ਵਿਦਿਆਰਥੀਆਂ ਨੇ ਸਾਲਾਨਾ ਸਮਾਗਮ ਅਕਾਂਕਸ਼ਾਏ ਵਿੱਚ ਰੰਗੀਨ ਸੱਭਿਆਚਾਰਕ ਪੇਸ਼ਕਾਰੀਆਂ ਅਦਾ ਕੀਤੀਆਂ।ਵਿਦਿਆਰਥੀਆਂ ਨੇ ਦੇਸ਼ ਭਗਤੀ ਅਤੇ ਸਮਾਜਿਕ ਸੁਨੇਹਿਆਂ 'ਤੇ ਆਧਾਰਿਤ ਨਾਚ, ਸਮੂਹ ਗੀਤਾਂ, ਨਾਟਕਾਂ ਅਤੇ ਪ੍ਰੋਗਰਾਮਾਂ ਨਾਲ ਦਰਸ਼ਕਾਂ ਦਾ ਦਿਲ ਜਿੱਤ ਲਿਆ ਗਿਆ। ਵਿਦਿਆਰਥੀਆਂ ਨੇ ਪੰਜਾਬ ਦੀ ਮੌਜੂਦਾ ਸਥਿਤੀ ਨੂੰ ਦਰਸਾਉਂਦੇ ਹੋਏ ਇੱਕ ਨਾਟਕ ਵੀ ਪੇਸ਼ ਕੀਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਗੁਰਸੇਵਕ ਕੌਰ ਮਾਨ ਨੇ ਕਿਹਾ ਕਿ ਅਕਾਂਕਸ਼ਾਏ ਸਿਰਫ਼ ਇੱਕ ਸੱਭਿਆਚਾਰਕ ਸਮਾਗਮ ਨਹੀਂ, ਸਗੋਂ ਵਿਦਿਆਰਥੀਆਂ ਦੀ ਪ੍ਰਤਿਭਾ, ਸਖ਼ਤ ਮਿਹਨਤ ਅਤੇ ਸੁਪਨਿਆਂ ਨੂੰ ਪ੍ਰਦਰਸ਼ਿਤ ਕਰਨ ਦਾ ਇੱਕ ਮੌਕਾ ਹੈ। ਉਨ੍ਹਾਂ ਨੇ ਅਧਿਆਪਕਾਂ ਅਤੇ ਮਾਪਿਆਂ ਦੀ ਇਸ ਸਮਾਗਮ ਲਈ ਉਨ੍ਹਾਂ ਦੇ ਸਮਰਥਨ ਅਤੇ ਸਹਿਯੋਗ ਲਈ ਸ਼ਲਾਘਾ ਕੀਤੀ।ਸਮਾਗਮ ਦੌਰਾਨ, ਅਕਾਦਮਿਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ।

# ਮੁੱਖ ਮੰਤਰੀ ਤੀਰਥ ਯਾਤਰਾ : ਵਿਧਾਇਕ ਗੋਲਡੀ ਨੇ ਬੱਘੇ ਕੇ ਹਿਠਾੜ ਤੋਂ ਅੰਮ੍ਰਿਤਸਰ ਲਈ ਬੱਸ ਕੀਤੀ ਰਵਾਨਾ




**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਕਾਫੀ ਲਾਹੇਵੰਦ ਸਾਬਤ ਹੋ ਰਹੀ ਹੈ। ਇਸੇ ਲੜੀ ਤਹਿਤ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪਿੰਡ ਬੱਘੇ ਕੇ ਹਿਠਾੜ ਤੋਂ ਅੰਮ੍ਰਿਤਸਰ ਲਈ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਬੱਸ ਰਵਾਨਾ ਕੀਤੀ। ਉਨ੍ਹਾਂ ਕਿਹਾ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਦੁਰਗਿਆਣਾ ਮੰਦਰ, ਜਲ੍ਹਿਆਂਵਾਲਾ ਬਾਗ, ਰਾਮਤੀਰਥ ਮੰਦਰ ਅਤੇ ਕਈ ਗੁਰੂਧਾਮਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨਾਂ ਤੋਂ ਇਲਾਵਾ ਰਹਿਣ-ਸਹਿਣ, ਖਾਣ-ਪੀਣ ਦਾ ਵਧੀਆ ਪ੍ਰਬੰਧ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਹੈ। ਵਿਧਾਇਕ ਨੇ ਦੱਸਿਆ ਕਿ ਯਾਤਰੀਆਂ ਦੇ ਆਉਣ-ਜਾਣ, ਰਸਤੇ ਵਿੱਚ ਚਾਹ ਤੇ ਖਾਣੇ ਅਤੇ ਰਾਤ ਠਹਿਰਣ ਆਦਿ ਦਾ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਵਲੋਂ ਕੀਤਾ ਗਿਆ ਹੈ ਤਾਂ ਜੋ ਯਾਤਰੀ ਨੂੰ ਕਿਸੇ ਤਰਾਂ ਦੀ ਪਰੇਸ਼ਾਨੀ ਨਾ ਆਵੇ। ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ, ਉਹ ਸਰਕਾਰ ਦੀ ਇਸ ਸਕੀਮ ਦਾ ਵਧੇਰੇ ਲਾਭ ਉਠਾ ਰਹੇ ਹਨ। ਇਸ ਸਕੀਮ ਦੇ ਸ਼ੁਰੂ ਹੋਣ ਨਾਲ ਪੰਜਾਬ ਵਾਸੀਆਂ ਨੂੰ ਦੇਸ਼ ਭਰ ਵਿੱਚ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਜਾਣ ਵਾਸਤੇ ਸਫ਼ਰ ਦੀ ਸਹੂਲਤ ਮੁਫ਼ਤ ਮਿਲੀ ਹੈ।

# ਮਹਿੰਗਾਈ ਭੱਤੇ 'ਤੇ ਦਿੱਤੇ ਐਫੀਡੈਵਿਟ ਨੇ ਸਰਕਾਰ ਦੇ ਮੁਲਾਜ਼ਮ ਵਿਰੋਧੀ ਚਿਹਰੇ ਨੂੰ ਕੀਤਾ ਨੰਗਾ : ਲੀਲ੍ਹ, ਸੰਧੂ, ਗਿੱਲ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤੇ ਸਬੰਧੀ ਅਦਾਲਤ ਵਿੱਚ ਦਿੱਤੇ ਐਫੀਡੈਵਿਟ ਨੇ ਪੰਜਾਬ ਸਰਕਾਰ ਦੇ ਮੁਲਾਜ਼ਮ ਵਿਰੋਧੀ ਚਿਹਰੇ ਨੂੰ ਨੰਗਾ ਕਰ ਦਿੱਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਮੁਲਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਲੀਲ੍ਹ, ਜਨਰਲ ਸਕੱਤਰ ਰਮਨਜੀਤ ਸਿੰਘ ਸੰਧੂ ਤੇ ਡੀ ਟੀ ਐੱਫ ਦੇ ਜਨਰਲ ਸਕੱਤਰ ਰੁਪਿੰਦਰਪਾਲ ਸਿੰਘ ਗਿੱਲ ਤੇ ਰਜਿੰਦਰ ਕੁਮਾਰ ਜੰਡਿਆਲੀ ਨੇ ਦੱਸਿਆ ਕਿ ਪੰਜਾਬ ਦੇ ਮੁਲਾਜ਼ਮਾਂ ਨੇ ਪਿਛਲੇ ਲੰਬੇ ਸਮੇਂ ਤੋਂ ਮਹਿੰਗਾਈ ਭੱਤੇ ਤੇ ਤਨਖਾਹ ਕਮਿਸ਼ਨ ਦੇ ਬਕਾਏ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ।ਆਗੂਆਂ ਨੇ ਦੱਸਿਆ ਕਿ ਮਹਿੰਗਾਈ ਭੱਤਾ ਮੁਲਾਜ਼ਮਾਂ ਦਾ ਕਾਨੂੰਨੀ ਅਧਿਕਾਰ ਹੈ ਤੇ ਮਹਿੰਗਾਈ ਭੱਤਾ ਇੱਕ ਵਾਧੂ ਲਾਭ ਨਹੀਂ ਹੈ, ਬਲਕਿ ਜੀਵਨ ਦੇ ਘੱਟੋ-ਘੱਟ ਮਿਆਰ ਨੂੰ ਬਣਾਈ ਰੱਖਣ ਦਾ ਇੱਕ ਸਾਧਨ ਹੈ ਅਤੇ ਮਹਿੰਗਾਈ ਭੱਤਾ ਜੀਵਨ ਪੱਧਰ ਉੱਤੇ ਮਹਿੰਗਾਈ ਦੇ ਪੈਣ ਵਾਲੇ ਪ੍ਰਭਾਵ ਨੂੰ ਬੇਅਸਰ ਕਰਨ ਲਈ



ਦਿੱਤਾ ਹੈ।ਜਦੋਂ ਜ਼ਰੂਰੀ ਵਸਤੂਆਂ ਦੀ ਕੀਮਤ ਵਧਦੀ ਹੈ, ਤਾਂ ਮੁਲਾਜ਼ਮ ਤਨਖਾਹਾਂ ਨਾਲ ਬੁਨਿਆਦੀ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਅਸਫਲ ਰਹਿੰਦੇ ਹਨ, ਜਿਸ ਨਾਲ ਉਨ੍ਹਾਂ ਜੀਵਨ ਪੱਧਰ ਵਿੱਚ ਗਿਰਾਵਟ ਆਉਂਦੀ ਹੈ।

ਇਸੇ ਤਰਾਂ ਜੀਵਨ ਦੀ ਲਾਗਤ ਵਿੱਚ ਤਬਦੀਲੀਆਂ ਦੇ ਜਵਾਬ ਵਿੱਚ ਤਨਖਾਹਾਂ ਵਿੱਚ ਸਮੇਂ-ਸਮੇਂ 'ਤੇ ਸਮਾਯੋਜਨ ਦੇ ਜ਼ਰੀਏ, ਰਾਜ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਮੁਲਾਜ਼ਮਾਂ ਦਾ ਜੀਵਨ ਪੱਧਰ ਬਣਾਈ ਰੱਖਣ ਲਈ ਆਰਥਿਕ ਸੁਰੱਖਿਆ ਪ੍ਰਦਾਨ ਕਰੇ।ਪੰਜਾਬ ਸਰਕਾਰ ਆਪਣੀ ਇਸ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ ਤੇ ਅਦਾਲਤ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਅੰਦਰ ਕੰਮ ਕਰ ਰਹੇ ਹਰੇਕ ਮੁਲਾਜ਼ਮ ਨੂੰ ਇੱਥੇ ਕੰਮ ਕਰਦੇ ਆਈ ਏ ਐੱਸ, ਆਈ ਪੀ ਐੱਸ ਤੇ ਆਈ ਐੱਫ ਐੱਸ ਅਧਿਕਾਰੀਆਂ ਦੇ ਬਰਾਬਰ 58% ਡੀ ਏ ਮਿਲਣਾ ਚਾਹੀਦਾ ਹੈ ਤੇ ਮਹਿੰਗਾਈ ਭੱਤਾ ਦੇਣ ਵਿੱਚ ਹੋ ਰਹੀ ਵਿਤਕਰੇਬਾਜ਼ੀ ਨੂੰ ਫੌਰੀ ਖਤਮ ਕਰਨਾ ਚਾਹੀਦਾ।

ਇਸ ਮੌਕੇ 6635 ਯੂਨੀਅਨ ਦੇ ਪਰਮਿੰਦਰ ਸਿੰਘ ਮਲੌਦ, ਅਰਮਿੰਦਰ ਸਿੰਘ ਤੋਂ ਇਲਾਵਾ ਅਵਤਾਰ ਸਿੰਘ ਖਾਲਸਾ, ਅਮਨਦੀਪ ਵਰਮਾ, ਜਸਵਿੰਦਰ ਸਿੰਘ ਐਤੀਆਣਾ ਆਦਿ ਹਾਜ਼ਰ ਸਨ।

# ਐੱਸ ਆਰ ਐੱਸ ਵਿੱਦਿਆਪੀਠ ਦਾ ਸਾਲਾਨਾ ਨਤੀਜਾ 100 ਫੀਸਦੀ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਐੱਸ ਆਰ ਐੱਸ ਵਿੱਦਿਆਪੀਠ ਨੇ ਅਕਾਦਮਿਕ ਸੈਸ਼ਨ 2025-26 ਲਈ ਸਾਲਾਨਾ ਪ੍ਰੀਖਿਆਵਾਂ ਵਿੱਚ 100% ਨਤੀਜਾ ਐਲਾਨਿਆ, ਜੋ ਕਿ ਇਸ ਦੀ ਉੱਤਮਤਾ ਦੀ ਯਾਤਰਾ ਵਿੱਚ ਇੱਕ ਹੋਰ ਮੀਲ ਪੱਥਰ ਹੈ।ਮਾਪਿਆਂ ਦੇ ਹੁੰਗਾਰੇ ਨੇ ਇੱਕ ਵਾਰ ਫਿਰ ਐੱਸ ਆਰ ਐੱਸ ਵਿੱਦਿਆਪੀਠ ਵਿੱਚ ਉਨ੍ਹਾਂ ਦੇ ਵਿਸ਼ਵਾਸ ਦੀ ਪੁਸ਼ਟੀ ਕੀਤੀ, ਜਿਸ ਨੂੰ ਵਿਆਪਕ ਤੌਰ 'ਤੇ ਚੈਂਪੀਅਨਜ਼ ਦਾ ਸਕੂਲ ਮੰਨਿਆ ਜਾਂਦਾ ਹੈ, ਜਿੱਥੇ ਵਿਦਿਆਰਥੀ ਮਜ਼ਬੂਤ ਕਦਰਾਂ-ਕੀਮਤਾਂ 'ਤੇ ਅਧਾਰਤ ਅਤੇ ਭਵਿੱਖ ਲਈ ਤਿਆਰ ਆਤਮਵਿਸ਼ਵਾਸੀ ਸਿਖਿਆਰਥੀਆਂ ਵਿੱਚ ਵਧਦੇ ਹਨ। ਸੀ.ਬੀ.ਐਸ.ਈ ਅਤੇ ਐਨ.ਈ.ਪੀ 2020 ਦੇ ਨਾਲ ਇਕਸਾਰ ਸਕੂਲ ਐੱਸ ਆਰ ਐਸ ਇੱਕ ਪ੍ਰਗਤੀਸ਼ੀਲ ਅਤੇ ਭਵਿੱਖ ਲਈ ਤਿਆਰ ਪਾਠਕ੍ਰਮ ਦੀ ਪਾਲਣਾ ਕਰਦਾ ਹੈ।ਸਮਾਰਟ ਕਲਾਸਰੂਮ, ਪੂਰੀ ਤਰ੍ਹਾਂ ਏਅਰ-ਕੰਡੀਸ਼ਨਡ ਕੈਂਪਸ ਅਤੇ ਇੱਕ ਸੁਰੱਖਿਅਤ, ਵਿਦਿਆਰਥੀ-ਅਨੁਕੂਲ ਵਾਤਾਵਰਣ ਦੇ ਨਾਲ ਸਕੂਲ ਇੱਕ ਦਿਲਚਸਪ, ਸੰਕਲਪ-ਅਧਾਰਤ ਸਿੱਖਣ ਦਾ ਅਨੁਭਵ ਪ੍ਰਦਾਨ ਕਰਨਾ ਜਾਰੀ ਰੱਖਦਾ ਹੈ।ਐੱਸ ਆਰ ਐੱਸ ਵਿੱਦਿਆਪੀਠ ਗੂਗਲ ਕਰੋਮਬੁੱਕ ਲੈਬ ਵਰਗੀਆਂ ਨਵੀਨਤਾਕਾਰੀ ਪਹਿਲਕਦਮੀਆਂ ਨਾਲ ਨਿਰੰਤਰ ਵਿਕਸਤ ਹੋ ਰਿਹਾ ਹੈ।ਕੁਐਸਟ, ਰੀਅਲ-ਵਰਲਡ ਲਰਨਿੰਗ ਐਕਸਪੀਰੀਅੰਸ, ਅਤੇ ਫਿਊਚਰ-ਰੇਡੀ ਕਰੀਅਰ ਗਾਈਡੈਂਸ ਵਰਗੇ ਪ੍ਰੋਗਰਾਮ ਵਿਦਿਆਰਥੀਆਂ ਦੇ ਅਕਾਦਮਿਕ ਅਤੇ ਕਰੀਅਰ ਮਾਰਗਾਂ ਨੂੰ ਹੋਰ ਮਜ਼ਬੂਤ ਕਰਦੇ ਹਨ।ਪਲੇਵੇ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਸਿੱਖਿਆ ਦੀ ਪੇਸ਼ਕਸ਼ ਕਰਦੇ ਹੋਏ ਐੱਸ ਆਰ ਐੱਸ ਵਿੱਦਿਆਪੀਠ ਇੱਕ ਬੈਂਚਮਾਰਕ ਸੰਸਥਾ ਵਜੋਂ ਖੜ੍ਹਾ ਹੈ।




ਪ੍ਰਬੰਧਨ ਅਤੇ ਸਟਾਫ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫਲਤਾ 'ਤੇ ਵਧਾਈ ਦਿੱਤੀ ਅਤੇ ਮਾਪਿਆਂ ਦਾ ਉਨ੍ਹਾਂ ਦੇ ਨਿਰੰਤਰ ਵਿਸ਼ਵਾਸ ਅਤੇ ਸਮਰਥਨ ਲਈ ਧੰਨਵਾਦ ਪ੍ਰਗਟ ਕੀਤਾ।ਇਸ ਮੌਕੇ ਸਕੂਲ ਚੇਅਰਮੈਨ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਲਲਿਤ ਸਿੰਗਲਾ, ਵਾਈਸ ਚੇਅਰਮੈਨ ਮਿਸ ਸਮਿਧਾ ਸਿੰਗਲਾ ਅਤੇ ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਸਾਰੇ ਵਿਦਿਆਰਥੀਆਂ ਨੂੰ ਉਹਨਾਂ ਦੇ ਉਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵੱਲੋਂ ਸੱਤ ਰੋਜ਼ਾ ਰਾਸ਼ਟਰੀ ਕਾਰਜਸ਼ਾਲਾ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵੱਲੋਂ ਗੁਰਬਾਣੀ ਅਨੁਵਾਦ: ਲੋੜ, ਨੈਤਿਕਤਾ ਅਤੇ ਮਿਆਰ ਵਿਸ਼ੇ 'ਤੇ ਸੱਤ ਰੋਜ਼ਾ ਰਾਸ਼ਟਰੀ ਕਾਰਜਸ਼ਾਲਾ ਦਾ ਸਫਲ ਸਮਾਪਨ ਹੋਇਆ। ਇਹ ਕਾਰਜਸ਼ਾਲਾ ਅੰਦਰੂਨੀ ਗੁਣਵੱਤਾ ਨਿਰਧਾਰਣ ਸੈੱਲ ਅਤੇ ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਗੁਰਿਆਈ ਵਰ੍ਹੇ ਨੂੰ ਸਮਰਪਤ ਸੀ। ਮੁੱਖ ਮਹਿਮਾਨ ਵਜੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸਾਬਕਾ ਪ੍ਰੋਫੈਸਰ ਡਾ. ਸਤਨਾਮ ਸਿੰਘ ਸੰਧੂ ਨੇ ਗੁਰਬਾਣੀ ਦੇ ਅਨੁਵਾਦ ਨਾਲ ਜੁੜੀਆਂ ਚੁਣੌਤੀਆਂ 'ਤੇ ਵਿਚਾਰ ਸਾਂਝੇ ਕਰਦਿਆਂ ਇਸ ਸਬੰਧੀ ਸ਼ਬਦ ਕੋਸ਼ ਤਿਆਰ ਕਰਨ ਉਪਰ ਜ਼ੋਰ ਦਿੱਤਾ।ਵਿਦਾਇਗੀ ਭਾਸ਼ਣ ਦੌਰਾਨ ਸਿੱਖ-ਰੀ (ਅਮਰੀਕਾ) ਦੇ ਨਿਰਦੇਸ਼ਕ ਡਾ. ਜਸਵੰਤ ਸਿੰਘ ਨੇ ਗੁਰਬਾਣੀ ਅਨੁਵਾਦ ਦੇ ਮੁੱਖ ਤੱਤ ਵਿਸ਼ੇ 'ਤੇ ਚਰਚਾ ਕਰਦਿਆਂ ਨੈਤਿਕ ਜ਼ਿੰਮੇਵਾਰੀਆਂ ਉੱਪਰ ਚਾਨਣ ਪਾਇਆ।ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਗੁਰਬਾਣੀ ਦੀ ਸਮਝ ਅਤੇ ਵਿਆਖਿਆ ਨੂੰ ਹੋਰ ਡੂੰਘਾ ਕਰਨ ਲਈ ਅਜਿਹੇ ਅਕਾਦਮਿਕ ਉਪਰਾਲਿਆਂ ਦੀ



ਮਹੱਤਤਾ ਉੱਤੇ ਜ਼ੋਰ ਦਿੱਤਾ। ਯੂਨੀਵਰਸਿਟੀ ਟਰੱਸਟ ਮੈਂਬਰ ਅਮਰਦੀਪ ਸਿੰਘ ਧਾਰਨੀ ਨੇ ਗੁਰਬਾਣੀ ਦੇ ਸੰਦੇਸ਼ ਨੂੰ ਅਕਾਦਮਿਕ ਹੱਦਾਂ ਤੋਂ ਬਾਹਰ ਤੱਕ ਪਹੁੰਚਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ।

ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਅੰਦਰੂਨੀ ਗੁਣਵੱਤਾ ਨਿਰਧਾਰਣ ਸੈੱਲ ਦੀ ਨਿਰਦੇਸ਼ਕ ਡਾ. ਅੰਕਦੀਪ ਕੌਰ ਅਟਵਾਲ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਵਰਕਸ਼ਾਪ ਦੀ ਰਿਪੋਰਟ ਪੇਸ਼ ਕੀਤੀ। ਉਦਘਾਟਨੀ ਅਤੇ ਵਿਦਾਇਗੀ ਵਕਤਾ ਤੋਂ ਇਲਾਵਾ ਅਮਰਦੀਪ ਸਿੰਘ, ਡਾਇਰੈਕਟਰ ਦਾ ਲੋਸਟ ਹੈਰੀਟੇਜ ਫਾਉਂਡੇਸ਼ਨ, ਸਿੰਗਾਪੁਰ, ਪ੍ਰੋਫੈਸਰ ਐਮਿਰਿਟਸ ਡਾ. ਸਵਰਾਜ ਰਾਜ, ਅੰਗਰੇਜ਼ੀ ਵਿਭਾਗ, ਵਿਕਰਮਜੀਤ ਸਿੰਘ ਤਿਹਾੜਾ ਅਤੇ ਜਗਤੇਜ ਸਿੰਘ ਸਿੱਖ ਰਿਸਰਚ ਇੰਸਟੀਚਿਊਟ ਚੰਡੀਗੜ੍ਹ ਨੇ ਵੱਖ ਵੱਖ ਵਿਸ਼ਿਆਂ ਉੱਪਰ ਵਿਚਾਰ-ਵਟਾਂਦਰਾ ਕੀਤਾ। ਵਿਰਾਸਤੀ ਗਿਆਨ ਪ੍ਰਬੰਧ ਕੇਂਦਰ ਦੇ ਕਨਵੀਨਰ ਡਾ. ਹਰਦੇਵ ਸਿੰਘ ਨੇ ਧੰਨਵਾਦ ਮਤਾ ਪੇਸ਼ ਕੀਤਾ।ਸੈਸ਼ਨ ਦਾ ਸੰਚਾਲਨ ਜਸਪ੍ਰੀਤ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਵਰਿੰਦਰ ਸਿੰਘ ਭੁੱਲਰ, ਮੁਖੀ ਸਰੀਰਕ ਸਿੱਖਿਆ ਵਿਭਾਗ; ਡਾ. ਸਰਪ੍ਰੀਤ ਸਿੰਘ, ਡੀਨ ਅਲੂਮਨੀ ਤੇ ਮੁਖੀ ਕੰਪਿਊਟਰ ਵਿਗਿਆਨ ਅਤੇ ਵੱਖ-ਵੱਖ ਵਿਭਾਗਾਂ ਦੇ ਮੁਖੀ ਹਾਜ਼ਰ ਸਨ।

# ਦਿ ਐੱਜ ਓਵਰਸੀਜ਼ ਵੱਲੋਂ ਆਈਲੈਟਸ ਤੇ ਪੀ ਟੀ ਈ ਦੇ ਨਵੇਂ ਬੈਚ ਅੱਜ ਤੋਂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਇਲਾਕੇ ਦੀ ਨਾਮਵਰ ਵਿਦਿਅਕ ਅਤੇ ਇਮੀਗ੍ਰੇਸ਼ਨ ਸੰਸਥਾ ਦਿ ਐੱਜ ਓਵਰਸੀਜ਼ ਕੰਸਲਟੈਂਟ ਧੂਰੀ ਨੇ ਇੱਕ ਵਾਰ ਫ਼ਿਰ ਆਪਣੀ ਉੱਤਮ ਕਾਰਗੁਜ਼ਾਰੀ ਦਾ ਲੋਹਾ ਮਨਵਾਇਆ ਹੈ। ਸੰਸਥਾ ਵਿੱਚ ਕੋਚਿੰਗ ਲੈ ਰਹੇ ਵਿਦਿਆਰਥੀਆਂ ਨੇ ਆਈਲੈਟਸ ਅਤੇ ਪੀ ਟੀ ਈ ਦੀਆਂ ਪ੍ਰੀਖਿਆਵਾਂ ਵਿੱਚੋਂ ਸ਼ਾਨਦਾਰ ਬੈਂਡ ਹਾਸਲ ਕਰਕੇ ਵਿਦੇਸ਼ੀ ਯੂਨੀਵਰਸਿਟੀਆਂ ਦੇ ਰਾਹ ਪੱਧਰੇ ਕਰ ਲਏ ਹਨ।ਇਸ ਸਫ਼ਲਤਾ ਦੀ ਖ਼ੁਸ਼ੀ ਸਾਂਝੀ ਕਰਦਿਆਂ ਸੰਸਥਾ ਦੇ ਸੀ.ਐੱਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਐਲਾਨ ਕੀਤਾ ਕਿ ਨਵੇਂ ਅਕਾਦਮਿਕ ਸੈਸ਼ਨ ਦੇ ਮੱਦੇਨਜ਼ਰ 1 ਅਪ੍ਰੈਲ ਤੋਂ ਨਵੇਂ ਬੈਚਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਮੌਜੂਦਾ ਹਾਲਾਤ 'ਤੇ ਗੰਭੀਰ ਚਰਚਾ ਕਰਦਿਆਂ ਜਗਸੀਰ ਸਿੰਘ ਢੀਂਡਸਾ ਨੇ ਦੱਸਿਆ ਕਿ ਕੈਨੇਡਾ ਅਤੇ ਆਸਟ੍ਰੇਲੀਆ ਵਰਗੇ ਮੁਲਕਾਂ ਵੱਲੋਂ ਇਮੀਗ੍ਰੇਸ਼ਨ ਨੀਤੀਆਂ ਵਿੱਚ ਕੀਤੇ ਜਾ ਰਹੇ ਲਗਾਤਾਰ ਬਦਲਾਅ ਕਾਰਨ ਵੀਜ਼ਾ ਪ੍ਰਕਿਰਿਆ ਹੁਣ ਕਾਫ਼ੀ ਜਟਿਲ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਚੁਣੌਤੀਪੂਰਨ ਦੌਰ ਵਿੱਚ ਇੱਕ ਤਜਰਬੇਕਾਰ ਕੰਸਲਟੈਂਟ ਦੀ ਚੋਣ ਕਰਨਾ ਸਭ ਤੋਂ ਅਹਿਮ ਫੈਸਲਾ ਹੈ। ਸਾਡੀ ਮਾਹਿਰ ਟੀਮ ਹਰ ਕੇਸ ਦਾ ਬਾਰੀਕੀ ਨਾਲ ਵਿਸ਼ਲੇਸ਼ਣ ਕਰਦੀ ਹੈ ਅਤੇ ਫਾਈਲ ਨੂੰ ਇੰਨੇ ਤਰਕਪੂਰਨ ਤੇ ਪਾਰਦਰਸ਼ੀ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ ਕਿ ਵੀਜ਼ਾ ਲੱਗਣ ਦੀ ਦਰ ਲਗਭਗ ਸੌ ਫੀਸਦੀ ਤੱਕ ਰਹਿੰਦੀ ਹੈ।ਦਿ ਐੱਜ ਓਵਰਸੀਜ਼ ਸਿਰਫ਼ ਸਟੱਡੀ ਵੀਜ਼ਾ ਤੱਕ ਹੀ ਸੀਮਤ ਨਹੀਂ, ਸਗੋਂ ਵਰਕ ਪਰਮਿਟ, ਸਪਾਊਸ ਵੀਜ਼ਾ, ਵਿਜ਼ਿਟਰ ਅਤੇ ਸੁਪਰ ਵੀਜ਼ਾ ਵਰਗੀਆਂ ਸੇਵਾਵਾਂ ਵੀ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਵਿਦਿਆਰਥੀਆਂ ਨੂੰ ਆਈਲੈਟਸ ਤੇ ਪੀਟੀਈ ਦੀ ਤਿਆਰੀ ਕਰਵਾਉਣ ਲਈ ਅਤਿ-ਆਧੁਨਿਕ ਤਕਨੀਕਾਂ ਅਤੇ ਡਿਜੀਟਲ ਸਾਧਨਾਂ ਦੀ ਵਰਤੋਂ ਕੀਤੀ ਜਾਂਦੀ ਹੈ। ਢੀਂਡਸਾ ਨੇ ਨੌਜਵਾਨਾਂ ਅਤੇ ਮਾਪਿਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਉਹ ਸੋਸ਼ਲ ਮੀਡੀਆ ਦੇ ਲੁਭਾਉਣੇ ਇਸ਼ਤਿਹਾਰਾਂ ਜਾਂ ਅਧੂਰੀ ਜਾਣਕਾਰੀ ਦੇ ਝਾਂਸੇ ਵਿੱਚ ਆਉਣ ਦੀ ਬਜਾਏ ਸਿਰਫ਼ ਪ੍ਰਮਾਣਿਤ ਮਾਹਰਾਂ ਤੋਂ ਹੀ ਸਲਾਹ ਲੈਣ।

ਇਸ ਮੌਕੇ ਸਫ਼ਲ ਰਹੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੇ ਸੰਸਥਾ ਦੀ ਵਧੀਆ ਕਾਰਜਪ੍ਰਣਾਲੀ ਦੀ ਸ਼ਲਾਘਾ ਕਰਦਿਆਂ ਵਿਸ਼ੇਸ਼ ਧੰਨਵਾਦ ਕੀਤਾ।




# ਪਹਿਲੀ ਵਾਰ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਪੰਜਾਬ ਨੂੰ ਮਿਲਣੀ ਸਰਕਾਰ ਦੀ ਵੱਡੀ ਪ੍ਰਾਪਤੀ : ਚੇਅਰਮੈਨ ਮਧੇਕੇ

**ਬੱਧਨੀ ਕਲਾ (ਨਛੱਤਰ ਸੰਧੂ)**-ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਪਹਿਲੀ ਵਾਰ 1791 ਕਰੋੜ ਦੀ ਵੱਡੀ ਰਾਸ਼ੀ ਖੇਡਾਂ ਲਈ ਫੰਡ ਦੇ ਰੂਪ ਵਿੱਚ ਰੱਖੀ ਗਈ ਹੈ ਜੋ ਕਿ ਪੰਜਾਬ ਦੀ ਜਵਾਨੀ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਵੱਡਾ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਪਲੈਨਿੰਗ ਬੋਰਡ ਅਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਮੋਗਾ ਬਰਿੰਦਰ ਕੁਮਾਰ ਮਧੇਕੇ ਨੇ ਜਾਰੀ ਪ੍ਰੈੱਸ ਨੋਟ ਵਿੱਚ ਕੀਤਾ।ਚੇਅਰਮੈਨ ਬਰਿੰਦਰ ਕੁਮਾਰ ਨੇ ਦੱਸਿਆ ਕਿ ਮਾਨ ਸਰਕਾਰ ਦੀ ਖੇਡਾਂ ਨੂੰ ਉਤਸ਼ਾਹਿਤ ਕਰਨ ਦੀ ਨੀਤੀ ਦਾ ਹੀ ਨਤੀਜਾ ਹੈ ਕਿ ਪੰਜਾਬ ਵਿੱਚ ਪਹਿਲੀ ਵਾਰ ਏਸ਼ੀਆ ਪੱਧਰ ਦੀ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਹੋਣ ਜਾ ਰਹੀ ਹੈ ਜੋ ਕਿ ਮਾਨ ਸਰਕਾਰ ਦੀ ਵੱਡੀ ਅਤੇ ਇਤਿਹਾਸਕ ਪ੍ਰਾਪਤੀ ਹੈ। ਚੇਅਰਮੈਨ ਕਿਹਾ ਕਿ ਖੇਡਾਂ ਨਾਲ ਜੁੜਿਆ ਨੌਜਵਾਨ ਵਰਗ ਗਲਤ ਪਾਸੇ ਵੱਲ ਨਹੀਂ ਜਾ ਸਕਦਾ ਇਸੇ ਲਈ ਮਾਨ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਮੁੱਚੇ ਪੰਜਾਬ ਵਿੱਚ 1350 ਕਰੋੜ ਰੁਪਏ ਨਾਲ 3100 ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ 102 ਕਰੋੜ ਰੁਪਏ ਨਾਲ 3000 ਜਿੰਮ ਅਤੇ 50 ਕਰੋੜ ਰੁਪਏ ਨਾਲ 17 ਹਜ਼ਾਰ ਸਪੋਰਟਸ ਕਿੱਟਾਂ ਯੂਥ ਕਲੱਬਾਂ ਨੂੰ ਦਿੱਤੀਆਂ ਜਾ ਰਹੀਆਂ ਹਨ, ਕੋਚਾਂ ਦੀ ਗਿਣਤੀ ਵਧਾ ਕੇ 2458 ਕੀਤੀ ਗਈ ਹੈ ਅਤੇ 48 ਖਿਡਾਰੀਆਂ ਨੂੰ ਕੋਚ ਵਜੋਂ ਨੌਕਰੀਆਂ ਦਿੱਤੀਆਂ ਗਈਆਂ ਹਨ। ਹਰੇਕ ਪਿੰਡ ਵਿੱਚ ਖੇਡਾਂ ਦੀ ਟਰੇਨਿੰਗ ਦੇਣ ਲਈ ਪਰਸਨਲ ਟਰੇਨਰ ਨਿਯੁਕਤ ਕੀਤੇ ਜਾ ਰਹੇ ਹਨ।ਉਨ੍ਹਾਂ ਏਸ਼ੀਅਨ ਚੈਂਪੀਅਨਸ਼ਿਪ ਹਾਕੀ ਟਰਾਫੀ ਦੇ ਅਯੋਜਨ ਨੂੰ ਪੰਜਾਬ ਦੀ ਆਰਥਿਕਤਾ ਲਈ ਵੀ ਸ਼ੁੱਭ ਸੰਕੇਤ ਕਰਾਰ ਦਿੰਦਿਆਂ ਕਿਹਾ ਇਸ ਨਾਲ ਪੰਜਾਬ ਦੀ ਆਰਥਿਕਤਾ ਨੂੰ ਵੀ ਵੱਡਾ ਹੁਲਾਰਾ ਮਿਲੇਗਾ ਅਤੇ ਪੰਜਾਬ ਇੱਕ ਟੂਰਿਸਟ ਹੱਬ ਵਜੋਂ ਹੋਰ ਜ਼ਿਆਦਾ ਪ੍ਰਸਿੱਧੀ ਪ੍ਰਾਪਤ ਕਰੇਗਾ।



**Chola** Enter a better life

**CHOLAMANDALAM INVESTMENT AND FINANCE COMPANY LIMITED**
Corporate Office Address : Chola Crest, Super B, C54 & C55, 4, Thiru Vi Ka, Industrial Estate, Guindy, Chennai-600 032

**ਅੰਤਿਕਾ IV [ ਰੂਲ (8-1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਚੋਲਾਮੰਡਲਮ ਇਨਵੈਸਟਮੈਂਟ ਐਂਡ ਫਾਇਨਾਂਸ ਕੰਪਨੀ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002, ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ ਤੇ ਸੈਕਸ਼ਨ 13(2) ਅਧੀਨ ਕਰਜ਼ਦਾਰਾਂ (ਨਾਂਅ ਅਤੇ ਪਤੇ ਹੇਠਾਂ ਦਰਸਾਏ ਗਏ ਹਨ) ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਅਤੇ ਇਸ 'ਤੇ ਵਿਆਜ ਵਾਪਸ ਮੋੜਨ ਲਈ ਸੱਦਾ ਦਿੰਦਾ ਡਿਮਾਂਡ ਨੋਟਿਸ ਜਾਰੀ ਕੀਤਾ ਸੀ।
ਹੇਠਾਂ ਦਰਸਾਏ ਕਰਜ਼ਦਾਰ ਰਕਮ ਅਦਾ ਕਰਨ 'ਚ ਅਸਫ਼ਲ ਰਹੇ ਹਨ। ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਕਰਜ਼ਾ ਲੈ ਲਿਆ ਹੈ।
ਖਾਸ ਕਰਕੇ ਉਕਤ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਮੈਸਰਜ਼ ਚੋਲਾਮੰਡਲਮ ਇਨਵੈਸਟਮੈਂਟ ਐਂਡ ਫਾਇਨਾਂਸ ਕੰਪਨੀ ਲਿਮਟਿਡ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਅਤੇ ਇਸ ਉਪਰ ਵਿਆਜ ਵਸੂਲ ਕੀਤੀ ਜਾਵੇਗੀ।
ਉਪਲਬੱਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰਾਂ ਦਾ ਨਾਂਅ ਅਤੇ ਪਤਾ ਤੇ ਕਰਜ਼ਾ ਅਕਾਊਂਟ ਨੰਬਰ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਾਸ਼ੀ | ਕਬਜ਼ਾ ਜਾਇਦਾਦ ਦਾ ਵੇਰਵਾ | ਕਬਜ਼ੇ ਦੀ ਮਿਤੀ |
|---|---|---|---|---|---|
| 1. | Loan Account No. LAP3PNT000102597 & LAP5PNT000171595<br>ਉੱਤਮ ਲੂਥਰਾ<br>ਅਸ਼ੋਕ ਕੁਮਾਰ<br>ਰੇਖਾ ਰੇਖਾ<br>349 ਨੇੜੇ ਗੌਰਮਿੰਟ ਹਾਈ ਸਕੂਲ, ਮੁਹੱਲਾ ਖੰਡਾ, ਖੋਲਾ ਬਟਾਲਾ, ਗੁਰਦਾਸਪੁਰ, ਅੱਡਾ ਪੰਜਗਰਾਈਆਂ, ਗੁਰਦਾਸਪੁਰ ਪੰਜਾਬ-143505<br>ਨਾਲ ਹੀ : ਖੇਵਟ 120 ਖਤੌਨੀ 225 ਤੋਂ 237, ਖਸਰਾ ਨੰ. 35/21, 101 65 37/1 23//11/2 18/2/2 ਜਾਇਦਾਦ ਪਿੰਡ ਧੰਦੋਈ ਵਿਖੇ ਸਥਿਤ, ਪਿੰਡ ਤੇ ਡਾਕਖਾਨਾ ਧੰਦੋਈ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ-143505 ਧੰਦੋਈ, ਗੁਰਦਾਸਪੁਰ, ਗੌਰਮਿੰਟ ਸਕੂਲ ਪੰਜਾਬ-143505<br>ਸੰਦੀਪ ਸਿੰਘ<br>349 ਨੇੜੇ ਗੌਰਮਿੰਟ ਹਾਈ ਸਕੂਲ, ਮੁਹੱਲਾ ਖੰਡਾ, ਖੋਲਾ ਬਟਾਲਾ, ਗੁਰਦਾਸਪੁਰ ਅੱਡਾ ਪੰਜਗਰਾਈਆਂ, ਗੁਰਦਾਸਪੁਰ ਪੰਜਾਬ-143505 | 02.01.2026 | 02.01.2026 ਨੂੰ ਰੁਪਏ 2040210/- (ਵੀਹ ਲੱਖ ਚਾਲੀ ਹਜ਼ਾਰ ਦੋ ਸੌ ਦਸ ਰੁਪਏ ਕੇਵਲ) ਅਤੇ ਇਸ 'ਤੇ ਵਿਆਜ | ਜਾਇਦਾਦ ਖਸਰਾ ਨੰ. 35 ਆਰ/21 (0-11), 101 (1-3), 165 (0-17), 37 ਆਰ/1 ਮਿੰਨ ਚੜ੍ਹਦਾ (2-10) 23 ਆਰ/11/2 (2-0) 18/2/2 (0-16), 21 ਮਿੰਨ (4-0), 26 ਆਰ/1/2 (5-4), 32 ਆਰ/9 (4-16), 23 ਆਰ/20 (8-0) 21 ਮਿੰਨ ਦੱਖਣ (4-0), 26 ਆਰ/10/1 (5-4), 12/3 ਮਿੰਨ ਦੱਖਣ (3-14), 19 (8-0), 32 ਆਰ/1/1 (3-14), 26 ਆਰ/11/2 (3-10), 27 ਆਰ/15/1 (6-1), 16, (8-18) 32 ਆਰ/10/2/2 (2-0), 37 ਆਰ/1 ਮਿੰਨ ਦਰਮਿਆਨ (2-10) 26 ਆਰ/12/3 ਮਿੰਨ ਪਹਾੜ (3-13), 13/3 (0-7), 37 ਆਰ/1 ਮਿੰਨ ਲਹਿੰਦਾ (1-16), 32 ਆਰ/10/1 (2-10) 26 ਆਰ/11/1 (4-10), 25 ਆਰ/21 (7-12), 32 ਆਰ/10/2/1 (3-10) 23 ਆਰ/12/2 (1-18), 19 (7-18), 32 ਆਰ/1/2 (4-2), 2 (1-18) ਕਿੱਤਾ 31 ਰਕਬਾ 117 ਕਨਾਲ 2 ਮਰਲਾ ਅਤੇ ਹਿੱਸਾ 20/10539, ਜੋ ਕਿ 4 ਮਰਲਾ 4 ਸਰਸਾਈ (ਨਾਲ ਚਾਰ ਦੁਕਾਨਾਂ) (ਮਾਲਕ ਤਬਾਦਲਾ ਡੀਡ 20.10.2023 ਵਸੀਕਾ ਨੰ. 2023-24/151/1/1294 ਅਤੇ ਮਿਊਟੇਸ਼ਨ ਨੰ. 2068 ਮਿਤੀ 23.10.2023) ਪਿੰਡ ਧੰਦੋਈ ਵਿਖੇ ਸਥਿਤ, ਹੱਦਬਸਤ ਨੰ. 156, ਤਹਿਸੀਲ ਕਾਦੀਆਂ, ਜ਼ਿਲ੍ਹਾ ਗੁਰਦਾਸਪੁਰ। ਹੱਦਾਂ : ਪੂਰਬ : ਅਮਿਤ ਦੀ ਜਾਇਦਾਦ, ਪੱਛਮ : ਗਲੀ 13 ਫੁੱਟ, ਉੱਤਰ : ਸੜਕ 50 ਫੁੱਟ, ਦੱਖਣ ਮਨਜੀਤ ਸਿੰਘ | ਕਬਜ਼ਾ ਨੋਟਿਸ 28.03.2026 |

ਮਿਤੀ : 28.03.2026
ਸਥਾਨ : ਗੁਰਦਾਸਪੁਰ

ਅਧਿਕਾਰਤ ਅਫਸਰ
ਚੋਲਾਮੰਡਲਮ ਇਨਵੈਸਟਮੈਂਟ ਐਂਡ ਫਾਇਨਾਂਸ ਕੰਪਨੀ ਲਿਮਟਿਡ

# ਅਮਰੀਕਾ ਤੇ ਇਜ਼ਰਾਈਲ ਵੱਲੋਂ ਇਰਾਨ 'ਤੇ ਹਮਲੇ ਵਿਰੁੱਧ ਰੋਸ ਪ੍ਰਦਰਸ਼ਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਅਮਰੀਕਾ ਤੇ ਇਜ਼ਰਾਈਲ ਵੱਲੋਂ ਇਰਾਨ ਤੇ ਕੀਤੇ ਜਾ ਰਹੇ ਹਮਲੇ ਵਿਰੁੱਧ ਮਜ਼ਦੂਰ, ਮੁਲਾਜ਼ਮ ਤਾਲਮੇਲ ਕੇਂਦਰ ਵਲੋਂ ਕਨਵੀਨਰ ਜਗਦੀਸ਼ ਕੁਮਾਰ ਦੀ ਅਗਵਾਈ ਹੇਠ ਮੋਰਿੰਡਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਵਿੱਚ ਵੱਖ ਵੱਖ ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਦੇ ਵਲੰਟੀਅਰਜ਼ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਾਲਮੇਲ ਕੇਂਦਰ ਦੇ ਕੋ ਕਨਵੀਨਰ ਭਾਗ ਸਿੰਘ ਨੇ ਦੱਸਿਆ ਕਿ ਅਮਰੀਕਾ ਆਪਣੀ ਸਾਮਰਾਜੀ ਲੁੱਟ ਦੇ ਪੰਜੇ ਫੈਲਾਉਣ, ਸੰਸਾਰ ਤੇ ਆਪਣੀ ਚੌਧਰ ,ਧੌਂਸ ਜਮਾਉਣ ਲਈ ਵੱਖ-ਵੱਖ ਦੇਸ਼ਾਂ ਅੰਦਰ ਰਾਜ ਪਲਟੇ ਕਰਕੇ ਧੱਕੇਸ਼ਾਹੀ ਨਾਲ ਜੰਗਾਂ ਮੜ ਕੇ ਲੋਕਾਂ ਤੇ ਕਹਿਰ ਵਰਸਾਉਣ ਦੇ ਮਨੁੱਖਤਾ ਵਿਰੋਧੀ ਕੁਕਰਮ ਕਰਨ ਚੋਂ ਲੱਗਿਆ ਹੋਇਆ ਹੈ। ਗੈਸ ਤੇ ਤੇਲ ਭੰਡਾਰਾਂ ਵਾਲੇ ਦੇਸ਼ਾਂ 'ਚੋਂ ਰਾਜ ਪਲਟੇ ਕਰਵਾ ਕੇ ਆਪਣੀਆਂ ਕੱਠ ਪੁਤਲੀਆਂ ਸਰਕਾਰਾਂ ਰਾਹੀਂ ਉਹਨਾਂ ਦੇਸ਼ਾਂ ਵਿੱਚ ਆਪਣੇ ਫੌਜੀ ਅੱਡੇ ਬਣਾ ਲਏ ਹਨ। ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨੂੰ ਡਾਕੂਆ ਵਾਂਗ ਅਗਵਾਹ ਕਰਕੇ ਲੈ ਗਿਆ ਹੈ। ਉੱਥੇ ਆਪਣੀ ਕੱਠਪੁਤਲੀ ਸਰਕਾਰ ਬਣਾ ਦਿੱਤੀ ਹੈ।ਤੇਲ ਭੰਡਾਰਾਂ ਤੇ ਕਬਜ਼ਾ ਕਰਕੇ ਸੰਸਾਰ ਤੇ ਆਪਣੀ ਚੌਧਰ ਕਾਇਮ ਕਰਨ ਦੇ ਮਕਸਦ ਵਿੱਚ ਇਰਾਨ ਅੜਿੱਕਾ ਬਣਨ ਕਰਕੇ ਅਮਰੀਕਾ ਦੀਆਂ ਅੱਖਾਂ ਵਿੱਚ ਰੜਕਦਾ ਹੈ । ਇਸੇ ਲਈ ਅਮਰੀਕਾ ਅਤੇ ਇਜਰਾਈਲ ਨੇ ਮਨਘੜਤ ਬਹਾਨੇ ਬਣਾ ਕੇ ਇਰਾਨ ਤੇ ਹਮਲਾ ਕਰ ਦਿੱਤਾ ਹੈ । ਜਿਸ ਦਾ ਇਰਾਨ ਆਪਣੇ ਕੌਮੀ ਸਵੈਮਾਨ ਦੀ ਰਾਖੀ ਲਈ ਕਰਾਰਾ ਜਵਾਬ ਦੇ ਰਿਹਾ ਹੈ। ਇਸ ਨਿਹੱਕੀ ਜੰਗ ਕਾਰਨ ਕਈ ਦੇਸ਼ਾਂ ਦੇ ਲੋਕ ਗੈਸ ਅਤੇ ਤੇਲ ਦਾ ਸੰਕਟ ਪੈਦਾ ਹੋ ਗਿਆ ਹੈ। ਇਸ ਕਾਰਨ ਤੇਲ ਤੇ ਗੈਸ ਦੇ ਰੇਟ ਵਧਣ ਕਾਰਨ ਮਹਿੰਗਾਈ ਬਹੁਤ ਵੱਧ ਗਈ ਹੈ।ਇਸ ਵਿਰੋਧ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਪੈਨਸ਼ਨ ਐਸੋਸੀਏਸ਼ਨ ਦੇ ਪ੍ਰਧਾਨ ਹਰਭਜਨ ਸਿੰਘ ,ਜਲ ਸਪਲਾਈ ਐਂਡ ਸੈਨੀਟੇਸ਼ਨ ਵਰਕਰ ਯੂਨੀਅਨ ਦੇ ਪ੍ਰਧਾਨ ਮਨਦੀਪ ਸਿੰਘ ,ਪਾਵਰਕਾਮ ਐਂਡ ਟਰਾਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਜੰਗ ਸਿੰਘ ਅਤੇ ਟੈਕਨੀਕਲ ਸਰਵਿਸ ਯੂਨੀਅਨ ਦੇ ਪ੍ਰਧਾਨ ਦਵਿੰਦਰ ਸਿੰਘ ਨੇ ਮੰਗ ਕੀਤੀ ਈਰਾਨ ਤੇ ਮੜੀ ਨਿਹੱਕੀ ਜੰਗ ਬੰਦ ਕੀਤੀ ਜਾਵੇ ।ਇਸ ਰੋਸ ਪ੍ਰਦਰਸ਼ਨ ਨੂੰ ਮਜ਼ਦੂਰ, ਮੁਲਾਜ਼ਮ ਤਾਲਮੇਲ ਕੇਂਦਰ ਬਲਾਕ ਮੋਰਿੰਡਾ ਅਤੇ ਵੱਖ ਵੱਖ ਮੁਲਾਜ਼ਮ ਅਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਵੀ ਸੰਬੋਧਨ ਕੀਤਾ।

# ਗੁੰਮਟੀ 'ਚ ਅੱਖਾਂ ਦਾ 21ਵਾਂ ਮੁਫ਼ਤ ਚੈੱਕਅੱਪ ਕੈਂਪ ਲਗਾਇਆ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਗੁੰਮਟੀ ਵਿਖੇ 21ਵਾਂ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਸਮਾਜ ਸੇਵੀ ਪਿਆਰਾ ਸਿੰਘ ਮਾਹਮਦਪੁਰ ਤੇ ਪਰਵਾਰ ਦੇ ਉੱਦਮ ਸਦਕਾ ਲਗਾਇਆ ਗਿਆ, ਜਿਸ 'ਚ ਏਕ ਜੋਤ ਹਸਪਤਾਲ ਮਲੇਰਕੋਟਲਾ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ 105 ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਅਤੇ ਲੋੜਵੰਦ 25 ਮਰੀਜ਼ਾਂ ਨੂੰ ਲੈਨਜ਼ ਪਾਉਣ ਲਈ ਹਸਪਤਾਲ ਰੈਫਰ ਕੀਤਾ ਗਿਆ।ਇਸ ਕੈਂਪ ਦੇ ਮੁੱਖ ਪ੍ਰਬੰਧਕ ਪਿਆਰਾ ਸਿੰਘ ਮਾਹਮਦਪੁਰ ਨੇ ਪਿਛਲੇ ਲੰਬੇ ਸਮੇਂ ਤੋਂ ਲੋੜਵੰਦ ਮਰੀਜ਼ਾਂ ਦੀ ਭਲਾਈ ਲਈ ਚਲਾਈ ਜਾ ਰਹੀ ਮੁਹਿਮ ਬਾਰੇ ਵਿਸਥਾਰਪੂਰਵਕ ਜ਼ਿਕਰ ਕਰਦਿਆਂ ਸਮੂਹ ਸਹਿਯੋਗੀ ਸੱਜਣਾਂ ਦਾ ਧੰਨਵਾਦ ਕੀਤਾ।ਇਸ ਮੌਕੇ ਨਗਰ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਮੁੱਖ ਪ੍ਰਬੰਧਕ ਪਿਆਰਾ ਸਿੰਘ ਮਾਹਮਦਪੁਰ, ਡਾਕਟਰਾਂ ਦੀ ਟੀਮ ਤੇ ਸਮੂਹ ਸਹਿਯੋਗੀ ਸਾਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਪੰਚ ਦਰਸ਼ਨ ਸਿੰਘ ਬੜਿੰਗ, ਰਕੇਸ਼ ਕੁਮਾਰ ਕੇਸ਼ੀ, ਨੰਬਰਦਾਰ ਨਾਜਰ ਸਿੰਘ, ਪ੍ਰਧਾਨ ਜਗਤ ਸਿੰਘ, ਜੀਤ ਸਿੰਘ ਆੜ੍ਹਤੀਆ ਕੁਲਵਿੰਦਰ ਸਿੰਘ ਸਿੱਧੂ, ਗੁਰਕੀਰਤ ਕੌਰ ਆਦਿ ਹਾਜ਼ਰ ਸਨ।

# ਮਾਨ ਦੀ ਰੈਲੀ 'ਚ ਉਮੜੇ ਜਨ ਸੈਲਾਬ ਨੇ ਹਲਕਾ ਸਨੌਰ 'ਚ ਹਡਾਣਾ ਦੀ ਜਿੱਤ ਦੇ ਦਿੱਤੇ ਸੰਕੇਤ



**ਦੁੱਧਣ ਸਾਧਾਂ (ਰਾਜਿੰਦਰ ਸਿੰਘ ਬਿੰਦ)**-ਹਲਕਾ ਸਨੌਰ ਦੇ ਇਤਿਹਾਸਕ ਕਸਬੇ ਦੁੱਧਣ ਸਾਧਾਂ ਵਿਖੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਆਮਦ ਮੌਕੇ ਹੋਏ ਵਿਸ਼ਾਲ ਇਕੱਠ ਨੇ ਸਿਆਸੀ ਮਾਹਿਰਾਂ ਨੂੰ ਹੈਰਾਨ ਕਰ ਦਿੱਤਾ ਹੈ। ਰੈਲੀ ਵਿੱਚ ਪਹੁੰਚੇ ਲੱਖਾਂ ਦੇ ਜਨ ਸੈਲਾਬ ਤੇ ਲੋਕਾਂ ਦੇ ਜੋਸ਼ ਨੂੰ ਦੇਖਦਿਆਂ ਸਿਆਸੀ ਗਲਿਆਰਿਆਂ ਵਿੱਚ ਇਹ ਚਰਚਾ ਛਿੜ ਗਈ ਹੈ ਕਿ ਹਲਕੇ ਦੇ ਲੋਕਾਂ ਨੇ ਆਉਣ ਵਾਲੀਆਂ ਚੋਣਾਂ ਲਈ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਜਿੱਤ ਦੇ ਸਪੱਸ਼ਟ ਸੰਕੇਤ ਦੇ ਦਿੱਤੇ ਹਨ।ਦੱਸਣਯੋਗ ਹੈ ਕਿ ਰੈਲੀ ਵਿੱਚ ਉਮੜਿਆ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਹ ਦੱਸ ਰਿਹਾ ਸੀ ਕਿ ਹਲਕਾ ਸਨੌਰ ਦੇ ਲੋਕ ਰਵਾਇਤੀ ਪਾਰਟੀਆਂ ਨੂੰ ਨਕਾਰ ਕੇ ਪੂਰੀ ਤਰ੍ਹਾਂ ਆਮ ਆਦਮੀ ਪਾਰਟੀ ਤੇ ਰਣਜੋਧ ਸਿੰਘ ਹਡਾਣਾ ਦੇ ਨਾਲ ਚੱਟਾਨ ਵਾਂਗ ਖੜ੍ਹੇ ਹਨ।ਮੁੱਖ ਮੰਤਰੀ ਜੀ ਦੀ ਹਰ ਗੱਲ 'ਤੇ ਵੱਜਦੀਆਂ ਤਾੜੀਆਂ ਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰਿਆਂ ਨੇ ਇਹ ਸਾਬਿਤ ਕਰ ਦਿੱਤਾ ਕਿ ਹਲਕੇ ਵਿੱਚ ਵਿਰੋਧੀ ਪਾਰਟੀਆਂ ਦਾ ਆਧਾਰ ਖ਼ਤਮ ਹੋ ਚੁੱਕਾ ਹੈ। ਦੁੱਧਣ ਸਾਧਾਂ ਦੀ ਇਸ ਇਤਿਹਾਸਕ ਰੈਲੀ ਨੇ ਨਾ ਸਿਰਫ਼ ਹਲਕਾ ਸਨੌਰ ਵਿੱਚ ਰਣਜੋਧ ਸਿੰਘ ਹਡਾਣਾ ਦੀ ਸਿਆਸੀ ਮਜ਼ਬੂਤੀ 'ਤੇ ਮੋਹਰ ਲਗਾਈ ਹੈ, ਸਗੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਟੇਜ ਤੋਂ ਹਡਾਣਾ ਦੀਆਂ ਮੰਗਾਂ ਨੂੰ ਖ਼ੁਦ ਪੜ੍ਹ ਕੇ ਜਲਦ ਪੂਰਾ ਕਰਨ ਦਾ ਦਿੱਤਾ ਭਰੋਸਾ ਹਲਕੇ ਦੇ ਵਿਕਾਸ ਲਈ ਇੱਕ ਨਵਾਂ ਮੀਲ ਪੱਥਰ ਸਾਬਿਤ ਹੋਵੇਗਾ।ਰੈਲੀ ਵਿੱਚ ਮੌਜੂਦ ਬਜ਼ੁਰਗਾਂ, ਨੌਜਵਾਨਾਂ ਤੇ ਮਾਵਾਂ-ਭੈਣਾਂ ਦੇ ਉਤਸ਼ਾਹ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਹਲਕਾ ਸਨੌਰ ਵਿੱਚ ਰਣਜੋਧ ਸਿੰਘ ਹਡਾਣਾ ਦੀ ਜਿੱਤ ਯਕੀਨੀ ਹੈ।ਇਸ ਇਕੱਠ ਨੇ ਸਿਰਫ਼ ਭੀੜ ਦਾ ਹੀ ਰਿਕਾਰਡ ਨਹੀਂ ਤੋੜਿਆ, ਸਗੋਂ ਵਿਰੋਧੀਆਂ ਦੇ ਸਿਆਸੀ ਸਮੀਕਰਨ ਵੀ ਵਿਗਾੜ ਕੇ ਰੱਖ ਦਿੱਤੇ ਹਨ। ਰੈਲੀ ਵਿੱਚ ਉਮੜੇ ਜਨ-ਸੈਲਾਬ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਇਲਾਕੇ ਦੀ ਜਨਤਾ ਰਣਜੋਧ ਹਡਾਣਾ ਦੀ ਮਿਹਨਤ ਅਤੇ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦੇ ਨਾਲ ਚੱਟਾਨ ਵਾਂਗ ਖੜ੍ਹੀ ਹੈ। ਅਖੀਰ ਵਿੱਚ ਸ. ਹਡਾਣਾ ਨੇ ਸਮੂਹ ਹਲਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਇਕੱਠ ਉਨ੍ਹਾਂ ਦੀ ਜਿੱਤ ਨਹੀਂ, ਸਗੋਂ ਸਨੌਰ ਦੀ ਜਨਤਾ ਦੇ ਭਰੋਸੇ ਦੀ ਜਿੱਤ ਹੈ।

# ਯੂਥ ਵਿੰਗ ਨੂੰ ਮਜ਼ਬੂਤ ਕਰਨ ਲਈ ਪਾਰਸ ਸ਼ਰਮਾ ਦੀ ਸਿਸੋਦੀਆ ਨਾਲ ਮੀਟਿੰਗ

**ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਆਮ ਆਦਮੀ ਪਾਰਟੀ ਦੇ ਮਾਲਵਾ ਜ਼ੋਨ ਦੇ ਇੰਚਾਰਜ ਪਾਰਸ ਸ਼ਰਮਾ ਨੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨਾਲ ਮੁਲਾਕਾਤ ਕਰਦੇ ਹੋਏ ਯੂਥ ਵਿੰਗ ਨੂੰ ਹੋਰ ਮਜ਼ਬੂਤ ਬਣਾਉਣ ਤੇ ਆਪਣੇ ਹਲਕੇ ਦੇ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਇਸ ਮੌਕੇ ਪਾਰਸ ਸ਼ਰਮਾ ਨੇ ਦੱਸਿਆ ਕਿ ਪਾਰਟੀ ਦੀ ਯੂਥ ਵਿੰਗ ਨੂੰ ਜ਼ਮੀਨੀ ਪੱਧਰ 'ਤੇ ਹੋਰ ਸਰਗਰਮ ਕਰਨ ਲਈ ਖ਼ਾਸ ਯੋਜਨਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਪਾਰਟੀ ਨਾਲ ਜੋੜ ਕੇ ਸਮਾਜਿਕ ਤੇ ਰਾਜਨੀਤਕ ਗਤੀਵਿਧੀਆਂ ਵਿੱਚ ਸ਼ਾਮਲ ਕੀਤਾ ਜਾਵੇਗਾ, ਤਾਂ ਜੋ ਉਹ ਵਿਕਾਸ ਦੇ ਕੰਮਾਂ ਵਿੱਚ ਆਪਣਾ ਯੋਗਦਾਨ ਪਾ ਸਕਣ।ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਵੀ ਜਾਣਕਾਰੀ ਮਨੀਸ਼ ਸਿਸੋਦੀਆ ਨੂੰ ਦਿੱਤੀ ਗਈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਪ੍ਰੋਜੈਕਟ ਲਿਆਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਮਨੀਸ਼ ਸਿਸੋਦੀਆ ਨੇ ਯੂਥ ਵਿੰਗ ਨੂੰ ਮਜ਼ਬੂਤ ਕਰਨ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਨੌਜਵਾਨ ਹੀ ਪਾਰਟੀ ਦੀ ਅਸਲ ਤਾਕਤ ਹਨ।ਇਸ ਮੁਲਾਕਾਤ ਨੂੰ ਪਾਰਟੀ ਲਈ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ, ਜੋ ਆਉਣ ਵਾਲੇ ਸਮੇਂ ਵਿੱਚ ਯੂਥ ਵਿੰਗ ਦੀ ਸਰਗਰਮੀ ਨੂੰ ਨਵਾਂ ਬਲ ਦੇਵੇਗੀ।



# ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ 'ਚ ਅਹਿਮ ਮੁੱਦੇ ਵਿਚਾਰੇ

## ਆਂਗਣਵਾੜੀ ਕੇਂਦਰਾਂ 'ਚ ਆ ਰਿਹੈ ਰਾਸ਼ਨ ਵੇਰਕਾ ਰਾਹੀਂ ਸਪਲਾਈ ਕੀਤਾ ਜਾਵੇ-ਹਰਗੋਬਿੰਦ ਕੌਰ



**ਮਮਦੋਟ, (ਜਸਬੀਰ ਸਿੰਘ ਕੰਬੋਜ)**-ਇੱਥੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਬਲਾਕ ਮਮਦੋਟ ਦੀ ਮੀਟਿੰਗ ਪ੍ਰਕਾਸ਼ ਕੌਰ ਬਲਾਕ ਪ੍ਰਧਾਨ ਮਮਦੋਟ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਨ ਲਈ ਸ਼੍ਰੀਮਤੀ ਹਰਗੋਬਿੰਦ ਕੌਰ ਕੌਮੀ ਪ੍ਰਧਾਨ ਤੇ ਸ਼ੀਲਾ ਰਾਣੀ ਜ਼ਿਲ੍ਹਾ ਪ੍ਰਧਾਨ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੋਟਾਂ ਵੇਲੇ ਆਂਗਣਵਾੜੀ ਵਰਕਰਾਂ ਹੈਲਪਰਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਆਉਣ 'ਤੇ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ, ਪ੍ਰੰਤੂ ਆਂਗਣਵਾੜੀ ਵਰਕਰ ਹੈਲਪਰ ਦਾ ਮਾਣ ਭੱਤਾ ਦੁੱਗਣਾ ਕਰਨ ਦੀ ਥਾਂ ਤੇ ਸਰਕਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਮਾਣ ਭੱਤਾ ਟਾਈਮ ਸਿਰ ਦੇਣ ਵਿੱਚ ਵੀ ਅਸਫਲ ਰਹੀ ਹੈ।ਉਨ੍ਹਾ ਕਿਹਾ ਕਿ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਅੱਜ ਤੱਕ ਸਮਾਰਟ ਫੋਨ ਨਹੀਂ ਦਿੱਤੇ ਗਏ। ਉਨ੍ਹਾਂ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ, ਆਂਗਣਵਾੜੀ ਕੇਂਦਰਾਂ ਵਿੱਚ ਆ ਰਿਹਾ ਖਰਾਬ ਰਾਸ਼ਨ ਪ੍ਰਾਈਵੇਟ ਕੰਪਨੀਆਂ ਤੋਂ ਬੰਦ ਕਰਕੇ ਵੇਰਕਾ ਰਾਹੀਂ ਸਪਲਾਈ ਕੀਤਾ ਜਾਵੇ।ਐਨਜੀਓ ਨੂੰ ਦਿੱਤੇ ਬਲਾਕ ਵਾਪਸ ਲਏ ਜਾਣ।ਆਂਗਣਵਾੜੀ ਵਰਕਰ ਹੈਲਪਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ।ਉਨ੍ਹਾ ਕਿਹਾ ਕਿ ਆਪਣੀਆਂ ਉਪਰੋਕਤ ਹੱਕੀ ਮੰਗਾਂ ਮਨਵਾਉਣ ਵਾਸਤੇ ਅੱਜ ਦੀ ਮੀਟਿੰਗ ਵਿੱਚ ਜਥੇਬੰਦੀ ਦੇ ਉਲੀਕੇ ਪ੍ਰੋਗਰਾਮਾਂ ਅਨੁਸਾਰ ਮਈ ਮਹੀਨੇ ਵਿੱਚ ਹਲਕਾ ਵਿਧਾਇਕ ਦੇ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਗਿਆ ਤੇ ਉਸ ਦੀ ਤਿਆਰੀ ਕੀਤੀ ਗਈ।ਮੀਟਿੰਗ ਵਿੱਚ ਪੁਸ਼ਪਿੰਦਰ ਕੌਰ ਹਾਮਦ ਮੀਤ ਪ੍ਰਧਾਨ, ਪ੍ਰੇਮ ਕੌਰ ਜੋਧਪੁਰ ਵਿੱਤ ਸਕੱਤਰ, ਸਰਕਲ ਮਮਦੋਟ ਵੰਨ ਤੋਂ ਪਰਮਜੀਤ ਕੌਰ ਸਵਾਈਕੇ, ਸਰਕਲ ਮਮਦੋਟ ਦੋ ਤੋਂ ਰਜਿੰਦਰ ਕੌਰ ਚੱਕ ਟਾਹਲੀ ਵਾਲਾ, ਸਰਕਲ ਲੱਖੋ ਕੇ ਬਹਿਰਾਮ ਤੋਂ ਨੀਰਜਾ, ਪਰਮਜੀਤ ਕੌਰ ਭੂਰੇ ਖਰਦ ਕੜਮਾ ਸਰਕਲ, ਅਫ਼ਰਾਂ ਬਾਈ, ਨਵਜੀਤ ਕੌਰ, ਪ੍ਰਵੀਨ ਕੌਰ, ਕੁਲਵੰਤ ਕੌਰ, ਪਵਨਦੀਪ ਕੌਰ, ਕੈਲਾਸ਼ ਕੌਰ ਸਮੇਤ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਹਾਜ਼ਰ ਸਨ।

# ਜਸਵਿੰਦਰ ਧੀਮਾਨ ਨੇ ਅਮਨਦੀਪ ਨਾਲ ਕੀਤਾ ਦੁੱਖ ਸਾਂਝਾ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਮਨਦੀਪ ਸਿੰਘ ਲਖਮੀਰ ਵਾਲਾ ਦੇ ਚਾਚਾ ਜੀ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੇ ਘਰ ਲਖਮੀਰ ਵਾਲਾ ਵਿਖੇ ਕਾਂਗਰਸ ਹਲਕਾ ਇੰਚਾਰਜ ਜਸਵਿੰਦਰ ਸਿੰਘ ਧੀਮਾਨ ਉਨ੍ਹਾਂ ਦੇ ਗ੍ਰਹਿ ਚਾਚਾ ਜੀ ਦੀ ਮੌਤ ਦਾ ਅਫਸੋਸ ਪ੍ਰਗਟ ਕਰਨ ਪਹੁੰਚੇ ਅਤੇ ਚਾਚਾ ਜੀ ਦੇ ਸੁਭਾਅ ਬਾਰੇ ਜਾਣਿਆ।ਉਨ੍ਹਾਂ ਕਿਹਾ ਕਿ ਵਾਹਿਗੁਰੂ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਇਸ ਮੌਕੇ ਅਵਤਾਰ ਸਿੰਘ, ਹਰਜਿੰਦਰ ਸਿੰਘ, ਕਾਲਾ ਕਾਂਤੀ, ਜੱਜ ਗੁਰਪ੍ਰੀਤ ਸਿੰਘ ਨੇ ਵੀ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ।

# ਸਰਕਾਰ ਵਪਾਰਕ ਵਾਤਾਵਰਣ ਸੁਧਾਰਨ ਲਈ ਵਚਨਬੱਧ : ਚੇਅਰਮੈਨ




**ਧੂਰੀ (ਮਨੋਹਰ ਸਿੰਘ ਸੱਗੂ)**-ਵਪਾਰੀਆਂ ਦੀਆਂ ਮੁਸ਼ਕਲਾਂ ਦੇ ਤੇਜ਼ ਤੇ ਪ੍ਰਭਾਵਸ਼ਾਲੀ ਹੱਲ ਲਈ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੀ ਲੜੀ ਤਹਿਤ ਪੰਜਾਬ ਟਰੇਡ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਸਥਾਨਕ ਸ਼ਹਿਰ ਦੇ ਲੋਹਾ ਬਾਜ਼ਾਰ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਮੌਕੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਵਪਾਰੀਆਂ ਦੇ ਹਿਤਾਂ ਦੀ ਸੁਰੱਖਿਆ ਅਤੇ ਵਪਾਰਕ ਵਾਤਾਵਰਣ ਨੂੰ ਹੋਰ ਸੁਧਾਰਨ ਲਈ ਵਚਨਬੱਧ ਹੈ ਅਤੇ ਅਜਿਹੀਆਂ ਮੀਟਿੰਗਾਂ ਰਾਹੀਂ ਵਪਾਰੀਆਂ ਨਾਲ ਸਿੱਧੀ ਗੱਲਬਾਤ ਕਰਕੇ ਜ਼ਮੀਨੀ ਹਕੀਕਤਾਂ ਨੂੰ ਸਮਝਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਮੀਟਿੰਗ ਦੌਰਾਨ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀ ਮੌਜੂਦਗੀ 'ਚ ਬਹੁਤੇ ਮਸਲਿਆਂ ਨੂੰ ਤੁਰੰਤ ਨਿਪਟਾਇਆ ਗਿਆ। ਇਸ ਮੌਕੇ ਅਨਿਲ ਮਿੱਤਲ, ਮੈਂਬਰ ਬਸੰਤ ਲਾਲ ਕਾਂਝਲਾ, ਜਸਵੀਰ ਸਿੰਘ, ਦੀਪਕ ਵਰਮਾ, ਕੁਲਦੀਪ ਸਿੰਘ, ਬਿਲਾਲ ਖਾਨ, ਅਮਨ ਖਾਨ ਸਮੇਤ ਕਾਫ਼ੀ ਗਿਣਤੀ ਵਿੱਚ ਵਪਾਰੀ ਮੌਜੂਦ ਰਹੇ।

# ....ਤੇ ਵਿਆਹ ਵਿੱਚ ਸਿਆਸੀ ਤਬਸਰੇ ਵੀ ਖ਼ੂਬ ਹੋਏ



**ਸ਼ਾਹਕੋਟ (ਗਿਆਨ ਸੈਦਪੁਰੀ)**-ਇੱਥੋਂ ਦੇ ਮਸ਼ਹੂਰ ਬਜਾਜ ਪਰਿਵਾਰ ਦੇ ਪੁੱਤਰ ਕੁੰਵਰਜੀਤ ਸਿੰਘ ਬਜਾਜ ਅਤੇ 'ਮਾਸਟਰਾਂ ਦੇ ਪਰਵਾਰ' ਦੀ ਧੀ ਆਦਰਸ਼ਪ੍ਰੀਤ ਕੌਰ ਦੇ ਵਿਆਹ ਦੀ ਸਵਾਗਤੀ ਪਾਰਟੀ ਜਿੱਥੇ ਸਵਾਗਤ ਦੇ ਯਾਦਗਾਰੀ ਪਲ ਸਿਰਜ ਗਈ, ਉੱਥੇ ਪਰਵਾਰਕ ਤੇ ਸਮਾਜਿਕ ਰਿਸ਼ਤਿਆਂ ਦੀ 'ਰੁਣ-ਚੁਣ' ਵੀ ਪੈਦਾ ਕਰ ਗਈ।ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਉਪ ਪ੍ਰਧਾਨ ਤੇ ਹੁਣ ਮੈਂਬਰ ਬੀਬੀ ਪਰਮਜੀਤ ਕੌਰ ਬਜਾਜ ਅਤੇ ਸਵਰਗੀ ਬਿਕਰਮਜੀਤ ਸਿੰਘ ਬਜਾਜ ਦੇ ਪੁੱਤਰ ਅਤੇ ਕਾਂਗਰਸ ਮਹਿਲਾ ਮੰਡਲ ਸ਼ਾਹਕੋਟ ਦੀ ਪ੍ਰਧਾਨ ਬੀਬੀ ਅਮਰਜੀਤ ਕੌਰ ਸਚਦੇਵਾ ਅਤੇ ਪੱਤਰਕਾਰ ਦਲਜੀਤ ਸਿੰਘ ਸਚਦੇਵਾ ਦੀ ਧੀ ਸਵਾਗਤੀ ਪਾਰਟੀ ਦੌਰਾਨ ਜਿੱਥੇ ਪਰਿਵਾਰਕ ਰਿਸ਼ਤਿਆਂ ਦੇ ਮੋਹ ਦੀਆਂ ਤੰਦਾਂ ਮਜ਼ਬੂਤ ਤੇ ਚਮਕਦਾਰ ਹੁੰਦੀਆਂ ਨਜ਼ਰ ਆਈਆਂ, ਉੱਥੇ ਸਿਆਸੀ ਤਬਸਰੇ ਵੀ ਖ਼ੂਬ ਹੋਏ। ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਪੈਂਦੀਆਂ ਤਿੰਨ ਬਲਾਕ ਸੰਮਤੀਆਂ ਦੇ ਚੇਅਰਮੈਨਾਂ ਅਤੇ ਵਾਇਸ ਚੇਅਰਮੈਨਾਂ ਦੀਆਂ ਤਾਜ਼ਾ ਤੇ ਦਿਲਚਸਪ ਚੋਣਾਂ ਨੇ ਸਿਆਸੀ 'ਸੰਵਾਦ' ਨੂੰ ਵਧੇਰੇ ਰੌਚਕ ਬਣਾਈ ਰੱਖਿਆ। ਸਵਾਗਤੀ ਪਾਰਟੀ ਦੀਆਂ ਰੌਣਕਾਂ ਦੌਰਾਨ ਮੁੱਖ ਤੌਰ 'ਤੇ ਸਰਗਰਮ ਸਿਆਸੀ ਪਾਰਟੀਆਂ ਦੇ ਮੋਹਰੀ ਜਾਂ ਹਲਕਾ ਇੰਚਾਰਜਾਂ ਦੀਆਂ ਆਪਸੀ ਨਜ਼ਰਾਂ 'ਮਿਲਦੀਆਂ' ਜਾਂ 'ਚੁਰਾ' ਹੁੰਦੀਆਂ ਵੀ ਮਹਿਮਾਨਾਂ ਨੇ ਵੇਖੀਆਂ। ਕਾਂਗਰਸ ਪਾਰਟੀ ਜ਼ਿਲ੍ਹਾ ਜਲੰਧਰ(ਦਿਹਾਤੀ) ਦੇ ਪ੍ਰਧਾਨ ਹਲਕਾ ਸ਼ਾਹਕੋਟ ਦੀ ਨੁਮਾਇੰਦਗੀ ਕਰ ਰਹੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, 'ਆਪ' ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਅਕਾਲੀ ਦਲ(ਬਾਦਲ) ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਅਤੇ ਭਾਜਪਾ ਦੇ ਕੈਂਪ ਇੰਚਾਰਜ ਅਤੇ ਭਾਜਪਾ ਦੇ ਅੰਦਰ ਬਾਕੀਆਂ ਤੋਂ ਵਧੇਰੇ ਸਰਗਰਮ ਆਗੂ ਰਾਣਾ ਹਰਦੀਪ ਸਿੰਘ ਇੱਕ ਮੇਜ਼ 'ਤੇ ਤਾਂ ਨਾ ਮਿਲੇ ਪਰ ਇੱਕ 'ਪੰਡਾਲ' ਵਿੱਚ ਵਿਚਰਦਿਆਂ ਦੀਆਂ ਸਰਗੋਸ਼ੀਆ ਸਭ ਮਹਿਮਾਨਾਂ ਲਈ ਦਿਲਚਸਪੀ ਦਾ ਬਾਇਸ ਬਣੀਆਂ ਰਹੀਆਂ। ਕਿਸੇ ਵੇਲੇ ਸ਼ਾਹਕੋਟ ਵਿੱਚ ਸਿਆਸੀ ਹਰਮਨ ਪਿਆਰਤਾ ਦੀ ਪੌੜੀ ਦਾ ਸਿਖਰ ਰਹੇ ਉੱਘੇ ਖੇਡ ਪ੍ਰੋਮਟਰ ਅਤੇ ਸਮਾਜ ਸੇਵਕ ਹਰਬੰਸ ਸਿੰਘ ਚੰਦੀ ਵਾਲੇ ਮੇਜ਼ ਦੀ ਰੌਣਕ ਸਵਾਗਤੀ ਪਾਰਟੀ ਦੌਰਾਨ ਕਾਫੀ ਸਮਾਂ ਕਾਇਮ ਰਹੀ। ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ ਦੇ ਓ ਐਸ ਡੀ ਰਵਿੰਦਰ ਸਿੰਘ ਟੁਰਨਾ ਅਤੇ ਭਾਜਪਾ ਆਗੂ ਰਾਣਾ ਹਰਦੀਪ ਸਿੰਘ ਦਾ ਇੱਕ ਮੇਜ਼ ਮੱਲਣਾ ਵੀ ਕਈਆਂ ਦੀ ਸਿਆਸੀ ਦਿਲਚਸਪੀ ਨੂੰ 'ਡੂੰਘਾ' ਕਰ ਗਿਆ। ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ ਸਿਆਸੀ ਰਮਜ਼ਾਂ ਨੂੰ ਤਾਂ ਸਮਝਦੇ ਹਨ, ਪਰ ਹਮੇਸ਼ਾ ਦੀ ਤਰ੍ਹਾਂ ਵਿਆਹ ਦੀ ਸਵਾਗਤੀ ਪਾਰਟੀ ਵਿੱਚ ਸਿਆਸਤ ਤੋਂ ਨਿਰਲੇਪ ਜਿਹੇ ਨਜ਼ਰ ਆਏ। ਸ਼ਾਹਕੋਟ ਦੇ ਸਿਆਸੀ ਅਸਮਾਨ ਵਿੱਚ ਸਿਆਸੀ ਰੰਗ ਭਰਨ ਵਾਲੇ ਸਿਆਸੀ ਨਜ਼ਰ ਨਾਲ ਇਹ ਵੀ ਵੇਖਦੇ ਰਹੇ ਕਿਹੜੇ ਮੇਜ਼ 'ਤੇ ਕਿਸ ਦੇ ਨਾਲ ਕੌਣ ਬੈਠਾ ਹੈ। ਵੱਖਰੇ ਵੱਖਰੇ ਸਿਆਸੀ ਕੋਣਾ ਵਾਲਿਆਂ ਦੇ ਹਾਵ-ਭਾਵ ਵੇਖ ਕੇ ਅੰਦਾਜ਼ੇ ਵੀ ਲੱਗਦੇ ਰਹੇ ਕਿ ਗੱਲਬਾਤ ਦਾ ਵਿਸ਼ਾ ਕੀ ਹੋਵੇਗਾ।

# 'ਆਪ' 'ਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਸਤਿਕਾਰ ਦਿੱਤਾ ਜਾਵੇਗਾ : ਡਾ. ਅਰੋੜਾ

## ਵਾਰਡ 27 ਦੀਆਂ ਸੈਂਕੜੇ ਔਰਤਾਂ ਆਮ ਆਦਮੀ ਪਾਰਟੀ 'ਚ ਸ਼ਾਮਲ



**ਮੋਗਾ, (ਇਕਬਾਲ ਸਿੰਘ ਖਹਿਰਾ)**-ਵਾਰਡ ਨੰਬਰ 27 ਦੇ ਬਾਬਾ ਵਧਾਵਾ ਸਿੰਘ ਨਗਰ ਵਿਖੇ ਆਯੋਜਿਤ 'ਜਨ ਸੰਵਾਦ ਸਮਾਗਮ' ਦੌਰਾਨ ਸਥਾਨਕ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਵਾਰਡ ਦੀਆਂ ਸੈਂਕੜੇ ਔਰਤਾਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈਆਂ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਉਨ੍ਹਾਂ ਦਾ ਰਸਮੀ ਤੌਰ 'ਤੇ ਪਾਰਟੀ ਵਿੱਚ ਸਵਾਗਤ ਕੀਤਾ ਗਿਆ, ਜਿਨ੍ਹਾਂ ਨੇ ਉਨ੍ਹਾਂ ਨੂੰ ਸਿਰੋਪਾ ਨਾਲ ਸਨਮਾਨਤ ਕੀਤਾ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਇਲਾਕਾ ਨਿਵਾਸੀਆਂ ਨਾਲ ਗੱਲਬਾਤ ਕੀਤੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰੇਰਿਤ ਹੋ ਕੇ, ਸੈਂਕੜੇ ਔਰਤਾਂ ਨੇ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਪਰਿਵਾਰ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ।ਉਨ੍ਹਾਂ ਕਿਹਾ ਕਿ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਵਾਰਾਂ ਦਾ ਨਿੱਘਾ ਸਵਾਗਤ ਕਰਦੀਆਂ ਹਨ, ਉਨ੍ਹਾਂ ਨੂੰ ਭਰੋਸਾ ਦਿਵਾਉਂਦੀਆਂ ਹਨ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਵਿਅਕਤੀ ਨੂੰ ਉਹ ਸਤਿਕਾਰ ਤੇ ਸਨਮਾਨ ਦਿੱਤਾ ਜਾਵੇਗਾ, ਜਿਸ ਦੇ ਉਹ ਹੱਕਦਾਰ ਹਨ।ਇਸ ਸਮਾਗਮ ਵਿੱਚ ਨਗਰ ਨਿਗਮ ਦੇ ਮੇਅਰ ਪ੍ਰਵੀਨ ਸ਼ਰਮਾ, ਵਾਰਡ ਇੰਚਾਰਜ ਟੋਨੀ, ਲਵਲੀ ਸਿੰਗਲਾ (ਮਹਿਲਾ ਵਿੰਗ), ਵਜਿੰਦਰ ਵਿਪਿਨ, ਬਲਾਕ ਪ੍ਰਧਾਨ ਪੂਨਮ, ਸਾਬਕਾ ਕੌਂਸਲਰ ਤੇ ਰਾਜਨੀਤਕ ਸਕੱਤਰ ਦਵਿੰਦਰ ਤਿਵਾੜੀ, ਯੂਥ ਆਗੂ ਵਿੱਕੀ ਦੌਧਰੀਆ, ਪਰਮਿੰਦਰ ਸਿੰਘ ਤੇ ਰਾਜਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਵਾਰਡ ਨਿਵਾਸੀ ਮੌਜੂਦ ਸਨ।

# ਲੌਂਗੋਵਾਲ ਵਿਖੇ ਆਮ ਆਦਮੀ ਕਲੀਨਿਕ ਦਾ ਕੀਤਾ ਉਦਘਾਟਨ

**ਲੌਂਗੋਵਾਲ, (ਪ੍ਰਦੀਪ ਸੱਪਲ)** : ਭਾਵੇਂ ਕਿ ਲੌਂਗੋਵਾਲ ਦਾ ਸਰਕਾਰੀ ਹਸਪਤਾਲ ਇੱਕ ਰੈਫਰ ਸੈਂਟਰ ਬਣਿਆ ਹੋਇਆ ਹੈ, ਪਰ ਫਿਰ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇੱਕ ਆਮ ਆਦਮੀ ਕਲੀਨਿਕ ਲੋਕਾਂ ਦੇ ਸਪੁਰਦ ਕੀਤਾ ਗਿਆ ਹੈ।ਇਹ ਕਲੀਨਿਕ ਬਾਜ਼ਾਰ ਅੰਦਰ ਕੁੜੀਆਂ ਦੇ ਪੁਰਾਣੇ ਸਕੂਲ ਦੀ ਇਮਾਰਤ ਵਿੱਚ ਖਾਲੀ ਪਏ ਪ੍ਰਿੰਸੀਪਲ ਦੇ ਕਮਰੇ ਨੂੰ ਤਿਆਰ ਕਰਕੇ ਆਮ ਆਦਮੀ ਕਲੀਨਿਕ ਦਾ ਉਦਘਾਟਨ ਬਲਵਿੰਦਰ ਸਿੰਘ ਢਿੱਲੋਂ, ਰਾਜ ਸਿੰਘ ਰਾਜੂ ਤੇ ਕੌਂਸਲਰਾਂ ਵੱਲੋਂ ਕੀਤਾ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਾਜ ਸਿੰਘ ਰਾਜੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਨੂੰ ਮੁਫ਼ਤ ਤੇ ਉੱਚ ਗੁਣਵਤਾ ਵਾਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ ਲੋਕਾਂ ਨੂੰ ਘਰਾਂ ਨੇੜੇ ਹੀ ਮੁਫ਼ਤ ਇਲਾਜ, ਦਵਾਈਆਂ ਤੇ ਜ਼ਰੂਰੀ ਜਾਂਚਾਂ ਦੀ ਸਹੂਲਤ ਮੁਹੱਈਆ ਕਰਵਾ ਰਹੇ ਹਨ, ਜਿਸ ਨਾਲ ਲੋਕਾਂ ਦਾ ਸਮਾਂ ਅਤੇ ਖ਼ਰਚ ਦੋਵੇਂ ਬਚ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਕਲੀਨਿਕਲ ਦੇ ਸ਼ੁਰੂ ਹੋਣ ਨਾਲ ਇਹ ਕੁੜੀਆਂ ਵਾਲੇ ਪੁਰਾਣੇ ਸਕੂਲ ਵਿੱਚ ਬਾਜ਼ਾਰ ਨਿਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਇੱਥੇ ਲੌਂਗੋਵਾਲ ਦੇ ਹੋਣਹਾਰ ਪਰਿਵਾਰ ਜਗਪਾਲ ਸਿੰਘ ਸ਼ੰਮੀ ਦੇ ਪੁੱਤਰ ਡਾਕਟਰ ਬਿਲਾਵਲ ਸਿੰਘ ਦੀ ਤਾਇਨਾਤੀ ਕੀਤੀ ਗਈ ਹੈ ਤਾਂ ਜੋ ਮਰੀਜ਼ਾਂ ਨੂੰ ਬਿਹਤਰ ਸੇਵਾਵਾਂ ਮਿਲ ਸਕਣ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕਲੀਨਿਕਾਂ ਦੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੀ ਸਿਹਤ ਦਾ ਖ਼ਿਆਲ ਰੱਖਣ।ਇਸ ਮੌਕੇ ਸੂਬੇਦਾਰ ਮੇਲਾ ਸਿੰਘ, ਸਰਪੰਚ ਜਗਰਾਜ ਸਿੰਘ ਸੰਸਾਰੀ, ਸਰਪੰਚ ਨਿਹਾਲ ਸਿੰਘ, ਸੁਖਪਾਲ ਸਿੰਘ ਬਾਜਵਾ, ਐੱਨ ਆਰ ਆਈ ਜਗਪਾਲ ਸਿੰਘ ਸ਼ੰਮੀ, ਸਰਪੰਚ ਗੋਬਿੰਦ ਸਿੰਘ ਲੌਂਗੋਵਾਲ, ਗੁਰਜੰਟ ਖਾਨ, ਸੁਰਜੀਤ ਸਿੰਘ ਮੱਸੋਕਾ, ਜਸਵਿੰਦਰ ਸਿੰਘ ਨੱਪੀ, ਕੌਂਸਲਰ ਗੁਰਮੀਤ ਸਿੰਘ ਫੌਜੀ, ਯਾਦਵਿੰਦਰ ਸਿੰਘ ਵਿੱਕੀ, ਬੰਟੀ ਮਾਨ, ਅਮਰਜੀਤ ਸਿੰਘ ਗਿੱਲ, ਕਾਲਾ ਰਾਮ ਮਿੱਤਲ, ਲੱਖੀ ਸਰਪੰਚ, ਦਰਸ਼ਨ ਸਿੰਘ ਸਰਪੰਚ ਆਦਿ ਹਾਜ਼ਰ ਸਨ।

# ਅੱਜ ਤੇ ਕੱਲ੍ਹ ਨੂੰ ਬੇਰੁਜ਼ਗਾਰੀ ਭੱਤੇ ਲਈ ਪੰਜਾਬ ਭਰ 'ਚ ਦਿੱਤੇ ਜਾਣਗੇ ਧਰਨੇ-ਜਗਸੀਰ ਖੋਸਾ



**ਮੋਗਾ, (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਯੂਨੀਅਨ ਵੱਲੋਂ 1 ਤੇ 2 ਅਪ੍ਰੈਲ ਨੂੰ ਬੇਰੁਜ਼ਗਾਰੀ ਭੱਤਾ ਪ੍ਰਾਪਤ ਕਰਨ ਲਈ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਦਿੱਤੇ ਜਾਣ ਵਾਲੇ ਧਰਨਿਆਂ ਦੀ ਤਰੀਕ ਵਿੱਚ ਤਬਦੀਲੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਹੁਣ ਇਹ ਧਰਨੇ 10 ਅਪ੍ਰੈਲ ਨੂੰ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਕੁਝ ਨਾ ਟਾਲੇ ਜਾ ਸਕਣ ਵਾਲੇ ਕਾਰਨਾਂ ਕਰਕੇ ਇਹ ਫੈਸਲਾ ਕੀਤਾ ਗਿਆ।ਜਗਸੀਰ ਸਿੰਘ ਖੋਸਾ ਨੇ ਸਾਰੇ ਨਰੇਗਾ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ 10 ਅਪ੍ਰੈਲ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਤੇ ਆਪਣੇ ਹੱਕਾਂ ਲਈ ਇਕੱਠੇ ਹੋ ਕੇ ਆਵਾਜ਼ ਬੁਲੰਦ ਕਰਨ।ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਭੱਤਾ ਮਜ਼ਦੂਰਾਂ ਦਾ ਹੱਕ ਹੈ ਤੇ ਇਸ ਨੂੰ ਪ੍ਰਾਪਤ ਕਰਨ ਲਈ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਯੂਨੀਅਨ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਪੂਰਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਕਿਸਾਨਾਂ-ਮਜ਼ਦੂਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਧਰਨਾ 6 ਨੂੰ



**ਲੁਧਿਆਣਾ, (ਐੱਮ ਐੱਸ ਭਾਟੀਆ)**-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਡਾ. ਗੁਰਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਹੋਈ।ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਕਿਸਾਨਾਂ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਜਿਵੇਂ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਰੱਦ ਕਰਨ, ਮੁਕਤ ਵਪਾਰ ਸਮਝੌਤਾ ਰੱਦ ਕਰਨ, ਚਾਰ ਲੇਬਰ ਕੋਡ ਵਾਪਸ ਲੈਣ, ਮਨਰੇਗਾ ਕਾਨੂੰਨ ਬਹਾਲ ਕਰਨ, ਮਜ਼ਦੂਰਾਂ ਕਿਸਾਨਾਂ ਦੇ ਸਮੁੱਚੇ ਕਰਜ਼ੇ ਮੁਆਫ਼ ਕਰਨ, ਪੰਜਾਬ ਦੇ ਪਾਣੀਆਂ ਦੇ ਮਸਲੇ ਦਾ ਨਿਆਂ ਪੂਰਨ ਹੱਲ ਕਰਨ ਦੀ ਮੰਗ ਲੈ ਕੇ 6 ਅਪ੍ਰੈਲ ਨੂੰ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ ਧਰਨਾ ਮਾਰਿਆ ਜਾਵੇਗਾ।ਇਸ ਸਬੰਧੀ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਸਮੇਤ ਭਰਾਤਰੀ ਜਥੇਬੰਦੀਆਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੀਆਂ। ਮੀਟਿੰਗ ਵਿੱਚ ਮਤਾ ਪਾਸ ਕਰਕੇ 1 ਅਪ੍ਰੈਲ ਨੂੰ ਟਰੇਡ ਯੂਨੀਅਨਾਂ ਵੱਲੋਂ ਮਨਾਏ ਜਾ ਰਹੇ ਕਾਲਾ ਦਿਵਸ ਦੀ ਹਮਾਇਤ ਕੀਤੀ ਗਈ।ਕਾਲਾ ਦਿਵਸ ਨੂੰ ਕਾਮਯਾਬ ਕਰਨ ਲਈ ਕਿਸਾਨ ਜਥੇਬੰਦੀਆਂ ਵੱਲੋਂ ਪੂਰਨ ਸਹਿਯੋਗ ਕੀਤਾ ਜਾਵੇਗਾ।ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ, ਆਲ ਇੰਡੀਆ ਕਿਸਾਨ ਸਭਾ (1936), ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਆਲ ਇੰਡੀਆ ਕਿਸਾਨ ਸਭਾ (ਹੰਨਨ ਮੁੱਲਾ), ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ), ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਆਗੂਆਂ ਰਘਵੀਰ ਸਿੰਘ ਬੈਨੀਪਾਲ, ਚਮਕੌਰ ਸਿੰਘ ਬਰਮੀ, ਬਲਦੇਵ ਸਿੰਘ ਲਤਾਲਾ, ਸੁਦਾਗਰ ਸਿੰਘ ਘੁਡਾਣੀ, ਸਾਧੂ ਸਿੰਘ ਅੱਚਰਵਾਲ, ਰਜਿੰਦਰ ਸਿੰਘ, ਕਰਮਜੀਤ ਸਿੰਘ ਜਸਪਾਲ ਬਾਂਗਰ, ਪਵਨਦੀਪ ਸਿੰਘ ਮੇਹਲੋਂ ਆਦਿ ਨੇ ਸ਼ਮੂਲੀਅਤ ਕੀਤੀ।


## ਉੱਤਰ ਰੇਲਵੇ

### ਸੈਕਿੰਡ ਸ਼ੁਧੀ ਪੱਤਰ

**ਨਿਵਿਦਾ ਨੰਬਰ: 266-2025-26-SrDEN-I-FZR,     ਤਾਰੀਕ: 16.04.2026**

**ਖੁਲ੍ਹੀ ਨਿਵਿਦਾ ਸੂਚਨਾ**

| | |
|---|---|
| ਕੰਮ ਦਾ ਨਾਮ ਅਤੇ ਸਥਾਨ | ਵੰਦੇ ਭਾਰਤ ਮਾਰਗ ਦੇ SNL-JRC-BPRS ਸੈਕਸ਼ਨ ਉਤੇ ਨਜਾਇਜ ਕਬਜੇ ਦੀ ਆਸ਼ੰਕਾ ਵਾਲੀਆਂ ਥਾਵਾਂ-ਚਹੇੜੂ, ਫਗਵਾੜਾ, ਫਿਲੌਰ, ਲਾਡੋਵਾਲ ਅਤੇ ਜਲੰਧਰ - ਵਿਚ R.C.C. ਬਾਊਂਡ੍ਰੀ ਵਾਲ ਦੀ ਉਸਾਰੀ |

ਉਪਰੋਕਤ ਦੇ ਸੰਦਰਭ ਵਿਚ ਨਿਵਿਦਾ ਵਿਚ ਸਮਾਨ ਨੇਚਰ ਦੇ ਕੰਮ ਨੂੰ ਪੂਰਵ ਵਿਚ **"ਟ੍ਰੈਕ ਕੰਮ ਨੂੰ ਛੱਡ ਕੇ ਕੋਈ ਵੀ ਸਿਵਿਲ ਕੰਮ"** ਦੇ ਰੂਪ ਵਿਚ ਪਰਿਭਾਸ਼ਿਤ ਕੀਤਾ ਗਿਆ ਸੀ। ਕੰਮ ਦੀ ਨੇਚਰ ਦੇ ਅਨੁਰੂਪ ਜਿਆਦਾ ਸਪਸ਼ਟਤਾ ਅਤੇ ਪ੍ਰਾਸੰਗਿਕਤਾ ਯਕੀਨੀ ਕਰਨ ਲਈ ਇਸ ਨੂੰ ਸੰਸ਼ੋਧਿਤ ਕਰਕੇ **"ਪ੍ਰੀਕਾਸਟ ਜਾਂ ਕਾਸਟ-ਇਨ-ਸਿਟੂ RCC/PSC ਕੰਮ ਜਾਂ RCC ਬਾਊਂਡਰੀ ਵਾਲ ਦੀ ਉਸਾਰੀ"** ਕੀਤਾ ਜਾਣਾ ਪ੍ਰਸਤਾਵਿਤ ਹੈ। ਇਹ ਸੈਕਿੰਡ ਸ਼ੁਧੀ ਪੱਤਰ ਵੈਬਸਾਈਟ www.ireps.gov.in 'ਤੇ ਵੀ ਉਪਲਬਧ ਹੈ। ਹੋਰ ਸਾਰੇ ਨਿਯਮ ਤੇ ਸ਼ਰਤਾਂ ਅਬਦਲ ਰਹਿਣਗੇ।

**ਸੈਕਿੰਡ ਸ਼ੁਧੀ ਪੱਤਰ ਨੰਬਰ: 770-W/169/WA/FZR/2025-26     ਤਾਰੀਕ: 30.03.2026**

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ     1086/2026

## ਉੱਤਰ ਰੇਲਵੇ

### ਪਹਿਲਾ ਸ਼ੁਧੀਪੱਤਰ

**ਨਿਵਿਦਾ ਨੰਬਰ: 765-ਟੀ.ਆਰ.ਡੀ.-ਜੰਮੂ ਤਵੀ-2025-26 ਮਿਤੀ 20.04.2026 ਨੂੰ ਦੇਅ**
ਸੀਨੀਅਰ ਮੰਡਲ ਬਿਜਲੀ ਇੰਜੀਨੀਅਰ (ਟੀਆਰ), ਉਤਰ ਰੇਲਵੇ, ਜੰਮੂ ਤਵੀ ਨੇ ਉਪਰੋਕਤ ਨਿਵਿਦਾ ਮੰਗ ਕੀਤੀ ਹੈ। ਨਿਵਿਦਾ ਸੂਚਨਾ ਮਿਤੀ 29.03.2026 ਨੂੰ ਪ੍ਰਮੁੱਖ ਸਮਾਚਾਰ ਪੱਤਰਾਂ ਵਿਚ ਪ੍ਰਕਾਸ਼ਿਤ ਕੀਤੀ ਗਈ ਸੀ, ਜਿਸ ਨੂੰ ਮਿਤੀ 20.04.2026 ਨੂੰ ਖੋਹਲਿਆ ਜਾਣਾ ਸੀ। ਉਪਰੋਕਤ ਨਿਵਿਦਾ ਵਿਚ ਹੇਠਾਂ ਲਿਖਤ ਬਦਲਾਅ ਕੀਤੇ ਗਏ ਹਨ ਅਤੇ ਇਨ੍ਹਾਂ ਨੂੰ ਇਸ ਪ੍ਰਕਾਰ ਪੜ੍ਹਿਆ ਜਾ ਸਕਦਾ ਹੈ।

1) ਜ਼ਰੂਰੀ ਦਸਤਾਵੇਜ ਵਿਚ ਬਦਲਾਅ ਕੀਤਾ ਗਿਆ ਹੈ। ਪਿਛਲੇ ਜ਼ਰੂਰੀ ਦਸਤਾਵੇਜ ਹਟਾ ਦਿਤੇ ਗਏ ਹਨ। ਨਵੇਂ ਜ਼ਰੂਰੀ ਦਸਤਾਵੇਜ ਅਪਲੋਡ ਕਰ ਦਿਤੇ ਗਏ ਹਨ। ਜ਼ਰੂਰੀ ਦਸਤਾਵੇਜ ਵਿਚ ਅਨੁਲਗਨਕ-1 (ਪਹਿਲਾ ਪੇਜ) ਵਿਚ ਬਦਲਾਅ ਕੀਤਾ ਗਿਆ ਹੈ।
2) ਬਿਆਨਾ ਰਾਸ਼ੀ ਨੂੰ ਅਪ੍ਰੈਲ 2022 ਦੇ ਜੀਸੀਸੀ ਦੇ ਨਵੀਨਤਮ ਏਸੀਐਸ-11 ਦੇ ਅਨੁਸਾਰ ਅਪਲੋਡ ਕੀਤਾ ਗਿਆ ਹੈ।
3) ਪੁਰਾਣਾ ਨਿਵਿਦਾ ਫਾਰਮ (ਪਹਿਲਾ ਪੇਜ) - ਅਪ੍ਰੈਲ 2022 ਦੇ ਕੰਮਾਂ ਦੇ ਲਈ ਭਾਰਤੀਜ਼ ਰੇਲਵੇ ਮਾਨਕ ਜੀਸੀਸੀ ਦੇ ਅਨੁਲਗਨਕ-1, ਭਾਗ-1 ਦੇ ਅਨੁਸਾਰ ਹਟਾ ਦਿਤਾ ਗਿਆ ਹੈ ਅਤੇ ਜ਼ਰੂਰੀ ਦਸਤਾਵੇਜ ਵਿਚ ਨਵਾਂ ਜੋੜਿਆ ਗਿਆ ਹੈ।
4) ਨਿਵਿਦਾ ਦਸਤਾਵੇਜ ਵਿਚ ਬਦਲਾਅ ਕੀਤਾ ਗਿਆ ਹੈ। ਪਿਛਲਾ ਨਿਵਿਦਾ ਦਸਤਾਵੇਜ 765-ਟੀ. ਆਰ.ਡੀ. - ਜੰਮੂ ਤਵੀ 2025-26 ਹਟਾ ਦਿਤਾ ਗਿਆ ਹੈ ਅਤੇ ਨਵਾਂ ਨਿਵਿਦਾ ਦਸਤਾਵੇਜ 765-ਟੀ. ਆਰ.ਡੀ. ਜੰਮੂ ਤਵੀ 2025-26 ਜੋੜਿਆ ਗਿਆ ਹੈ।
5) ਅਪ੍ਰੈਲ 2022 ਦੇ ਜੀਸੀਸੀ ਦੇ ਲਈ ਨਵਾਂ ਏਸੀਐਸ (ਅਗਾਊਂ ਸੁਧਾਰ ਪਰਚੀ) 11 ਜੋੜਿਆ ਗਿਆ ਹੈ। ਸਾਰੇ ਬਦਲਾਅ ਅਪ੍ਰੈਲ 2022 ਦੇ ਜੀਸੀਸੀ ਦੇ ਏਸੀਐਸ-11, ਮਿਤੀ-13.03.2026 ਦੇ ਕਾਰਨ ਕੀਤੇ ਗਏ ਹਨ।

ਹੋਰ ਨਿਯਮ ਅਤੇ ਸ਼ਰਤਾਂ ਅਬਦਲ ਰਹਿਣਗੇ। ਨੰ.: 765-ਟੀ.ਆਰ.ਡੀ.-ਜੰਮੂ ਤਵੀ-2025-26
Dated: 30-03-2026     1070/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਕਲਾਸੀਫਾਈਡ ਇਸ਼ਤਿਹਾਰ


## Change of Name

I, Simarjit Kaur W/O Puran Singh R/O PO Preet Nagar, Lopoke Tehsil Ajnala Distt. Amritsar, Punjab have changed my name from Simarjit Kaur to Samarjit Kaur. Concerned note.

I, Harjinder Singh S/O Pritam Singh, Resident of V.P.O. Malupur, Tehsil Shahkot, District Jalandhar-144701, Punjab, India do hereby solemnly affirm and declare that I have changed my name Harjinder Singh to Lehmbar Singh Chahal. Harjinder Singh and Lehmbar Singh Chahal is One And The Same Person.

I , Paramjit S/O Piara Lal V.P.O. Possi Tehsil Garhshankar Distt Hoshiarpur Punjab (India) have changed my Name from Paramjit to PARAM JIT.

I, Gobind S/o Dharam Pal R/o Vill. Randhawa Brota PO Sandhra, Distt. Hoshiarpur 144105 Punjab have change my name from Gobind to Govind Kumar. Concerned note.

I, Satnam s/o sh. Chaman Lal R/o VPO. Kalyanpur, Distt. Jalandhar have changed my name as Satnam to Satnam Kumar.

I Naresh Pal S/O Mohinder Ram R/O Village Safipur Po Jalbhe Distt Jalandhar 144106 Have Changed My First Name To Naresh And Pal As A Surname.

I, Swinder Kaur W/O Sardar Singh R/O Nangli Khurd,PO Udho Nangal, Distt. Amritsar, Punjab have changed my name from Swinder Kaur to Sawinder Kaur . Concerned note.

I, Lakhwinder Kaur W/o Ajit Singh R/o Sathiala Amritsar have declare that Lakhwinder is my Given name and Kaur is my Surname.

I, Jaskreat Kaur D/o Amrik Singh W/o Sarwan Singh R/o Ward No.7, VPO Gaggobua, District Tarn Taran have changed my name from Jaskreat Kaur to Jaskirat Kaur.

I, Raminder Singh S/o Pritam Singh R/o 123, Gali No 6, Ram Nagar Colony, Amritsar have declare that Raminder is my Given name and Singh is my Surname.

I, Nirmaljit Kaur Gill W/o Ranbir Singh Gill R/o H.No.E-206, Ranjit Avenue, District Amritsar have changed my name from Nirmaljit Kaur Gill to Nirmaljit Kaur.

I, Sandeep Kaur w/o Gurbinder Singh r/o VPO. Littran, Teh.Nakodar, Distt. Jalandhar declare that Given name as Sandeep & Surname as Kaur. All Please Note.

I, Kuldip Kaur w/o Subhash Chander r/o H.No.ES-525, Abadpura, Jalandhar, Punjab have changed my minor son name from Yuvraj to Yuvraj Dhanda. All Please Note.

I, Joginder Pal Signh s/o Kewal Singh r/o VPO. Haripur, Jalandhar have changed my spelling name from Joginder Pal Signh to Joginder Pal Singh. All Please Note.

## Change of Name

I, Naresh s/o Kishan Kumar r/o 107 A, Manjit Nagar, Basti Guzan, Jalandhar have changed my name from Naresh to Naresh Kumar. All Please Note.

I, Gurmukh Singh, S/o Simar Lal R/o VPO Pasla, Jalandhar, Pin 144037 Punjab, India declare that name of my minor son is Sahib and Singh is surname. All Please note.

I, Kavita W/O Harbans Lal , R/o 376, Ved Mandir Wali Gali, Kazi Mori Mohalla, Batala, Gurdaspur, Batala, Punjab - 143505. have changed my name and shall hereafter be Known as Rani.

I, Simranjit W/O Lakhbir Singh , R/o H. No B- 22/85, Atterian Mohalla I/S achli Gate Batala, Batala, Gurdaspur, Punjab - 143505. have changed my name and shall hereafter be Known as Seema.

I, Onkar Singh Harchand S/O Punna Ram, R/o Post Office Kahnuwan, Tehsil Gurdaspur, Kahnuwan, Gurdaspur, Punjab - 143528, have changed my name and shall hereafter be Known as Onkar Singh.

I, Kulwant Kaur W/o Kuldip Singh & D/o Teja Singh R/o FA-325, Mansarover Garden, Ramesh Nagar H.O, West Delhi, Delhi-110015 have changed my name from Kulwant Kaur to Gurpreet Kaur Bansal and also declare that Kulwant Kaur and Gurpreet Kaur Bansal are one and the same person. All concerned please note.

I, Dawinder Kaur wife of Ranjit Singh resident of House No. 17, Ward No. 11, Mohalla Dashmesh Nagar, Bhogpur, District Jalandhar, Punjab have changed my name as Davinder Kaur. All Concerned note.

## PUBLIC NOTICE

I Kavita Kalia alias Jai Mangla w/o Sanjeev Kumar resident of B-7/72, Mohalla Malkana, Tehsil & District Kapurthala, Punjab declare that on my aadhar card & other documents my name has been mentioned as Kavita Kalia while my name is mentioned as Jai Mangla in my school certificate. Kavita Kalia and Jai Mangla are two names of one and the same person. I may be known by these two names of Kavita Kalia and Jai Mangla .

We Pawan Kalia son of Late Shri Brahm Kumar Kalia and Rajni Sharma w/o Pawan Kalia both residents of H.No. 18, Adarsh Nagar, Kapurthala declare that our son Akshat Kalia is out of our control so we disown him from our movable and immovable properties. If any body shall deals with him shall do at his/her own risk. We and our dauther Akshima Kalia will hold no responsibility and we will not liable for his any ill deed's.

## ਬੇਦਖਲੀ ਨੋਟਿਸ

ਮੈਂ, ਦਲਜੀਤ ਸਿੰਘ ਪੁੱਤਰ ਭਾਨ ਸਿੰਘ ਵਾਸੀ ਹੇਰੇ ਖੇਰੇ ਪੱਤੀ, ਪਿੰਡ ਹਿੰਮਤਪੁਰਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ (ਹਾਲ ਆਬਾਦ ਇਟਲੀ) ਮੇਰੇ ਕਹਿਣੇ ਤੋਂ ਬਾਹਰ ਹੈ ਤੇ ਪਰਵਾਰ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਹਰਪਾਲ ਸਿੰਘ ਪੁੱਤਰ ਮਲੂਕ ਸਿੰਘ ਵਾਸੀ ਪਿੰਡ ਰਾਮੂਵਾਲ ਖਾਪੜ ਖੇੜੀ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਜਸਪਿੰਦਰ ਕੌਰ ਦੋਵੇਂ ਮੇਰੇ ਅਤੇ ਮੇਰੀ ਪਤਨੀ ਪਰਮਜੀਤ ਕੌਰ ਦੇ ਕਹਿਣੇ ਤੋਂ ਬਾਹਰ ਹਨ, ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਸੁਰਜੀਤ ਲਾਲ ਪੁੱਤਰ ਮੋਹਨ ਲਾਲ ਅਤੇ ਸੁਨੀਤਾ ਪਤਨੀ ਸੁਰਜੀਤ ਲਾਲ, ਵਾਸੀਆਨ ਮਕਾਨ ਨੰ: 55, ਨਿਊ ਦਸਮੇਸ਼ ਨਗਰ, ਫੇਸ-ਥ੍ਰੀ, ਡਾਕ. ਲੱਧੇਵਾਲੀ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਕਾਸ਼ ਅਤੇ ਉਸ ਦੀ ਪਤਨੀ ਭਾਵਨਾ ਸਾਡੇ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਗੁਰਬਚਨ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਬਾਬਾ ਬਕਾਲਾ ਸਾਹਿਬ ਤਹਿਸੀਲ ਬਾਬਾ ਬਕਾਲਾ ਜਿਲਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਉਸਦੀ ਪਤਨੀ ਮਨਦੀਪ ਕੌਰ ਜੋ ਕਿ ਮੇਰੇ ਕਹਿਣੇ ਤੋ ਬਾਹਰ ਹਨ ਅਤੇ ਅਪਣੀ ਮਨ ਮਰਜੀ ਕਰਦੇ ਹਨ।ਇਹਨਾਂ ਨੂੰ ਮੈਂ ਅਪਣੀ ਚੱਲ-ਅਚੱਲ ਜਮੀਨ ਜਾਇਦਾਦ ਤੋ ਬੇਦਖਲ ਕਰਦਾ ਹਾਂ।ਇਹਨਾਂ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।ਇਹਨਾਂ ਦੇ ਨਾਲ ਮੇਰਾ ਅਤੇ ਮੇਰੇ ਪਰਿਵਾਰ ਦਾ ਕੋਈ ਵੀ ਤਲਕ ਵਾਸਤਾ ਨਹੀ ਹੋਵੇਗਾ। ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ, ਗੁਰਮੀਤ ਸਿੰਘ ਪੁੱਤਰ ਸ਼ੰਕਰ ਸਿੰਘ ਵਾਸੀ ਕੁੱਕੜ ਪਿੰਡ, ਡਾਕਖਾਨਾ ਕੁੱਕੜ ਪਿੰਡ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਬੀਰ ਰਾਮ ਅਤੇ ਉਸਦੀ ਪਤਨੀ ਸੰਗੀਤਾ, ਜੋ ਕਿ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਪਰਗਟ ਸਿੰਘ ਪੁੱਤਰ ਪ੍ਰੀਤਮ ਸਿੰਘ, ਵਾਸੀ ਪਿੰਡ ਚੀਚਾ, ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਬਲਦੇਵ ਸਿੰਘ ਅਤੇ ਉਸ ਦੀ ਪਤਨੀ ਇੰਦਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਨ੍ਹਾਂ ਦੀ ਕਿਸੇ ਕਥਨੀ, ਕਰਨੀ ਅਤੇ ਲੈਣ-ਦੇਣ ਦੇ ਜ਼ਿੰਮੇਵਾਰ ਨਹੀਂ ਹੋਣਗੇ।

ਮੈਂ, ਗਿਆਨ ਚੰਦ ਪੁੱਤਰ ਨਸੀਬ ਚੰਦ, ਵਾਸੀ ਹਰੀਕੇ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਵੀ ਕੁਮਾਰ ਦੜੋਚ ਅਤੇ ਉਸ ਦੀ ਪਤਨੀ ਦਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਕੁੱਲ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਨ੍ਹਾਂ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

## ਨਾਂਅ ਦੀ ਬਦਲੀ

ਮੈਂ, ਮਲਕੀਅਤ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਖੈਰਦੀਨਕੇ ਤਹਿਸੀਲ ਤੇ ਜ਼ਿਲਾ ਤਾਰਨ ਤਾਰਨ ਨੇ ਆਪਣਾ ਨਾਮ ਮਲਕੀਅਤ ਸਿੰਘ ਤੋਂ ਬਦਲ ਕੇ ਗੁਰਮੀਤ ਸਿੰਘ ਰੱਖ ਲਿਆ ਹੈ।

## ਬੇਦਖਲੀ ਨੋਟਿਸ

ਅਸੀਂ, ਸੁਖਦੇਵ ਸਿੰਘ ਪੁੱਤਰ ਬਲਵੰਤ ਸਿੰਘ ਅਤੇ ਸੰਦੀਪ ਕੌਰ ਪਤਨੀ ਸੁਖਦੇਵ ਸਿੰਘ, ਵਾਸੀ ਐੱਲ-2/1451, ਗਲੀ ਨੰ. 15, ਨਿਊ ਗੁਰਨਾਮ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਮਨਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਜਸਪਾਲ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਹਰਭਜਨ ਸਿੰਘ ਪੁੱਤਰ ਬਾਊ ਸਿੰਘ ਅਤੇ ਜਸਵੰਤ ਕੌਰ ਪਤਨੀ ਹਰਭਜਨ ਸਿੰਘ, ਵਾਸੀਆਨ ਮਕਾਨ ਨੰ. 22, ਗਲੀ ਨੰ: 01, ਤੇਜ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਨ ਕਿ ਸਾਡੀ ਬੇਟੀ ਬੇਅੰਤੀ ਕੌਰ, ਬੇਟਾ ਮਲਕੀਤ ਸਿੰਘ ਅਤੇ ਨੂੰਹ ਹਰਪ੍ਰੀਤ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ ਸੱਤ ਪਾਲ ਮੇਹਰਾ ਪੁੱਤਰ ਧਰਮਪਾਲ ਮੇਹਰਾ ਅਤੇ ਸੰਗੀਤਾ ਮੇਹਰਾ ਪਤਨੀ ਸੱਤ ਪਾਲ ਮੇਹਰਾ ਵਾਸੀ 6-C, ਗਲੀ ਨੰ. 1, ਦਯਾ ਨੰਦ ਨਗਰ, ਲਾਰੈਂਸ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਨ ਕਿ ਸਾਡਾ ਲੜਕਾ ਸ਼੍ਰੀ ਸਾਗਰ ਅਤੇ ਉਸ ਦਾ ਪਰਿਵਾਰ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਨ੍ਹਾਂ ਸਾਰਿਆਂ ਨੂੰ ਆਪਣੀ ਸਾਰੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ । ਇਨ੍ਹਾਂ ਦੇ ਕਿਸੇ ਵੀ ਲੈਣ ਦੇਣ ਦੇ ਅਸੀਂ ਜ਼ਿੰਮੇਵਾਰ ਨਹੀਂ ਹਾਂ।

ਮੈਂ, ਰਾਕੇਸ਼ ਕੁਮਾਰ ਪੁੱਤਰ ਲੇਟ ਚਮਨ ਲਾਲ ਵਾਸੀ ਮਕਾਨ ਨੰ: 341, ਹਰਨਾਮਦਾਸ ਪੁਰਾ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰੋਹਿਤ ਕੁਮਾਰ ਵਾ ਉਸਦੀ ਪਤਨੀ ਪ੍ਰੀਤੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਰਮੇਸ਼ ਕੁਮਾਰ ਪੁੱਤਰ ਸ਼੍ਰੀ ਲਛਮਣ ਦਾਸ ਵਾਸੀ ਪਿੰਡ ਤੇ ਡਾਕਖਾਨਾ ਲੜੋਈ ਤਹਿਸੀਲ ਆਦਮਪੁਰ (ਭੋਗਪੁਰ) ਜਿਲਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੈਂ ਰੋਜਾਨਾਂ ਅਖਵਾਰ ਰਾਹੀਂ ਆਪਣੇ ਲੜਕੇ ਸੁਨੀਲ ਕੁਮਾਰ, ਨੂੰਹ ਪ੍ਰੀਆ ਰਾਣੀ ਅਤੇ ਪੋਤੇ ਤੇਜਵੀਰ ਸਿੰਘ ਅਤੇ ਨਵਦੀਪ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਉਪਰੋਕਤ ਸਾਰੇ ਮੇਰੇ ਕਹਿਣੇ ਵਿੱਚ ਹੋਣ ਕਾਰਨ ਮੈਂ ਇਹ ਬੇਦਖਲੀ ਖਾਰਜ ਕਰਦਾ ਹਾਂ ਅਤੇ ਸਾਰੇ ਹੀ ਮੇਰੀ ਵਰਾਸਤ ਦੇ ਆਪਣੇ ਹਿੱਸੇ ਮੁਤਾਬਿਕ ਵਾਰਿਸ ਹੋਣਗੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 58/28 ਕੇ, ਜਸਵੰਤ ਸਿੰਘ ਪੁੱਤਰ ਬੂਟਾ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਗੁਰਪ੍ਰੀਤ ਸਿੰਘ ਪੁੱਤਰ ਜਸਵੰਤ ਸਿੰਘ ਰਕਬਾ ਕਾਮਲ ਵਾਲਾ 324, ਤਹਿਸੀਲ ਫਿਰੋਜ਼ਪੁਰ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਚਾਰ ਲੇਬਰ ਕੋਡ ਵਿਰੋਧੀ ਦਿਵਸ ਮੌਕੇ ਭਰਵੀਂ ਸ਼ਮੂਲੀਅਤ ਕਰੇਗੀ ਇਫਟੂ



**ਨਵਾਂਸ਼ਹਿਰ (ਮਨੋਜ ਲਾਡੀ)**

ਇਫਟੂ ਸਮੇਤ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਚਾਰ ਲੇਬਰ ਕੋਡ ਦੇ ਵਿਰੁੱਧ ਪਹਿਲੀ ਅਪ੍ਰੈਲ ਨੂੰ ਮਨਾਏ ਜਾ ਰਹੇ ਸੰਘਰਸ਼ ਦਿਵਸ ਦੀ ਤਿਆਰੀ ਲਈ ਸਥਾਨਕ ਬਾਰਾਦਰੀ ਬਾਗ਼ ਵਿੱਚ ਇਫਟੂ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ,ਸੂਬਾ ਸਕੱਤਰ ਅਵਤਾਰ ਸਿੰਘ ਤਾਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਚਾਰ ਲੇਬਰ ਕੋਡ ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਹਨ।ਇਹ ਪੂੰਜੀਪਤੀਆਂ ਨੂੰ ਮਜ਼ਦੂਰ ਵਰਗ ਦੀ ਅਥਾਹ ਲੁੱਟ ਕਰਨ ਦੀ ਖੁੱਲ ਦਿੰਦੇ ਹਨ।ਇਹ ਮਜ਼ਦੂਰਾਂ ਦੇ ਉਹਨਾਂ ਹੱਕਾਂ ਉੱਤੇ ਪੋਚਾ ਫੇਰਦੇ ਹਨ ਜੋ ਮਜ਼ਦੂਰ ਵਰਗ ਨੇ ਅਣਗਿਣਤ ਕੁਰਬਾਨੀਆਂ ਕਰਕੇ ਪ੍ਰਾਪਤ ਕੀਤੇ ਸਨ।ਆਗੂਆਂ ਨੇ ਕਿਹਾ ਕਿ ਇਫਟੂ ਚਾਰ ਲੇਬਰ ਕੋਡ ਵਿਰੁੱਧ ਲੜਾਈ ਜਾਰੀ ਰੱਖੇਗੀ।ਉਹਨਾਂ ਕਿਹਾ ਕਿ ਪਹਿਲੀ ਅਪ੍ਰੈਲ ਨੂੰ ਟਰੇਡ ਯੂਨੀਅਨਾਂ,ਸੰਯੁਕਤ ਕਿਸਾਨ ਮੋਰਚਾ,ਮੁਲਾਜ਼ਮ ਜਥਬੰਦੀਆਂ, ਪੈਨਸ਼ਨਰਜ਼ ਯੂਨੀਅਨਾਂ,ਸਕੀਮ ਵਰਕਰਾਂ,ਠੇਕਾ ਮੁਲਾਜ਼ਮਾਂ ਵੱਲੋਂ ਨਵਾਂਸ਼ਹਿਰ ਵਿਖੇ ਮਨਾਏ ਜਾ ਰਹੇ ਜਿਲਾ ਪੱਧਰੀ ਸੰਘਰਸ਼ ਦਿਵਸ ਵਿੱਚ ਇਫਟੂ ਭਰਵੀਂ ਸ਼ਮੂਲੀਅਤ ਕਰੇਗੀ।ਇਸ ਮੀਟਿੰਗ ਵਿੱਚ ਜਸਬੀਰ ਦੀਪ,ਜਿਲਾ ਪ੍ਰਧਾਨ ਗੁਰਦਿਆਲ ਰੱਕੜ,ਜਿਲਾ ਸਕੱਤਰ ਪ੍ਰਵੀਨ ਕੁਮਾਰ ਨਿਰਾਲਾ ਅਤੇ ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ ਵੀ ਮੌਜੂਦ ਸਨ।

# ਚਰਨਛੋਹ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਵਿਖੇ ਅੰਮ੍ਰਿਤ ਧਾਰਾ ਪ੍ਰਗਟ ਦਿਵਸ, ਡਾ. ਅੰਬੇਡਕਰ ਜਯੰਤੀ ’ਤੇ ਹੋਣਗੇ ਸਮਾਗਮ : ਸੰਤ ਸਤਵਿੰਦਰ ਹੀਰਾ



**ਹੁਸ਼ਿਆਰਪੁਰ (ਓ ਪੀ ਰਾਣਾ)**-ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੀ ਵਿਸ਼ੇਸ਼ ਮੀਟਿੰਗ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਲੁਧਿਆਣਾ ਵਿਖੇ ਹੋਈ ਜਿਸ ਵਿਚ ਪੰਜਾਬ ਦੇ ਸਰਗਰਮ ਮਿਸ਼ਨਰੀ ਆਗੂਆਂ ਨੇ ਹਾਜਰੀ ਭਰੀ ਅਤੇ ਆਦਿ ਧਰਮ ਮਿਸ਼ਨ ਦੀ ਵਿਚਾਰਧਾਰਾ ਅਤੇ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਹਾਜਰ ਇਕੱਠ ਵਲੋਂ ਸਰਬਸੰਮਤੀ ਨਾਲ ਫੈਂਸਲਾ ਕਰਕੇ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਅੰਮ੍ਰਿਤ ਧਾਰਾ ਪ੍ਰਗਟ ਦਿਵਸ,ਮਹਾਤਮਾ ਜੋਤੀ ਰਾਓ ਫੂਲੇ ਜਨਮ ਦਿਨ,ਵਿਸਾਖੀ ਅਤੇ ਭਾਰਤ ਰਤਨ ,ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ 12,13 ਅਤੇ 14 ਅਪ੍ਰੈਲ ਨੂੰ ਮਨਾਏ ਜਾਣਗੇ। ਜਿਸ ਲਈ ਇਕ ਪ੍ਰਬੰਧਕੀ ਕਮੇਟੀ ਦੀ ਚੋਣ ਵੀ ਕੀਤੀ ਗਈ ਜੋ ਸਮਾਗਮਾਂ ਲਈ ਸੁਚੱਜੇ ਪ੍ਰਬੰਧ ਕਰੇਗੀ।

ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਅਤੇ ਕੌਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਅੰਬੇਡਕਰ, ਬਾਬੂ ਕਾਂਸ਼ੀ ਰਾਮ, ਬਾਬਾ ਬੰਤਾ ਰਾਮ ਘੇੜਾ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਇਹ ਸਮਾਗਮ ਮੀਲ ਪੱਥਰ ਸਾਬਿਤ ਹੋਣਗੇ। ਉਨਾਂ ਕਿਹਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਵਿਖੇ ਪੰਜਾਬ ਦੇ ਹਰ ਜਿਲੇ ਅਤੇ ਦਿੱਲੀ, ਹਰਿਆਣਾ, ਰਾਜਸਥਾਨ, ਮੱਧ ਪ੍ਰਦੇਸ਼, ਮਹਾਂਰਾਸ਼ਟਰ, ਜੰਮੂ ਆਦਿ ਤੋਂ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਸ਼,ਵਿਦਵਾਨ ਬੁੱਧੀਜੀਵੀ ਬੁਲਾਰੇ ਅਤੇ ਵੱਡੀ ਪੱਧਰ ਤੇ ਸੰਗਤਾਂ ਪਹੁੰਚਣਗੀਆਂ।ਉਹਨਾਂ ਪੁਲਿਸ ਪ੍ਰਸ਼ਾਸ਼ਨ ਤੋਂ ਇਨਾਂ ਸਮਾਗਮਾਂ ਦੀ ਵਿਆਪਕ ਸੁਰੱਖਿਆ ਲਈ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਸਲਾਨਾ ਸਮਾਗਮ ਮਨਾਉਣ ਲਈ ਤਿਆਰੀਆਂ ਪੂਰੇ ਜੋਰਾਂ ਨਾਲ ਚੱਲ ਰਹੀਆਂ ਹਨ ਜਿਸ ਲਈ ਸੰਗਤਾਂ ਅੰਦਰ ਭਾਰੀ ਉਤਸ਼ਾਹ ਹੈ।ਇਸ ਮੌਕੇ ਪ੍ਰਿੰਸੀਪਲ (ਰਿਟਾ.) ਸੰਤ ਧਰਮਪਾਲ ਸ਼ੇਰਗੜ, ਓਮ ਪ੍ਰਕਾਸ਼ ਰਾਣਾ, ਮਾਸਟਰ ਸੁਖਵੀਰ ਦੁਗਾਲ ਪ੍ਰਧਾਨ ਪਟਿਆਲਾ,ਜਰਨੈਲ ਸਿੰਘ ਬੇਗੋਵਾਲ, ਡਾ. ਹਰਦੀਪ ਸਿੰਘ ਪਮਾਲ, ਸਿਕੰਦਰ ਸਿੰਘ, ਜਸਵੀਰ ਸਿੰਘ ਸੰਗੋਵਾਲ,ਮਾਸਟਰ ਬੀਰ ਸਿੰਘ, ਰਜਿੰਦਰ ਸਿੰਘ ਬੁਲਾਰਾ, ਸਰਬਜੀਤ ਸਿੰਘ ਕੰਡਿਆਣਾ, ਅਮਨ ਬੰਗੜ ਲੱਖੋਵਾਲ, ਸੁਖਦੇਵ ਸਿੰਘ ਮੋਮਨਾਬਾਦ, ਕੈਪਟਨ ਨੇਤਰ ਸਿੰਘ, ਹਰਦੀਪ ਭੱਟੀ , ਗਗਨਦੀਪ ਸਿੰਘ ਜੇਈ,ਮਾਸਟਰ ਗੁਰਮੁੱਖ ਸਿੰਘ ਦਲੇਰ, ਜਗਦੀਸ਼ ਸਿੰਘ ਬੁਢੇਵਾਲ, ਰਮੇਸ਼ ਲਾਲ ਸ਼ੇਰਗੜ, ਰਾਮਪਾਲ ਬਜਵਾੜਾ, ਰਾਮਜੀ ਦਾਸ , ਐਡਵੋਕੇਟ ਰਾਮ ਸਿੰਘ ਢੰਡਾਰੀ, ਮੋਹਨ ਸਿੰਘ ਬਾਵਾ, ਮਲਕੀਤ ਸਿੰਘ ਢੰਡਾਰੀ, ਸੰਤ ਚਰਨਦਾਸ ਮਾਂਗਟ, ਸੰਤ ਜਗਤਾਰ ਸਿੰਘ ਬਾਘਾ ਪੁਰਾਣਾ, ਸੰਤ ਕੁਲਦੀਪ ਦਾਸ ਬਠਿੰਡਾ ਆਦਿ ਹਾਜਰ ਸਨ।

# ਲਿੰਕ ਸੜਕ ਦੀ ਮਾੜੀ ਹਾਲਤ ਤੋਂ ਲੋਕ ਪਰੇਸ਼ਾਨ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਗੜ੍ਹਸ਼ੰਕਰ ਇਲਾਕੇ ਦੇ ਪਿੰਡ ਬੀਰਮਪੁਰ ਸੋਲੀ ਤੇ ਲਹਿਰਾ ਜਾਣ ਵਾਲੀ ਲਿੰਕ ਸੜਕ ਦੀ ਖਾਸਤਾ ਹਾਲਤ ਤੋਂ ਪਿੰਡਾਂ ਦੇ ਲੋਕ ਪ੍ਰੇਸ਼ਾਨ ਹਨ ਕਿਉਂਕਿ ਇਹ ਸੜਕ ਪੂਰੀ ਤਰਾਂ ਟੁੱਟ ਚੁਕੀ ਹੈ ਅਤੇ ਇਸ ਸੜਕ ਤੇ ਵੱਡੇ ਵੱਡੇ ਟੋਏ ਬਣ ਚੁੱਕੇ ਹਨ ਜਿਸ ਨਾਲ ਖਾਸ ਕਰਕੇ ਦੋ ਪਈਆਂ ਵਾਹਨਾਂ ਦਾ ਲੰਘਣਾ ਵੀ ਔਖਾ ਹੋਇਆ ਪਿਆ ਹੈ । ਜਦੋਂ ਵੀ ਥੋੜੀ ਜਿਹੀ ਬਾਰਿਸ਼ ਹੋ ਜਾਂਦੀ ਹੈ ਤਾਂ ਇਹ ਟੋਏ ਪਾਣੀ ਨਾਲ ਭਰ ਜਾਂਦੇ ਹਨ ਅਤੇ ਬਾਰਿਸ਼ ਦੇ ਪਾਣੀ ਕਈ ਕਈ ਦਿਨ ਇਹਨਾਂ ਟੋਇਆਂ ਵਿੱਚ ਖੜਾ ਰਹਿੰਦਾ ਹੈ। ਕਈ ਵਾਰ ਤਾਂ ਇਹਨਾਂ ਟੋਇਆ ਨਾਲ ਹਾਦਸੇ ਵੀ ਵਾਪਰ ਚੁੱਕੇ ਹਨ। ਇਹਨਾਂ ਪਿੰਡਾਂ ’ਚੋਂ ਦੂਜੇ ਪਿੰਡਾਂ ਨੂੰ ਜਾਣਾ ਜਾਂ ਸਕੂਲਾਂ ਵਿੱਚ ਜਾਣਾ ਵਾਲੇ ਬੱਚਿਆਂ ਨੂੰ ਅਨੇਕਾਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ।ਇਲਾਕੇ ਦੇ ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਇਹਨਾਂ ਸੜਕਾਂ ਦਾ ਜਲਦ ਹੀ ਨਵੀਕਰਨ ਕੀਤਾ ਜਾਵੇ ਤਾਂ ਜੋ ਪਿੰਡਾਂ ਵਿੱਚ ਲੋਕਾਂ ਨੂੰ ਆਣ ਜਾਣ ਦੀ ਕੋਈ ਪਰੇਸ਼ਾਨੀ ਨਾ ਹੋਵੇ। ਇਸ ਸਬੰਧੀ ਜਦੋ ਮੰਡੀ ਬੋਰਡ ਦੇ ਐੱਸਡੀਓ ਅਮਨਦੀਪ ਸਿੰਘ ਮਹਿਰਾ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਗੜ੍ਹਸ਼ੰਕਰ ਖੇਤੀਬਾੜੀ ਦਫਤਰ ਅਗਿਓ ਵਾਇਆ ਗੜ੍ਹਸ਼ੰਕਰ ਮੇਨ ਫਾਟਕ ਤੱਕ ਜਾਣ ਵਾਲੀ ਸੜਕ ਤੇ ਅਗਲੇ ਹਫਤੇ ਤੱਕ ਲੁਕ ਪਾ ਦਿਤੀ ਜਾਵੇਗੀ ਅਤੇ ਬਾਕੀ ਬੀਰਮਪੁਰ ਤੋਂ ਲਹਿਰਾ ਜਾਣ ਵਾਲੀ ਸੜਕ ਦਾ ਨਵੀਕਰਨ ਕਰਨ ਸਬੰਧੀ ਜਲਦ ਟੈਂਡਰ ਅਧੀਨ ਲਿਆਂਦੀ ਜਾਵੇਗੀ।

# ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦੇਣ ਲਈ ਨਾਟਕ ਕੀਤਾ ਪੇਸ਼



**ਮੋਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਸਿਵਲ ਸਰਜਨ ਡਾ. ਸੰਗੀਤਾ ਜੈਨ, ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਅਤੇ ਡੀ.ਡੀ.ਐੱਚ.ਓ ਡਾ. ਪ੍ਰਨੀਤ ਗਰੇਵਾਲ ਦੀ ਯੋਗ ਅਗਵਾਈ ਵਿੱਚ ਅੱਜ ਪੀ.ਐੱਚ.ਸੀ 3 ਬੀ-1 ਵਿਖੇ ਅੰਬਿਕਾ ਕਾਲਜ ਆਫ ਨਰਸਿੰਗ ਬਡਾਲਾ ਦੇ ਵਿਦਿਆਰਥੀਆਂ ਵੱਲੋਂ ਇੱਕ ਜਾਗਰੂਕਤਾ ਨਾਟਕ ਪੇਸ਼ ਕੀਤਾ ਗਿਆ।ਇਸ ਨਾਟਕ ਦਾ ਮੁੱਖ ਉਦੇਸ਼ ਨਸ਼ਿਆਂ ਅਤੇ ਤਮਾਕੂੰ ਦੇ ਇਸਤੇਮਾਲ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਲੋਕਾਂ ਨੂੰ ਸਚੇਤ ਕਰਨਾ ਸੀ। ਵਿਦਿਆਰਥੀਆਂ ਨੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਕਿ ਨਸ਼ੇ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਕਿਵੇਂ ਪ੍ਰਭਾਵਿਤ ਕਰ ਰਹੇ ਹਨ ਅਤੇ ਇਹ ਸਿਹਤ ਤੇ ਸਮਾਜ ਦੋਹਾਂ ਲਈ ਗੰਭੀਰ ਖਤਰਾ ਬਣ ਰਹੇ ਹਨ। ਨਾਟਕ ਰਾਹੀਂ ਲੋਕਾਂ ਨੂੰ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਜੀਊਣ ਲਈ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ ਗਿਆ।

# ਸਕੂਲ ਦੀ ਬਿਲਡਿੰਗ ਛੇਤੀ ਨਾ ਬਣਾਉਣ ’ਤੇ ਧਰਨਾ ਦਿੱਤਾ ਜਾਵੇਗਾ : ਹੰਸ ਰਾਜ, ਬਾਲੀ, ਸੰਤੋਖ ਸਿੰਘ ਸੰਧੂ

**ਨੂਰਮਹਿਲ (ਰਾਜੇਸ਼ ਥਾਪਾ)**

ਇੱਕ ਮਾਸ ਡੈਪੂਟੇਸ਼ਨ ਕਾਰਜਕਾਰੀ ਇੰਜੀਨੀਅਰ, ਲੋਕ ਨਿਰਮਾਣ ਵਿਭਾਗ ਜਲੰਧਰ ਛਾਉਣੀ ਦੇ ਦਫਤਰ,ਸੁਪਰਡੈਂਟ ਨੂੰ ਨਵਾਂ ਜ਼ਮਾਨਾ ਦੇ ਪੱਤਰਕਾਰ ਬਾਲ ਕ੍ਰਿਸ਼ਨ ਬਾਲੀ ਨੂਰਮਹਿਲ,ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਹੰਸ ਰਾਜ ਪੱਬਵਾਂ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ ਦੀ ਅਗਵਾਈ ਵਿੱਚ ਮਿਲਿਆ। ਸਬੰਧਤ ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਦੀ ਅਧੂਰੀ ਬਿਲਡਿੰਗ ਨੂੰ ਹੁਣ ਤਕ ਪੂਰਾ ਕਿਉਂ ਨਹੀਂ ਕੀਤਾ ਗਿਆ। ਜਦੋਂ ਕਿ ਸਿਖਿਆ ਵਿਭਾਗ ਨੇ ਵੀ ਪੱਤਰ ਜਾਰੀ ਕਰਕੇ ਪੁਛਿਆ ਅਤੇ ਜਿਸ ਦੀਆਂ ਫੋਟੋ ਸਟੇਟ ਕਾਪੀਆਂ ਨਾਲ ਲਾਈਆਂ ਗਈਆਂ ਹਨ ਕਿ ਇਹ ਕੰਮ ਦਾ ਸਮਾਂ ਤਿੰਨ ਸਾਲ ਦਾ ਸੀ। ਤੁਸੀਂ ਇੱਕ ਸਾਲ ਦਾ ਸਮਾ ਵੀ ਅਜਾਈਂ ਹੀ ਲੰਘਾ ਦਿੱਤਾ ਹੈ। ਜਦ ਕਿ ਵਿਭਾਗ ਵੱਲੋਂ 1601.00 ਲੱਖ ਰੁਪਏ ਪ੍ਰਵਾਨਗੀ ਜਾਰੀ ਕੀਤੀ ਗਈ ਸੀ। ਸਕੂਲ ਦੀ ਨਵੀਂ ਬਿਲਡਿੰਗ ਦੀਆਂ ਵਿਭਾਗ ਵੱਲੋਂ ਪ੍ਰਵਾਨ ਹੋਈਆਂ ਡਰਾਇੰਗਾਂ ਵੀ ਤਹਾਨੂੰ ਭੇਜ ਦਿੱਤੀਆਂ ਸਨ। ਤੁਸੀਂ ਕੋਈ ਵੀ ਸੂਚਨਾ ਅੱਗੇ ਮੁਹਾਈਆ ਨਹੀ ਕਰਵਾਈ। ਗਰੀਬ ਬੱਚਿਆਂ ਦੀ ਪੜਾਈ ਦਾ ਨੁਕਸਾਨ ਤੇ ਤੁਹਾਡੀ ਅਣਗਿਹਲੀ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ।ਜਨਤਕ ਜਥੇਬੰਦੀਆਂ ਨੂੰ ਇਸ ਸਕੂਲ ਦੀ ਪੜਾਈ ਚਾਲੂ ਕਰਾਉਣ ਲਈ



ਲੱਗਭੱਗ 20 ਸਾਲ ਹੋ ਗਏ ਹਨ। ਇਸ ਸਕੂਲ ਵਿੱਚ ਕਲਾਸਾਂ ਸ਼ੁਰੂ ਕਰਾਉਣ ਲਈ ਜਲਦੀ ਹੀ ਜਨਤਕ ਜਥੇਬੰਦੀਆਂ ਵੱਲੋਂ ਡੀ ਈ ਉ ਸੈਕੰਡਰੀ ਦੇ ਦਫਤਰ ਜਲੰਧਰ ਇੱਕ ਚੇਤਾਵਨੀ ਦੇ ਤੌਰ ਤੇ ਧਰਨਾ ਦਿੱਤਾ ਜਾਵੇਗਾ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਅਪ੍ਰੈਲ ਮਹੀਨੇ +1 ਅਤੇ +2 ਦੀਆਂ ਕਲਾਸਾਂ ਸ਼ੁਰੂ ਕਰਨ ਦਾ ਡੈਪੂਟੇਸ਼ਨ ਨੂੰ ਭਰੋਸਾ ਦੁਆਇਆ ਸੀ। ਇਨਾਂ ਕਲਾਸਾਂ ਲਈ ਕਮਰੇ ਮੌਜੂਦ ਹਨ, ਰਹਿੰਦੀ ਉਸਾਰੀ ਜਲਦੀ ਕਰਾਈ ਜਾਵੇ।

# ਹਸਪਤਾਲਾਂ ’ਚ ਦਵਾਈ ਤੇ ਸਹੂਲਤਾਂ ਦੀ ਉਪਲਬਧਤਾ ਯਕੀਨੀ ਕਰਨ ਲਈ ਸੀ ਐੱਮ ਓ ਦੀ ਜਵਾਬਦੇਹੀ ਤੈਅ ਹੋਵੇਗੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਕਿ ਸਰਕਾਰੀ ਹਸਪਤਾਲਾਂ ਵਿੱਚ ਦਵਾ ਦਾ ਰਿਕਾਰਡ ਰਿਅਲ ਟਾਇਮ ਸੇਂਟ੍ਰਲਾਇਜ਼ਡ ਪੋਰਟਲ ’ਤੇ ਹੋਵੇਗਾ। ਕਿਸ ਹਸਪਤਾਲ ਵਿੱਚ ਕਿਹੜੀ ਦਵਾ ਉਪਲਬਧ ਹੈ, ਉਸ ਬਾਰੇ ਵਿੱਚ ਡਾਕਟਰ ਨੂੰ ਦੱਸਿਆ ਜਾਵੇਗਾ ਤਾਂ ਜੋ ਬਾਹਰ ਦੀ ਦਵਾ ਲਿਖਣ ਦੀ ਗੁੰਜਾਇਸ਼ ਨਾ ਬਚੇ, ਜੇਕਰ ਫੇਰ ਵੀ ਕਿਸੇ ਡਾਕਟਰ ਵੱਲੋਂ ਦਵਾ ਬਾਹਰੋਂ ਮਿਲਣ ਵਾਲੀ ਦਵਾ ਕਿਸੇ ਮਰੀਜ ਦੀ ਓ ਪੀ ਡੀ ਸਲੀਪ ’ਤੇ ਲਿਖੀ ਜਾਂਦੀ ਹੈ ਤਾਂ ਡਾਕਟਰ ਉਸ ਬਾਰੇ ਵਿੱਚ ਹਸਪਤਾਲ ਵਿੱਚ ਦਵਾ ਉਪਲਬਧ ਨਾ ਹੋਣ ਦੀ ਗੱਲ ਲਿਖਣਗੇ। ਇਨ੍ਹਾਂ ਹੀ ਨਹੀਂ ਇਸ ਕੰਮ ਲਈ ਸੀ ਐਮ ਓ ਦੀ ਜਵਾਬਦੇਹੀ ਤੈਅ ਹੋਵੇਗੀ।ਮੁੱਖ ਮੰਤਰੀ ਨਾਇਬ ਸਿੰਘ ਸੈਨੀ ਸਕੱਤਰੇਤ ਵਿੱਚ ਸਿਹਤ ਵਿਭਾਗ ਦੇ ਸੀਨੀਅਰ ਅਧਿਕਾਰਿਆਂ ਨਾਲ ਸੂਬੇ ਦੀ ਸਿਹਤ ਸੇਵਾਵਾਂ ਦੀ ਵਿਆਪਕ ਅਤੇ ਵਿਸਥਾਰ ਸਮੀਖਿਆ ਮੀਟਿੰਗ ਕੀਤੀ।

# ਪੰਜਾਬ ਕਲਾ ਪ੍ਰੀਸ਼ਦ ਵੱਲੋਂ ਪ੍ਰੋ. ਕੇਵਲ ਕਲੋਟੀ ਨਾਲ ਸੰਵਾਦ ਸਮਾਰੋਹ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਪੰਜਾਬ ਦੀ ਨਵ ਸਿਰਜਣਾ ਤਹਿਤ ਆਰੰਭ ਕੀਤੀ ਪ੍ਰੋਗਰਾਮ ਲੜੀ ਸਿਰਜਣਾ ਤੇ ਸੰਵਾਦ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਪੰਜਾਬੀ ਦੇ ਪ੍ਰਸਿੱਧ ਨਾਵਲਕਾਰ ਪ੍ਰੋ. ਕੇਵਲ ਕਲੋਟੀ ਨਾਲ ਸੰਵਾਦ ਸਮਾਰੋਹ ਦਾ ਆਯੋਜਨ ਕਰਵਾਇਆ ਗਿਆ। ਇਸ ਮੌਕੇ ਹਾਜ਼ਰ ਲੇਖਕਾਂ, ਆਲੋਚਕਾਂ ਅਤੇ ਪਾਠਕਾਂ ਨੇ ਨਾਵਲਕਾਰ ਕੇਵਲ ਕਲੋਟੀ ਦੇ ਸਾਰੇ ਨਾਵਲਾਂ ਤੇ ਵਿਸ਼ੇਸ਼ ਕਰਕੇ ਉਨ੍ਹਾਂ ਦੀ



ਚਰਚਿਤ ਪੁਸਤਕ ਰੇਪ ਆਫ ਹਿਸਟਰੀ ਬਾਰੇ ਗੰਭੀਰ ਵਿਚਾਰ ਚਰਚਾ ਕੀਤੀ ਗਈ। ਸਮਾਰੋਹ ਦੇ ਆਰੰਭ ਵਿੱਚ ਡਾ. ਜਸਵੰਤ ਰਾਏ ਖੋਜ ਅਫ਼ਸਰ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਨੇ ਆਏ ਹੋਏ ਲੇਖਕਾਂ, ਅਲੋਚਕਾਂ ਤੇ ਪਾਠਕਾਂ ਲਈ ਜੀ ਆਇਆ ਸ਼ਬਦ ਆਖੇ। ਉਪਰੰਤ ਕੋਆਰਡੀਨੇਟਰ ਡਾ. ਜੇ ਬੀ ਸੇਖੋਂ ਨੇ ਕਿਹਾ ਕਿ ਪ੍ਰੋ. ਕੇਵਲ ਕਲੋਟੀ ਦੇ ਨਾਵਲ ਚਿੰਤਨ ਪ੍ਰਧਾਨ ਨਾਵਲਕਾਰੀ ਦੀ ਵੰਨਗੀ ਵਿੱਚ ਆਉਂਦੇ ਹਨ ਅਤੇ ਅਜਿਹੇ ਗੋਸ਼ਟੀ ਸਮਾਰੋਹ ਨਾਵਲ, ਪਾਠਕ ਅਤੇ ਆਲੋਚਕ ਨੂੰ ਇਕ ਮੰਚ ਪ੍ਰਦਾਨ ਕਰਦੇ ਹਨ।ਨਾਵਲਕਾਰ ਪ੍ਰੋ. ਕੇਵਲ ਕਲੋਟੀ ਨੇ ਆਪਣੇ ਸਾਰੇ ਨਾਵਲਾਂ ਦੀ ਰਚਨਾ ਪ੍ਰਕਿਰਿਆ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਉਹ ਵਿਸ਼ਵ ਪੱਧਰ ’ਤੇ ਵਾਪਰ ਰਹੀਆਂ ਘਟਨਾਵਾਂ ਨੂੰ ਆਪਣੇ ਨਾਵਲਾਂ ਵਿੱਚ ਪਹਿਲ ਦਿੰਦੇ ਹਨ। ਇਸ ਮੌਕੇ ਵਿਚਾਰ ਚਰਚਾ ਦਾ ਆਰੰਭ ਸ਼ਾਇਰ ਨਵਤੇਜ ਗੜ੍ਹਦੀਵਾਲਾ ਨੇ ਕੀਤਾ ਜਿਨ੍ਹਾਂ ਵਲੋਂ ਹੋਣੀ ਇਕ ਦੇਸ਼ ਦੀ ਨਾਵਲ ਦੇ ਪ੍ਰਸੰਗ ਵਿੱਚ ਪੁੱਛੇ ਸਵਾਲ ਦੇ ਜਵਾਬ ਵਿੱਚ ਸ੍ਰੀ ਕੇਵਲ ਕਲੋਟੀ ਨੇ ਪੰਜਾਬੀ ਸਭਿਆਚਾਰ ਦੇ ਧਰਮ ਨਿਰਪੱਖ ਸੁਭਾਅ ਬਾਰੇ ਦੱਸਿਆ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ ਜਸਵੰਤ ਰਾਏ ਨੇ ਸਮਾਜਵਾਦੀ ਵਿਚਾਰਧਾਰਾ ਅਤੇ ਭਾਰਤੀ ਸਮਾਜਿਕ ਬਣਤਰ ਬਾਰੇ ਵਿਚਾਰ ਰੱਖੇ। ਇਸ ਮੌਕੇ ਡਾ ਧਰਮਪਾਲ ਸਾਹਿਲ, ਰਘਬੀਰ ਸਿੰਘ ਟੇਰਕਿਆਨਾ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਪ੍ਰੋ ਕੇਵਲ ਕਲੋਟੀ ਨੇ ਆਪਣੇ ਨਾਵਲਾਂ ਨੂੰ ਵਸਤੂ ਪ੍ਰਧਾਨ ਦੱਸਿਆ ਤੇ ਨਾਵਲ ਦੀ ਵਿਧਾ ਵਿੱਚ ਵਿਚਾਰਾਂ ਦੀ ਪ੍ਰਧਾਨਤਾ ਬਾਰੇ ਵਿਚਾਰ ਰੱਖੇ।ਕਹਾਣੀਕਾਰ ਸਾਂਵਲ ਧਾਮੀ, ਲੇਖਕ ਬਲਜਿੰਦਰ ਮਾਨ, ਵਿਜੇ ਬੰਬੇਲੀ, ਪ੍ਰੋ ਬਲਦੇਵ ਸਿੰਘ ਬੱਲੀ, ਸੰਤੋਖ ਸਿੰਘ, ਮੇਜਰ ਸਿੰਘ, ਕੁਲਤਾਰ ਸਿੰਘ, ਕੁਲਦੀਪ ਸਿੰਘ, ਜਸਵੰਤ ਸਿੰਘ, ਸਤੀਸ਼ ਕੁਮਾਰ, ਜੀਵਨ ਚੰਦੇਲੀ, ਸਰਬਜੀਤ ਸਿੰਘ, ਡਾ ਦਰਸ਼ਨ ਸਿੰਘ ਦਰਸ਼ਨ, ਡਾ ਅਜੀਤ ਸਿੰਘ, ਕਮਲ ਨੈਣ ਸ਼ਰਮਾ, ਰਵਿੰਦਰ ਸ਼ਰਮਾ ਆਦਿ ਨੇ ਵੀ ਸੰਵਾਦ ਗੋਸ਼ਟੀ ਵਿੱਚ ਹਿੱਸਾ ਲਿਆ।

# ਪੰਜਾਬ ਬਚਾਓ ਰੈਲੀ : ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਵਰਕਰਾਂ ਦੀ ਭੁੰਗਰਨੀ ਵਿਖੇ ਮੀਟਿੰਗ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਭੁੰਗਰਨੀ ਵਿਖੇ ਪੰਜਾਬ ਬਚਾਓ ਰੈਲੀ ਜੋ ਸੰਧੂ ਫਾਰਮ ਮਹਿਨਾ ਹਲਕਾ ਚੱਬੇਵਾਲ 3 ਅਪ੍ਰੈਲ ਨੂੰ 10 ਵਜੇ ਹੋਣ ਜਾ ਰਹੀ ਹੈ, ਦੇ ਸੰਬੰਧ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ



ਕੀਤੀ ਗਈ। ਜਿਸ ਵਿੱਚ ਵਿਸ਼ੇਸ਼ ਤੌਰ ’ਤੇ ਹਲਕਾ ਇੰਚਾਰਜ ਚੱਬੇਵਾਲ ਸ਼੍ਰੋਮਣੀ ਅਕਾਲੀ ਦਲ ਬਾਦਲ ਹਰਮਿੰਦਰ ਸਿੰਘ ਸੰਧੂ ਨੇ ਸ਼ਿਰਕਤ ਕੀਤੀ। ਸੰਧੂ ਚੱਬੇਵਾਲ ਨੇ 3 ਅਪ੍ਰੈਲ ਨੂੰ ਸੰਧੂ ਫਾਰਮ ਚੱਬੇਵਾਲ ਵਿਖੇ ਸਮੂਹ ਇਲਾਕਾ ਨਿਵਾਸੀਆਂ ਨੂੰ ਪੰਜਾਬ ਬਚਾਓ ਰੈਲੀ ਵਿਚ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਰੈਲੀ ਵਿਚ ਸੁਖਬੀਰ ਸਿੰਘ ਬਾਦਲ ਸਾਬਕਾ ਮੁੱਖ ਮੰਤਰੀ ਪੰਜਾਬ ਦੀ ਜਨਤਾ ਨੂੰ ਸੰਬੋਧਨ ਕਰਨਗੇ।ਜਿਸ ਵਿੱਚ ਵੱਧ ਤੋਂ ਵੱਧ ਸੰਗਤ ਨਾਲ ਲੈ ਕੇ ਜਾਣ ਦੀ ਅਪੀਲ ਕੀਤੀ। ਇਸ ਮੌਕੇ ਮੀਟਿੰਗ ਦੌਰਾਨ ਜਥੇਦਾਰ ਨਿਰਮਲ ਸਿੰਘ ਭੀਲੋਵਾਲ, ਮਹਿੰਦਰ ਸਿੰਘ ਸਾਬਕਾ ਸਰਪੰਚ ਮੁੱਖਲਿਆਣਾ, ਨੰਬਰਦਾਰ ਰਾਜ ਕੁਮਾਰ, ਬੀਬੀ ਸੰਤੋਸ਼ ਕੁਮਾਰੀ, ਲਖਵਿੰਦਰ ਸਿੰਘ ਪੰਚ ਭੁੰਗਰਨੀ, ਨੰਬਰਦਾਰ ਸੁਖਵਿੰਦਰ ਸਿੰਘ ਰਾਜਪੁਰ ਭਾਈਆਂ, ਜਥੇਦਾਰ ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਸਤਨਾਮ ਸਿੰਘ ਬੰਟੀ ਚੱਗਰਾ, ਜਗਤਾਰ ਸਿੰਘ ਭੁੰਗਰਨੀ, ਨੰਬਰਦਾਰ ਜਤਿੰਦਰ ਸਿੰਘ ਘੁੰਮਣ ਬੱਡਲਾ, ਪ੍ਰਧਾਨ ਮਨਜੀਤ ਸਿੰਘ, ਪਰਮਿੰਦਰ ਸਿੰਘ ਸਾਬਕਾ ਪੰਚ, ਰਾਮ ਸਿੰਘ ਧਨੋਤਾ, ਦਵਿੰਦਰ ਸਿੰਘ ਧਨੋਤਾ, ਜੋਗਾ ਸਿੰਘ, ਸੁਰਜੀਤ ਕੁਮਾਰ ਹੈਪੀ, ਧੰਨ ਸਿੰਘ, ਹਰਭਜਨ ਸਿੰਘ ਬੋਲਾ, ਕੁਲਵਰਨ ਸਿੰਘ ਬੋਲਾ, ਨੀਲਮ ਲੋਈ, ਅਮਰੀਕ ਸਿੰਘ ਮਹੇੜੂ, ਪ੍ਰੀਤਮ ਸਿੰਘ ਫੌਜੀ, ਬਖਸ਼ੀ ਰਾਮ, ਲਖਵੀਰ ਸਿੰਘ ਸੰਧੂ, ਸੁਰਿੰਦਰ ਪਾਲ ਸੰਧੂ, ਸੁਰਜੀਤ ਸਿੰਘ ਸਰੋਆ, ਮਨਜੀਤ ਸਿੰਘ ਫੌਜੀ, ਮਾਸਟਰ ਪ੍ਰਦੀਪ ਕੁਮਾਰ ਗੋਗਨਾ, ਅਮਨ ਲੋਈ, ਅਜੇ ਲੋਈ, ਲਾਲੀ ਭੁੰਗਰਨੀ, ਲਸ਼ਕਰ ਸਿੰਘ, ਜਤਿੰਦਰ ਸਿੰਘ ਆਦਿ ਹਾਜ਼ਰ ਸਨ।

# ਪੰਡਤ ਰਾਹੁਲ ਸ਼ਰਮਾ ਬਣੇ ਖ਼ੂਨਦਾਨ ਕਲੱਬ ਦੇ ਪ੍ਰਧਾਨ

**ਫਗਵਾੜਾ (ਡਾ. ਰਮਨ)**

ਪਿਛਲੇ 31 ਸਾਲਾਂ ਤੋਂ ਖ਼ੂਨਦਾਨ ਖੇਤਰ ਵਿੱਚ ਨਾਮਣਾ ਖੱਟਣ ਵਾਲੀ ਸਮਾਜ ਸੇਵੀ ਸੰਸਥਾ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ਫਗਵਾੜਾ ਦੇ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪੰਡਿਤ ਰਾਹੁਲ ਸ਼ਰਮਾ ਨੂੰ ਦੁਬਾਰਾ ਅਗਲੇ ਇਕ ਸਾਲ ਲਈ ਪ੍ਰਧਾਨ ਚੁਣਿਆ ਹੈ ।ਸਥਾਨਕ ਨਿੱਜੀ ਹੋਟਲ ਵਿਖੇ ਆਯੋਜਿਤ ਮੀਟਿੰਗ ਦੌਰਾਨ ਮੈਂਬਰਾਂ ਵਲੋਂ ਰਾਹੁਲ ਸ਼ਰਮਾ ਦੀਆਂ ਸਮਰਪਿਤ ਤੇ ਸਕਾਰਾਤਮਿਕ ਸੇਵਾਵਾਂ ਨੂੰ ਸਾਹਮਣੇ ਰੱਖਦੇ ਹੋਏ ਸਰਬਸੰਮਤੀ ਨਾਲ ਤਾੜੀਆਂ ਮਾਰ ਕੇ ਪ੍ਰਧਾਨ ਰਾਹੁਲ ਸ਼ਰਮਾ ਦੇ ਨਾਂਅ ਤੇ ਮੋਹਰ ਲਗਾਈ । ਸਾਲ 2026-27 ਲਈ ਟੀਮ ਦੀ ਚੋਣ ਲਈ ਸਰਪ੍ਰਸਤ ਪ੍ਰਦੀਪ ਬੇਦੀ ਦੀ



ਪ੍ਰਧਾਨਗੀ ਹੇਠ ਸੱਦੀ ਗਈ ਮੀਟਿੰਗ ਵਿੱਚ ਚੋਣ ਅਧਿਕਾਰੀ ਦੀ ਭੂਮਿਕਾ ਲੈਕ. ਹਰਜਿੰਦਰ ਗੋਗਨਾ ਵਲੋਂ ਨਿਭਾਈ ਗਈ । ਅਜੇ ਅਗਰਵਾਲ ਵੱਲੋਂ ਰਾਹੁਲ ਸ਼ਰਮਾ ਦਾ ਨਾਂਅ ਪੇਸ਼ ਕੀਤਾ, ਅੰਜੂ ਸ਼ਰਮਾ ਨੇ ਸਮਰਥਨ ਕੀਤਾ ਅਤੇ ਹਾਜ਼ਰ ਮੈਂਬਰਾਂ ਵਲੋਂ ਜ਼ੋਰਦਾਰ ਤਾੜੀਆਂ ਮਾਰਕੇ ਰਾਹੁਲ ਸ਼ਰਮਾ ਦੇ ਨਾਂਅ ਤੇ ਮੋਹਰ ਲਗਾ ਦਿੱਤੀ । ਨਵ ਨਿਯੁਕਤ ਪ੍ਰਧਾਨ ਵੱਲੋਂ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਸਰਬ ਸੰਮਤੀ ਨਾਲ ਪੂਰੀ ਕਾਰਜਕਾਰਨੀ ਟੀਮ ਘੋਸ਼ਿਤ ਕਰ ਦਿੱਤੀ ਗਈ । ਵਿਤਿਨ ਪੂਰੀ ਜਨਰਲ ਸਕੱਤਰ, ਕੁਲਦੀਪ ਕੁਮਾਰ ਸਰਦਾਨਾ ਤੇ ਪ੍ਰਦੀਪ ਬੇਦੀ ਸਰਪ੍ਰਸਤ, ਰਵੀ ਭਗਤ ਤੇ ਡਾ. ਸੌਰਵ ਲਖਨਪਾਲ ਸਲਾਹਕਾਰ, ਜਰਨੈਲ ਸਿੰਘ ਬਸਰਾ ਚੇਅਰਮੈਨ, ਗੋਪਾਲ ਲੂੰਬਾ ਉਪ ਚੇਅਰਮੈਨ, ਹਰਜਿੰਦਰ ਗੋਗਨਾ ਉਪ ਪ੍ਰਧਾਨ, ਜਗਜੀਵਨ ਕੁਮਾਰ, ਅਤੇ ਰਣਵੀਰ ਪਰਮਾਰ ਸਕੱਤਰ ,ਨੰਦ ਕਿਸ਼ੋਰ ਸ਼ਰਮਾ ਸੰਯੁਕਤ ਸਕੱਤਰ, ਪ੍ਰੇਮ ਗੁਪਤਾ ਖਜਾਨਚੀ, ਵਿਕਾਸ ਚੋਪੜਾ ਅਤੇ ਨਰੇਸ਼ ਕੋਹਲੀ ਸੰਯੁਕਤ ਖਜਾਨਚੀ, ਅਜੇ ਅਗਰਵਾਲ, ਸਤਿੰਦਰ ਸਿੰਘ ਅਤੇ ਅਸ਼ਵਨੀ ਸ਼ਰਮਾ ਪੀ ਆਰ ਓ, ਕੁਸ਼ ਵਢੇਰਾ, ਰਾਜੀਵ ਭਾਰਦਵਾਜ ਤੇ ਹਰਮਿੰਦਰ ਸਿੰਘ ਕੁੰਦੀ ਸੋਸ਼ਲ ਮੀਡੀਆ ਇੰਚਾਰਜ, ਐਡਵੋਕੇਟ ਸੁਮਿਤ ਕੌਸ਼ਲ ਅਤੇ ਐਡਵੋਕੇਟ ਹਿਮਾਂਸ਼ੂ ਪ੍ਰਾਸ਼ਰ ਲੀਗਲ ਐਡਵਾਈਜ਼ਰ, ਸੀ ਏ ਪਿਊਸ਼ ਬਾਂਸਲ ਫਾਈਨਾਂਸ ਐਡਵਾਈਜ਼ਰ, ਦਲਜੀਤ ਸ਼ਰਮਾ, ਪ੍ਰਭਜੋਤ ਸਿੰਘ ਤੇ ਵਿਪਨ ਮਾਨ ਦਫਤਰੀ ਸਕੱਤਰ, ਲੱਕੀ ਭਾਖੜੀ ਪ੍ਰੈਸ ਸਕੱਤਰ, ਲਵ ਵਢੇਰਾ ਜਾਇੰਟ ਪ੍ਰੈਸ ਸਕੱਤਰ, ਡਾ.ਅੰਜੂ ਸ਼ਰਮਾ, ਜਸਮੀਤ ਕੌਰ ਅਤੇ ਨੀਤੂ ਬਾਲਾ ਔਰਤ ਮਾਮਲੇ ਪ੍ਰਭਾਰੀ, ਕਾਰਜਕਾਰੀ ਮੈਂਬਰਾਂ ਵਜੋਂ ਰਾਕੇਸ਼ ਵਢੇਰਾ, ਕਰਨ ਸੋਨੀ. ਹਰੀਸ਼ ਚੰਦਰ ਅਤੇ ਨਿਤਿਨ ਮਦਾਨ ਨੂੰ ਜ਼ਿੰਮੇਵਾਰੀ ਦਿੱਤੀ ਗਈ । ਸੰਤੋਖ ਸਿੰਘ ਬਸਰਾ, ਨਰੇਸ਼ ਬੈਬਰਾ ਅਤੇ ਸੰਨੀ ਬਾਂਸਲ ਨੂੰ ਵਿਦੇਸ਼ ਮਾਮਲਿਆਂ ਦੇ ਪ੍ਰਭਾਰੀ ਡਿਊਟੀ ਲਗਾਈ ਗਈ ।

# ਮਾਪੇ-ਅਧਿਆਪਕ ਮਿਲਣੀ ਕਰਵਾਈ



**ਅਲਾਵਲਪੁਰ, (ਮਦਨ ਬੰਗੜ)**

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਬਿਆਸ ਪਿੰਡ (ਜਲੰਧਰ) ਵਿਖੇ ਪ੍ਰਿੰਸੀਪਲ ਆਸ਼ਾ ਰਾਣੀ ਦੀ ਅਗਵਾਈ ਹੇਠ ਮਾਪੇ-ਅਧਿਆਪਕ ਮਿਲਣੀ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੀ ਐੱਸ ਐੱਮ ਸੀ ਕਮੇਟੀ ਤੇ ਸਮੂਹ ਸਟਾਫ਼ ਵਿਸ਼ੇਸ਼ ਤੌਰ ’ਤੇ ਹਾਜ਼ਰ ਰਿਹਾ।ਮਿਲਣੀ ਦੌਰਾਨ ਸਕੂਲ ਦੀਆਂ ਨਾਨ-ਬੋਰਡ ਜਮਾਤਾਂ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ, ਜਿਸ ਨੂੰ ਲੈ ਕੇ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਬੱਚੇ ਆਪਣੇ ਮਾਪਿਆਂ ਨਾਲ ਪ੍ਰਗਤੀ ਰਿਪੋਰਟ ਦੇਖਣ ਲਈ ਸਕੂਲ ਪਹੁੰਚੇ। ਪ੍ਰੀਖਿਆਵਾਂ ਵਿੱਚੋਂ ਅੱਵਲ ਰਹਿਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਰ੍ਹਵੀਂ ਜਮਾਤ ਦੇ ਆਈ ਟੀ ਟ੍ਰੇਡ ਦੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ’ਤੇ ਟੂਲ ਕਿੱਟਾਂ ਵੀ ਵੰਡੀਆਂ ਗਈਆਂ। ਇਸ ਪ੍ਰੋਗਰਾਮ ਵਿੱਚ ਸਰਪੰਚ ਊਸ਼ਾ ਰਾਣੀ, ਬਲਰਾਜ ਕੁਮਾਰ, ਵਾਈਸ ਚੇਅਰਮੈਨ ਮੰਗਤ ਰਾਮ, ਅਵਿਨਾਸ਼ ਕੁਮਾਰ, ਪਰਮਜੀਤ ਰਾਏ, ਸਿੱਖਿਆ ਮਾਹਿਰ ਗੁਰਪ੍ਰੀਤ ਸਿੰਘ, ਡਿਵੈਲਪਮੈਂਟ ਕਮੇਟੀ ਦੇ ਪ੍ਰਧਾਨ ਟੇਕ ਚੰਦ ਤੇ ਪਿਆਰਾ ਸਿੰਘ ਸਮੇਤ ਹੋਰ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ। ਉਨ੍ਹਾਂ ਬੱਚਿਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸੁਖਾਵੇਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਅਖੀਰ ਵਿੱਚ ਪ੍ਰਿੰਸੀਪਲ ਆਸ਼ਾ ਰਾਣੀ ਨੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ।

# ਸਾਲਾਨਾ ਛਿੰਝ ਮੇਲਾ ਕਰਵਾਇਆ

**ਫਗਵਾੜਾ (ਡਾ. ਰਮਨ)**

ਸ੍ਰੀਮਾਨ 108 ਸੰਤ ਬਾਬਾ ਬੂਟਾ ਸਿੰਘ ਮੈਮੋਰੀਅਲ ਸਪੋਰਟਸ ਕਲੱਬ ਵੱਲੋਂ 132 ਵਾਂ ਸਾਲਾਨਾ ਛਿੰਞ ਮੇਲਾ ਪਿੰਡ ਮਹੇੜੂ ਵਿਖੇ ਕਰਵਾਇਆ ਗਿਆ। ਸਾਬਕਾ ਅੰਤਰਰਾਸ਼ਟਰੀ ਕੁਸ਼ਤੀ ਕੋਚ ਪੀ ਆਰ ਸੌਂਧੀ ਦੀ ਦੇਖ ਰੇਖ ਹੇਠ ਕਰਵਾਏ ਇਸ ਛਿੰਞ ਮੇਲੇ ’ਚ ਦੇਸ਼, ਵਿਦੇਸ਼ ਦੇ ਨਾਮਵਰ ਪਹਿਲਵਾਨਾਂ ਨੇ ਜੋਰ ਅਜਮਾਇਸ਼ ਕੀਤੀ। ਪਟਕੇ ਦੀਆਂ ਕੁਸ਼ਤੀਆਂ ਸ਼ਾਨਵੀਰ ਤੇ ਸ਼ੁਭਮ ਰਈਏਵਾਲ ਅਤੇ ਪਰਵੀਨ ਕੋਹਾਲੀ ਤੇ ਗੌਰਵ ਮਾਛੀਵਾੜਾ ਵਿਚਕਾਰ ਹੋਈਆਂ ਜਿਹਨਾਂ ਵਿੱਚ ਸ਼ਾਨਵੀਰ ਤੇ ਪਰਵੀਨ ਕੋਹਾਲੀ ਜੇਤੂ ਰਹੇ। ਇਸੇ ਤਰ੍ਹਾਂ ਜੱਸਾ ਫਗਵਾੜਾ ਨੇ ਵੰਸ਼ ਪਟਿਆਲਾ ਜਦਕਿ ਸਿਦਾਰਥ ਪਟਿਆਲਾ ਨੇ ਕਰਨਵੀਰ ਫਗਵਾੜਾ ਨੂੰ ਪਟਕੇ ਦੀ ਕੁਸ਼ਤੀ ’ਚ ਸ਼ਿਕਸਤ ਦਿੱਤੀ। ਕੁੱਲ 200 ਕੁਸ਼ਤੀਆਂ ਵਿੱਚ 25 ਕੁਸ਼ਤੀਆਂ ਬੱਚਿਆਂ ਦੀਆਂ ਸ਼ਾਮਲ ਸਨ। ਜੇਤੂ ਪਹਿਲਵਾਨਾਂ ਨੂੰ ਨਗਦ ਰਾਸ਼ੀ, ਗੁਰਜ ਅਤੇ ਪਟਕੇ ਨਾਲ ਨਵਾਜਿਆ ਗਿਆ। ਕਲੱਬ ਦੇ ਸਰਪ੍ਰਸਤ ਮਨਿੰਦਰ ਸਿੰਘ, ਸਰਪੰਚ ਸੁਖਵਿੰਦਰ ਸਿੰਘ, ਮੈਂਬਰ ਪੰਚਾਇਤ ਬਲਵਿੰਦਰ ਸਿੰਘ ਅਤੇ ਬੀਬੀ ਬਲਜਿੰਦਰ ਕੌਰ ਮਹੇੜੂ, ਕੁਲਦੀਪ ਸਿੰਘ ਮਾਨ, ਗੁਰਦਾਵਰ ਸਿੰਘ ਮਾਨ, ਸੁਖਵਿੰਦਰ ਕੌਰ ਮਾਨ ਯੂ ਐੱਸ ਏ., ਬਲਜਿੰਦਰ ਕੌਰ ਮਾਨ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਇਸ ਛਿੰਞ ਮੇਲੇ ਵਿਚ



ਅਮਰੀਕਾ, ਕਨੇਡਾ ਤੋਂ ਇਲਾਵਾ ਭਾਰਤ ਦੇ ਵੱਖ ਵੱਖ ਸੂਬਿਆਂ ਦੇ ਨਾਮਵਰ ਅਖਾੜਿਆਂ ਤੋਂ ਪਹਿਲਵਾਨ ਜ਼ੋਰ ਅਜਮਾਇਸ਼ ਕਰਦੇ ਹਨ। ਇਸ ਵਾਰ ਦੇ ਛਿੰਞ ਮੇਲੇ ਵਿੱਚ ਨਾਮੀ ਅਖਾੜਾ ਸੌਂਧੀ ਆਰ.ਪੀ.ਡੀ. ਫਗਵਾੜਾ, ਪੀ ਏ ਪੀ. ਜਲੰਧਰ, ਜਗਜੀਤ ਕੁਸ਼ਤੀ ਅਕੈਡਮੀ ਵਰਿਆਣਾ, ਬਾਬਾ ਪਲਾਹੀਆ ਅਖਾੜਾ ਸ਼ੇਰਗੜ੍ਹ, ਕੁਸ਼ਤੀ ਅਖਾੜਾ ਕਰਾਰੀ ਜਲੰਧਰ, ਪੰਡੋਰੀ ਅਖਾੜਾ, ਮਲਕੀਤ ਕਾਂਜਲੀ ਅਖਾੜਾ, ਮੀਰੀ-ਪੀਰੀ ਕੁਸ਼ਤੀ ਅਖਾੜਾ ਖੰਨਾ, ਪਟਿਆਲਾ ਅਖਾੜਾ, ਸੁਭਾਸ਼ ਅਖਾੜਾ, ਬੁੱਧ ਸਿੰਘ ਧਲੇਤਾ ਅਖਾੜਾ, ਅਮਰੀਕ ਅਖਾੜਾ ਮੇਹਲੀ, ਵਾਈ ਐੱਫ ਸੀ ਰੁੜਕਾ, ਆਰ.ਸੀ.ਐਫ. ਕਪੂਰਥਲਾ ਆਦਿ ਦੇ ਪਹਿਲਵਾਨਾਂ ਨੇ ਉਚੇਰੇ ਤੌਰ ਤੇ ਕੁਸ਼ਤੀ ਮੁਕਾਬਲਿਆਂ ’ਚ ਹਿੱਸਾ ਲਿਆ। ਉਹਨਾਂ ਦੱਸਿਆ ਕਿ ਮਿੱਟੀ ਦੇ ਅਖਾੜਾ ਵਿੱਚ ਹੋਣ ਵਾਲੇ ਇਹ ਕੁਸ਼ਤੀ ਮੁਕਾਬਲੇ ਮੈਟ ਦੇ ਅੰਤਰਰਾਸ਼ਟਰੀ ਨਿਯਮਾਂ ਅਨੁਸਾਰ ਕਰਵਾਏ ਜਾਂਦੇ ਹਨ। ਕਮੈਂਟੇਟਰ ਦੀ ਭੂਮਿਕਾ ਮੱਖਣ ਹਕੀਮਪੁਰ ਅਤੇ ਬਲਜਿੰਦਰ ਘੁੰਮਣ ਵੱਲੋਂ ਨਿਭਾਈ ਗਈ। ਇਸ ਮੌਕੇ ਕੁਲਦੀਪ ਸਿੰਘ ਮਾਨ ਅਮਰੀਕਾ, ਸੁਖਵਿੰਦਰ ਕੌਰ ਯੂ.ਐਸ.ਏ., ਅਮਰੀਕ ਸਿੰਘ ਅੰਤਰ ਰਾਸ਼ਟਰੀ ਪਹਿਲਵਾਨ, ਪਹਿਲਵਾਨ ਸੁਭਾਸ਼ ਮਲਿਕ, ਪਦਾਰਥ ਪਹਿਲਵਾਨ ਕੋਹਲੀ, ਰਾਜਕੁਮਾਰ ਤੋਂ ਇਲਾਵਾ ਜ਼ਿਲ੍ਹਾ ਕਪੂਰਥਲਾ ਕੁਸ਼ਤੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਗੀਤ ਪ੍ਰੀਤ ਪਾਲ ਸਿੰਘ ਤੇ ਰਵਿੰਦਰ ਨਾਥ ਕੋਚ ਜੁਆਇੰਟ ਸਕੱਤਰ ਜਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਆਦਿ ਹਾਜਰ ਸਨ।

# ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ ਸ਼ੂਟਿੰਗ ਰੇਂਜ ਦਾ ਉਦਘਾਟਨ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਬਹਾਦਰਗੜ੍ਹ, ਪਟਿਆਲਾ ਦੀ ਰਹਿਨੁਮਾਈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਯੋਗ ਅਗਵਾਈ ਹੇਠ ਚੱਲ ਰਹੇ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ੂਟਿੰਗ ਰੇਂਜ ਦਾ ਉਦਘਾਟਨ ਮੁੱਖ ਮਹਿਮਾਨ ਅਮਰਜੀਤ ਸਿੰਘ ਚਾਵਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਕੀਤਾ ਗਿਆ।ਸੁਖਮਿੰਦਰ ਸਿੰਘ ਸਕੱਤਰ ਵਿਦਿਆ ਅਤੇ ਬੀਬੀ ਸਤਵੰਤ ਕੌਰ ਸਹਾਇਕ ਡਾਇਰੈਕਟਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੂਹ ਵਿਦਿਅਕ ਅਦਾਰਿਆਂ ਦੇ ਮਿਆਰ ਨੂੰ ਉੱਚਾ ਚੁੱਕਣ ਦੀ ਲੜੀ ਤਹਿਤ ਅਤੇ ਵਿਦਿਆਰਥੀਆਂ ਨੂੰ ਰਾਜ ਪੱਧਰੀ ਅਤੇ ਰਾਸ਼ਟਰ ਪੱਧਰ ਦੀਆਂ ਖੇਡਾਂ ਪ੍ਰਤੀ ਉਤਸਾਹਿਤ ਕਰਨ ਲਈ ਸ਼ੂਟਿੰਗ ਰੇਂਜ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਮੌਕੇ ਡਾਕਟਰ ਪਰਮਜੀਤ ਕੌਰ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ, ਮਲਕੀਤ ਸਿੰਘ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ , ਹਰਦੇਵ ਸਿੰਘ ਐਡੀਸ਼ਨਲ ਮੈਨੇਜਰ, ਬਾਬਾ ਅਜਮੇਰ ਸਿੰਘ ਬੇਈਹਾਰਾ, ਸੁਰਿੰਦਰ ਸਿੰਘ ਮਟੋਰ, ਨਿਰਮਲ ਸਿੰਘ ਐੱਸ ਸੀ ਵਿੰਗ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮੌਜੂਦ ਸਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਦੇ ਅਧੀਨ ਚੱਲ ਰਹੇ ਸਮੂਹ ਸਕੂਲਾਂ ਵਿੱਚੋਂ ਅਤੇ ਸਮੂਹ ਇਲਾਕੇ ਵਿੱਚੋਂ ਭਾਈ ਨੰਦ ਲਾਲ ਪਬਲਿਕ ਸਕੂਲ ਹਰ ਤਰ੍ਹਾਂ ਦੀ ਗਤੀਵਿਧੀ ਵਿੱਚ ਹਮੇਸ਼ਾ ਮੋਹਰੀ ਰਹਿੰਦਾ ਹੈ ਇਸੇ ਤਰ੍ਹਾਂ ਇਹ ਸਕੂਲ ਇਲਾਕੇ ਦਾ ਪਹਿਲਾ ਸਕੂਲ ਬਣਿਆ ਹੈ, ਜਿਸ ਵਿੱਚ ਸ਼ੂਟਿੰਗ ਰੇਂਜ ਦੀ ਸ਼ੁਰੂਆਤ ਕੀਤੀ ਗਈ ਹੈ।

# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਵਿਰੁੱਧ ਬਸਪਾ ਵੱਲੋਂ ਰੈਲੀ 18 ਨੂੰ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)**

ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਡਾ. ਬੀ ਆਰ ਅੰਬੇਡਕਰ ਦੇ ਬੁੱਤ ਦੀ ਹੋਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਰਕਾਰ ਨੂੰ ਸਿੱਧੀ ਚਿਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਜੇਕਰ ਪੁਲਿਸ ਪ੍ਰਸ਼ਾਸਨ ਨੇ ਅਗਲੇ 72 ਘੰਟਿਆਂ ਦੇ ਅੰਦਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤਾ ਤਾਂ ਬਹੁਜਨ ਸਮਾਜ ਪਾਰਟੀ ਵੱਲੋਂ ਤਿੱਖਾ ਸੰਘਰਸ਼ ਵਿੱਢਦਿਆਂ ਪੱਕਾ ਧਰਨਾ ਲਗਾਇਆ ਜਾਵੇਗਾ ਤੇ ਡਾ. ਅੰਬੇਡਕਰ ਦੇ ਸਨਮਾਨ ਵਿੱਚ ਬਸਪਾ ਵੱਲੋਂ 18 ਅਪ੍ਰੈਲ ਨੂੰ ਪਿੰਡ ਨੂਰਪੁਰ ਜੱਟਾਂ ਵਿਖੇ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ।ਕਰੀਮਪੁਰੀ ਨੇ ਕਿਹਾ ਕਿ ਹੁਣ ਤੱਕ 9 ਵਾਰ ਬਾਬਾ ਸਾਹਿਬ ਦੇ ਬੁੱਤਾਂ ਦੀ ਬੇਅਦਬੀ ਹੋ ਚੁੱਕੀ ਹੈ, ਪਰ ਵਾਰ-ਵਾਰ ਮੰਗ ਕਰਨ ਦੇ ਬਾਵਜੂਦ ਨਾ ਤਾਂ ਪੰਜਾਬ ਸਰਕਾਰ ਨੇ ਅਤੇ ਨਾ ਹੀ ਕੇਂਦਰ ਦੀ ਭਾਜਪਾ ਸਰਕਾਰ ਨੇ ਸੁਰੱਖਿਆ ਦੇ ਕੋਈ ਪੁਖ਼ਤਾ ਇੰਤਜ਼ਾਮ ਕੀਤੇ ਹਨ। ਡਾ. ਕਰੀਮਪੁਰੀ ਨੇ ਲੋਕਾਂ ਤੇ ਬਸਪਾ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ 18 ਅਪ੍ਰੈਲ ਦੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ।ਮੁਲਾਜ਼ਮਾਂ ਦੇ ਹੱਕਾਂ ਦੇ ਮੁੱਦੇ ਨੂੰ ਪਾਰਟੀ ਦੀ ਚੱਲ ਰਹੀ ਪੰਜਾਬ ਸੰਭਾਲੋ ਮੁਹਿੰਮ ਨਾਲ ਜੋੜਦਿਆਂ ਕਰੀਮਪੁਰੀ ਨੇ ਕਿਹਾ ਕਿ ਮੁਲਾਜ਼ਮ ਵਰਗ ਸੂਬੇ ਦੀ ਰੀੜ੍ਹ ਦੀ ਹੱਡੀ ਹੁੰਦਾ ਹੈ, ਅਤੇ ਜਦੋਂ ਰੀੜ੍ਹ ਦੀ ਹੱਡੀ ਹੀ ਕਮਜ਼ੋਰ ਕੀਤੀ ਜਾ ਰਹੀ ਹੋਵੇ, ਤਾਂ ਸੂਬੇ ਦਾ ਵਿਕਾਸ ਅਸੰਭਵ ਹੈ। ਪੰਜਾਬ ਸਰਕਾਰ ਤੁਰੰਤ ਮੁਲਾਜ਼ਮਾਂ ਦਾ ਰੋਕਿਆ ਹੋਇਆ 16% ਡੀ ਏ ਜਾਰੀ ਕਰੇ।



# ਨਸ਼ਿਆਂ ਤੇ ਏਡਜ਼ ਵਿਰੁੱਧ ਜਾਗਰੂਕਤਾ ਮੁਕਾਬਲੇ ਕਰਵਾਏ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਸਥਾਨਕ ਸਰਕਾਰੀ ਕਾਲਜ ਡੇਰਾ ਬੱਸੀ ਵਿਖੇ ਪ੍ਰਿੰਸੀਪਲ ਵਿਨੀਤਾ ਰਾਓ ਦੀ ਯੋਗ ਅਗਵਾਈ ਹੇਠ ਕਾਲਜ ਦੀ ਰੈੱਡ ਰਿਬਨ ਕਮੇਟੀ ਵੱਲੋਂ ਪੰਜਾਬ ਸਰਕਾਰ



ਦੀਆਂ ਹਦਾਇਤਾਂ ਤਹਿਤ ਨਸ਼ਿਆਂ ਤੇ ਏਡਜ਼ ਵਰਗੀਆਂ ਗੰਭੀਰ ਸਮਾਜਿਕ ਸਮੱਸਿਆਵਾਂ ਦੇ ਖਾਤਮੇ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਲੜੀ ਤਹਿਤ ਕਾਲਜ ਵਿੱਚ ਕਾਵਿ-ਉਚਾਰਨ, ਭਾਸ਼ਣ, ਪੋਸਟਰ ਮੇਕਿੰਗ ਅਤੇ ਨਾਅਰਾ ਲੇਖਣ (ਸਲੋਗਨ ਰਾਈਟਿੰਗ) ਮੁਕਾਬਲੇ ਕਰਵਾਏ ਗਏ।ਪ੍ਰਿੰਸੀਪਲ ਵਿਨੀਤਾ ਰਾਓ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਨਾ ਕੇਵਲ ਪ੍ਰਤਿਭਾ ਨਿਖਾਰਦੇ ਹਨ, ਸਗੋਂ ਉਨ੍ਹਾਂ ਨੂੰ ਸਮਾਜਿਕ ਬੁਰਾਈਆਂ ਪ੍ਰਤੀ ਜਾਗਰੂਕ ਵੀ ਕਰਦੇ ਹਨ। ਉਨ੍ਹਾਂ ਨੇ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਭਾਸ਼ਣ ਮੁਕਾਬਲਾ ’ਚ ਪਹਿਲਾ ਸਥਾਨ ਮਾਨਸੀ (ਬੀ ਏ ਭਾਗ ਦੂਜਾ), ਦੂਜਾ ਸਥਾਨ ਸਿਮਰਨਜੀਤ ਕੌਰ (ਬੀ ਏ ਭਾਗ ਦੂਜਾ) ਅਤੇ ਤੀਜਾ ਸਥਾਨ ਮਨਪ੍ਰੀਤ ਕੌਰ ਨੇ ਹਾਸਿਲ ਕੀਤਾ, ਜਦਕਿ ਖੁਸ਼ਪ੍ਰੀਤ ਕੌਰ ਨੂੰ ਹੌਸਲਾ ਅਫਜ਼ਾਈ ਇਨਾਮ (ਕੋਨਸੋਲੇਸ਼ਨ) ਦਿੱਤਾ ਗਿਆ। ਕਾਵਿ ਉਚਾਰਨ ਮੁਕਾਬਲਾ: ਪਹਿਲਾ ਸਥਾਨ ਆਸ਼ਿਆ (ਬੀ ਏ ਭਾਗ ਦੂਜਾ), ਦੂਜਾ ਸਥਾਨ ਹਰਪ੍ਰੀਤ ਕੌਰ (ਬੀ ਏ ਭਾਗ ਦੂਜਾ) ਤੇ ਤੀਜਾ ਸਥਾਨ ਸਿਮਰਨ ਕੌਰ (ਬੀ ਏ ਭਾਗ ਦੂਜਾ) ਨੇ ਪ੍ਰਾਪਤ ਕੀਤਾ। ਗੁਰਪ੍ਰੀਤ ਕੌਰ ਨੂੰ ਕੋਨਸੋਲੇਸ਼ਨ ਇਨਾਮ ਮਿਲਿਆ। ਪੋਸਟਰ ਮੇਕਿੰਗ: ਫਾਈਨ ਆਰਟਸ ਵਿਭਾਗ ਵੱਲੋਂ ਕਰਵਾਏ ਗਏ ਇਸ ਮੁਕਾਬਲੇ ਵਿੱਚ ਕਮਲਜੀਤ ਸਿੰਘ (ਬੀ ਏ ਭਾਗ ਤੀਜਾ) ਨੇ ਪਹਿਲਾ, ਨੈਨਸੀ (ਬੀ ਏ ਭਾਗ ਪਹਿਲਾ) ਨੇ ਦੂਜਾ ਅਤੇ ਸਤਵਿੰਦਰ ਕੌਰ (ਬੀ ਏ ਭਾਗ ਤੀਜਾ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਨੰਦਨੀ (ਬੀ ਏ ਪਹਿਲਾ) ਅਤੇ ਏਕਤਾ (ਬੀ ਏ ਤੀਜਾ) ਨੇ ਕੋਨਸੋਲੇਸ਼ਨ ਸਥਾਨ ਹਾਸਿਲ ਕੀਤਾ।ਨਾਅਰਾ ਲੇਖਣ: ਅਨੂ ਵਰਮਾ (ਬੀ ਏ ਭਾਗ ਪਹਿਲਾ) ਪਹਿਲੇ, ਮੁਕੁਲ (ਬੀ ਏ ਭਾਗ ਦੂਜਾ) ਦੂਜੇ ਅਤੇ ਅਨੂ (ਬੀ ਏ ਭਾਗ ਤੀਜਾ) ਤੀਜੇ ਸਥਾਨ ’ਤੇ ਰਹੇ। ਨੈਨਸੀ (ਬੀ ਏ ਭਾਗ ਦੂਜਾ) ਨੂੰ ਕੋਨਸੋਲੇਸ਼ਨ ਇਨਾਮ ਨਾਲ ਨਿਵਾਜਿਆ ਗਿਆ।

# ਦੋਆਬਾ ਸਾਹਿਤ ਸਭਾ ਨੇ ਸਨਮਾਨ ਸਮਾਰੋਹ ਤੇ ਕਵੀ ਦਰਬਾਰ ਕਰਵਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਦੋਆਬਾ ਖੇਤਰ ਵਿੱਚ ਸਾਹਿਤਕ ਸਰਗਰਮੀਆਂ ਲਈ ਸਰਗਰਮ ਦੋਆਬਾ ਸਾਹਿਤ ਸਭਾ ਰਜਿਸਟਰਡ ਗੜ੍ਹਸ਼ੰਕਰ ਵੱਲੋਂ ਆਪਣਾ ਸਲਾਨਾ ਸਾਹਿਤਕ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਸਥਾਨਕ ਬੱਬਰ ਅਕਾਲੀ ਮੈਮੋਰੀਅਲ ਖਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਰਵਾਇਆ।ਸਮਾਗਮ ਵਿੱਚ ਦੋਆਬਾ ਖੇਤਰ ਵਿੱਚ ਸਰਗਰਮ ਸਾਹਿਤ ਸਭਾਵਾਂ ਅਤੇ ਇਲਾਕੇ ਭਰ ਦੇ ਕਵੀਆਂ ਅਤੇ ਸਾਹਿਤ ਪ੍ਰੇਮੀਆਂ ਨੇ ਸ਼ਮੂਲੀਅਤ ਕੀਤੀ ।ਸਮਾਗਮ ਦੀ ਸ਼ੁਰੂਆਤ ਸਭਾ ਦੇ ਪ੍ਰਧਾਨ ਪ੍ਰਿੰਸੀਪਲ ਡਾ. ਬਿੱਕਰ ਸਿੰਘ ਅਤੇ ਹਾਜ਼ਰ ਸਖਸ਼ੀਅਤਾਂ ਵੱਲੋਂ ਸ਼ਮਾ ਰੌਸ਼ਨ ਕਰਕੇ ਕੀਤੀ ਗਈ ।ਸਭਾ ਦੇ ਪ੍ਰਧਾਨ ਡਾ. ਬਿੱਕਰ ਸਿੰਘ ਨੇ ਆਏ ਮਹਿਮਾਨਾਂ ਅਤੇ ਕਵੀਆਂ ਨੂੰ ਜੀ ਆਇਆ ਕਿਹਾ ਅਤੇ ਸਭਾ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ । ਪ੍ਰਧਾਨਗੀ ਮੰਡਲ ਵਿੱਚ ਪ੍ਰੋਫੈਸਰ ਸੰਧੂ ਵਰਿਆਣਵੀ ਜਰਨਲ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) , ਪ੍ਰਿੰਸੀਪਲ ਬਿੱਕਰ ਸਿੰਘ ਪ੍ਰਧਾਨ ਦੋਆਬਾ ਸਾਹਿਤ ਸਭਾ ਰਜਿਸਟਰਡ ਗੜ੍ਹਸ਼ੰਕਰ, ਸੋਹਣ ਸੂਨੀ ਦਰਪਣ ਸਾਹਿਤ ਸਭਾ ਸੈਲਾ ਖੁਰਦ ਅਤੇ ਉੱਘੇ ਲੋਕ



ਸ਼ਾਇਰ ਜਗਦੀਸ਼ ਰਾਣਾ ਸ਼ਾਮਿਲ ਹੋਏ ।ਸਭਾ ਵੱਲੋਂ ਪੰਜਾਬੀ ਸਾਹਿਤ ਵਿੱਚ ਪਾਏ ਵਡਮੁੱਲੇ ਯੋਗਦਾਨ ਲਈ ਹਰ ਸਾਲ ਦਿੱਤੇ ਜਾਣ ਵਾਲੇ ਪੁਰਸਕਾਰ ਸਰਦਾਰ ਮੇਜਰ ਸਿੰਘ ਮੌਜੀ ਯਾਦਗਾਰੀ ਪੁਰਸਕਾਰ ਪੰਜਾਬੀ ਲੇਖਕ ਅਤੇ ਗੀਤਕਾਰ ਸ੍ਰੀ ਅਮਰੀਕ ਹਮਰਾਜ਼ , ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਪੁਰਸਕਾਰ ਲੈਕਚਰਾਰ ਜਸਵਿੰਦਰ ਸਿੰਘ ਜੱਸੀ, ਉਸਤਾਦ ਉਲਫਤ ਬਾਜਵਾ ਯਾਦਗਾਰੀ ਪੁਰਸਕਾਰ ਸ੍ਰੀ ਗੁਰਦੀਪ ਸਿੰਘ ਸੈਣੀ ਅਤੇ ਸਥਾਨਕ ਸਾਹਿਤ ਸਭਾ ਦੇ ਮੈਂਬਰਾਂ ਵਿੱਚੋਂ ਉਤਸ਼ਾਹਿਤ ਵਿਸ਼ੇਸ਼ ਸਨਮਾਨ ਸਭਾ ਦੇ ਸੀਨੀਅਰ ਮੈਂਬਰ ਅਤੇ ਸਰਪ੍ਰਸਤ ਸਰਵਣ ਸਿੱਧੂ ਨੂੰ ਪ੍ਰਦਾਨ ਕੀਤੇ ਗਏ । ਕਵੀ ਦਰਬਾਰ ਵਿੱਚ ਸੰਧੂ ਵਰਿਆਣਵੀ , ਰਣਵੀਰ ਬੱਬਰ, ਪਵਨ ਭੰਮੀਆਂ, ਪ੍ਰਿੰਸੀਪਲ ਦਲਵਾਰਾ ਰਾਮ , ਸੋਹਣ ਸਿੰਘ ਸੂਨੀ , ਸਰਵਣ ਸਿੱਧੂ ਤੇ ਹੋਰ ਸਰੋਤੇ ਸ਼ਾਮਲ ਹੋਏ। ਕਵੀ ਦਰਬਾਰ ਦੌਰਾਨ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੀਆਂ ਵਿਦਿਆਰਥਣਾਂ ਮਨਜੀਤ ਸੇਖੋਂ, ਪ੍ਰਭ, ਸਿਮਰਨ ਅਤੇ ਜੈਸਮੀਨ ਕੌਰ ਨੇ ਵੀ ਆਪਣੀਆਂ ਕਵਿਤਾਵਾਂ ਰਾਹੀਂ ਖੂਬ ਰੰਗ ਬੰਨਿਆ।

ਸਮਾਗਮ ਦੀ ਸਟੇਜ ਦਾ ਸੰਚਾਲਨ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸ੍ਰ. ਬਲਵੀਰ ਸਿੰਘ ਖਾਨਪੁਰੀ ਵੱਲੋਂ ਕੀਤਾ ਗਿਆ । ਪ੍ਰੋਗਰਾਮ ਦੇ ਅਖੀਰ ਵਿੱਚ ਪ੍ਰੋ. ਸੰਧੂ ਵਰਿਆਣਵੀ ਵਲੋਂ ਹਾਜ਼ਰੀਨ ਕਵੀਆਂ ਅਤੇ ਸਰੋਤਿਆਂ ਦਾ ਧੰਨਵਾਦ ਕਰਦੇ ਹੋਏ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਪੰਜਾਬ , ਪੰਜਾਬੀ ਅਤੇ ਪੰਜਾਬੀਅਤ ਨੂੰ ਪ੍ਰਫੁੱਲਤ ਕਰਨ ਲਈ ਉਪਰਾਲੇ ਕੀਤੇ ਜਾਣ ।

# ਕਨਵੋਕੇਸ਼ਨ ਸਮਾਰੋਹ ਕਰਵਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਐੱਚ ਆਈ ਐੱਮ ਟੀ ਕਾਲਜ, ਟਾਂਡਾ ਵਿਚ ਤੀਜਾ ਕਨਵੋਕੇਸ਼ਨ ਸਮਾਗਮ ਬੜੀ ਧੂਮਧਾਮ ਅਤੇ ਸ਼ਾਨ ਨਾਲ ਆਯੋਜਿਤ ਕੀਤਾ ਗਿਆ। ਚੇਅਰਮੈਨ ਡਾ. ਰੋਹਿਤ ਟੰਡਨ ਦੀ ਅਗਵਾਈ ਵਿਚ ਕਰਵਾਏ ਗਏ ਇਸ ਮਹੱਤਵਪੂਰਨ ਸਮਾਗਮ ਦੌਰਾਨ ਕਾਲਜ ਦੇ ਵੱਖ-ਵੱਖ ਕੋਰਸਾਂ ਦੇ ਸੈਂਕੜਿਆਂ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਕਾਲਜ ਦਾ ਪੂਰਾ ਕੈਂਪਸ ਖੁਸ਼ੀ, ਮਾਣ ਅਤੇ ਉਤਸ਼ਾਹ ਨਾਲ ਭਰਪੂਰ ਦਿਖਾਈ ਦੇ ਰਿਹਾ ਸੀ ਅਤੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਵਿਚ ਖਾਸ ਉਤਸਾਹ ਵੇਖਣ ਨੂੰ ਮਿਲਿਆ।ਸਮਾਰੋਹ ਦੀ ਸ਼ੁਰੂਆਤ ਰਿਵਾਇਤੀ ਢੰਗ ਨਾਲ ਦੀਪ ਜਗ੍ਹਾ ਕੇ ਕੀਤੀ ਗਈ, ਜਿਸ ਨਾਲ ਗਿਆਨ ਦੀ ਰੌਸ਼ਨੀ ਅਤੇ ਉਜਲੇ ਭਵਿੱਖ ਦਾ ਸੰਦੇਸ਼ ਦਿੱਤਾ ਗਿਆ। ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਵਿਧਾਇਕ ਜਸਵੀਰ ਸਿੰਘ ਰਾਜਾ, ਡਾ. ਕੇ ਐੱਸ ਕਾਜਲ ਤੇ ਡਾ. ਲਵਪ੍ਰੀਤ ਸਿੰਘ ਨੇ ਹੋਣਹਾਰ ਵਿਦਿਆਰਥੀਆਂ ਨੂੰ ਡਿਗਰੀਆਂ ਭੇਟ ਕਰਕੇ ਸਨਮਾਨਤ ਕੀਤਾ।ਆਪਣੇ ਸੰਬੋਧਨ ਦੌਰਾਨ ਮੁੱਖ ਮਹਿਮਾਨ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਵਿਦਿਆਰਥੀ ਦੇਸ਼ ਦੀ ਤਾਕਤ ਅਤੇ ਭਵਿੱਖ ਹਨ। ਡਾ. ਲਵਪ੍ਰੀਤ ਸਿੰਘ ਨੇ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਨੌਜਵਾਨਾਂ ਨੂੰ ਉੱਚੇ ਪ੍ਰੋਫੈਸ਼ਨਲ ਮੁਕਾਮ ਹਾਸਲ ਕਰਨ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਅੱਗੇ ਆਉਣ ਲਈ ਉਤਸ਼ਾਹਿਤ ਕੀਤਾ ।ਕਾਲਜ ਦੀ ਵਾਈਸ ਪ੍ਰਿੰਸੀਪਲ ਭਾਨੂ ਪ੍ਰੀਆ ਨੇ ਆਪਣੇ ਸੰਬੋਧਨ ਵਿਚ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਕਨਵੋਕੇਸ਼ਨ ਹਰ ਵਿਦਿਆਰਥੀ ਦੀ ਜ਼ਿੰਦਗੀ



ਦਾ ਸਭ ਤੋਂ ਮਹੱਤਵਪੂਰਨ ਦਿਨ ਹੁੰਦਾ ਹੈ। ਇਸ ਮੌਕੇ ਬੀ ਸੀ ਏ, ਬੀ ਐੱਸ ਸੀ ਆਈ ਟੀ, ਬੀ ਕਾਮ ਆਨਰਜ ਅਤੇ ਪੀ ਜੀ ਡੀ ਸੀ ਏ ਕੋਰਸਾਂ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਗਗਨ ਵੈਦ, ਲੁਕੇਸ਼ ਵਾਸ਼ਿਸ਼ਟ, ਨਰਿੰਦਰ ਅਰੋੜਾ, ਰਾਜੇਸ਼ ਤਰੇਹਨ, ਦਲਜੀਤ ਸਿੰਘ, ਮਨਜਿੰਦਰ ਸਿੰਘ, ਸੁਰਿੰਦਰ ਸਿੰਘ, ਮਨਦੀਪ ਸਿੰਘ, ਗੁਲਸ਼ਨ ਅਰੋੜਾ, ਅਰੁਣ ਟੰਡਨ, ਅਮਿਤ ਟੰਡਨ ਆਦਿ ਵੀ ਮੌਜੂਦ ਸਨ।

# 6 ਤੇ 7 ਅਪ੍ਰੈਲ ਨੂੰ ਸਰਕਾਰ ਦੀ ਅਰਥੀ ਫੂਕੀ ਜਾਵੇਗੀ : ਡੀ ਟੀ ਐਫ਼



ਗੁਰਾਇਆ (ਬਿੰਦਰ ਸੁੰਮਨ)

ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੂਬਾ ਕਮੇਟੀ ਦੀ ਹੋਈ ਆਨਲਾਈਨ ਮੀਟਿੰਗ ਵਿੱਚ ਜ਼ਬਰੀ ਥੋਪੇ ਟੀ ਈ ਟੀ ਦੇ ਮਸਲੇ 'ਤੇ ਸਰਕਾਰ ਦੇ ਰਵਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਆਗੂਆਂ ਨੇ ਕਿਹਾ ਚਲਦੇ ਸੰਘਰਸ਼ ਵਿੱਚ ਸਿੱਖਿਆ ਮੰਤਰੀ ਵੱਲੋਂ ਜਥੇਬੰਦੀਆਂ ਨਾਲ ਮੀਟਿੰਗਾਂ ਵਿੱਚ ਵਾਅਦੇ ਕੀਤੇ ਸਨ ਕਿ ਟੀ ਈ ਟੀ ਦੇ ਫੈਸਲੇ ਖਿਲਾਫ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਪਾਈ ਜਾਵੇਗੀ, ਵਿਧਾਨ ਸਭਾ ਵਿੱਚ ਅਧਿਆਪਕਾਂ ਦੇ ਹੱਕ ਵਿੱਚ ਬਿੱਲ ਪਾਸ ਪਾਸ ਕੀਤਾ ਜਾਵੇਗਾ। ਪਰ ਇਸ ਦੇ ਉਲਟ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀ ਸੁਰੱਖਿਆ ਕਰਦੇ 2017 ਦੇ ਨੋਟੀਫਿਕੇਸ਼ਨ ਰੱਦ ਨੂੰ ਕਰਨਾ ਅਤੇ ਹਾਈਕੋਰਟ ਵਿੱਚ ਡਾਇਰੈਕਟਰ ਸਿੱਖਿਆ ਵਿਭਾਗ ਦੁਆਰਾ ਟੀ ਈ ਟੀ ਪਾਸ ਤੋਂ ਬਿਨਾਂ ਪ੍ਰਮੋਸ਼ਨਾਂ ਨਾ ਕਰਨ ਦੇ ਦਿੱਤੇ ਹਲਫਨਾਮੇ ਤੋਂ ਜ਼ਾਹਿਰ ਹੋ ਗਿਆ ਹੈ ਕਿ ਸਰਕਾਰ ਅਤੇ ਸਿੱਖਿਆ ਵਿਭਾਗ ਅਧਿਆਪਕਾਂ ਨਾਲ ਵਾਅਦਾ ਖਿਲਾਫੀ ਕਰ ਰਿਹਾ ਹੈ। ਹੁਣ ਅਧਿਆਪਕਾਂ ਉਪਰ ਜ਼ਬਰੀ ਥੋਪੇ ਜਾ ਰਹੇ ਵਿਭਾਗੀ ਟੀ ਈ ਟੀ ਦੇ ਟੈਸਟ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਤਿੱਖਾ ਸੰਘਰਸ਼ ਅੱਗੇ ਵੀ ਜ਼ਾਰੀ ਰੱਖਣ ਦਾ ਫ਼ੈਸਲਾ ਲਿਆ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਨ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ ਅਤੇ ਸਕੱਤਰ ਅਵਤਾਰ ਲਾਲ ਨੇ ਦੱਸਿਆ ਕਿ ਅਧਿਆਪਕਾਂ ਦੀਆਂ 14 ਜਥੇਬੰਦੀਆਂ ਵੱਲੋਂ ਵਿਭਾਗੀ ਟੀ ਈ ਟੀ ਦੇ ਖਿਲਾਫ 6 ਅਤੇ 7 ਅਪ੍ਰੈਲ ਨੂੰ ਜ਼ਿਲਾ ਪੱਧਰ ਤੇ ਸਰਕਾਰ ਦੀ ਅਰਥੀ ਫੂਕੇ ਜਾਣ ਦੇ ਪ੍ਰੋਗਰਾਮ ਵਿੱਚ ਡੀ ਟੀ ਐਫ਼ ਪੰਜਾਬ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਸੂਬਾ ਕਮੇਟੀ ਮੈਂਬਰ ਜਗਵੀਰਨ ਕੌਰ, ਬਲਜਿੰਦਰ ਸਿੰਘ ਬਠਿੰਡਾ, ਕਰਮਜੀਤ ਸਿੰਘ ਤਾਮਕੋਟ, ਹਰਭਗਵਾਨ ਸਿੰਘ ਗੁਰਨੇ, ਤਲਵਿੰਦਰ ਸਿੰਘ ਖਰੌੜ , ਜਗਵਿੰਦਰ ਸਿੰਘ, ਸ਼੍ਰੀ ਪਲਵਿੰਦਰ ਸਿੰਘ ਰੰਧਾਵਾ, ਦਲਜੀਤ ਸਿੰਘ ਸਮਰਾਲਾ, ਹਰਜੀਤ ਸਿੰਘ ਸਧਾਰ, ਅਵਤਾਰ ਲਾਲ ਜਲੰਧਰ, ਚਰਨਜੀਤ ਸਿੰਘ ਕਪੂਰਥਲਾ, ਸੁਖਪਾਲਜੀਤ ਸਿੰਘ ਮੋਗਾ ਜੀਵਨ ਸਿੰਘ ਮੁਕਤਸਰ ਸਾਹਿਬ, ਹਰਜਿੰਦਰ ਸਿੰਘ ਅਨੂਪਗੜ੍ਹ, ਪਰਵਿੰਦਰ ਸਿੰਘ ਫਤਿਹਗੜ੍ਹ ਸਾਹਿਬ, ਦਾਤਾ ਸਿੰਘ ਨਮੋਲ ਵੱਲੋਂ ਫੋਨ ਉੱਪਰ ਸਹਿਮਤੀ ਪ੍ਰਗਟ ਕੀਤੀ ਗਈ।

# ਪੰਜ ਰੋਜ਼ਾ ਕੀਰਤਨ ਦਰਬਾਰ ਅੱਜ ਤੋਂ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਬਾਬਾ ਸੁਰਿੰਦਰ ਪਾਲ ਸੋਢੀ ਤੇ ਨਗਰ ਨਿਵਾਸੀ ਮੜੌਲੀ ਕਲਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਤੇ ਵਿਸਾਖੀ ਦੇ ਪਵਿੱਤਰ ਤਿਉਹਾਰ ਸਬੰਧੀ ਪੰਜ ਰੋਜ਼ਾ ਕਥਾ ਕੀਰਤਨ ਦਰਬਾਰ, ਸ਼ਹੀਦ ਕਾਂਸ਼ੀ ਰਾਮ ਮੈਮੋਰੀਅਲ ਸਟੇਡੀਅਮ ਮੜੌਲੀ ਕਲਾਂ (ਮੋਰਿੰਡਾ) ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਮੜੌਲੀ ਕਲਾਂ ਦੇ ਸਰਪੰਚ ਗੁਰਮੀਤ ਸਿੰਘ ਬਾਜੂ ਨੇ ਦੱਸਿਆ ਕਿ ਇਹ ਧਾਰਮਿਕ ਸਮਾਗਮ 1 ਅਪ੍ਰੈਲ ਤੋਂ 5 ਅਪ੍ਰੈਲ ਤੱਕ ਰੋਜਾਨਾ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਕਰਵਾਏ ਜਾਣਗੇ। ਉਹਨਾਂ ਦੱਸਿਆ ਕਿ 1 ਅਪ੍ਰੈਲ ਨੂੰ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਸ਼ਾਮ 6 ਵਜੇ ਕੀਰਤਨ ਦਰਬਾਰ ਅਰੰਭ ਹੋਵੇਗਾ। ਇਸ ਸਮਾਗਮ ਦੌਰਾਨ ਰੋਜ਼ਾਨਾ 6 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਬੀਬੀਆਂ ਦੇ ਜਥੇ ਵਲੋਂ ਕੀਤੇ ਜਾਣਗੇ। ਇਸ ਧਾਰਮਿਕ ਸਮਾਗਮ ਦੌਰਾਨ ਹੋਰਨਾਂ ਜਥਿਆਂ ਤੋਂ ਇਲਾਵਾ ਬਾਬਾ ਅਵਤਾਰ ਸਿੰਘ ਧੂਲਕੋਟ ਵਾਲੇ, ਬਾਬਾ ਗੁਲਾਬ ਸਿੰਘ ਸ੍ਰੀ ਚਮਕੌਰ, ਬਾਬਾ ਜੌਨੀ, ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਬਾਬਾ ਗੁਰਪ੍ਰੀਤ ਸਿੰਘ ਭਾਮੀਆਂ ਵਾਲੇ, ਬਾਬਾ ਜਸਵੀਰ ਸਿੰਘ ਖਾਲਸਾ ਸਮੇਤ ਕਈ ਮਹਾਂ ਪੁਰਖ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਇਸ ਦੌਰਾਨ 5 ਅਪ੍ਰੈਲ ਨੂੰ ਦਸਤਾਰ ਅਤੇ ਲੰਮੇ ਕੇਸਾਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਧਾਰਮਿਕ ਸਮਾਗਮ ਦੇ ਪ੍ਰਬੰਧਕ ਬਾਬਾ ਸੁਰਿੰਦਰ ਪਾਲ ਸਿੰਘ ਸੋਢੀ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਰੋਜ਼ਾਨਾ ਇਹਨਾਂ ਧਾਰਮਿਕ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਨਵੇਂ ਕੋਰਸਾਂ ਦੀ ਸ਼ੁਰੂਆਤ

ਜਲੰਧਰ (ਕਮਲਜੀਤ ਥਾਬਲਕੇ)

ਲਾਡੋਵਾਲੀ ਰੋਡ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਵਿੱਚ ਨਵੇਂ ਅਕਾਦਮਿਕ ਸੈਸ਼ਨ ਤੋਂ ਤਿੰਨ ਨਵੇਂ ਕੋਰਸ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਇਹ ਕੋਰਸ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਅਤੇ ਰੋਜ਼ਗਾਰ-ਕੇਂਦ੍ਰਿਤ ਮੌਕਿਆਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।ਕਾਲਜ ਦੀ ਓ ਐੱਸ ਡੀ ਡਾ. ਨਵਜੋਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੇਂ ਕੋਰਸਾਂ ਵਿੱਚ ਐੱਮ ਕਾਮ (ਪੰਜ ਸਾਲਾ ਇੰਟੀਗ੍ਰੇਟਿਡ), ਐੱਮ ਸੀ ਏ (ਪੰਜ ਸਾਲਾ ਇੰਟੀਗ੍ਰੇਟਿਡ) ਤੇ ਬੀ ਕਾਮ (ਡਾਟਾ ਐਨਾਲਾਟਿਕਸ) ਸ਼ਾਮਲ ਹਨ। ਇਹ ਸਾਰੇ ਕੋਰਸ ਯੂਨੀਵਰਸਿਟੀ ਪੈਟਰਨ ਅਨੁਸਾਰ ਚੱਲਣੇ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਮਿਲੇਗੀ।ਇਨ੍ਹਾਂ ਕੋਰਸਾਂ ਦੀ ਫੀਸ ਯੂਨੀਵਰਸਿਟੀ ਦੇ ਮੁਕਾਬਲੇ ਕਾਫੀ ਘੱਟ ਹੈ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਵਿਦਿਆਰਥੀ ਵੀ ਉੱਚ ਸਿੱਖਿਆ ਹਾਸਲ ਕਰ ਸਕਣ। ਇਹ ਕਦਮ ਖੇਤਰ ਦੇ ਵਿਦਿਆਰਥੀਆਂ ਲਈ ਇੱਕ ਵੱਡੀ ਰਾਹਤ



ਡਾ. ਨਵਜੋਤ ਜਾਣਕਾਰੀ ਦਿੰਦੇ ਹੋਏ।

ਵਜੋਂ ਦੇਖਿਆ ਜਾ ਰਿਹਾ ਹੈ।ਡਾ ਨਵਜੋਤ ਕੌਰ ਅੱਗੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਡਾਟਾ ਐਨਾਲਿਸਿਸ ਤੇ ਆਈ ਟੀ ਖੇਤਰ ਵਿੱਚ ਰੋਜ਼ਗਾਰ ਦੇ ਮੌਕੇ ਤੇਜ਼ੀ ਨਾਲ ਵੱਧ ਰਹੇ ਹਨ, ਇਸ ਲਈ ਬੀ ਕਾਮ (ਡਾਟਾ ਐਨਾਲਾਟਿਕਸ) ਤੇ ਐੱਮ ਸੀ ਏ ਵਰਗੇ ਕੋਰਸ ਵਿਦਿਆਰਥੀਆਂ ਨੂੰ ਨਵੀਂ ਤਕਨੀਕੀ ਮੁਹਾਰਤ ਪ੍ਰਦਾਨ ਕਰਨਗੇ। ਐੱਮ ਕਾਮ ਦਾ ਪੰਜ ਸਾਲਾ ਇੰਟੀਗ੍ਰੇਟਿਡ ਕੋਰਸ ਵਿਦਿਆਰਥੀਆਂ ਨੂੰ ਲੰਬੇ ਸਮੇਂ ਲਈ ਮਜ਼ਬੂਤ ਅਕਾਦਮਿਕ ਅਧਾਰ ਪ੍ਰਦਾਨ ਕਰੇਗਾ।

# ਡਿਪਟੀ ਕਮਿਸ਼ਨਰ ਵੱਲੋਂ ਪੇਂਡੂ ਵਿਕਾਸ ਕਾਰਜਾਂ ਦੀ ਸਮੀਖਿਆ

ਚੰਡੀਗੜ੍ਹ (ਗੁਰਜੀਤ ਬਿੱਲਾ)-ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ, ਕੋਮਲ ਮਿੱਤਲ ਵੱਲੋਂ ਵਿਭਾਗਾਂ ਦੇ ਵੱਖ-ਵੱਖ ਅਧਿਕਾਰੀਆਂ ਨਾਲ ਪੇਂਡੂ ਵਿਕਾਸ ਕਾਰਜਾਂ ਦੀ ਸਮੀਖਿਆ ਕਰਦਿਆਂ ਜ਼ਿਲ੍ਹੇ ਵਿਚ ਚੱਲ ਰਹੇ



ਵੱਖ-ਵੱਖ ਪ੍ਰੋਜੈਕਟਾਂ/ਕਾਰਜਾਂ ਨੂੰ ਮਿੱਥੇ ਸਮੇਂ ਤੇ ਬਿਨਾਂ ਦੇਰੀ ਦੇ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਲ 2025-26 ਦੌਰਾਨ ਸਮੱਗਰਾ ਸਿੱਖਿਆ ਅਭਿਆਨ ਅਧੀਨ ਸਿਵਲ ਵਰਕਸ ਲਈ ਕੁੱਲ 320 ਲੱਖ ਰੁਪਏ ਦੀ ਗ੍ਰਾਂਟ ਪ੍ਰਾਪਤ ਹੋਈ ਹੈ। ਉਨ੍ਹਾਂ ਨੇ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਮਿਆਰੀ ਅਤੇ ਸਮੇਂ ਸਿਰ ਪੂਰੇ ਕੀਤੇ ਜਾਣ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਖਾਨਪੁਰ ਵਾਸੀਆਂ ਨੇ ਅੰਮ੍ਰਿਤਸਰ ਦੀ ਯਾਤਰਾ ਕੀਤੀ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਖਾਨਪੁਰ ਦੇ 40 ਦੇ ਕਰੀਬ ਵਾਸੀਆਂ ਇਸ ਯੋਜਨਾ ਦਾ ਲਾਭ ਲੈਂਦੇ ਹੋਏ ਤਿੰਨ ਦਿਨਾਂ ਯਾਤਰਾ ਟੂਰ ਲਗਾਇਆ। ਹਲਕਾ ਪ੍ਰਧਾਨ ਸ਼ੁਭਾਮ ਘੁਮਿਆਲਾ ਤੇ ਸਰਪੰਚ



ਜੀਵਨ ਕੁਮਾਰ ਚੰਦੇਲੀ, ਪ੍ਰਬੰਧਕ ਰਜਿੰਦਰ ਸਿੰਘ ਵੱਲੋਂ ਏ ਸੀ ਬੱਸ ਨੂੰ ਹਰੀ ਝੰਡੀ ਦੇਣ ਉਪਰੰਤ ਟੂਰ ਮੈਨੇਜਰ ਕੋਮਲ ਬੇਦੀ ਤੇ ਸਹਾਇਕ ਜੱਸੀ ਵਲੋਂ ਖਾਨਵਾਸੀਆਂ ਨੂੰ ਪਹਿਲੇ ਦਿਨ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਦਰਸ਼ਨ ਕਰਵਾਏ ਕਰਵਾਏ ਗਏ। ਵਧੀਆ ਹੋਟਲ ਵਿਖੇ ਠਹਿਰਨ ਉਪਰੰਤ ਯਾਤਰਾ ਦੇ ਦੂਸਰੇ ਦਿਨ ਜਲ੍ਹਿਆਂ ਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ ਦੀ ਯਾਤਰਾ, ਭਗਵਾਨ ਵਾਲਮੀਕੀ ਤੀਰਥ ਅਸਥਾਨ, ਪਨੋਰਮਾ, ਵਾਘਾ ਬਾਰਡਰ ਤੇ ਤੀਸਰੇ ਦਿਨ ਦੁਰਗਿਆਨਾ ਮੰਦਰ ਦੀ ਯਾਤਰ ਕਰਵਾਈ ਗਈ। ਇਸ ਮੌਕੇ ਰਾਮਜੀ, ਰਾਜੇਸ਼ ਕੁਮਾਰ, ਸੰਤੋਸ਼ ਕੁਮਾਰੀ ਪੰਚ, ਮੀਨਾ ਪੰਚ, ਜਸਵਿੰਦਰ ਕੌਰ, ਜਰਨੈਲ ਸਿੰਘ, ਕਾਜਲ, ਕਮਲਜੀਤ ਕੌਰ, ਬੌਬੀ ਖਾਨਪੁਰੀ, ਸੁਰਿੰਦਰ ਸ਼ਿੰਦਾ, ਪ੍ਰਿਆ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।




ਸ੍ਰੀ ਰਾਮ ਨੌਮੀ ਦੀ ਸ਼ੋਭਾ ਯਾਤਰਾ ਦੌਰਾਨ ਪੰਜਾਬ ਟਰੇਡ ਕਮਿਸ਼ਨ ਆਦਮਪੁਰ ਲਗਾਏ ਲੰਗਰ ਮੌਕੇ ਚੇਅਰਮੈਨ ਦਵਿੰਦਰ ਸਿੰਘ ਸੂਰੀ ਦਾ ਸਨਮਾਨ ਕਰਦੇ ਪ੍ਰਧਾਨ ਗੁਲਸ਼ਨ ਦਿਲਬਾਗੀ ਸਮੇਤ ਸ਼ੋਭਾ ਯਾਤਰਾ ਦੇ ਮੈਂਬਰ ਨਾਲ ਫਤਹਿਜੀਤ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਧਰਮਵੀਰ ਸਿੰਘ ਫਤਿਹਪੁਰ ਸਮੂਹ ਬਲਾਕ ਇੰਚਾਰਜ ਤੇ ਗੁਰਮੁੱਖ ਸਿੰਘ ਸੂਰੀ, ਸਤਵਿੰਦਰ ਅਰੋੜਾ, ਰਾਜੂ ਦੂਆ, ਲਾਡੀ ਸਟੂਡੀਓ, ਹੈਪੀ ਅਗਰਵਾਲ, ਮਨਜੀਤ ਸਿੰਘ ਢਾਬਾ,ਪਰਮਜੀਤ ਸਿੰਘ ਪਰਮਾਰ ਤੇ ਹੋਰ।

(ਫੋਟੋ ਤੇ ਵੇਰਵਾ : ਪਰਮਜੀਤ ਸਿੰਘ ਆਦਮਪੁਰ )

# ਦਾਣਾ ਮੰਡੀ 'ਚ ਗੰਦਗੀ ਦੇ ਢੇਰ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ/ਪ੍ਰਦੀਪ ਸਿੰਘ)- ਸੁਲਤਾਨਪੁਰ ਲੋਧੀ ਦੀ ਦਾਣਾ ਮੰਡੀ ਵਿੱਚ 1 ਅਪ੍ਰੈਲ ਤੋਂ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਹੋਣੀ ਹੈ। ਕਿਸਾਨਾਂ ਦੀ ਸੁਵਿਧਾ ਲਈ ਬਣੇ ਸ਼ੈਡ ਹੇਠ ਗੰਦਗੀ ਦੇ ਢੇਰ ਲੱਗੇ ਹੋਏ ਹਨ, ਜਿੱਥੇ ਡਿਸਪੋਜ਼ੇਬਲ ਪਲੇਟਾਂ, ਗਿਲਾਸ ਅਤੇ ਖਾਣੇ ਦੀ ਬਚੀ ਖੁਚੀ ਸਮੱਗਰੀ ਸੜ ਰਹੀ ਹੈ ਅਤੇ ਭਿਆਨਕ ਬਦਬੂ ਫੈਲਾ ਰਹੀ ਹੈ।ਮੰਡੀ ਵਿੱਚ ਹਾਲ ਹੀ 'ਚ ਹੋਏ ਕਿਸੇ ਸਮਾਗਮ ਤੋਂ ਬਾਅਦ ਇਹ ਹਾਲਤ ਬਣੀ ਦਿਖਾਈ ਦਿੰਦੀ ਹੈ। ਸਵਾਲ ਇਹ ਹੈ ਕਿ ਜੇ ਪ੍ਰੋਗਰਾਮ ਲਈ ਮਨਜ਼ੂਰੀ ਦਿੱਤੀ ਗਈ ਸੀ, ਤਾਂ ਸਫਾਈ ਦੀ ਜ਼ਿੰਮੇਵਾਰੀ ਕਿਸਦੀ ਸੀ ? ਮਾਰਕੀਟ ਕਮੇਟੀ ਅਤੇ ਪ੍ਰਸ਼ਾਸਨ ਦੋਵੇਂ ਹੀ ਇਸ ਮਾਮਲੇ 'ਚ ਸੁੱਤੇ ਨਜ਼ਰ ਆ ਰਹੇ ਹਨ।ਸਭ ਤੋਂ ਵੱਡੀ ਚਿੰਤਾ ਦੀ ਗੱਲ ਇਹ ਹੈ ਕਿ ਜਿੱਥੇ ਕਿਸਾਨ ਆਪਣੀ ਫਸਲ ਬਾਰਿਸ਼ ਤੋਂ ਬਚਾਉਣ ਲਈ ਸ਼ੈਡ ਹੇਠ ਰੱਖਦੇ ਹਨ, ਉਥੇ ਹੀ ਹੁਣ ਗੰਦਗੀ ਦੇ ਢੇਰ ਪਏ ਹਨ। ਨਾ ਸਫਾਈ ਦਾ ਕੋਈ ਪ੍ਰਬੰਧ, ਨਾ ਪੀਣ ਵਾਲੇ ਪਾਣੀ ਦੀ ਢੰਗ ਦੀ ਸੁਵਿਧਾ ਅਤੇ ਨਾ ਹੀ ਬਾਥਰੂਮ ਦੀ ਸਹੂਲਤ। ਲੋਕਾਂ ਦੀ ਮੰਗ ਹੈ ਕਿ ਤੁਰੰਤ ਸਫਾਈ ਕਰਵਾਈ ਜਾਵੇ, ਪਾਣੀ ਅਤੇ ਬਾਥਰੂਮ ਦੀ ਸਹੂਲਤ ਯਕੀਨੀ ਬਣਾਈ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ 'ਤੇ ਕਾਰਵਾਈ ਕੀਤੀ ਜਾਵੇ। ਮਾਰਕੀਟ ਕਮੇਟੀ ਦਫਤਰ ਦੇ ਅਧਿਕਾਰੀਆਂ ਨੂੰ ਕਈ ਵਾਰ ਫੋਨ ਲਗਾਇਆ ਪਰ ਉਹਨਾਂ ਵੱਲੋਂ ਫੋਨ ਨਹੀਂ ਚੁੱਕਿਆ ਗਿਆ।

# ਕਾਲੀ ਵੇਈ 'ਚੋਂ ਲਾਸ਼ ਬਰਾਮਦ

ਸੁਲਤਾਨਪੁਰ ਲੋਧੀ (ਧਾਲੀਵਾਲ/ ਸੋਨੀਆ/ਪ੍ਰਦੀਪ ਸਿੰਘ)- ਜਿੱਥੇ ਕਾਲੀ ਵੇਈ ਨਦੀ ਵਿੱਚੋਂ ਇੱਕ ਵਿਅਕਤੀ ਦੀ ਲਾਸ਼ ਮਿਲਣ ਨਾਲ ਪੂਰੇ ਇਲਾਕੇ ਵਿੱਚ ਸਨਸਨੀ ਫੈਲ ਗਈ।ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਦੀ ਪਛਾਣ ਅਮਰਜੀਤ ਸਿੰਘ (49) ਪੁੱਤਰ ਲਾਲ ਚੰਦ, ਵਾਸੀ ਪਿੰਡ ਮੋਖਾ (ਸੁਲਤਾਨਪੁਰ ਲੋਧੀ) ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਸ਼ਨੀਵਾਰ ਸ਼ਾਮ ਤੋਂ ਲਾਪਤਾ ਸੀ, ਜਿਸ ਤੋਂ ਬਾਅਦ ਪਰਵਾਰ ਵੱਲੋਂ ਥਾਣਾ ਸੁਲਤਾਨਪੁਰ ਲੋਧੀ ਨੂੰ ਸੂਚਿਤ ਕੀਤਾ ਗਿਆ ਸੀ।ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਸੰਤ ਸੀਚੇਵਾਲ ਦੇ ਸੇਵਾਦਾਰਾਂ ਦੀ ਮਦਦ ਨਾਲ ਕਿਸ਼ਤੀ ਰਾਹੀਂ ਲਾਸ਼ ਨੂੰ ਨਦੀ ਵਿੱਚੋਂ ਬਾਹਰ ਕੱਢਿਆ ਗਿਆ।ਮ੍ਰਿਤਕ ਬਾਰੇ ਇਹ ਵੀ ਜਾਣਕਾਰੀ ਮਿਲੀ ਹੈ ਕਿ ਉਹ ਉਧਮ ਸਿੰਘ ਚੌਂਕ ਵਿਖੇ ਇੱਕ ਢਾਬੇ ਦਾ ਸੰਚਾਲਨ ਕਰਦਾ ਸੀ।ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਮੌਤ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਘਟਨਾ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।

# ਨਵਾਂ ਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਰੈਲੀ ਅੱਜ

ਬੰਗਾ (ਅਵਤਾਰ ਕਲੇਰ)

ਪਹਿਲੀ ਅਪ੍ਰੈਲ ਨੂੰ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਸੰਘਰਸ਼ ਦਿਵਸ ਮਨਾਉਣ ਲਈ ਟਰੇਡ ਯੂਨੀਅਨਾਂ, ਕਿਸਾਨ ਜਥੇਬੰਦੀਆਂ,ਖੇਤ ਮਜ਼ਦੂਰ ਜਥੇਬੰਦੀਆਂ, ਮੁਲਾਜ਼ਮ ਅਤੇ ਪੈਨਸ਼ਨਰਜ਼ ਯੂਨੀਅਨਾਂ ਦੀ ਮੀਟਿੰਗ ਸ਼ਹੀਦ ਮਲਕੀਤ ਚੰਦ ਮੇਹਲੀ



ਭਵਨ ਨਵਾਂ ਸ਼ਹਿਰ ਵਿਖੇ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫ਼ਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੀਟੂ ਦੇ ਸੂਬਾ ਸਕੱਤਰ ਮਹਾਂ ਸਿੰਘ ਰੌੜੀ, ਪੈਨਸ਼ਨਰਜ਼ ਯੂਨੀਅਨ ਦੇ ਆਗੂ ਕੁਲਵਿੰਦਰ ਸਿੰਘ ਅਟਵਾਲ ,ਕੁਲ ਹਿੰਦ ਖੇਤ ਮਜ਼ਦੂਰ ਸਭਾ ਦੇ ਆਗੂ ਨਿਰੰਜਣ ਦਾਸ ਮੇਹਲੀ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਜ਼ਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਦੌੜਕਾ ਨੇ ਕਿਹਾ ਕਿ ਦੇਸ਼ ਵਿਆਪੀ ਸੱਦੇ ਨੂੰ ਸਫ਼ਲ ਨੂੰ ਸਫ਼ਲ ਬਣਾਉਣ ਲਈ ਪੂਰੀ ਤਿਆਰੀ ਵਿਚ ਜੁਟ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਬੁਨਿਆਦੀ ਹੱਕ ਖੋਹਣ ਲਈ ਕੇਂਦਰ ਸਰਕਾਰ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਪਹਿਲੀ ਅਪ੍ਰੈਲ ਤੋਂ ਲਾਗੂ ਕਰਨ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਆਗੂਆਂ ਨੇ ਜਨਤਕ ਅਦਾਰਿਆਂ ਦੇ ਨਿੱਜੀਕਰਨ ਦਾ ਵਿਰੋਧ ਕਰਦਿਆਂ ਇਸਨੂੰ ਬੰਦ ਕਰਨ ਦੀ ਮੰਗ ਕੀਤੀ। ਉਹਨਾਂ ਦੱਸਿਆ ਕਿ ਇ 1 ਅਪ੍ਰੈਲ 11 ਵਜੇ ਬੱਸ ਅੱਡਾ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਮੌਕੇ ਤਰਸੇਮ ਸਿੰਘ ਬੈਂਸ, ਵਿਜੈ ਕੁਮਾਰ, ਨਰਿੰਦਰ ਮਹਿਤਾ, ਕੁਲਦੀਪ ਸਿੰਘ ਸੁੱਜੋਂ, ਗੁਰਦਿਆਲ ਰੱਕੜ, ਰਾਮ ਆਸਰਾ, ਕਿਰਨਜੀਤ ਕੌਰ ਆਗੂ ਵੀ ਮੌਜੂਦ ਸਨ।

# ਵਾਰੀਅਰਜ਼ ਡ੍ਰੀਮ ਸੀਰੀਜ਼ ਫਾਈਟ ਨਾਈਟ 'ਚ ਭਾਰਤ ਨੇ ਦਰਜ ਕੀਤੀ ਸ਼ਾਨਦਾਰ ਜਿੱਤ

ਜਲੰਧਰ (ਸ਼ੈਲੀ ਐਲਬਰਟ)

ਵਾਰੀਅਰਜ਼ ਡ੍ਰੀਮ ਸੀਰੀਜ਼ ਫਾਈਟ ਨਾਈਟ 16 ਭਾਰਤੀ ਮਿਕਸਡ ਮਾਰਸ਼ਲ ਆਰਟਸ (ਐੱਮ ਐੱਮ ਏ) ਲਈ ਇੱਕ ਪਰਿਭਾਸ਼ਿਤ ਪਲ ਸਾਬਤ ਹੋਇਆ, ਜਿਸ ਵਿੱਚ



ਸ਼ਾਨਦਾਰਤਾ, ਤੀਬਰਤਾ ਅਤੇ ਰਾਸ਼ਟਰੀ ਮਾਣ ਦੀ ਇੱਕ ਮਜ਼ਬੂਤ ਭਾਵਨਾ ਦਾ ਸੁਮੇਲ ਸੀ। ਦੇਸ਼ ਦੇ ਸਭ ਤੋਂ ਵੱਡੇ ਐੱਮ ਐੱਮ ਏ ਈਵੈਂਟਾਂ ਵਿੱਚੋਂ ਇੱਕ ਦੇ ਰੂਪ ਵਿੱਚ ਇਸ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਕੈਂਪਸ ਦੇ ਅੰਦਰ ਆਯੋਜਿਤ ਹੋਣ ਵਾਲੀ ਪਹਿਲੀ ਅੰਤਰਰਾਸ਼ਟਰੀ ਪੱਧਰ ਦੀ ਫਾਈਟ ਨਾਈਟ ਦੇ ਰੂਪ ਵਿੱਚ ਇੱਕ ਨਵਾਂ ਰਿਕਾਰਡ ਵੀ ਕਾਇਮ ਕੀਤਾ। ਸਾਰੀਆਂ ਨਜ਼ਰਾਂ ਭਾਰਤ ਦੇ ਅਸ਼ੋਕ ਬਗਾੜੇ ਤੇ ਰੂਸ ਦੇ ਆਂਦਰੇਈ ਚੇਲਬਾਯੇਵ ਵਿਚਕਾਰ ਉਤਸੁਕਤਾ ਨਾਲ ਉਡੀਕੇ ਜਾ ਰਹੇ ਪੇਸ਼ੇਵਰ ਬੈਂਟਮਵੇਟ ਮੁਕਾਬਲੇ 'ਤੇ ਸਨ। ਸ਼ੁਰੂ ਤੋਂ ਹੀ ਬਗਾੜੇ ਨੇ ਆਪਣੀ ਸ਼ਾਨਦਾਰ ਤਕਨੀਕ ਅਤੇ ਸ਼ਾਂਤ ਵਿਵਹਾਰ ਦਾ ਪ੍ਰਦਰਸ਼ਨ ਕੀਤਾ, ਲੜਾਈ ਤੇ ਹਾਵੀ ਰਿਹਾ ਅਤੇ ਗਤੀ ਨੂੰ ਨਿਰਦੇਸ਼ਤ ਕੀਤਾ। ਉਸਦੇ ਸ਼ਕਤੀਸ਼ਾਲੀ ਪ੍ਰਦਰਸ਼ਨ ਨੇ ਇੱਕ ਨਿਰਣਾਇਕ ਜਿੱਤ ਵੱਲ ਅਗਵਾਈ ਕੀਤੀ, ਜੋ ਖੇਡ ਵਿੱਚ ਭਾਰਤ ਦੀ ਪ੍ਰਤੀਨਿਧਤਾ ਲਈ ਇੱਕ ਮਹੱਤਵਪੂਰਨ ਪਲ ਸੀ।ਜਿਵੇਂ ਹੀ ਬਾਗੜੇ ਨੇ ਆਪਣੀ ਜਿੱਤ 'ਤੇ ਮੋਹਰ ਲਗਾਈ, ਅਖਾੜੇ ਦਾ ਮਾਹੌਲ ਸਿਰਫ਼ ਖੇਡ ਤੋਂ ਪਰੇ ਹੋ ਗਿਆ, ਸਗੋਂ ਜਸ਼ਨ ਵਿੱਚ ਗੂੰਜ ਉੱਠਿਆ।

# ਮਖਸੂਸਪੁਰ 'ਚ 19 ਲੱਖ ਦੇ ਵਿਕਾਸ ਕਾਰਜ ਲੋਕ-ਸਮਰਪਤ : ਡਾ. ਇਸ਼ਾਂਕ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)-ਪੇਂਡੂ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮਖਸੂਸਪੁਰ ਵਿਖੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ । 8 ਲੱਖ ਰੁਪਏ ਦੀ ਗ੍ਰਾਂਟ ਨਾਲ ਦੋ ਧਰਮਸ਼ਾਲਾਵਾਂ ਦੀ ਉਸਾਰੀ ਅਤੇ ਮੁਰੰਮਤ ਸ਼ਾਮਲ ਸੀ, ਜਦੋਂ ਕਿ ਪਿੰਡ ਦੀ ਇੱਕ ਗਲੀ ਦੇ ਵਿਕਾਸ ਲਈ 11 ਲੱਖ ਰੁਪਏ ਦੀ ਰਾਸ਼ੀ ਵਰਤੀ ਗਈ ਸੀ। ਉਦਘਾਟਨ ਸਮਾਰੋਹ ਨੂੰ ਪਿੰਡ ਵਾਸੀਆਂ ਵੱਲੋਂ ਉਤਸ਼ਾਹਜਨਕ ਹੁੰਗਾਰਾ ਮਿਲਿਆ, ਜਿਨ੍ਹਾਂ ਨੇ ਇਹਨਾਂ ਪ੍ਰੋਜੈਕਟਾਂ ਦੇ ਪੂਰੇ ਹੋਣ 'ਤੇ ਆਪਣੀ ਖੁਸ਼ੀ



ਅਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਨੇ ਇਹਨਾਂ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਇਹ ਉਜਾਗਰ ਕੀਤਾ ਕਿ ਧਰਮਸ਼ਾਲਾ ਅਤੇ ਪੱਕੀ ਗਲੀ ਦੇ ਬਣਨ ਨਾਲ ਪਿੰਡ ਵਾਸੀਆਂ ਦਾ ਰੋਜ਼ਾਨਾ ਜੀਵਨ ਬਿਹਤਰ ਹੋਵੇਗਾ ਅਤੇ ਸਮਾਜਿਕ ਅਤੇ ਭਾਈਚਾਰਕ ਇਕੱਠਾਂ ਲਈ ਬਿਹਤਰ ਸਹੂਲਤ ਮਿਲੇਗੀ।ਇਕੱਠ ਨੂੰ ਸੰਬੋਧਨ ਕਰਦਿਆਂ, ਵਿਧਾਇਕ ਨੇ ਵਿਕਾਸ ਨੂੰ ਜਾਰੀ ਰੱਖਣ ਦੀ ਵਚਨਬੱਧਤਾ ਦੁਹਰਾਈ ਅਤੇ ਪਿੰਡ ਵਿੱਚ ਪਾਣੀ ਦੀ ਉਪਲਬਧਤਾ ਨੂੰ ਵਧਾਉਣ ਦੇ ਉਦੇਸ਼ ਨਾਲ, ਪਾਣੀ ਦੀ ਟੈਂਕੀ ਲਈ ਵੀ 21 ਲੱਖ ਰੁਪਏ ਦੀ ਰਕਮ ਜਾਰੀ ਕਰਨ ਦਾ ਐਲਾਨ ਕੀਤਾ। ਇਸ ਮੌਕੇ ਸਰਪੰਚ ਨੀਲਮ ਸ਼ਰਮਾ, ਪੰਚ ਕੁਸ਼ਲ ਕੁਮਾਰ ਬਬਲੂ, ਮਹਿੰਦਰ ਸਿੰਘ ਪੰਚ, ਜੋਤੀ ਪੰਚ, ਰੇਖਾ ਦੇਵੀ ਪੰਚ, ਦਲਵੀਰ ਸਿੰਘ ਸਾਬਕਾ ਪੰਚ, ਅਜੈਬ ਪੰਚ, ਬਲਬੀਰ ਸਿੰਘ, ਮੋਹਨ ਲਾਲ, ਫੌਜੀ ਲਾਲ ਸਿੰਘ, ਸਤਪਾਲ ਬਾਗਲਾ, ਬਲਦੇਵ ਸਿੰਘ ਫੌਜੀ, ਜਤਿੰਦਰ ਕੁਮਾਰ ਆਦਿ ਹਾਜ਼ਰ ਸਨ।

# ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਮੰਗ ਪੱਤਰ ਦੇਣ ਕਾਰਨ ਸੁਰਜੀਤ ਸਿੰਘ ਢੇਰ ਗ੍ਰਿਫ਼ਤਾਰ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਇਲਾਕੇ ਵਿੱਚ ਵੱਡੇ ਪੱਧਰ ਤੇ ਡੀਸਿਲਟਿੰਗ ਦੇ ਬਹਾਨੇ ਸੱਤਲੁਜ ਦਰਿਆ ਅਤੇ ਸਵਾਂ ਨਦੀ ਵਿੱਚ ਗੈਰ ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਹੈ। ਭਾਵੇਂ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਮੁਕੰਮਲ ਤੌਰ ਤੇ ਪਾਬੰਦੀ ਲਗਾਈ ਹੋਈ ਹੈ।ਪਰ ਮਾਈਨਿੰਗ ਮਾਫੀਆ ਕਾਨੂੰਨ ਨੂੰ ਟਿੱਚ ਸਮਝ ਰਿਹਾ ਹੈ। ਵੱਡੇ ਪੱਧਰ ਤੇ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਕਾਰਨ ਇਲਾਕੇ ਦਾ ਬਹੁਤ ਹੀ ਨੁਕਸਾਨ ਹੋ ਰਿਹਾ ਹੈ। ਇਸ ਸਬੰਧੀ ਇਲਾਕਾ ਸੰਘਰਸ਼ ਕਮੇਟੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੰਗ ਪੱਤਰ ਦੇਣ ਦਾ ਐਲਾਨ ਕੀਤਾ ਸੀ।ਪਰ ਪ੍ਰਸ਼ਾਸਨ ਨੇ ਮੰਗ ਪੱਤਰ ਦੇਣ ਕਰਕੇ ਕਾਮਰੇਡ ਸੁਰਜੀਤ ਸਿੰਘ ਢੇਰ ਨੂੰ ਅੱਜ ਤੜਕਸਾਰ ਘਰੋਂ ਚੁੱਕ ਲਿਆ ਤੇ ਸ੍ਰੀ ਅਨੰਦਪੁਰ ਸਾਹਿਬ ਥਾਣੇ ਬੰਦ ਕਰ ਦਿੱਤਾ ਗਿਆ। ਜ਼ਿਕਰਯੋਗ ਹੈ ਇਲਾਕਾ ਸੰਘਰਸ਼ ਕਮੇਟੀ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਰੋਪੜ ਤੋਂ ਵਿਧਾਇਕ ਦਿਨੇਸ਼ ਚੱਢਾ ਨੂੰ ਮੰਗ ਪੱਤਰ ਦੇ ਦਿੱਤੇ ਗਏ ਸਨ।ਪਰ ਗੈਰ ਕਾਨੂੰਨੀ ਮਾਈਨਿੰਗ ਜਾਰੀ ਹੈ।ਮਾਈਨਿੰਗ ਮਾਫੀਆ ਬੇਖੌਫ ਮਾਈਨਿੰਗ ਕਰ ਰਹੇ ਹਨ। ਇਸ ਸਬੰਧੀ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਨੰਗਲੀ ਫੇਰੀ ਦੌਰਾਨ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਣ ਲਈ ਮੰਗ ਪੱਤਰ ਇਲਾਕਾ ਸੰਘਰਸ਼ ਕਮੇਟੀ ਨੇ ਦੇਣ ਦਾ ਫੈਸਲਾ ਕੀਤਾ ਸੀ।ਪਰ ਅੱਜ ਤੜਕਸਾਰ ਕਾਮਰੇਡ ਸੁਰਜੀਤ ਸਿੰਘ ਢੇਰ ਨੂੰ ਅਨੰਦਪੁਰ ਸਾਹਿਬ ਦੀ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ।

# ਮੈਡੀਕਲ ਕਾਲਜ ਤੇ ਹਸਪਤਾਲ ਅੱਜ ਤੋਂ ਸਵੇਰੇ 8 ਵਜੇ ਖੁੱਲ੍ਹੇਗਾ

ਮੋਹਾਲੀ (ਗੁਰਜੀਤ ਬਿੱਲਾ)-ਡਾ. ਬੀ.ਆਰ.ਅੰਬੇਦਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਅਤੇ ਹਸਪਤਾਲ, ਫ਼ੇਜ਼-6 ਦੇ ਖੁੱਲ੍ਹਣ ਤੇ ਬੰਦ ਹੋਣ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ। ਸੰਸਥਾ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ/ਹਸਪਤਾਲ ਦਾ ਕੰਮਕਾਜੀ/ਓ.ਪੀ.ਡੀ. ਸਮਾਂ ਸਵੇਰੇ 8 ਵਜੇ ਤੋਂ ਦੁਪਹਿਰ 2.30 ਵਜੇ ਤਕ ਹੋਵੇਗਾ। ਨਵੀਂ ਸਮਾਂ-ਸਾਰਣੀ 1 ਅਪ੍ਰੈਲ ਤੋਂ ਲਾਗੂ ਹੋਵੇਗੀ। ਜ਼ਿਕਰਯੋਗ ਹੈ ਕਿ ਸੂਬੇ ਦੇ ਬਾਕੀ ਸਰਕਾਰੀ ਮੈਡੀਕਲ ਕਾਲਜਾਂ ਵਿਚ ਵੀ ਇਹੋ ਸਮਾਂ-ਸਾਰਣੀ ਲਾਗੂ ਹੈ। ਬੁਲਾਰੇ ਨੇ ਸਪੱਸ਼ਟ ਕੀਤਾ ਕਿ ਨਵੀਂ ਸਮਾਂ-ਸਾਰਣੀ ਓ.ਪੀ.ਡੀ. ਸੇਵਾਵਾਂ ਵਾਸਤੇ ਹੈ, ਜਦ ਕਿ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ ਹੀ ਰੋਜ਼ਾਨਾ ਲਗਾਤਾਰ 24 ਘੰਟੇ ਜਾਰੀ ਰਹਿਣਗੀਆਂ।

# ਬਾਬਾ ਬਾਲਕ ਨਾਥ ਦੇ ਦਰਬਾਰ ਲਈ ਸੰਗਤ ਰਵਾਨਾ

ਅਲਾਵਲਪੁਰ, (ਮਦਨ ਬੰਗੜ)- ਪਿੰਡ ਸਿਕੰਦਰਪੁਰ ਤੋਂ ਸੰਗਤ ਨੂੰ ਲੈ ਕੇ ਸਿੱਧ ਜੋਗੀ ਬਾਬਾ ਬਾਲਕ ਨਾਥ ਦਿਓਟ ਸਿੱਧ (ਹਿਮਾਚਲ ਪ੍ਰਦੇਸ਼) ਲਈ ਸਾਲਾਨਾ ਬੱਸ ਯਾਤਰਾ ਸ਼ਰਧਾ ਤੇ ਉਤਸ਼ਾਹ ਨਾਲ ਰਵਾਨਾ ਹੋਈ। ਇਸ ਯਾਤਰਾ ਦੌਰਾਨ ਸੰਗਤਾਂ ਸੇਵਾਦਾਰ ਧਰਮਵੀਰ ਵਿਰਦੀ ਦੀ ਦੇਖ ਰੇਖ ਹੇਠ ਸਭ ਤੋਂ ਪਹਿਲਾਂ ਪੀਰ ਨਿਗਾਹਾ ਵਿਖੇ ਨਤਮਸਤਕ ਹੋਣਗੀਆਂ। ਉਸ ਤੋਂ ਬਾਅਦ ਸੰਗਤ ਸ਼ਾਹ ਤਲਾਈਆਂ ਵਿਖੇ ਦਰਸ਼ਨ ਕਰੇਗੀ ਅਤੇ ਫਿਰ ਦਿਓਟ



ਸਿੱਧ ਸਥਿਤ ਸਿੱਧ ਜੋਗੀ ਬਾਬਾ ਬਾਲਕ ਨਾਥ ਦੇ ਮੰਦਰ ਵਿਖੇ ਮੱਥਾ ਟੇਕੇਗੀ। ਯਾਤਰਾ ਦੌਰਾਨ ਸੰਗਤ ਸ਼ਿਵ ਵਾੜੀ ਤੋਂ ਹੁੰਦੇ ਹੋਏ ਵਾਪਸ ਰਵਾਨਾ ਹੋਵੇਗੀ ਅਤੇ ਬੱਸ ਯਾਤਰਾ ਆਪਣਾ ਸਫਰ ਪੂਰਾ ਕਰਨ ਉਪਰੰਤ ਸੰਗਤਾਂ ਨੂੰ ਲੈ ਕੇ ਇੱਕ ਦਿਨ ਬਾਅਦ ਪਿੰਡ ਸਿਕੰਦਰਪੁਰ ਵਿਖੇ ਪਹੁੰਚੇਗੀ। ਸਿੱਧ ਜੋਗੀ ਬਾਬਾ ਬਾਲਕ ਨਾਥ ਦੀ ਇਸ ਸਾਲਾਨਾ ਯਾਤਰਾ ਪ੍ਰਤੀ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਇਸ ਯਾਤਰਾ ਵਿੱਚ ਸ਼ਾਮਲ ਹੋਏ। ਇਸ ਮੌਕੇ ਸੰਗਤਾਂ ਵਿੱਚ ਗੁਰਵਿੰਦਰ ਕੁਮਾਰ, ਮਹਿੰਦਰ ਪਾਲ, ਜਸਦੀਪ ਕੌਰ, ਸੁਰਜੀਤ ਕੌਰ, ਬੇਬੀ, ਪਰਨੀਤ, ਬਰਿੰਦਰ ਵਿਰਦੀ ਅਤੇ ਮਨਿੰਦਰ ਬੱਧਣ ਵੀ ਹਾਜ਼ਰ ਸਨ।

# ਓਲਡ ਸਟੂਡੈਂਟਸ ਵੈੱਲਫੇਅਰ ਸੁਸਾਇਟੀ ਵੱਲੋਂ ਸਾਲਾਨਾ ਮਿਲਣੀ 3 ਨੂੰ

ਮੋਹਾਲੀ (ਗੁਰਜੀਤ ਬਿੱਲਾ)-ਡਾ. ਬੀ.ਆਰ. ਅੰਬੇਡਕਰ ਟ੍ਰੇਨਿੰਗ ਇੰਸਟੀਚਿਊਟ ਓਲਡ ਸਟੂਡੈਂਟਸ ਵੈੱਲਫੇਅਰ ਸੁਸਾਇਟੀ ਵੱਲੋਂ ਡਾ. ਬੀ.ਆਰ. ਅੰਬੇਡਕਰ ਟਰੇਨਿੰਗ ਅਤੇ ਕਰੀਅਰ ਕੋਰਸਿਜ਼ ਇੰਸਟੀਚਿਊਟ, 3 ਬੀ-2, ਮੋਹਾਲੀ ਵਿਖੇ 3 ਅਪ੍ਰੈਲ ਨੂੰ ਸਵੇਰੇ 11.00 ਵਜੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਿਤ 12ਵੀਂ ਸਲਾਨਾ ਮਿਲਣੀ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਤੇਜਿੰਦਰ ਸਿੰਘ ਨੇ ਦੱਸਿਆ ਕਿ ਕੁਲਵੰਤ ਸਿੰਘ ਐੱਮ ਐੱਲ ਏ ਮੋਹਾਲੀ ਇਸ ਮੌਕੇ ਪੇ ਬੈਕ ਟੂ ਸੁਸਾਇਟੀ ਵਿਸ਼ੇ 'ਤੇ ਕਰਵਾਏ ਜਾ ਰਹੇ ਸੈਮੀਨਾਰ ਵਿੱਚ ਬਤੌਰ ਵਿਸ਼ੇਸ ਮਹਿਮਾਨ ਸ਼ਿਰਕਤ ਕਰਨਗੇ ਜਦ ਕਿ ਪ੍ਰਿੰਸੀਪਲ, ਅੰਬੇਡਕਰ ਸੰਸਥਾ, ਮੋਹਾਲੀ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ। 12ਵੀਂ ਸਲਾਨਾ ਮਿਲਣੀ ਮੌਕੇ ਅੰਬੇਡਕਰ ਸੰਸਥਾ ਤੋਂ ਪੜ੍ਹੇ ਪੁਰਾਣੇ ਵਿਦਿਆਰਥੀ ਜਿਹੜੇ ਕਿ ਪਿਛਲੇ ਸਾਲ ਦੌਰਾਨ ਸੇਵਾ ਮੁਕਤ ਹੋਏ ਹਨ, ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਜਾਵੇਗਾ।

# ਏਡਜ਼ ਜਾਗਰੂਕਤਾ ਸੰਬੰਧੀ ਨੁੱਕੜ ਨਾਟਕ

ਸੁਲਤਾਨਪੁਰ ਲੋਧੀ (ਹਨੀ)-ਐੱਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਰੈੱਡ ਰਿਬਨ ਕਲੱਬ ਤੇ ਐਨ ਐਸ ਐਸ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਏਡਜ਼ ਜਾਗਰੂਕਤਾ ਸਬੰਧੀ ਨੁੱਕੜ ਨਾਟਕ ਦਾ ਸਫਲ ਆਯੋਜਨ ਕੀਤਾ ਗਿਆ ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਤੇ ਆਮ ਜਨਤਾ ਵਿੱਚ ਏਡਜ਼ ਦੇ ਕਾਰਨ, ਰੋਕਥਾਮ ਅਤੇ ਪ੍ਰਭਾਵਿਤ ਵਿਅਕਤੀਆਂ ਪ੍ਰਤੀ ਸਮਾਜਿਕ ਸਵੀਕ੍ਰਿਤੀ ਬਾਰੇ ਜਾਗਰੂਕਤਾ ਫੈਲਾਉਣਾ ਸੀ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਨੁੱਕੜ ਨਾਟਕ ਨੇ ਦਰਸ਼ਕਾਂ ਨੂੰ ਗਹਿਰਾਈ ਨਾਲ ਪ੍ਰਭਾਵਿਤ ਕੀਤਾ ਤੇ ਸਮਾਜ ਵਿੱਚ ਮੌਜੂਦ ਕਲੰਕ ਨੂੰ ਬੇਨਕਾਬ ਕਰਦੇ ਹੋਏ ਸਹੀ ਜਾਣਕਾਰੀ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਰੈੱਡ ਰਿਬਨ ਕਲੱਬ ਦੇ ਸਰਗਰਮ ਵਲੰਟੀਅਰਾਂ ਨੂੰ ਉਨ੍ਹਾਂ ਦੀ ਉਤਕ੍ਰਿਸ਼ਟ ਭਾਗੀਦਾਰੀ ਲਈ ਸਨਮਾਨਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਬੀ ਏ ਛੇਵੇਂ ਸਮੈਸਟਰ ਤੋਂ ਸੰਦੀਪ ਕੌਰ, ਪਾਇਲ ਅਤੇ ਰਮਨਪ੍ਰੀਤ ਤੇ ਬੀ ਏ ਦੂਜੇ ਸਮੈਸਟਰ ਤੋਂ ਕਾਜਲ ਤੇ ਸ਼ਿਵਾਨੀ ਸ਼ਾਮਲ ਸਨ। ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਹ ਸਮਾਗਮ ਰੈੱਡ ਰਿਬਨ ਕਲੱਬ, ਐੱਨ ਐੱਸ ਐੱਸ ਵਿਭਾਗ, ਸਵੀਪ, ਈਕੋ ਕਲੱਬ ਅਤੇ ਵਿਕਸਿਤ ਭਾਰਤ ਅਭਿਆਨ ਦੇ ਇੰਚਾਰਜ ਸੁਨੀਤਾ ਕਲੇਰ ਦੀ ਦੇਖਰੇਖ ਹੇਠ ਕਰਵਾਇਆ।




# ਸੁਭਾਸ਼ ਚੰਦ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



ਡੇਰਾਬੱਸੀ (ਵਿਨੈ ਕੁਮਾਰ ਜੈਨ)-ਡੇਰਾਬੱਸੀ ਦੇ ਸਰਸਵਤੀ ਵਿਹਾਰ ਦੇ ਰਹਿਣ ਵਾਲੇ ਸੁਭਾਸ਼ ਚੰਦ ਜਿਹਨਾ ਦਾ ਸਰਕਾਰੀ ਹਸਪਤਾਲ ਦੇ ਨੇੜੇ ਮੈਡੀਕਲ ਸਟੋਰ ਹੈ, ਨੇ ਆਪਣੇ ਭਾਈ ਜਤਿੰਦਰ ਕੁਮਾਰ ਤੇ ਲੱਖਣ ਸਿੰਘ ਰਾਣਾ ਅਤੇ ਹੋਰ ਸਹਿਯੋਗੀਆਂ ਸਮੇਤ ਪਿੰਡ ਬਾਕਰਪੁਰ ਵਿਖੇ ਰੰਧਾਵਾ ਫਾਰਮ 'ਤੇ ਪਹੁੰਚ ਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਉਨ੍ਹਾਂ ਦਾ ਵਿਧਾਇਕ ਵੱਲੋਂ ਤਹਿ ਦਿਲੋਂ ਸਵਾਗਤ ਕੀਤਾ ਗਿਆ।ਉਨ੍ਹਾਂ ਨੇ ਆਗੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਨਵੇਂ ਸਾਥੀ ਨਾ ਸਿਰਫ ਪਾਰਟੀ ਨੂੰ ਮਜ਼ਬੂਤ ਕਰਨਗੇ, ਸਗੋਂ ਪਾਰਟੀ ਦੇ ਚੱਲ ਰਹੇ ਕੰਮ ਕਾਰ ਵਿੱਚ ਵੀ ਸਰਗਰਮ ਭੂਮਿਕਾ ਨਿਭਾਉਣਗੇ। ਇਹ ਸਾਰੇ ਸਾਥੀ ਵਾਰਡ ਅਤੇ ਪਿੰਡ ਪੱਧਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਗੇ ਅਤੇ ਸਰਕਾਰ ਦੀਆਂ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ।

# ਸ਼ੱਕੀ ਹਾਲਾਤ 'ਚ ਨੌਜਵਾਨ ਦੀ ਮੌਤ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ / ਸੋਨੀਆ/ਪ੍ਰਦੀਪ ਸਿੰਘ)- ਸੁਲਤਾਨਪੁਰ ਲੋਧੀ ਦੇ ਨੇੜਲੇ ਪਿੰਡ ਸੁਲਤਾਨਪੁਰ ਰੂਰਲ ਦੇ ਰਹਿਣ ਵਾਲੇ ਕਰੀਬ 20 ਸਾਲਾ ਨੌਜਵਾਨ ਅਮਿਤ ਦੀ ਸ਼ੱਕੀ ਹਾਲਾਤ ਵਿੱਚ ਮੌਤ ਹੋਣ ਨਾਲ ਇਲਾਕੇ ਵਿੱਚ ਦਹਿਸ਼ਤ ਅਤੇ ਚਿੰਤਾ ਦਾ ਮਾਹੌਲ ਹੈ।ਮਿਲੀ ਜਾਣਕਾਰੀ ਮੁਤਾਬਕ ਅਮਿਤ ਦੀ ਅਚਾਨਕ ਤਬੀਅਤ ਵਿਗੜਨ 'ਤੇ ਉਸ ਨੂੰ



ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਮੌਤ ਦੇ ਅਸਲ ਕਾਰਨਾਂ ਬਾਰੇ ਅਜੇ ਤੱਕ ਕੋਈ ਸਪੱਸ਼ਟ ਜਾਣਕਾਰੀ ਸਾਹਮਣੇ ਨਹੀਂ ਆਈ। ਘਟਨਾ ਤੋਂ ਬਾਅਦ ਦੁਖੀ ਪਰਵਾਰਕ ਮੈਂਬਰ ਹਸਪਤਾਲ ਪਹੁੰਚੇ । ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ। ਇਸ ਘਟਨਾ ਨਾਲ ਪਿੰਡ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਗਹਿਰਾ ਦੁੱਖ ਅਤੇ ਅਨਿਸਚਿਤਤਾ ਦਾ ਮਾਹੌਲ ਹੈ।

# ਅਵਤਾਰ ਸਿੰਘ ਰਾਮੇਵਾਲ ਭਾਜਪਾ 'ਚ ਸ਼ਾਮਲ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਅਵਤਾਰ ਸਿੰਘ ਰਾਮੇਵਾਲ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਣ ਉਪਰੰਤ ਨੂਰ ਮਹਿਲ ਪੁੱਜਣ ਤੇ ਨੂਰਮਹਿਲ ਮੰਡਲ ਦੇ ਪ੍ਰਧਾਨ ਮਨਦੀਪ ਕੁਮਾਰ ਸ਼ੁਕਲਾ ਤੇ ਸਮੂਹ ਭਾਜਪਾ



ਪਰਵਾਰ ਦੇ ਮੈਂਬਰਾਂ ਵੱਲੋਂ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਅਵਤਾਰ ਸਿੰਘ ਰਾਮੇਵਾਲ ਦੇ ਭਾਜਪਾ ਵਿੱਚ ਸ਼ਾਮਿਲ ਹੋਣ ਤੇ ਭੂਸ਼ਣ ਲਾਲ ਸ਼ਰਮਾ, ਜੋਗਿੰਦਰ ਸਿੰਘ ਕੰਦੋਲਾ, ਰਜਿੰਦਰ ਸਿੰਘ ਕੰਦੋਲਾ, ਰਾਮ ਲੁਭਾਇਆ, ਉਮਾ ਸ਼ੰਕਰ, ਦੀਪੂ ਤੱਕਿਆਰ, ਬਿਕਰਮਜੀਤ, ਬਲਵੀਰ ਚੰਦ, ਬੀਬੀ ਅਮਨਦੀਪ ਕੌਰ, ਦੀਪਾ ਕੰਦੋਲਾ, ਗੁਲਜਾਰੀ ਰਾਮ, ਦੇਵਰਾਜ, ਛਿੰਦਰਪਾਲ ਨਛੱਤਰ ਸੁਨੜਾ ਕਲਾਂ, ਮਨੋਹਰ ਲਾਲ ਕੰਦੋਲਾ, ਵਿਜੇ ਛਾਬੜਾ, ਸ਼ਿਵ ਕੁਮਾਰ, ਧਰਮਪਾਲ, ਕਾਬਲ ਚੰਦ ਤੇ ਹੋਰ ਮੈਂਬਰਾਂ ਵੱਲੋਂ ਸਵਾਗਤ ਕੀਤਾ ਗਿਆ।

# ਪੰਜਾਬ ਬਚਾਓ ਰੈਲੀ 'ਚ ਵਰਕਰਾਂ ਨੂੰ ਪਹੁੰਚਣ ਦੀ ਕੀਤੀ ਅਪੀਲ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਪਿੰਡ ਠੰਡਲ ਦਫਤਰ ਵਿਖੇ ਪੰਜਾਬ ਬਚਾਓ ਰੈਲੀ ਜੋ ਹਲਕਾ ਚੱਬੇਵਾਲ 3 ਅਪ੍ਰੈਲ ਨੂੰ ਹੋਵੇਗੀ। ਸਾਬਕਾ ਉਪ ਮੁੱਖ ਮੰਤਰੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਸਰਦਾਰ ਸੁਖਬੀਰ ਸਿੰਘ ਬਾਦਲ ਸੰਗਤਾਂ ਨੂੰ ਸੰਬੋਧਨ ਕਰਨਗੇ ਜਿਸ ਦੇ ਸਬੰਧ ਵਿੱਚ ਸਾਬਕਾ ਕੈਬਨਿਟ ਮੰਤਰੀ ਸੋਹਣ ਸਿੰਘ ਠੰਡਲ ਵੱਲੋਂ ਇਲਾਕੇ ਦੇ ਸੀਨੀਅਰ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਵੱਧ ਤੋਂ ਵੱਧ ਸੰਗਤ ਨਾਲ ਲੈ ਕੇ ਜਾਣ



ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵਿੰਦਰ ਸਿੰਘ ਠੰਡਲ, ਮਾਸਟਰ ਰਛਪਾਲ ਸਿੰਘ ਜਲਵੇੜਾ, ਜਸਵਿੰਦਰ ਸਿੰਘ ਨੰਗਲ ਠੰਡਲ, ਜਸਵੀਰ ਸਿੰਘ ਭੱਟੀ ਨਡਾਲੋਂ, ਜਰਨੈਲ ਸਿੰਘ ਖਾਲਸਾ ਨਡਾਲੋ, ਜਰਨੈਲ ਸਿੰਘ ਖਾਲਸਾ ਬੱਡੋ,ਮਾਸਟਰ ਹਰਭਜਨ ਸਿੰਘ ਅਜਨੋਹਾ, ਸਰਵਿੰਦਰ ਸਿੰਘ ਠੀਂਡਾ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਦੀ ਆਰ ਸੀ ਏ ਪ੍ਰੋਜੈਕਟ ਲਈ ਚੋਣ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ /ਰਾਮਲਾਲ)-ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰ ਕਰਨ ਦੇ ਮਕਸਦ ਨਾਲ ਇੱਕ ਅਹਿਮ ਪਹਿਲਕਦਮੀ ਕੀਤੀ ਗਈ



ਹੈ। ਇਸ ਤਹਿਤ ਵਿਦਿਆਰਥੀਆਂ ਦੇ ਅੰਗਰੇਜ਼ੀ ਭਾਸ਼ਾ ਦੇ ਪੱਧਰ ਨੂੰ ਸੁਧਾਰਨ ਲਈ ਆਰ ਸੀ ਏ ਨਾਮਕ ਵਿਸ਼ੇਸ਼ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਮਾਣ ਵਾਲੀ ਗੱਲ ਹੈ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਚੁਣੇ ਗਏ 9 ਸਕੂਲਾਂ ਵਿੱਚ ਸਕੂਲ ਆਫ਼ ਐਮੀਨੈਂਸ ਮਹਿੰਦੀਪੁਰ ਨੇ ਵੀ ਆਪਣੀ ਜਗ੍ਹਾ ਬਣਾਈ ਹੈ।ਇਹ ਪ੍ਰੋਜੈਕਟ 6ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਤਿਆਰ ਕੀਤਾ ਗਿਆ ਹੈ।ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਅੰਗਰੇਜ਼ੀ ਸੁਣਨ, ਬੋਲਣ, ਪੜ੍ਹਨ ਅਤੇ ਲਿਖਣ ਦੀ ਸਮਰੱਥਾ ਵਿੱਚ ਨਿਖਾਰ ਲਿਆਉਣਾ ਹੈ।ਵਿਦਿਆਰਥੀ ਮੋਬਾਈਲ ਐਪ ਰਾਹੀਂ ਰੋਜ਼ਾਨਾ ਸਿਰਫ਼ 10 ਤੋਂ 15 ਮਿੰਟ ਅਭਿਆਸ ਕਰਕੇ ਭਾਸ਼ਾ ਵਿੱਚ ਮੁਹਾਰਤ ਹਾਸਲ ਕਰ ਸਕਣਗੇ ਇਸੇ ਦੌਰਾਨ ।ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ੍ਰੀ ਜਸਵਿੰਦਰ ਬੈਂਸ, ਪ੍ਰਿੰਸੀਪਲ ਸ੍ਰੀ ਜਗਮੋਹਣ ਸਿੰਘ, ਦਰਸ਼ਨ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਮਾਪਿਆਂ ਦਾ ਸਹਿਯੋਗ ਇਸੇ ਤਰ੍ਹਾਂ ਬਣਿਆ ਰਿਹਾ, ਤਾਂ ਸਰਕਾਰੀ ਸਕੂਲਾਂ ਦੇ ਬੱਚੇ ਅੰਗਰੇਜ਼ੀ ਭਾਸ਼ਾ ਵਿੱਚ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨੂੰ ਮਾਤ ਦੇਣਗੇ।ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਰਿਹਾ, ਜਿਨ੍ਹਾਂ ਵਿੱਚ ਸ੍ਰੀ ਵਿਜੇ ਕੁਮਾਰ, ਰਾਜ ਕੁਮਾਰ, ਫਕੀਰ ਚੰਦ, ਪਰਮਿੰਦਰ ਸਿੰਘ ਸੰਧੂ, ਰਵਿੰਦਰ ਸਿੰਘ, ਜਸਕਰਨ ਸਿੰਘ, ਭੁਪਿੰਦਰ ਕੁਮਾਰ ਬਲਵੰਤ ਸਿੰਘ, ਅਮਰਦੀਪ ਕੌਰ, ਗੁਰਜੀਤ ਕੌਰ, ਸੋਨੀਆ ਚੌਧਰੀ ਮਨੀਸ਼ਾ ਵਰਮਾ, ਭੁਪਿੰਦਰ ਕੌਰ, ਗੁਰਪ੍ਰੀਤ ਕੌਰ, ਹਰਪ੍ਰੀਤ ਕੌਰ ਅਤੇ ਕੇਂਦਰ ਗੁਪਤਾ ਸ਼ਾਮਲ ਸਨ।

# ਸਮਾਜ ਸੇਵੀ ਚਰਨਪ੍ਰੀਤ ਸਿੰਘ ਲਾਡੀ ਦਾ ਵਿਸ਼ੇਸ਼ ਸਨਮਾਨ

ਮਾਹਿਲਪੁਰ, ਗੜ੍ਹਸ਼ੰਕਰ (ਸ਼ਫ਼ਰੀ,ਫੂਲਾ ਸਿੰਘ ਬੀਰਮਪੁਰ)

ਸ਼ਹੀਦ ਭਗਤ ਸਿੰਘ ਚੈਰੀਟੇਬਲ ਟਰੱਸਟ ਗੜ੍ਹਸ਼ੰਕਰ ਵੱਲੋਂ ਸੰਸਥਾ ਦੇ ਪ੍ਰਧਾਨ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਮੁਹਿੰਮ ਸਾਂਭ ਲਓ ਮਾਪੇ ਰੱਬ ਮਿਲ ਜਾਊਗਾ ਆਪੇ ਤਹਿਤ ਸਮਾਜ ਸੇਵੀ ਚਰਨਪ੍ਰੀਤ ਸਿੰਘ ਲਾਡੀ ਦਾ ਕੈਪਟਨ ਅਮਰੀਕ ਸਿੰਘ ਅਤੇ ਸੌਰਵ ਸ਼ਰਮਾ ਵੱਲੋਂ ਮੋਹਤਬਰ ਸ਼ਖ਼ਸੀਅਤਾਂ ਦੀ ਮੌਜੂਦਗੀ ਵਿੱਚ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਦੱਸਿਆ ਕਿ ਸ਼ਹੀਦ ਭਗਤ ਸਿੰਘ ਚੈਰੀਟੇਬਲ ਟਰੱਸਟ ਵੱਲੋਂ ਆਪਣੇ ਮਾਪਿਆਂ ਦੀ ਸੇਵਾ ਕਰਨ 'ਤੇ ਵਧੀਆ ਢੰਗ ਨਾਲ ਉਨ੍ਹਾਂ ਦੀ ਸਾਂਭ ਸੰਭਾਲ ਕਰਨ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕਰਨ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਸੰਸਥਾ ਦਾ ਮੁੱਖ ਉਦੇਸ਼ ਇਹ ਹੈ ਕਿ ਇਸ ਨਾਲ ਸਮਾਜ ਨੂੰ ਜਾਗਰੂਕ ਕੀਤਾ ਜਾ ਸਕੇ ਅਤੇ ਲੋਕ ਅਪਣੀ ਜ਼ੁੰਮੇਵਾਰੀ ਸਮਝ ਕੇ ਆਪਣੇ ਮਾਪਿਆਂ ਦੀ ਹੋਰ ਵੀ ਵਧੀਆ ਢੰਗ ਨਾਲ ਸੇਵਾ ਕਰਨ। ਉਨ੍ਹਾਂ ਦੱਸਿਆ ਕਿ ਅੱਜ ਟਰੱਸਟ ਵੱਲੋਂ ਸਮਾਜ ਸੇਵੀ ਚਰਨਪ੍ਰੀਤ ਸਿੰਘ ਲਾਡੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਹੈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਦਰਸ਼ਨ ਸਿੰਘ ਮੱਟੂ, ਕੈਪਟਨ ਅਮਰੀਕ ਸਿੰਘ, ਚਮਨ ਲਾਲ, ਬਖਸ਼ੀਸ਼ ਸਿੰਘ, ਜਸਵਿੰਦਰ ਸਿੰਘ, ਕਰਨੈਲ ਸਿੰਘ, ਕੁਲਵਿੰਦਰ ਸੰਘਾ, ਰਾਕੇਸ਼ ਕੁਮਾਰ ਅਤੇ ਭੁਪਿੰਦਰ ਰਾਣਾ ਆਦਿ ਹਾਜ਼ਰ ਸਨ।



# ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਧਰਨਾ 6 ਨੂੰ



ਅੱਡਾ ਸਰਾਂ/ਟਾਂਡਾ ਉੜਮੁੜ, (ਜਸਵੀਰ ਕਾਜਲ , ਉਂਕਾਰ ਸਿੰਘ )

ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਦੀ ਬ੍ਰਾਂਚ ਟਾਂਡਾ ਦੀ ਮੀਟਿੰਗ ਸੂਬਾ ਜੁਆਇੰਟ ਜਰਨਲ ਸਕੱਤਰ ਸੁੱਖਵਿੰਦਰ ਸਿੰਘ ਖਰਲ ਦੀ ਅਗਵਾਈ ਹੇਠ ਸ਼ਿਮਲਾ ਪਹਾੜੀ ਪਾਰਕ ਵਿਖੇ ਹੋਈ ਜਿਸ ਵਿਚ ਬ੍ਰਾਂਚ ਟਾਂਡਾ ਦੀ 9 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ। ਜਿਸ ਵਿਚ ਬ੍ਰਾਂਚ ਪ੍ਰਧਾਨ ਅਨਿਲ ਕੁਮਾਰ ਪ੍ਰੇਮਪੁਰ ਅਤੇ ਬ੍ਰਾਂਚ ਜਰਨਲ ਸਕੱਤਰ ਮਨਦੀਪ ਸਿੰਘ ਜ਼ਹੁਰਾ ਖਜ਼ਾਨਚੀ ਸ਼ਰਨਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਕਮਲਜੀਤ ਸਿੰਘ ਜੌੜਾ ਮੀਤ ਪ੍ਰਧਾਨ ਰਮਨ ਸੈਣੀ ਪ੍ਰੈਸ ਸਕੱਤਰ ਬਲਜਿੰਦਰ ਸਿੰਘ ਬ੍ਰਾਂਚ ਪਰਚਾਰਕ ਸਕੱਤਰ ਅਸ਼ੋਕ ਕੁਮਾਰ ਸਲਾਹਕਰ ਗੁਰਦਿਆਲ ਕੌਰ ਸਰਬਸੰਮਤੀ ਨਾਲ ਚੁਣਿਆ ਗਿਆ। ਇਸ ਸਮੇਂ ਆਗੂਆਂ ਨੇ ਪ੍ਰੈਸ ਨੂੰ ਦੱਸਿਆ 6 ਅਪ੍ਰੈਲ ਨੂੰ ਜਥੇਬੰਦੀ ਵੱਲੋਂ ਜੋ ਸੂਬਾ ਪੱਧਰੀ ਸੰਘਰਸ਼ ਸੰਗਰੂਰ ਮੁੱਖ ਮੰਤਰੀ ਦੀ ਰਹਾਇਸ਼ ਵਿਖੇ ਰੋਸ ਧਰਨਾ ਰੱਖਿਆ ਗਿਆ ਹੈ ਉਸ ਵਿੱਚ ਟਾਂਡਾ ਬ੍ਰਾਂਚ ਤੋਂ ਵੱਡੀ ਗਿਣਤੀ ਵਿੱਚ ਸਾਥੀ ਸ਼ਮੂਲੀਅਤ ਕਰਨਗੇ। ਇਸ ਮੌਕੇ ਦੇਸ਼ ਰਾਜ ਅਮਰਜੀਤ ਸਿੰਘ ਪਰਦੀਪ ਸਿੰਘ ਖੱਖ ਮਨਪ੍ਰੀਤ ਸਿੰਘ ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।

# ਬਾਬਾ ਦਾਰਾ ਸ਼ਾਹ ਚਿਸ਼ਤੀ ਦੀ ਯਾਦ 'ਚ ਮੇਲਾ ਮਨਾਇਆ

ਬੰਗਾ (ਅਵਤਾਰ ਕਲੇਰ)- ਰੋਜ਼ਾ ਸ਼ਰੀਫ਼ ਪੀਰ ਬਾਬਾ ਬੂੜ ਸ਼ਾਹ ਚਿਸ਼ਤੀ, ਪੀਰ ਬਾਬਾ ਉਧੋ ਸ਼ਾਹ ਚਿਸ਼ਤੀ ਪਿੰਡ ਕਟਾਰੀਆ ਵਿਖੇ ਬਾਬਾ ਦਾਰਾ ਸ਼ਾਹ ਚਿਸ਼ਤੀ ਜੀ ਦੀ ਯਾਦ 'ਚ ਸਲਾਨਾ ਮੇਲਾ ਗੱਦੀ ਨਸ਼ੀਨ ਬਾਬਾ ਸਾਧੂ ਸ਼ਾਹ ਚਿਸ਼ਤੀ ਦੀ ਰਹਿਨੁਮਾਈ ,ਗ੍ਰਾਮ ਪੰਚਾਇਤ ,ਐਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਕਵਾਲ ਰਾਂਝਣ ਅਲੀ ਅਤੇ ਦਿਲਦਾਰ ਖਾਨ ਕਵਾਲ ਨੇ ਹਾਜ਼ਰੀਆਂ



ਭਰੀਆਂ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਬਾਬਾ ਸਾਧੂ ਸ਼ਾਹ ਚਿਸ਼ਤੀ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ,ਸੇਵਾਦਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸਾਈਂ ਲਖਵੀਰ ਸ਼ਾਹ, ਮੁਖਤਿਆਰ ਸਿੰਘ ਗੁਰੂ, ਅਮਰਜੀਤ ਕਲਸੀ, ਸਰਪੰਚ ਵਰਿੰਦਰ ਸਿੰਘ ਕਟਾਰੀਆ,ਸਦਾ ਰਾਮ ਜੱਖੂ, ਪਰਮਵੀਰ ਜੱਖੂ, ਥਾਣੇਦਾਰ ਸੋਮਨਾਥ ਪ੍ਰੀਤਮ ਸਿੰਘ, ਬਲਜਿੰਦਰ ਸਿੰਘ, ਅਮਰਜੀਤ ਸਿੰਘ, ਅਮਰੀਕ ਸਿੰਘ, ਗੁਰਮੇਜ ਚੰਦ, ਗਰੀਬ ਦਾਸ ਅਤੇ ਸੰਗਤਾਂ ਹਾਜ਼ਰ ਸਨ।

## ਪ੍ਰਾਇਮਰੀ ਸਕੂਲ ਗਿੱਦੜੀ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ



**ਦੋਰਾਹਾ (ਹਰਮਿੰਦਰ ਸੇਠ)**-ਸਰਕਾਰੀ ਪ੍ਰਾਇਮਰੀ ਸਕੂਲ ਗਿੱਦੜੀ (ਬਲਾਕ ਡੇਹਲੋਂ 1) ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕੀਤਾ ਗਿਆ, ਜਿਸ ਵਿੱਚ ਨਵੇਕਲਾ ਕਦਮ ਚੱਕਦੇ ਹੋਏ ਸਕੂਲ ਮੁਖੀ ਤੇ ਸਮੂਹ ਸਟਾਫ ਵੱਲੋਂ ਮਿਡ-ਡੇ ਮੀਲ ਵਰਕਰ (ਕੁੱਕ-ਕਮ-ਹੈਲਪਰ) ਸ੍ਰੀਮਤੀ ਕਰਮਜੀਤ ਕੌਰ ਤੇ ਸ੍ਰੀਮਤੀ ਚਰਨਜੀਤ ਕੌਰ ਦਾ ਪੂਰੇ ਸਾਲ ਦੌਰਾਨ ਨਿਭਾਈਆਂ ਸੇਵਾਵਾਂ ਲਈ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਦੌਰਾਨ ਐੱਸ ਐੱਮ ਸੀ ਮੈਂਬਰ, ਵਿਦਿਆਰਥੀਆਂ ਦੇ ਮਾਪੇ ਤੇ ਪਿੰਡ ਦੇ ਪਤਵੰਤੇ ਸੱਜਣ ਵੀ ਹਾਜ਼ਰ ਰਹੇ।ਇਸ ਮੌਕੇ ਸ੍ਰੀਮਤੀ ਕਰਮਜੀਤ ਕੌਰ ਤੇ ਸ੍ਰੀਮਤੀ ਚਰਨਜੀਤ ਕੌਰ ਦਾ ਪੂਰੇ ਸਾਲ ਨਿਭਾਈਆਂ ਗਈਆਂ ਸੇਵਾਵਾਂ ਲਈ ਜਿੱਥੇ ਉਨ੍ਹਾਂ ਦੀ ਪ੍ਰਸੰਸਾ ਕੀਤੀ ਗਈ, ਉਹਦੇ ਨਾਲ ਹੀ ਬਾਕੀ ਦੇ ਇਸ ਤਰ੍ਹਾਂ ਦੀਆਂ ਡਿਊਟੀਆਂ ਨਿਭਾਉਣ ਵਾਲੇ ਵਰਕਰਾਂ ਵਿੱਚ ਵੀ ਇਸੇ ਤਰ੍ਹਾਂ ਦੀ ਭਾਵਨਾ ਪੈਦਾ ਹੋਵੇਗੀ ਅਤੇ ਕੁੱਕ-ਕਮ-ਹੈਲਪਰ ਦੀਆਂ ਸੇਵਾਵਾਂ ਨਿਭਾਉਣ ਵਾਲੇ ਵਰਕਰਾਂ ਵਿੱਚ ਵੀ ਇਸੇ ਤਰ੍ਹਾਂ ਸੇਵਾ ਨੂੰ ਨਿਪੁੰਨਤਾ ਨਾਲ ਨਿਭਾਉਣ ਦਾ ਜਜ਼ਬਾ ਪੈਦਾ ਹੋਵੇਗਾ।

## ਕਹਾਣੀਕਾਰ ਸੁਰਿੰਦਰ ਦੀਪ ਸੂਬਾ ਸੁਰਿੰਦਰ ਕੌਰ ਖਰਲ ਪੁਰਸਕਾਰ ਨਾਲ ਸਨਮਾਨਤ



**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਵੱਲੋਂ ਕਹਾਣੀਕਾਰ ਸੁਰਿੰਦਰ ਦੀਪ ਨੂੰ ਸੂਬਾ ਸੁਰਿੰਦਰ ਕੌਰ ਖਰਲ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਉੱਘੇ ਕਹਾਣੀਕਾਰ ਡਾ. ਵਰਿਆਮ ਸਿੰਘ ਸੰਧੂ ਨੇ ਕੀਤੀ। ਪ੍ਰਧਾਨਗੀ ਮੰਡਲ ਵਿਚ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਸੂਬਾ ਬਲਵਿੰਦਰ ਸਿੰਘ ਝੱਲ, ਗੁਰਸੇਵਕ ਸਿੰਘ ਢਿੱਲੋਂ, ਰਾਜਵੰਤ ਕੌਰ ਸੰਧੂ ਸ਼ਾਮਿਲ ਹੋਏ।ਉੱਘੇ ਕਹਾਣੀਕਾਰ ਡਾ. ਵਰਿਆਮ ਸਿੰਘ ਸੰਧੂ ਨੇ ਕਿਹਾ ਕਿ ਸਾਹਿਤ ਸਭਾਵਾਂ ਲੇਖਕਾਂ ਦਾ ਬੜੇ ਪਿਆਰ ਨਾਲ ਸਨਮਾਨ ਕਰਦੀਆਂ ਹਨ ਇਹ ਬੜੀ ਖੁਸ਼ੀ ਵਾਲੀ ਗੱਲ ਹੈ। ਅੱਜ ਦੀਆਂ ਸਾਰੀਆਂ ਸਨਮਾਨਤ ਸ਼ਖ਼ਸੀਅਤਾਂ ਦੀ ਚੋਣ ਬਹੁਤ ਵਧੀਆ ਹੈ।ਉਨ੍ਹਾਂ ਕਿਹਾ ਕਿ ਸੁਰਿੰਦਰ ਵਧੀਆਂ ਕਹਾਣੀਆਂ ਲਿਖਦੀ ਹੈ, ਉਥੇ ਬਹੁਤ ਵਧੀਆ ਇਨਸਾਨ ਵੀ ਹੈ। ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਸਨਮਾਨਤ ਸ਼ਖ਼ਸੀਅਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਭੈਣੀ ਸਾਹਿਬ ਦੀ ਪਾਵਨ ਧਰਤੀ 'ਤੇ ਆ ਕੇ ਬੜਾ ਚੰਗਾ ਲੱਗਦਾ ਹੈ। ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਨੇ ਸੁਰਿੰਦਰ ਦੀਪ ਦੀ ਜਾਣ ਪਛਾਣ ਕਰਵਾਉਂਦਿਆਂ ਦੱਸਿਆ ਕਿ ਕਹਾਣੀਕਾਰ ਸੁਰਿੰਦਰ ਦੀਪ ਕੌਰ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵਿਚ ਦਫ਼ਤਰ ਇੰਚਾਰਜ ਹਨ ਅਤੇ ਵੱਡੀ ਜ਼ਿੰਮੇਵਾਰੀ ਸੰਭਾਲ ਰਹੇ ਹਨ।ਅਸੀਂ ਉਨ੍ਹਾਂ ਨੂੰ ਸਨਮਾਨਤ ਕਰਕੇ ਬਹੁਤ ਮਾਣ ਮਹਿਸੂਸ ਕਰ ਰਹੇ ਹਾਂ। ਉਨ੍ਹਾਂ ਦੱਸਿਆ ਕਿ ਅੱਜ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਵੱਲੋਂ ਸ੍ਰੀਮਤੀ ਸੁਰਿੰਦਰ ਦੀਪ ਕੌਰ, ਸ੍ਰੀ ਅਜਮੇਰ ਸਿੱਧੂ, ਰਘਬੀਰ ਸਿੰਘ ਭਰਤ ਅਤੇ ਮਨਜੀਤ ਘਣਗਸ ਦਾ ਸਨਮਾਨ ਕੀਤਾ ਗਿਆ ਹੈ। ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਜਨਰਲ ਸਕੱਤਰ ਜਗਵੀਰ ਸਿੰਘ ਵਿੱਕੀ ਨੇ ਸੁਰਿੰਦਰ ਦੀਪ ਦਾ ਸ਼ੋਭਾ ਪੱਤਰ ਪੇਸ਼ ਕੀਤਾ।ਸੁਰਿੰਦਰ ਦੀਪ ਨੇ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੇ ਲਈ ਮਾਣ ਵਾਲੀ ਗੱਲ ਹੈ ਮੈਨੂੰ ਤਪੋ ਭੂਮੀ ਸ੍ਰੀ ਭੈਣੀ ਸਾਹਿਬ ਵਿਖੇ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਵੱਲੋਂ ਪ੍ਰਸਿੱਧ ਲੇਖਿਕਾ ਸੂਬਾ ਸੁਰਿੰਦਰ ਕੌਰ ਦੇ ਨਾਮ ਦਾ ਪੁਰਸਕਾਰ ਮਿਲਿਆ ਹੈ।ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਅਤੇ ਕਹਾਣੀਕਾਰ ਇੰਦਰਜੀਤ ਪਾਲ ਕੌਰ ਦਾ ਸਨਮਾਨ ਸਮਾਗਮ ਵਿਚ ਸ਼ਾਮਲ ਹੋਣਾ ਵੀ ਮੇਰੇ ਲਈ ਮਾਣ ਵਾਲੀ ਗੱਲ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਰਾਮਪੁਰੀ, ਜਗਵੀਰ ਸਿੰਘ ਵਿੱਕੀ, ਇੰਦਰਜੀਤਪਾਲ ਕੌਰ, ਰਜਿੰਦਰ ਕੌਰ ਪੰਨੂੰ, ਤੇਲੂ ਰਾਮ ਕੁਹਾੜਾ, ਭਗਵਾਨ ਢਿੱਲੋਂ, ਦੀਪ ਦਿਲਬਰ, ਨੇਤਰ ਸਿੰਘ, ਤਰਨ ਸਿੰਘ ਬੱਲ, ਬਲਵੀਰ ਸਿੰਘ ਬੱਬੀ, ਸੁਖਵੀਰ ਸਿੰਘ ਮੋਹਾਲੀ, ਮਨਜੀਤ ਸਿੰਘ ਰਾਏ, ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਮੈਂਬਰ ਅਤੇ ਕਾਫੀ ਗਿਣਤੀ ਵਿਚ ਲੇਖਕ ਅਤੇ ਸਰੋਤੇ ਹਾਜ਼ਰ ਸਨ।

## ਦਿਲਪ੍ਰੀਤ ਕੌਰ ਤੇ ਲਵਪ੍ਰੀਤ ਕੌਰ ਨੇ ਜਿੱਤਿਆ ਨਕਦ ਇਨਾਮ



**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**
ਪਿਛਲੇ ਦਿਨੀਂ ਸਥਾਨਕ ਸ਼ਹੀਦ ਭਗਤ ਸਿੰਘ ਪਬਲਿਕ ਹਾਈ ਸਕੂਲ ਵੱਲੋਂ ਕਰਵਾਏ ਗਏ ਸਾਲਾਨਾ ਸਮਾਗਮ ਵਿਚ ਭਾਰਤ ਦੇ ਮਹਾਨ ਸਪੂਤ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਉਨ੍ਹਾਂ ਦੀ ਸ਼ਹਾਦਤ ਦੀ 95ਵੀਂ ਵਰ੍ਹੇਗੰਢ ਮੌਕੇ ਸ਼ਰਧਾਂਜਲੀ ਭੇਟ ਕੀਤੀ ਗਈ। ਸਕੂਲ ਦੇ ਬੱਚਿਆਂ ਨੇ ਦੇਸ਼ ਭਗਤੀ ਸਬੰਧੀ ਵੱਖ-ਵੱਖ ਪੇਸ਼ਕਾਰੀਆਂ ਕਰਕੇ ਹੋਣਹਾਰ ਯੋਧਿਆਂ ਨੂੰ ਯਾਦ ਕੀਤਾ। ਇਸ ਸਮਾਰੋਹ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇਣ ਦੇ ਨਾਲ-ਨਾਲ ਪਿਛਲੇ ਸੈਸ਼ਨ ਦੌਰਾਨ ਵਿੱਦਿਆ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਵੀ ਟਰਾਫ਼ੀਆਂ ਤੇ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਦਿਲਪ੍ਰੀਤ ਕੌਰ ਤੇ ਲਵਪ੍ਰੀਤ ਕੌਰ ਨੇ ਫਰਵਰੀ-2025 ਵਿਚ ਹੋਈ ਅੱਠਵੀਂ ਦੀ ਪ੍ਰੀਖਿਆ 'ਚੋਂ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕਰਕੇ ਸਕੂਲ ਵੱਲੋਂ ਰੱਖਿਆ ਗਿਆ 11-11 ਹਜ਼ਾਰ ਦਾ ਨਕਦ ਇਨਾਮ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਸਕੂਲ ਦੀ ਪ੍ਰਿੰਸੀਪਲ ਅਨੀਤਾ ਜੈਨ ਨੇ ਇਸ ਵਿਲੱਖਣ ਪ੍ਰਾਪਤੀ ਲਈ ਬੱਚਿਆਂ ਦੇ ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ। ਸ੍ਰੀਮਤੀ ਜੈਨ ਨੇ ਦੱਸਿਆ ਕਿ ਆਉਣ ਵਾਲੇ ਸਾਲਾਂ ਵਿੱਚ ਵੀ ਅੱਠਵੀਂ ਪ੍ਰੀਖਿਆ ਦੀ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਵਾਉਣ ਵਾਲੇ ਹਰੇਕ ਵਿਦਿਆਰਥੀ ਨੂੰ 11-11 ਹਜ਼ਾਰ ਰੁਪਏ ਤੇ ਦਸਵੀਂ ਜਮਾਤ ਦੇ ਇਮਤਿਹਾਨ ਵਿੱਚ ਮੈਰਿਟ ਲਿਸਟ 'ਚ ਸਥਾਨ ਹਾਸਲ ਕਰਨ ਵਾਲੇ ਹਰੇਕ ਬੱਚੇ ਨੂੰ 15 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਇਨਾਮ ਵਜੋਂ ਦਿੱਤੀ ਜਾਵੇਗੀ। ਪ੍ਰਬੰਧਕੀ ਕਮੇਟੀ ਵਲੋਂ ਮਨੀਸ਼ ਜੈਨ ਨੇ ਰਿਟਾਇਰਡ ਕੈਪਟਨ ਜਸਬੀਰ ਸਿੰਘ ਨੂੰ ਸ਼ਾਲ ਤੇ ਸਨਮਾਨ ਚਿੰਨ੍ਹ ਭੇਟ ਕੀਤਾ। ਸਕੂਲ ਮੈਨੇਜਰ ਦਰਸ਼ਨ ਜੈਨ ਨੇ ਬੱਚਿਆਂ ਨੂੰ ਮਹਾਨ ਸੂਰਮਿਆਂ ਦੁਆਰਾ ਦਰਸਾਏ ਮਾਰਗ 'ਤੇ ਚੱਲਦਿਆਂ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਆ।

## ਸਾਲਾਸਰ ਧਾਮ ਲਈ ਸੇਵਾ ਦਾ ਕਾਫ਼ਲਾ ਰਵਾਨਾ



**ਜਲਾਲਾਬਾਦ (ਜੀਤ ਕੁਮਾਰ)**-ਆਸਥਾ, ਸੇਵਾ ਅਤੇ ਸਮਰਪਣ ਦੇ ਅਦੁੱਤ ਸੰਗਮ ਨੂੰ ਦੇਖਦੇ ਹੋਏ ਸਮਾਜ ਸੇਵਕ ਅਸ਼ੋਕ ਅਨੇਜਾ ਨੇ ਸਾਲਾਸਰ ਧਾਮ ਵਿਖੇ ਹੋਣ ਵਾਲੇ 36ਵੇਂ ਵਿਸ਼ਾਲ ਭੰਡਾਰੇ ਲਈ ਦੇਰ ਰਾਤ ਨੂੰ ਸਾਮਾਨ ਨਾਲ ਭਰਿਆ ਇੱਕ ਟਰੱਕ ਰਵਾਨਾ ਕੀਤਾ। ਇਸ ਮੌਕੇ ਮੌਜੂਦ ਸ਼ਰਧਾਲੂਆਂ ਨੇ ਧਾਰਮਿਕ ਨਾਅਰਿਆਂ ਦੇ ਜੈਕਾਰਿਆਂ ਨਾਲ ਟਰੱਕ ਨੂੰ ਵਿਦਾਇਗੀ ਦਿੱਤੀ ਅਤੇ ਸਮਾਗਮ ਦੀ ਸਫਲਤਾ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਬਾਰੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮੰਗੀ ਰਾਮ ਨੇ ਦੱਸਿਆ ਕਿ ਇਹ 36ਵਾਂ ਵਿਸ਼ਾਲ ਭੰਡਾਰਾ 31 ਮਾਰਚ ਤੋਂ 2 ਅਪ੍ਰੈਲ ਤੱਕ ਲਕਸ਼ਮਣਗੜ੍ਹ ਰੋਡ 'ਤੇ ਸਥਿਤ ਪਾਣੀ ਦੀ ਟੈਂਕੀ ਦੇ ਨੇੜੇ ਆਯੋਜਿਤ ਕੀਤਾ ਜਾਵੇਗਾ। ਅਸ਼ੋਕ ਅਨੇਜਾ ਅਤੇ ਰਮਨ ਪਰਪਟਾਨੀਆ ਤੋਂ ਇਲਾਵਾ ਸੁਨੀਲ ਵਰਮਾ, ਮਦਨ ਗੁੰਬਰ, ਰਾਕੇਸ਼ ਗਾਂਧੀ, ਅਨਿਲ ਛੁਮਣਾ, ਰਾਕੇਸ਼ ਚੁੱਘ, ਮੰਗੀ ਰਾਮ, ਮਾਨੀਆ ਨਾਰੰਗ, ਵਿਜੇ ਨਾਰੰਗ ਅਤੇ ਧਰਮੇਸ਼ ਕਟਾਰੀਆ ਸਮੇਤ ਹੋਰ ਬਹੁਤ ਸਾਰੇ ਸ਼ਰਧਾਲੂਆਂ ਨੇ ਸਮਾਨ ਦੇ ਕੇ ਯੋਗਦਾਨ ਪਾਇਆ। ਇਸ ਧਾਰਮਿਕ ਸਮਾਗਮ ਦੀ ਸ਼ਾਨ ਨੂੰ ਹੋਰ ਵਧਾਉਣ ਲਈ ਸ੍ਰੀ ਰਾਧਾ ਕ੍ਰਿਸ਼ਨ ਭਜਨ ਮੰਡਲੀ (ਜਲਾਲਾਬਾਦ) ਦੁਆਰਾ ਭਜਨ ਅਤੇ ਕੀਰਤਨ (ਭਗਤੀ ਗੀਤ) ਪੇਸ਼ ਕੀਤੇ ਜਾਣਗੇ।

## ਰਾਮਨੌਮੀ ਦਾ ਤਿਉਹਾਰ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰਾਮ ਮੰਦਰ ਵਿਖੇ ਸ਼ਰਧਾਲੂਆਂ ਵੱਲੋਂ ਰਾਮਨੌਮੀ ਦਾ ਤਿਉਹਾਰ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਭਾਜਪਾ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ, ਕਿਸਾਨ ਮੋਰਚਾ ਦੇ ਪ੍ਰਧਾਨ ਰਣਜੀਤ ਸਿੰਘ ਗਹਿਲੇਵਾਲ, ਡਾ. ਅਸ਼ੋਕ ਕੁਮਾਰ ਤੇ ਜਸਪਾਲ ਸਿੰਘ ਨੇ ਭਗਵਾਨ ਸ੍ਰੀ ਰਾਮ ਜੀ ਦੀ ਮੂਰਤੀ ਅੱਗੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ। ਸ਼ਰਧਾਲੂ ਔਰਤਾਂ ਵੱਲੋਂ ਭਗਵਾਨ ਰਾਮ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਸੰਗਤ ਲਈ ਅਤੁੱਟ ਲੰਗਰ ਵੀ ਵਰਤਾਏ ਗਏ।

## ਅੜੈਚਾਂ ਵਿਖੇ ਮੁਫ਼ਤ ਹੈਲਥ ਚੈੱਕਅੱਪ ਕੈਂਪ



**ਦੋਰਾਹਾ (ਹਰਮਿੰਦਰ ਸੇਠ)** ਹਲਕਾ ਪਾਇਲ ਦੇ ਪਿੰਡ ਅੜੈਚਾਂ ਵਿਖੇ ਸੰਤ ਈਸ਼ਰ ਸਿੰਘ ਜੀ ਮੈਮੋਰੀਅਲ ਹਸਪਤਾਲ ਰਾੜਾ ਸਾਹਿਬ ਵੱਲੋਂ ਇੱਕ ਮੁਫ਼ਤ ਹੈਲਥ ਚੈੱਕਅਪ ਕੈਂਪ ਲਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਮੁਫ਼ਤ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਤੇ ਉਨ੍ਹਾਂ ਨੂੰ ਵੱਖ-ਵੱਖ ਬਿਮਾਰੀਆਂ ਬਾਰੇ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਮਾਹਿਰ ਡਾਕਟਰਾਂ ਤੇ ਸਿਹਤ ਕਰਮਚਾਰੀਆਂ ਦੀ ਟੀਮ ਵੱਲੋਂ ਪਹੁੰਚੇ ਮਰੀਜ਼ਾਂ ਦੀ ਵੱਖ-ਵੱਖ ਤਰ੍ਹਾਂ ਦੀ ਜਾਂਚ ਕੀਤੀ ਗਈ।ਡਾਕਟਰਾਂ ਨੇ ਮਰੀਜ਼ਾਂ ਨੂੰ ਸਿਹਤ ਸੰਬੰਧੀ ਸਲਾਹਾਂ ਦਿੱਤੀਆਂ ਤੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਵੰਡੀਆਂ।ਇਸ ਉਪਰਾਲੇ ਨਾਲ ਪਿੰਡ ਵਾਸੀਆਂ ਨੂੰ ਆਪਣੇ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਮਿਲਣ ਕਾਰਨ ਵੱਡੀ ਰਾਹਤ ਮਹਿਸੂਸ ਹੋਈ।ਇਸ ਮੌਕੇ ਹਲਕਾ ਪਾਇਲ ਤੋਂ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ।ਉਨ੍ਹਾਂ ਕੈਂਪ ਦਾ ਜਾਇਜ਼ਾ ਲੈਂਦਿਆਂ ਡਾਕਟਰਾਂ ਤੇ ਆਯੋਜਕਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਤੇ ਪਿੰਡ ਪੱਧਰ 'ਤੇ ਇਸ ਤਰ੍ਹਾਂ ਦੇ ਉਪਰਾਲਿਆਂ ਨੂੰ ਹੋਰ ਵਧਾਵਾ ਦਿੱਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਸਚੇਤ ਰਹਿਣ ਤੇ ਅਜਿਹੇ ਕੈਂਪਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪਿੰਡ ਦੇ ਵਿਅਕਤੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਾਜ਼ਰੀ ਭਰ ਕੇ ਇਸ ਉਪਰਾਲੇ ਨੂੰ ਸਫਲ ਬਣਾਇਆ।ਆਯੋਜਕਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੇ ਕੈਂਪ ਲਗਾਤਾਰ ਲਗਾਏ ਜਾਂਦੇ ਰਹਿਣਗੇ, ਤਾਂ ਜੋ ਲੋਕਾਂ ਨੂੰ ਘਰ ਦੇ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਨ।

## ਨਵੀਂ ਕਮੇਟੀ ਦਾ ਗਠਨ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਰਾਜ ਮਨਿਸਟਰੀਅਲ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਸ੍ਰੀ ਸੁਸ਼ੀਲ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਧਾਨਾਂ/ਅਹੁਦੇਦਾਰਾਂ ਨੇ ਭਾਗ ਲਿਆ ਅਤੇ ਵਿਚਾਰ ਪੇਸ਼ ਕਰਨ ਉਪਰੰਤ ਨਵੀਂ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਦੀ ਪ੍ਰਵਾਨਗੀ ਦਿੱਤੀ, ਇਸ ਸਬੰਧੀ ਛੇ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿਚ ਹਰਬੰਸ ਸਿੰਘ ਮਾਂਗਟ ਲੁਧਿਆਣਾ ਤੋਂ, ਦਲਬੀਰ ਸਿੰਘ ਬਾਜਵਾ ਅੰਮ੍ਰਿਤਸਰ ਤੋਂ, ਦਵਿੰਦਰ ਸਿੰਘ ਗਰੇਵਾਲ ਤਰਨਤਾਰਨ ਤੋਂ, ਸੁਖਦੇਵ ਸਿੰਘ ਗਿੱਲ ਫਰੀਦਕੋਟ ਤੋਂ ਤੇ ਵਰਿਆਮ ਸਿੰਘ ਹੁਸ਼ਿਆਰਪੁਰ ਤੋਂ ਚੁਣੇ ਗਏ।ਕਮੇਟੀ ਨੇ ਸੂਬਾ ਪ੍ਰਧਾਨ ਲਈ ਦਲੀਪ ਸਿੰਘ, ਨਿਰਮਲ ਸਿੰਘ ਲਲਤੋਂ ਜਨਰਲ ਸਕੱਤਰ, ਡਾਕਟਰ ਨਿਰਮਲ ਸਿੰਘ ਆਨੰਦ ਵਿੱਤ ਸਕੱਤਰ ਦੇ ਨਾਂਵਾਂ ਨੂੰ ਪ੍ਰਵਾਨਗੀ ਦਿੱਤੀ, ਜੋ ਹਾਊਸ ਨੇ ਪ੍ਰਵਾਨ ਕੀਤਾ। ਨਵੀਂ ਬਣੀ ਕਮੇਟੀ ਦਾ ਹਾਰ ਪਾ ਕੇ ਸਵਾਗਤ ਕੀਤਾ ਗਿਆ।

## ਬੁਗਰਾ ਸਟੇਡੀਅਮ ਦੀ ਚਾਰਦੀਵਾਰੀ 'ਚ ਗੈਰ ਮਿਆਰੀ ਇੱਟ ਵਰਤਣ ਦਾ ਦੋਸ਼



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਹਲਕੇ ਧੂਰੀ ਦੇ ਪਿੰਡ ਬੁਗਰਾ ਵਿਖੇ ਬਣ ਰਹੇ ਖੇਡ ਸਟੇਡੀਅਮ ਦੀ ਉਸਾਰੀ ਨੂੰ ਲੈ ਕੇ ਇੱਕ ਵੱਡਾ ਵਿਵਾਦ ਖੜ੍ਹਾ ਹੋ ਗਿਆ ਹੈ। ਪੰਚਾਇਤ ਯੂਨੀਅਨ ਧੂਰੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਪਿੰਡ ਦੇ ਸਰਪੰਚ ਹਰਜੀਤ ਸਿੰਘ ਬੁਗਰਾ ਨੇ ਸਟੇਡੀਅਮ ਦੀ ਚਾਰਦੀਵਾਰੀ ਦੀ ਉਸਾਰੀ ਵਿੱਚ ਵਰਤੀ ਜਾ ਰਹੀ ਸਮੱਗਰੀ 'ਤੇ ਗੰਭੀਰ ਸਵਾਲ ਚੁੱਕੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਇਸ ਅਹਿਮ ਪ੍ਰੋਜੈਕਟ ਵਿੱਚ ਗੈਰ-ਮਿਆਰੀ ਅਤੇ ਬੇਹੱਦ ਘਟੀਆ ਦਰਜੇ ਦੀ ਇੱਟ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਨਿਯਮਾਂ ਦੇ ਬਿਲਕੁਲ ਉਲਟ ਹੈ।ਸਰਪੰਚ ਨੇ ਅਫ਼ਸਰਸ਼ਾਹੀ ਦੇ ਕੰਮ ਕਰਨ ਦੇ ਤਰੀਕੇ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਠੇਕੇ ਵਿੱਚ ਤਾਇਨਾਤ ਕੁੱਝ ਅਧਿਕਾਰੀ ਸਰਕਾਰੀ ਫੰਡਾਂ ਦੀ ਦੁਰਵਰਤੋਂ ਕਰ ਰਹੇ ਹਨ।ਸਰਪੰਚ ਅਨੁਸਾਰ, ਸਰਕਾਰ ਵੱਲੋਂ ਵਿਕਾਸ ਲਈ ਭੇਜੀ ਗਈ ਰਾਸ਼ੀ ਨੂੰ ਅਧਿਕਾਰੀਆਂ ਅਤੇ ਠੇਕੇਦਾਰਾਂ ਦੀ ਕਥਿਤ ਮਿਲੀਭੁਗਤ ਨਾਲ ਮਿੱਟੀ ਵਿੱਚ ਮਿਲਾਇਆ ਜਾ ਰਿਹਾ ਹੈ।ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਸਰਪੰਚ ਨੇ ਸਰਕਾਰ ਅਤੇ ਸਬੰਧਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾਂ ਮੰਗ ਕੀਤੀ ਕਿ ਵਰਤੀ ਗਈ ਸਮੱਗਰੀ ਨੂੰ ਤੁਰੰਤ ਬਦਲਿਆ ਜਾਵੇ ਅਤੇ ਨਿਯਮਾਂ ਅਨੁਸਾਰ ਹੀ ਅੱਗੇ ਦੀ ਉਸਾਰੀ ਯਕੀਨੀ ਬਣਾਈ ਜਾਵੇ।ਜਦੋਂ ਇਸ ਸਬੰਧੀ ਐਕਸੀਅਨ ਪੰਚਾਇਤੀ ਰਾਜ ਦਵਿੰਦਰ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਕਿਹਾ ਕਿ ਇਹ ਮਾਮਲਾ ਹੁਣੇ ਹੀ ਮੇਰੇ ਧਿਆਨ 'ਚ ਆਇਆ ਹੈ, ਮੈਂ ਐੱਸ.ਡੀ.ਓ ਅਤੇ ਜੇ.ਈ. ਦੀ ਡਿਊਟੀ ਲਗਾ ਰਿਹਾ ਹਾਂ, ਜੇਕਰ ਕੋਈ ਚਾਰਦੀਵਾਰੀ 'ਚ ਇੱਟ ਮਾੜੀ ਵਰਤੀ ਗਈ ਤਾਂ ਉਸ ਨੂੰ ਦੁਬਾਰਾ ਲਗਵਾਇਆ ਜਾਵੇਗਾ।

## 'ਅੰਮ੍ਰਿਤ' ਫਾਰਮੇਸੀ ਮਰੀਜ਼ ਸੇਵਾ ਨੂੰ ਮਜ਼ਬੂਤੀ ਦੇਣ ਵਾਲਾ ਕਦਮ : ਪ੍ਰੋ. ਲਾਲ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਵੱਲੋਂ ਮਰੀਜ਼ਾਂ ਨੂੰ ਕਿਫਾਇਤੀ ਮੁੱਲ 'ਤੇ ਦਵਾਈਆਂ ਉਪਲਬਧ ਕਰਾਉਣ ਲਈ ਆਯੁਸ਼ਮਾਨ ਭਾਰਤ ਦੀ 14ਵੀਂ 'ਅੰਮ੍ਰਿਤ' ਫਾਰਮੇਸੀ ਆਉਟਲੈੱਟ ਖੋਲ੍ਹ ਕੇ ਰਾਸ਼ਟਰੀ ਕੀਰਤੀਮਾਨ ਸਥਾਪਤ ਕੀਤਾ ਹੈ, ਜੋ ਪੀਜੀਆਈ ਦੇ ਮਰੀਜ਼ਾਂ ਦੀ ਸੇਵਾ ਨੂੰ ਮਜ਼ਬੂਤੀ ਦੇਣ ਵਾਲਾ ਵੱਡਾ ਕਦਮ ਹੈ।ਇਹ ਵਿਚਾਰ ਪੀਜੀਆਈ ਦੇ ਨਿਦੇਸ਼ਕ ਪ੍ਰੋ. ਵਿਵੇਕ ਲਾਲ ਨੇ 'ਅੰਮ੍ਰਿਤ' ਫਾਰਮੇਸੀ ਆਊਟਲੈੱਟ ਦਾ ਉਦਘਾਟਨ ਕਰਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਹ ਦੇਸ਼ ਦੇ ਕਿਸੇ ਵੀ ਸਰਕਾਰੀ ਹਸਪਤਾਲ ਵਿੱਚ ਸਭ ਤੋਂ ਵੱਧ ਗਿਣਤੀ ਵਿੱਚ ਹੈ।ਉਨ੍ਹਾਂ ਕਿਹਾ ਕਿ ਪੀਜੀਆਈ ਵਿੱਚ ਵੱਡੇ ਮਰੀਜ਼ ਭਾਰ ਨੂੰ ਸੰਭਾਲਣ ਵਿੱਚ ਸਹਾਇਕ ਹੈ, ਜਦਕਿ 'ਅੰਮ੍ਰਿਤ' ਇਲਾਜ ਨੂੰ ਕਿਫਾਇਤੀ ਬਣਾ ਕੇ ਇਸ ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰਦਾ ਹੈ।ਪੀਜੀਆਈ ਦੇ ਨਹਿਰੂ ਐਕਸਟੈਂਸ਼ਨ ਬਲਾਕ ਵਿੱਚ ਸਥਿਤ ਇਸ ਸਹੂਲਤ ਦਾ ਉਦਘਾਟਨ ਪ੍ਰੋ. ਵਿਵੇਕ ਲਾਲ ਵੱਲੋਂ ਪ੍ਰੋ. ਆਰ. ਕੇ. ਰਾਠੋ ਡੀਨ ਅਕਾਦਮਿਕਸ, ਪ੍ਰੋ. ਸੰਜੇ ਜੈਨ ਡੀਨ ਰਿਸਰਚ, ਪੰਕਜ ਰਾਏ ਉਪ-ਡਾਇਰੈਕਟਰ ਪ੍ਰਸ਼ਾਸਨ, ਪ੍ਰੋ. ਸੰਦੀਪ ਬੰਸਲ ਐਡੀਸ਼ਨਲ ਮੈਡੀਕਲ ਸੁਪਰਿੰਟੈਂਡੈਂਟ, ਵਿਭਾਗ ਮੁਖੀਆਂ, ਸੀਨੀਅਰ ਫੈਕਲਟੀ, ਰੈਜ਼ੀਡੈਂਟਸ, ਨਰਸਿੰਗ ਅਧਿਕਾਰੀਆਂ ਤੇ ਹੋਰ ਸਟਾਫ ਦੀ ਹਾਜ਼ਰੀ ਵਿੱਚ ਕੀਤਾ ਗਿਆ। ਰਾਜੇਸ਼ ਨਾਇਰ, ਉਪ ਪ੍ਰਧਾਨ, ਅੰਮ੍ਰਿਤ ਫਾਰਮੇਸੀ ਵੀ ਆਪਣੀ ਟੀਮ ਸਮੇਤ ਮੌਜੂਦ ਰਹੇ।

## ਸਰਕਾਰੀ ਮਿਡਲ ਸਕੂਲ ਦਾ ਸਲਾਨਾ ਨਤੀਜਾ ਐਲਾਨਿਆ

**ਲੌਂਗੋਵਾਲ (ਪ੍ਰਦੀਪ ਸੱਪਲ)**-ਸਰਕਾਰੀ ਮਿਡਲ ਸਕੂਲ ਲੌਂਗੋਵਾਲ ਦਾ ਸਾਲਾਨਾ ਨਤੀਜਾ ਸਕੂਲ ਇੰਚਾਰਜ ਨਿਰਮਲਜੀਤ ਕੌਰ ਦੀ ਅਗਵਾਈ ਹੇਠ ਐਲਾਨਿਆ ਗਿਆ।ਸਕੂਲ ਦੀਆਂ ਸਲਾਨਾ ਪ੍ਰੀਖਿਆ ਦੇ ਇਨ੍ਹਾਂ ਨਤੀਜਿਆਂ ਵਿੱਚ 6ਵੀਂ ਜਮਾਤ ਵਿੱਚੋਂ ਨਵਜੋਤ ਸਿੰਘ ਪੁੱਤਰ ਸਰਬਜੀਤ ਸਿੰਘ ਨੇ ਪਹਿਲਾ, ਅਰਮਾਨਦੀਪ ਸਿੰਘ ਪੁੱਤਰ ਮਨਜੀਤ ਸਿੰਘ ਨੇ ਦੂਜਾ ਤੇ ਨਵਜੋਤ ਸਿੰਘ ਪੁੱਤਰ ਜਗਜੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ ਜਦਕਿ 7ਵੀਂ ਜਮਾਤ ਵਿੱਚੋਂ ਗੁਰਲੀਨ ਕੌਰ ਸੱਪਲ ਪੁੱਤਰੀ ਪ੍ਰਦੀਪ ਸਿੰਘ ਸੱਪਲ ਨੇ ਪਹਿਲਾ, ਖੁਸ਼ਨੂਰ ਸਿੰਘ ਪੁੱਤਰ ਪ੍ਰਗਟ ਸਿੰਘ ਨੇ ਦੂਜਾ ਤੇ ਪ੍ਰਨੀਤ ਕੌਰ ਪੁੱਤਰੀ ਗੁਰਮੀਤ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ ਤੇ 13 ਵਿਦਿਆਰਥੀਆਂ ਨੇ ਸਕੂਲ ਆਫ ਐਮੀਨੈਂਸ ਦੀ ਦਾਖਲਾ ਪ੍ਰੀਖਿਆ ਪਾਸ ਕੀਤੀ ਤੇ 2 ਵਿਦਿਆਰਥੀਆਂ ਨੇ ਮੈਰੀਟੋਰੀਅਸ ਸਕੂਲ ਦੀ ਦਾਖਲਾ ਪ੍ਰੀਖਿਆ ਪਾਸ ਕੀਤੀ।



## ਸ਼੍ਰੋਮਣੀ ਕਮੇਟੀ ਦਾ ਬਜਟ ਸਿੱਖ ਬੱਚਿਆਂ ਲਈ ਹੋਵੇਗਾ ਲਾਹੇਵੰਦ : ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਲ 2026-27 ਲਈ 1487.41 ਕਰੋੜ ਰੁਪਏ ਦਾ ਬਜਟ ਪਾਸ ਹੋਇਆ ਹੈ, ਜਿਸ ਵਿੱਚ ਸੰਗਤਾਂ ਦੀਆਂ ਭਾਵਨਾਵਾਂ ਦਾ ਖਿਆਲ ਰੱਖਿਆ ਗਿਆ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਕ ਬਹੁਤ ਵੱਡਾ ਕਾਰਜ ਉਨ੍ਹਾਂ ਸਿੱਖ ਬੱਚਿਆਂ ਲਈ ਕੀਤਾ, ਜੋ ਕਿ ਉੱਚ ਵਿੱਦਿਆ ਪ੍ਰਾਪਤ ਕਰਕੇ ਆਈ.ਏ.ਐੱਸ. ਜਾਂ ਆਈ.ਪੀ.ਐੱਸ. ਅਫਸਰ ਬਣਨਾ ਚਾਹੁੰਦੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਮਨਦੀਪ ਸਿੰਘ ਖੁਰਦ ਨੇ ਸਾਂਝੇ ਤੌਰ 'ਤੇ ਕੀਤਾ।ਉਨ੍ਹਾਂ ਕਿਹਾ ਕਿ ਜੋ ਵੀ ਸਾਬਤ ਸੂਰਤ ਸਿੱਖ ਬੱਚੇ ਨੇ ਆਈ ਪੀ ਐੱਸ ਜਾਂ ਆਈ ਏ ਐੱਸ ਅਫਸਰ ਬਣਨ ਲਈ ਪੰਜਾਬ 'ਚ ਜਾਂ ਭਾਰਤ 'ਚ ਕਿਤੇ ਵੀ ਕੋਚਿੰਗ ਪ੍ਰਾਪਤ ਕਰਨੀ ਹੈ, ਉਸ ਵਿਦਿਆਰਥੀ ਦਾ ਸਾਰਾ ਖਰਚਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਜਾਵੇਗਾ, ਕਿਉਂਕਿ ਇਸ ਕਾਰਜ ਲਈ 5 ਕਰੋੜ ਦਾ ਬਜਟ ਰੱਖਿਆ ਗਿਆ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਪੰਜਾਬ ਵਿੱਚੋਂ ਬੱਚੇ ਆਪਣੇ ਰੁਜ਼ਗਾਰ ਦੀ ਭਾਲ 'ਚ ਵਿਦੇਸ਼ਾਂ ਨੂੰ ਚੱਲੇ ਗਏ, ਕਿਉਂਕਿ ਉਨ੍ਹਾਂ ਨੇ ਉੱਚ ਵਿੱਦਿਆ ਪ੍ਰਾਪਤ ਨਹੀਂ ਕੀਤੀ ਸੀ, ਜਿਸ ਕਰਕੇ ਹੀ ਪੰਜਾਬ ਵਿੱਚ ਸਿੱਖ ਅਫਸਰਾਂ ਦੀ ਗਿਣਤੀ 'ਚ ਬਹੁਤ ਵੱਡਾ ਘਾਟਾ ਪਿਆ, ਪਰ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਨਾਲ ਪੰਜਾਬ ਵਿੱਚ ਜਿੱਥੇ ਸਿੱਖ ਬੱਚਿਆਂ ਨੂੰ ਬਾਣੀ-ਬਾਣੇ ਨਾਲ ਜੋੜਿਆ ਜਾਵੇਗਾ, ਉਥੇ ਹੀ ਮੁਫ਼ਤ ਉੱਚ ਵਿੱਦਿਆ ਦੀ ਕੋਚਿੰਗ ਦੇਣ ਦਾ ਵੀ ਪ੍ਰਬੰਧ ਕੀਤਾ ਗਿਆ ਹੈ, ਜਿਸ ਦਾ ਲਾਭ ਹਰ ਸਿੱਖ ਬੱਚੇ, ਬੱਚੀ ਨੂੰ ਲੈਣਾ ਚਾਹੀਦਾ ਹੈ।ਇਸ ਮੌਕੇ ਭਾਈ ਗੁਰਵਿੰਦਰ ਸਿੰਘ ਲਵਲੀ, ਹਰਵਿੰਦਰ ਸਿੰਘ ਅਮਰਗੜ੍ਹ, ਪ੍ਰਧਾਨ ਬੀ ਸੀ ਵਿੰਗ ਕੁਲਵੰਤ ਸਿੰਘ ਜਗਦੇ, ਹਰਜਿੰਦਰ ਸਿੰਘ ਮਾਂਗੇਵਾਲ, ਹਰਪਿੰਦਰ ਸਿੰਘ ਰੰਧਾਵਾ ਆਦਿ ਹਾਜ਼ਰ ਸਨ।

## ਗੀਤਕਾਰ ਤੇ ਕਵੀ ਰਣਧੀਰ ਵਾਂਦਰ ਨਾਲ ਸਾਹਿਤਕ ਮਿਲਣੀ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਸਾਹਿਤਕ ਸੱਥ ਵੱਲੋਂ ਕਵੀ ਤੇ ਗੀਤਕਾਰ ਐਡਵੋਕੇਟ ਰਣਧੀਰ ਸਿੰਘ ਵਾਂਦਰ ਨਾਲ ਇਥੇ 'ਬੇਬੇ ਬਾਪੂ ਹਾਲ' ਵਿਖੇ ਰੂਬਰੂ ਸਮਾਗਮ ਕਰਵਾਇਆ ਗਿਆ।ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸੱਥ ਦੇ ਜਨਰਲ ਸਕੱਤਰ ਕਹਾਣੀਕਾਰ ਗੁਰਸੇਵਕ ਸਿੰਘ ਪ੍ਰੀਤ, ਗੀਤਕਾਰ ਮਨਜਿੰਦਰ ਸਿੰਘ ਗੋਲ੍ਹੀ, ਜਸਵਿੰਦਰ ਸਿੰਘ ਮਾਨ ਤੇ ਰਣਜੀਤ ਸਿੰਘ ਥਾਂਦੇਵਾਲਾ ਸ਼ਾਮਲ ਹੋਏ। ਰਣਧੀਰ ਵਾਂਦਰ ਬਾਰੇ ਜਾਣ-ਪਹਿਚਾਣ ਕਰਾਉਂਦਿਆਂ ਮਨਜਿੰਦਰ ਗੋਲ੍ਹੀ ਨੇ ਦੱਸਿਆ ਕਿ ਉਨ੍ਹਾ ਹਮੇਸ਼ਾ ਮਿਆਰੀ, ਸਾਰਥਿਕ ਸੋਚ ਤੇ ਆਮ ਲੋਕਾਂ ਦੀ ਸਮਝ ਆਉਣ ਵਾਲੀਆਂ ਰਚਨਾਵਾਂ ਲਿਖੀਆਂ।ਇਸ ਲਈ ਉਨ੍ਹਾਂ ਦੇ ਗੀਤ ਆਮ ਲੋਕਾਂ 'ਚ ਬਹੁਤ ਹਰਮਨ ਪਿਆਰੇ ਹਨ।ਆਪਣੇ ਸੰਬੋਧਨ ਦੌਰਾਨ ਰਣਬੀਰ ਵਾਂਦਰ ਨੇ ਦੱਸਿਆ ਕਿ ਉਨ੍ਹਾਂ ਦਾ ਸਾਹਿਤਕ ਸਫਰ ਸਕੂਲ ਪੱਧਰ ਤੋਂ ਸ਼ੁਰੂ ਕੀਤਾ।ਗੀਤ ਵੀ ਲਿਖੇ ਤੇ ਕਵਿਤਾ ਵੀ ਲਿਖੀ।ਲਿਖੇ ਨੂੰ ਵਾਰ-ਵਾਰ ਵਾਚਿਆ।ਸਾਹਿਤਕ ਮਿੱਤਰਾਂ ਨਾਲ ਵਿਚਾਰ ਕੀਤੀ।ਹੁਣ ਤੱਕ ਕਾਫੀ ਗਿਣਤੀ 'ਚ ਕਵਿਤਾਵਾਂ ਤੇ ਗੀਤ ਲਿਖੇ ਹਨ।ਛਪਣ ਦੀ ਕਾਹਲ ਨਹੀਂ ਕੀਤੀ।ਹੁਣ ਉਹ ਰੜ੍ਹ-ਕੜ੍ਹ ਦੇ ਬਣੀਆਂ ਰਚਨਾਵਾਂ ਨੂੰ ਕਿਤਾਬੀ ਰੂਪ ਦੇਣ ਬਾਰੇ ਸੋਚ ਰਹੇ ਹਨ।ਇਸ ਮੌਕੇ ਗਾਇਕ ਹਰਦਰਸ਼ਨ ਨੈਬੀ, ਅਵਤਾਰ ਮੁਕਸਰੀ ਤੇ ਗੁਰਮੰਦਰ ਸਿੰਘ ਖੁਰਮੀ ਨੇ ਗੀਤ ਪੇਸ਼ ਕੀਤੇ।ਸਮਾਗਮ ਦੌਰਾਨ ਹਰਦੇਵ ਸਿੰਘ, ਜਗਜੀਤ ਸਿੰਘ, ਮੰਗਤ ਰਾਮ, ਅਵਤਾਰ ਸਿੰਘ, ਹਰਮਨ ਸਿੰਘ ਸੈਣੀ, ਕੁਲਦੀਪ ਸਿੰਘ ਬਰਾੜ, ਮਨਜੀਤ ਸਿੰਘ ਬਰਾੜ, ਹਰਦੀਪ ਸਿੰਘ ਬਰਾੜ, ਸੁਰਜੀਤ ਸਿੰਘ ਸੁਲਤਾਨੀ, ਅਮਰ ਜੀਤ, ਹਰਵਿੰਦਰਪਾਲ, ਗੁਰਮੰਦਰ ਸਿੰਘ ਤੇ ਸੰਤੋਖ ਸਿੰਘ ਨੇ ਰਚਨਾਵਾਂ ਪੇਸ਼ ਕੀਤੀਆਂ।ਅਖੀਰ 'ਤੇ ਰਣਜੀਤ ਥਾਂਦੇਵਾਲਾ ਨੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਿਲਣੀ ਸਾਹਿਤਕ ਰੁਚੀਆਂ ਨੂੰ ਉਤਸ਼ਾਹਤ ਕਰਨ ਤੇ ਲੇਖਕਾਂ ਨੂੰ ਇੱਕ ਸਾਂਝਾ ਮੰਚ ਪ੍ਰਦਾਨ ਕਰਨ ਵਿੱਚ ਸਹਾਈ ਸਿੱਧ ਹੋਈ।

## ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ



**ਬਠਿੰਡਾ (ਰਾਜੀਵ ਗੋਇਲ)**-ਭਗਤਾ ਭਾਈ ਕਾ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਸਕੂਲ ਦੇ ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਦੀ ਅਗਵਾਈ 'ਚ 22ਵਾਂ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ।ਇਹ ਸਮਾਰੋਹ ਵਿਦਿਆਰਥੀਆਂ ਦੇ ਉਤਸ਼ਾਹ ਨੇ ਯਾਦਗਰੀ ਬਣਾ ਦਿੱਤਾ।ਸਮਾਗਮ ਦੀ ਪ੍ਰਧਾਨਗੀ ਸਮਰਹਿੱਲ ਪਬਲਿਕ ਸਕੂਲ ਭਾਈਰੂਪਾ ਦੇ ਪ੍ਰਿੰਸੀਪਲ ਹਰਬੰਸ ਸਿੰਘ ਬਰਾੜ ਤੇ ਚੇਅਰਮੈਨ ਭੂਮੀਪਾਲ ਕਾਂਗੜ ਨੇ ਸਾਂਝੇ ਤੌਰ 'ਤੇ ਕੀਤੀ।ਸਮਾਗਮ ਦੇ ਮੁੱਖ ਮਹਿਮਾਨ ਵਜੋਂ ਬੀ.ਡੀ.ਓ. ਮਨਜੀਤ ਕੁਮਾਰ, ਸੁਖਦੀਪ ਸਿੰਘ ਮੈਡੀਕਲ, ਛੱਜੂ ਸਿੰਘ (ਪੰਚਾਇਤ ਮੈਂਬਰ), ਹਰਪ੍ਰੀਤ ਸਿੰਘ, ਰਵਿੰਦਰ ਕਪਿਲ, ਡਾ. ਮਨਦੀਪ ਤੇ ਦੀਪਕ ਸ਼ਰਮਾ (ਸਰਪੰਚ ਬੁਰਜ ਰਾਜਗੜ੍ਹ) ਨੇ ਭੂਮਿਕਾ ਨਿਭਾਈ।ਸਕੂਲ ਦੇ ਪ੍ਰਿੰਸੀਪਲ, ਸਮੂਹ ਸਟਾਫ ਤੇ ਵਿਦਿਆਰਥੀਆਂ ਵੱਲੋਂ ਆਉਣ ਵਾਲੇ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਪੇਸ਼ ਕੀਤੀ ਗਈ, ਜਿਸ 'ਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਤੇ ਸਰਟੀਫਿਕੇਟ ਦਿੱਤੇ ਗਏ।ਵਿਦਿਆਰਥੀਆਂ ਦੀ ਇਸ ਉਪਲੱਬਧੀ 'ਤੇ ਮਾਪਿਆਂ ਨੇ ਵੀ ਮਾਣ ਮਹਿਸੂਸ ਕੀਤਾ ਤੇ ਤਾੜੀਆਂ ਨਾਲ ਉਨ੍ਹਾਂ ਦਾ ਉਤਸ਼ਾਹ ਵਧਾਇਆ।ਪ੍ਰੋਗਰਾਮ ਦੇ ਅੰਤ 'ਚ ਸਕੂਲ ਦੇ ਪ੍ਰਿੰਸੀਪਲ ਨੇ ਸਾਰੇ ਮੁੱਖ ਮਹਿਮਾਨਾਂ, ਮਾਪਿਆਂ, ਵਿਦਿਆਰਥੀਆਂ ਤੇ ਸਮੂਹ ਸਟਾਫ਼ ਦਾ ਧੰਨਵਾਦ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਲਗਾਤਾਰ ਮਿਹਨਤ ਕਰਨ ਤੇ ਜੀਵਨ 'ਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਸਮਾਪਨ ਦੇ ਨਾਲ ਹੀ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਇਆ ਤੇ ਸਾਰੇ ਹਾਜ਼ਰ ਲੋਕਾਂ ਦੇ ਚਿਹਰਿਆਂ 'ਤੇ ਖੁਸ਼ੀ ਤੇ ਸੰਤੋਖ ਦੀ ਝਲਕ ਦੇਖਣ ਨੂੰ ਮਿਲੀ।ਇਸ ਮੌਕੇ ਧਾਰਮਿਕ ਅਧਿਆਪਕਾ ਪਲਵਿੰਦਰ ਕੌਰ ਜਲਾਲ, ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗੁਰਪ੍ਰੀਤ ਕੌਰ, ਤਰਨਵੀਰ ਕੌਰ, ਪਵਨਪ੍ਰੀਤ ਕੌਰ, ਰਣਦੀਪ ਕੌਰ, ਜਸਵੀਰ ਕੌਰ, ਸਵਰਨਜੀਤ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਲਵਪ੍ਰੀਤ ਕੌਰ, ਮੰਦਰ ਸਿੰਘ, ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

## ਸ੍ਰੀ ਤਾਰਾ ਚੰਦ ਵਿਦਿਆ ਮੰਦਰ ਵੱਲੋਂ ਸ਼ੁਕਰਾਨਾ ਯਾਤਰਾ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਕਰਨ ਦੀ ਖੁਸ਼ੀ ਵਿੱਚ ਇਕ ਵਿਸ਼ੇਸ਼ ਤੇ ਆਤਮਿਕ ਸ਼ੁਕਰਾਨਾ ਯਾਤਰਾ ਦਾ ਆਯੋਜਨ ਕੀਤਾ ਗਿਆ।ਇਸ ਪਵਿੱਤਰ ਯਾਤਰਾ ਨੇ ਸਿਰਫ਼ ਧਾਰਮਿਕ ਮਹੱਤਤਾ ਹੀ ਨਹੀਂ, ਸਗੋਂ ਸਕੂਲ ਪਰਿਵਾਰ ਦੀ ਏਕਤਾ ਤੇ ਸੰਸਕਾਰਾਂ ਨੂੰ ਵੀ ਦਰਸਾਇਆ।ਇਹ ਯਾਤਰਾ ਸਕੂਲ ਪ੍ਰਬੰਧ ਸਮਿਤੀ ਦੇ ਪ੍ਰਧਾਨ ਬ੍ਰਿਜ ਲਾਲ ਨੇ ਆਪਣੀਆ ਸ਼ੁੱਭ-ਕਾਮਨਾਵਾਂ ਨਾਲ ਸਵੇਰੇ 7:00 ਵਜੇ ਸਕੂਲ ਤੋਂ ਰਵਾਨਾ ਕੀਤੀ।ਇਸ ਯਾਤਰਾ ਵਿੱਚ ਸਮੂਹ ਸਟਾਫ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਯਾਤਰਾ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਤੇ ਮਾਇਸਰਖਾਨਾ ਵਿਖੇ ਮੱਥਾ ਟੇਕਿਆ ਗਿਆ, ਜਿੱਥੇ ਸਕੂਲ ਦੀ ਚੜ੍ਹਦੀ ਕਲਾ, ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਸਕੂਲ ਪ੍ਰਬੰਧ ਸਮਿਤੀ ਮੈਂਬਰ ਕੁਲਵਿੰਦਰ ਸਿੰਘ ਆਪਣੇ ਪਰਵਾਰ ਸਮੇਤ ਹਾਜ਼ਰ ਰਹੇ।ਇਸ ਤੋਂ ਇਲਾਵਾ ਪ੍ਰਿੰਸੀਪਲ ਰਪਿੰਦਰ ਪਟਿਆਲ, ਵਾਈਸ ਪ੍ਰਿੰਸੀਪਲ ਰਾਜੇਸ਼ ਕੁਮਾਰ, ਕੋਆਰਡੀਨੇਟਰ ਪੂਨਮ ਸ਼ਰਮਾ ਤੇ ਜਗਜੀਤ ਸਿੰਘ ਸਮੇਤ ਸਮੂਹ ਅਧਿਆਪਕਾਂ ਨੇ ਸ਼ਿਰਕਤ ਕੀਤੀ।ਸਕੂਲ ਪ੍ਰਬੰਧਕਾਂ ਨੇ ਇਸ ਯਾਤਰਾ ਨੂੰ ਇਕ ਆਤਮਿਕ ਅਨੁਭਵ ਤੇ ਪ੍ਰੇਰਨਾਦਾਇਕ ਪਲ ਵਜੋਂ ਵੇਰਵਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾ ਸਿਰਫ਼ ਮਨ ਨੂੰ ਸ਼ਾਂਤੀ ਦਿੰਦੀਆਂ ਹਨ, ਸਗੋਂ ਜੀਵਨ ਵਿੱਚ ਸਹੀ ਦਿਸ਼ਾ ਵੀ ਦਿਖਾਉਂਦੀਆਂ ਹਨ।ਉਨ੍ਹਾਂ ਇਹ ਵੀ ਦ੍ਰਿੜ੍ਹ ਨਿਸ਼ਚਯ ਜਤਾਇਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਆਤਮਿਕ ਤੇ ਸੰਸਕਾਰਿਕ ਗਤੀਵਿਧੀਆਂ ਜਾਰੀ ਰੱਖੀਆਂ ਜਾਣਗੀਆਂ।

## ਜੀ ਟੀ ਬੀ ਕੈਂਬਰਿਜ ਵਰਲਡ ਸਕੂਲ 'ਚ ਅਧਿਆਪਕਾਂ ਲਈ ਵਰਕਸ਼ਾਪ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**
ਸਿੱਖਿਆ ਖੇਤਰ ਵਿੱਚ ਨਾਮਵਰ ਜੀ.ਟੀ.ਬੀ ਕੈਂਬਰਿਜ ਵਰਲਡ ਸਕੂਲ ਵਿੱਚ ਅਧਿਆਪਕਾਂ ਲਈ ਲਾਈਫ ਸਕਿਲ ਬੇਸਿਕਸ ਵਿਸ਼ੇ 'ਤੇ ਇੱਕ ਵਿਸ਼ੇਸ਼ ਅਤੇ ਗਿਆਨਵਰਧਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਅਧਿਆਪਕਾਂ ਵਿੱਚ ਪ੍ਰਭਾਵਸ਼ਾਲੀ ਸੰਚਾਰ, ਕਲਾਸਰੂਮ ਮੈਨੇਜਮੈਂਟ, ਆਤਮ-ਵਿਸ਼ਵਾਸ ਤੇ ਵਿਦਿਆਰਥੀ ਕੇਂਦਰਿਤ ਸਿਖਲਾਈ ਦੇ ਹੁਨਰਾਂ ਨੂੰ ਮਜ਼ਬੂਤ ਕਰਨਾ ਸੀ।ਇਸ ਮੌਕੇ ਮੁੱਖ ਸੰਸਾਧਨ ਵਿਅਕਤੀ ਵਜੋਂ ਫ੍ਰੀਲਾਂਸਰ ਮਿਸਟਰ ਪ੍ਰਦੀਪ ਕੁਮਾਰ ਨੇ ਆਧੁਨਿਕ ਸਿੱਖਿਆ ਪ੍ਰਣਾਲੀ ਵਿੱਚ ਲਾਈਫ ਸਕਿਲਜ਼ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਇੱਕ ਅਧਿਆਪਕ ਸਿਰਫ ਪਾਠ ਪੜ੍ਹਾਉਣ ਵਾਲਾ ਨਹੀਂ, ਸਗੋਂ ਵਿਦਿਆਰਥੀਆਂ ਦੀ ਪੂਰਨ ਵਿਕਾਸ ਯਾਤਰਾ ਦਾ ਮਾਰਗਦਰਸ਼ਕ ਹੁੰਦਾ ਹੈ।ਇਸ ਤੋਂ ਇਲਾਵਾ ਮਿਸ ਨਿਸ਼ਾ ਰਾਣੀ (ਪ੍ਰਿੰਸੀਪਲ, ਡੀ.ਡੀ.ਬੀ ਡੀ.ਏ.ਵੀ ਪਬਲਿਕ ਸਕੂਲ, ਫਿਰੋਜ਼ਪੁਰ ਕੈਂਟ) ਨੇ ਅਧਿਆਪਕਾਂ ਨੂੰ ਪ੍ਰੈਕਟੀਕਲ ਤਰੀਕਿਆਂ ਰਾਹੀਂ ਦੱਸਿਆ ਕਿ ਕਿਵੇਂ ਉਹ ਆਪਣੇ ਪੜ੍ਹਾਉਣ ਦੇ ਢੰਗ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦੇ ਹਨ।ਉਨ੍ਹਾਂ ਸਮੇਂ ਦੇ ਪ੍ਰਬੰਧ ਅਤੇ ਸਟ੍ਰੈੱਸ ਮੈਨੇਜਮੈਂਟ ਦੇ ਮੱਦੇਨਜ਼ਰ ਵੀ ਮਹੱਤਵਪੂਰਨ ਸੁਝਾਅ ਸਾਂਝੇ ਕੀਤੇ।ਵਰਕਸ਼ਾਪ ਦੌਰਾਨ ਅਧਿਆਪਕਾਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਨਵੀਂ ਸਿਖਲਾਈ ਪ੍ਰਾਪਤ ਕੀਤੀ। ਵਰਕਸ਼ਾਪ ਦੌਰਾਨ ਕਈ ਰੁਚਿਕਰ ਗਤੀਵਿਧੀਆਂ ਕਰਵਾਈਆਂ ਗਈਆਂ। ਅਧਿਆਪਕਾਂ ਨੂੰ ਗਰੁੱਪ ਡਿਸਕਸ਼ਨ ਵਿੱਚ ਸ਼ਾਮਲ ਕਰਕੇ ਵੱਖ-ਵੱਖ ਸਿੱਖਿਆ ਸੰਬੰਧੀ ਮਸਲਿਆਂ 'ਤੇ ਵਿਚਾਰ ਸਾਂਝੇ ਕਰਵਾਏ ਗਏ। ਇਸ ਤੋਂ ਇਲਾਵਾ ਆਈਸ-ਬ੍ਰੇਕਿੰਗ ਐਕਟਿਵਿਟੀਆਂ ਤੇ ਟੀਮ ਵਰਕ ਅਭਿਆਸਾਂ ਰਾਹੀਂ ਉਨ੍ਹਾਂ ਦੇ ਆਪਸੀ ਸਹਿਯੋਗ ਅਤੇ ਸੰਚਾਰ ਹੁਨਰਾਂ ਨੂੰ ਨਿਖਾਰਿਆ ਗਿਆ।ਸਕੂਲ ਪ੍ਰਬੰਧਨ ਵੱਲੋਂ ਸੰਸਾਧਨ ਵਿਅਕਤੀਆਂ ਦਾ ਧੰਨਵਾਦ ਕੀਤਾ ਗਿਆ।ਇਹ ਵਰਕਸ਼ਾਪ ਅਧਿਆਪਕਾਂ ਲਈ ਅਤੇ ਉਨ੍ਹਾਂ ਦੇ ਵਿਦਿਆਰਥੀਆਂ ਨੂੰ ਹੋਰ ਸੁਚੱਜੇ ਢੰਗ ਨਾਲ ਮਾਰਗਦਰਸ਼ਨ ਕਰਨ ਵਿੱਚ ਮਦਦਗਾਰ ਹੋਵੇਗੀ।

## ਦਿੱਲੀ ਦੇ ਵਪਾਰੀਆਂ ਨੇ ਫਿਰੋਜ਼ਪੁਰ ਦੇ ਵਿਅਕਤੀ ਨਾਲ ਮਾਰੀ ਠੱਗੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਨਜ਼ਦੀਕੀ ਪਿੰਡ ਸ਼ੇਰ ਖਾਂ ਦੇ ਇੱਕ ਵਿਅਕਤੀ ਨਾਲ ਚਾਵਲਾਂ ਦੀ ਖਰੀਦ-ਵੇਚ ਵਿੱਚ ਲੱਖਾਂ ਰੁਪਏ ਦੀ ਧੋਖਾਧੜੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਕੁੱਲਗੜ੍ਹੀ ਦੀ ਪੁਲਸ ਨੇ ਦਿੱਲੀ ਦੇ ਦੋ ਵਪਾਰੀਆਂ ਖ਼ਿਲਾਫ਼ 420, 120 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਵਾਸੀ ਪਿੰਡ ਸ਼ੇਰ ਖਾਂ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ ਸੀ, ਜਿਸ ਵਿੱਚ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਨੇ ਦਿੱਲੀ ਦੇ ਨਿਆ ਬਾਜ਼ਾਰ ਸਥਿਤ ਵਪਾਰੀਆਂ ਰਾਜੀਵ ਜੈਨ ਉਰਫ਼ ਰਾਜੂ ਤੇ ਕ੍ਰਿਸ਼ਨ ਕੁਮਾਰ ਜੈਨ ਨੂੰ ਚਾਵਲ ਵੇਚੇ ਸਨ। ਜਦੋਂ ਉਸ ਨੇ ਆਪਣੇ ਚਾਵਲਾਂ ਦੀ ਬਣਦੀ ਰਕਮ ਮੰਗੀ, ਤਾਂ ਉਕਤ ਵਿਅਕਤੀਆਂ ਨੇ ਪੈਸੇ ਦੇਣ ਤੋਂ ਸਾਫ਼ ਇਨਕਾਰ ਕਰ ਦਿੱਤਾ। ਪੁਲਸ ਪੜਤਾਲ ਵਿੱਚ ਸਾਹਮਣੇ ਆਇਆ ਹੈ ਕਿ ਦੋਸ਼ੀਆਨ ਨੇ ਚਾਵਲਾਂ ਦਾ ਮਾਲ ਖੁਰਦ-ਬੁਰਦ ਕਰ ਦਿੱਤਾ। ਹਰਪ੍ਰੀਤ ਸਿੰਘ ਨੇ ਦੱਸਿਆ ਕਿ ਰਕਮ ਵਾਪਸ ਕਰਨ ਦੀ ਬਜਾਏ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਹਰਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਨਾਲ ਦੋਸ਼ੀਆਨ 10 ਲੱਖ 73 ਹਜ਼ਾਰ 639 ਰੁਪਏ ਦੀ ਵੱਡੀ ਰਕਮ ਦੀ ਧੋਖਾਧੜੀ ਕੀਤੀ ਗਈ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਮੁੱਢਲੀ ਪੜਤਾਲ ਤੋਂ ਬਾਅਦ ਦੋਸ਼ੀਆਨ ਖਿਲਾਫ਼ ਧਾਰਾ ਮਾਮਲਾ ਦਰਜ ਕਰ ਲਿਆ ਗਿਆ ਹੈ।

## ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਐਜੂਕੇਸ਼ਨ ਵਿਖੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਸੰਪੰਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਐਜੂਕੇਸ਼ਨ ਗਿੱਦੜਬਾਹਾ ਅਤੇ ਹੁਸਨਰ ਪਿੰਡ ਵਿਖੇ ਚੱਲ ਰਹੇ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਦਾ ਸੰਪੰਨ ਹੋ ਗਿਆ।ਇਹ ਕੈਂਪ 25 ਮਾਰਚ ਤੋਂ 30 ਮਾਰਚ ਤੱਕ ਆਯੋਜਿਤ ਕੀਤਾ ਗਿਆ ਸੀ।ਇਸ ਕੈਂਪ ਦੌਰਾਨ ਵੱਖ-ਵੱਖ ਪ੍ਰਕਾਰ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿਵੇਂ ਕਿ ਪੋਸਟਰ ਮੇਕਿੰਗ, ਗਮਲੇ ਰੰਗਣਾ, ਸਫ਼ਾਈ ਮੁਹਿੰਮ ਅਤੇ ਦਰੱਖਤਾਂ ਨੂੰ ਸਫੇਦੀ ਕਰਨਾ ਆਦਿ।ਕੈਂਪ ਦੌਰਾਨ 'ਡਰੱਗ ਫ੍ਰੀ ਸੁਸਾਇਟੀ', ਮਾਨਸਿਕ ਸਿਹਤ ਅਤੇ ਪੋਸ਼ਣ ਵਿਸ਼ਿਆਂ 'ਤੇ ਲੈਕਚਰ ਵੀ ਕਰਵਾਏ ਗਏ। ਬੱਚਿਆਂ ਵੱਲੋਂ ਹੁਸਨਰ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਸਫ਼ਾਈ ਕੀਤੀ ਗਈ ਅਤੇ ਪਿੰਡ ਦੇ ਸਟੇਡੀਅਮ ਵਿੱਚ ਪੌਦੇ ਲਗਾਏ ਗਏ ਅਤੇ ਦਰੱਖਤਾਂ ਨੂੰ ਸਫੇਦੀ ਕਰਨ ਦਾ ਕੰਮ ਵੀ ਕੀਤਾ ਗਿਆ। ਹੁਸਨਰ ਪਿੰਡ ਵਿੱਚ ਬੱਚਿਆਂ ਵੱਲੋਂ ਇੱਕ ਜਾਗਰੂਕਤਾ ਰੈਲੀ ਵੀ ਕੱਢੀ ਗਈ। ਸੱਤਵੇਂ ਦਿਨ ਵਿਦਾਇਗੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਕਰਨਲ (ਰਿਟਾ.) ਸੰਧੰਸ਼ੂ ਆਰੀਆ ਡਾਇਰੈਕਟਰ ਜੀ.ਜੀ.ਐਸ. ਗਰੁੱਪ ਆਫ਼ ਇੰਸਟੀਚਿਊਟ ਇੱਥੇ ਸ਼ਾਮਲ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਕੰਮਾਂ ਦੀ ਸ਼ਲਾਘਾ ਕੀਤੀ। ਕਾਲਜ ਦੇ ਪ੍ਰਿੰਸੀਪਲ ਅਤੇ ਪ੍ਰੋਗਰਾਮ ਅਫ਼ਸਰ ਗੁਰਮੇਲ ਸਿੰਘ ਨੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਨੇ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਪ੍ਰੋਗਰਾਮ ਅਫ਼ਸਰ ਡਾ. ਪ੍ਰਭਜੋਤ ਕੌਰ ਵੱਲੋਂ ਕਾਲਜ ਮੈਨੇਜਮੈਂਟ, ਮੁੱਖ ਮਹਿਮਾਨ, ਪ੍ਰਿੰਸੀਪਲ, ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼, ਪ੍ਰੈੱਸ, ਹੁਸਨਰ ਪਿੰਡ ਦੇ ਲੋਕਾਂ, ਰਿਸੋਰਸ ਪਰਸਨ ਅਤੇ ਐਨ.ਐਸ.ਐਸ. ਵਾਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ।

## ਸੀਨੀਅਰ ਸਿਟੀਜ਼ਨਜ਼ ਵੈੱਲਫੇਅਰ ਐਸੋਸੀਏਸ਼ਨ ਨਾਭਾ ਦੀ ਚੋਣ

### ਚਰਨਜੀਤ ਸਿੰਘ ਵਿਰਕ ਪ੍ਰਧਾਨ ਤੇ ਲਛਮਣ ਦਾਸ ਜਨਰਲ ਸਕੱਤਰ ਬਣੇ



**ਨਾਭਾ (ਵਰਿੰਦਰ ਵਰਮਾ)**
ਸੀਨੀਅਰ ਸਿਟੀਜਨਜ਼ ਵੈੱਲਫੇਅਰ ਐਸੋਸੀਏਸ਼ਨ ਨਾਭਾ ਦੇ ਅਹੁਦੇਦਾਰਾਂ ਦੀ ਚੋਣ ਸਥਾਨਕ ਡੇ ਕੇਅਰ ਸੈਂਟਰ ਵਿਖੇ ਹੋਈ, ਜਿਸ ਵਿੱਚ ਪ੍ਰਧਾਨਗੀ ਲਈ ਚੋਣ ਲੜ ਰਹੇ ਚਰਨਜੀਤ ਸਿੰਘ ਵਿਰਕ ਨੇ ਆਪਣੇ ਵਿਰੋਧੀ ਰਵਿੰਦਰ ਕੁਮਾਰ ਨੂੰ ਭਾਰੀ ਵੋਟਾਂ ਨਾਲ ਹਰਾਇਆ।

ਬੀਤੇ ਦਿਨੀਂ ਸੀਨੀਅਰ ਸਿਟੀਜਨਜ਼ ਵੈੱਲਫੇਅਰ ਐਸੋਸੀਏਸ਼ਨ ਨਾਭਾ ਦੇ ਅਹੁਦੇਦਾਰ ਦੀ ਚੋਣ ਕਰਵਾਈ ਗਈ, ਜੋ ਕਿ ਸੁਖਪਿੰਦਰ ਸਿੰਘ ਨੇ ਆਪਣੀ ਟੀਮ ਭਰਤ ਲਾਲ, ਰਕੇਸ਼ ਡੱਲਾ, ਇੰਦਰਾ ਰਾਣੀ ਤੇ ਦਰਸ਼ਨ ਸਿੰਘ ਦੀ ਦੇਖ ਰੇਖ ਹੇਠ ਕਰਵਾਈ।ਇਸ ਚੋਣ ਵਿੱਚ ਕੁੱਲ 202 ਵੋਟਾਂ ਵਿੱਚੋਂ 168 ਵੋਟਾਂ ਪੋਲ ਹੋਈਆਂ, ਜਿਸ 'ਚੋਂ ਪੰਜ ਵੋਟਾਂ ਰੱਦ ਕਰ ਦਿੱਤੀਆਂ ਗਈਆਂ।ਕੁੱਲ ਸਹੀ ਪਈਆਂ 163 ਵੋਟਾਂ ਵਿੱਚੋਂ ਚਰਨਜੀਤ ਸਿੰਘ ਵਿਰਕ ਨੂੰ 127 ਤੇ ਰਵਿੰਦਰ ਕੁਮਾਰ ਨੂੰ 36 ਵੋਟਾਂ ਪਈਆਂ, ਇਸ ਤਰ੍ਹਾਂ ਵਿਰਕ ਭਾਰੀ ਵੋਟਾਂ ਦੇ ਫਰਕ ਨਾਲ ਐਸੋਸੀਏਸ਼ਨ ਦੀ ਪ੍ਰਧਾਨਗੀ ਦੀ ਚੋਣ ਨੂੰ ਜਿੱਤ ਗਏ।ਇਸੇ ਤਰ੍ਹਾਂ ਜਨਰਲ ਸੈਕਟਰੀ ਲਈ ਲਛਮਣ ਦਾਸ ਨੂੰ 133 ਵੋਟਾਂ ਤੇ ਚੰਦਰਸ਼ੇਖਰ ਨੂੰ ਸਿਰਫ 30 ਵੋਟਾਂ ਪਈਆਂ, ਇਸ ਚੋਣ ਦੌਰਾਨ ਪ੍ਰਧਾਨਗੀ ਲਈ ਚਰਨਜੀਤ ਸਿੰਘ ਵਿਰਕ ਤੇ ਜਨਰਲ ਸੈਕਰਟਰੀ ਲਈ ਲਛਮਣ ਦਾਸ ਚੁਣੇ ਗਏ।ਨਵ-ਨਿਯੁਕਤ ਪ੍ਰਧਾਨ ਚਰਨਜੀਤ ਸਿੰਘ ਵਿਰਕ ਨੇ ਕਿਹਾ ਕਿ ਉਹ ਸੰਸਥਾ ਦੀ ਕਾਮਯਾਬੀ ਲਈ ਸਮੁੱਚੇ ਭਾਈਚਾਰੇ ਨੂੰ ਨਾਲ ਲੈ ਕੇ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਸਮਾਜ ਭਲਾਈ ਦੇ ਕਾਰਜ ਵੱਧ ਚੜ੍ਹ ਕੇ ਕੀਤੇ ਜਾਣਗੇ।ਇਸ ਮੌਕੇ ਸਤਪਾਲ ਅਰੋੜਾ, ਗੁਰਜਿੰਦਰ ਸਿੰਘ, ਬਲਵਿੰਦਰ ਸਿੰਘ, ਗੁਰਿੰਦਰਜੀਤ ਸਿੰਘ ਸੋਢੀ, ਜਗਨਨਾਥ ਸ਼ਾਸਤਰੀ ਤੇ ਅਮਰਜੀਤ ਸਿੰਘ, ਪ੍ਰੀਤਮ ਸਿੰਘ ਮਾਨ, ਬਲਜੀਤ ਸਿੰਘ, ਮਲਕੀਤ ਸਿੰਘ, ਗੁਰਵਿੰਦਰ ਸਿੰਘ ਬੱਬੂ, ਦਲਵੀਰ ਸਿੰਘ ਬਸੰਤ, ਪਲਵਿੰਦਰ ਸਿੰਘ, ਗੁਰਦੀਪ ਸਿੰਘ, ਰਾਜਿੰਦਰ ਚੌਹਾਨ, ਇੰਸਪੈਕਟਰ ਘੁੰਮਣ ਸਿੰਘ ਘੁੰਮਣ, ਗੀਟਾ ਸੂਦ, ਕ੍ਰਿਸ਼ਨਾਵਤੀ, ਚਾਂਦ ਕੁਮਾਰੀ, ਨਰੇਸ਼ ਕੁਮਾਰ ਆਦਿ ਹਾਜ਼ਰ ਸਨ।

## 5 ਨੂੰ ਕੱਢੇ ਜਾਣ ਵਾਲੇ ਸੰਘਰਸ਼ ਚੇਤਨਾ ਮਾਰਚ 'ਚ

### 18 ਪਿੰਡਾਂ ਵੱਲੋਂ ਹੋਵੇਗੀ ਸ਼ਮੂਲੀਅਤ : ਨਰੇਗਾ ਵਰਕਰ ਫਰੰਟ ਪੰਜਾਬ



**ਪਟਿਆਲਾ ( ਰਾਜਿੰਦਰ ਸਿੰਘ ਥਿੰਦ)**
ਫੈਕਟਰੀ ਏਰੀਆ ਸਥਿਤ ਰਵਿਦਾਸ ਨਗਰ ਵਿਖੇ ਨਰੇਗਾ ਵਰਕਰ ਫਰੰਟ ਪੰਜਾਬ ਅਤੇ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮਿਸ਼ਨ ਪੰਜਾਬ ਅਤੇ ਸਮੂਹ ਐਸ.ਸੀ., ਬੀ.ਸੀ., ਤੇ ਸਮਾਜਿਕ, ਧਾਰਮਿਕ ਸੰਸਥਾਵਾਂ ਵੱਲੋਂ ਪ੍ਰਧਾਨ ਅਜੈਬ ਸਿੰਘ ਬਠੋਈ ਕਨਵੀਨਰ ਨਾਰੰਗ ਸਿੰਘ ਦੀ ਪ੍ਰਧਾਨਗੀ ਵਿੱਚ ਇੱਕ ਅਹਿਮ ਮੀਟਿੰਗ ਹੋਈ। ਜਿਸ ਵਿੱਚ ਫੈਸਲਾ ਲਿਆ ਗਿਆ ਕਿ 5 ਅਪ੍ਰੈਲ ਨੂੰ ਸੰਵਿਧਾਨ ਨਿਰਮਾਤਾ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਸਾਹਿਬ ਦੇ 135ਵੇਂ ਜਨਮ ਦਿਵਸ ਨੂੰ ਸਮਰਪਤ ਸੰਘਰਸ਼ ਚੇਤਨਾ ਮਾਰਚ ਪਿੰਡ ਡੰਡੋਆ ਤੋਂ ਕੱਢਿਆ ਜਾਵੇਗਾ। ਇਸ ਦੌਰਾਨ ਨਰੇਗਾ ਵਰਕਰ ਫਰੰਟ ਪੰਜਾਬ ਦੇ ਪ੍ਰਧਾਨ ਅਜੈਬ ਬਠੋਈ ਨੇ ਕਿਹਾ ਕਿ ਇਸ ਚੇਤਨਾ ਮਾਰਚ ਮੌਕੇ ਬਾਬਾ ਸਾਹਿਬ ਦੇ ਮਿਸ਼ਨ ਅਤੇ ਸੰਵਿਧਾਨਕ ਅਧਿਕਾਰਾਂ ਦੀ ਪ੍ਰਾਪਤੀ ਲਈ ਉਨ੍ਹਾਂ ਵੱਲੋਂ ਕੀਤੇ ਗਏ ਸੰਘਰਸ਼ਾਂ ਸਬੰਧੀ ਅਤੇ ਕੇਂਦਰ ਅਤੇ ਪੰਜਾਬ ਸਰਕਾਰ ਵਲੋਂ ਲਗਾਤਾਰ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਖਤਮ ਕਰਕੇ ਗਰੀਬ, ਮੁਲਾਜ਼ਮ ਅਤੇ ਮਜ਼ਦੂਰ ਵਿਰੋਧੀ ਫੈਸਲੇ ਲੈ ਕੇ ਸੰਵਿਧਾਨ ਨੂੰ ਖਤਮ ਕਰਨ ਦੀਆਂ ਚਾਲਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ ਤਾਂ ਜੋ ਆਉਣ ਵਾਲੇ ਸਮੇਂ ਦੌਰਾਨ ਇਕਜੁੱਟ ਹੋ ਕੇ ਜਬਰ-ਜ਼ੁਲਮ ਦੇ ਟਾਕਰੇ ਲਈ ਤਿਆਰੀ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਗਰੀਬ ਦਲਿਤ ਵਿਰੋਧੀ ਅਤੇ ਵਾਅਦਾਖਿਲਾਫੀ ਵਾਲੀਆਂ ਨੀਤੀਆਂ ਹੀ ਡਾ. ਅੰਬੇਡਕਰ ਦੇ ਸੁਪਨਿਆਂ ਦੇ ਭਾਰਤ ਦੀ ਸਿਰਜਣਾ ਵਿੱਚ ਵੱਡੀਆਂ ਰੁਕਾਵਟਾਂ ਹਨ, ਜਿਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੰਘਰਸ਼ ਚੇਤਨਾ ਮਾਰਚ ਵਿੱਚ 18 ਵੱਖ-ਵੱਖ ਪਿੰਡਾਂ ਦੇ ਪਰਵਾਰ ਬਹੁ-ਗਿਣਤੀ ਵਿੱਚ ਸ਼ਮੂਲੀਅਤ ਕਰਨਗੇ, ਜਿਨ੍ਹਾਂ ਵਿੱਚ ਮਰਦਾਂਹੇੜੀ, ਡਕਾਲਾ, ਤਰੈਂ, ਮੱਦੋਮਾਜਰਾ, ਬਰਨਾਹੇੜੀ, ਚੁਤੇਰਾ, ਡੂੰਬਕੀ, ਗਾਜੇਵਾਸ, ਦੁਲੱੜ, ਟੋਟਰਪੁਰ, ਰਾਝਲਾ, ਰਾਮ ਨਗਰ ਆਦਿ ਪਿੰਡਾਂ ਦੇ ਆਦਿ ਪਿੰਡ ਸ਼ਾਮਲ ਸਨ। ਇਸ ਮੌਕੇ ਜਸਬੀਰ ਸਿੰਘ, ਨਾਰੰਗ ਸਿੰਘ, ਸੁਖਦੇਵ ਸਿੰਘ, ਕਰਮਜੀਤ ਸਿੰਘ, ਦਰਸ਼ਨ ਸਿੰਘ ਮੈਣ, ਅਵਤਾਰ ਸਿੰਘ ਕੈਂਥ, ਸਿਮਰਨਜੀਤ ਸਿੰਘ, ਮਾਸਟਰ ਮੱਘਰ ਸਿੰਘ, ਹਰਬੰਸ ਸਿੰਘ, ਸ਼ੇਰ ਸਿੰਘ, ਕੁਲਬੀਰ ਸਿੰਘ, ਮੇਜਰ ਸਿੰਘ, ਗੁਰਮੁੱਖ ਸਿੰਘ, ਕੁਲਵਿੰਦਰ ਸਿੰਘ, ਸੁੱਖਾ ਸਿੰਘ, ਅਮਰਜੀਤ ਸਿੰਘ, ਕਰਮ ਸਿੰਘ ਆਦਿ ਹਾਜ਼ਰ ਸਨ।

# ਮਸਲੇ ਹੱਲ ਨਾ ਹੋਣ 'ਤੇ ਕਿਸਾਨਾਂ ਵੱਲੋਂ ਡੀ ਸੀ ਦਫਤਰ ਗੁਰਦਾਸਪੁਰ ਵਿਖੇ ਧਰਨਾ ਲਾਉਣ ਦਾ ਐਲਾਨ



**ਧਾਰੀਵਾਲ, (ਮਨਦੀਪ ਵਿੱਕੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੇ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ, ਸਕੱਤਰ ਸਤਨਾਮ ਸਿੰਘ ਖਾਨਮਲਕ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਅੱਜ ਕਮੇਟੀ ਦੀ ਪਿੰਡ ਧਾਰੀਵਾਲ ਕਲਾਂ ਦੇ ਇਕਾਈ ਪ੍ਰਧਾਨ ਗੁਰਦੀਪ ਸਿੰਘ, ਸਕੱਤਰ ਕਰਮਜੀਤ ਸਿੰਘ, ਖਚਾਨਚੀ ਕਸਮੀਰ ਸਿੰਘ, ਬੀਬੀ ਪ੍ਰਧਾਨ ਬਲਵਿੰਦਰ ਕੌਰ ਆਦਿ ਆਗੂਆਂ ਦੀ ਅਗਵਾਈ ਵਿੱਚ ਪੰਦਰਵਾੜਾ ਮੀਟਿੰਗ ਹੋਈ। ਮੀਟਿੰਗ ਦੌਰਾਨ ਕਿਸਾਨੀ ਮੁੱਦਿਆਂ ਮਸਲਿਆਂ ਅਤੇ ਸੰਘਰਸ਼ਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਜ਼ੋਨ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ ਤੇ ਸਕੱਤਰ ਸਤਨਾਮ ਸਿੰਘ ਖਾਨਮਲਕ ਨੇ ਕਿਹਾ ਕਿ ਚਿੱਪਵਾਲੇ ਮੀਟਰ ਕਿਸੇ ਵੀ ਹਾਲਤ ਵਿੱਚ ਨਹੀਂ ਲੱਗਣ ਦਿਆਂਗੇ। ਕਿਸਾਨ ਮਜ਼ਦੂਰ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਧਰਮ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਦੇ ਖਿਲਾਫ ਸਖਤ ਕਾਨੂੰਨ ਬਣਾਇਆ ਜਾਵੇ, 2025 ਬਿਜਲੀ ਸੋਧ ਬਿਲ ਵਾਪਸ ਕੀਤਾ ਜਾਵੇ ਤੇ ਦੋ ਰਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਬਿਲ ਲਾ ਕੇ ਨਵੀਂ ਭਰਤੀ ਕੀਤੀ ਜਾਵੇ ਤੇ ਬਿਜਲੀ ਮਹਿਕਮਾ ਬਚਾਇਆ ਜਾਵੇ। ਉਨ੍ਹਾਂ ਦੱਸਿਆ ਮੰਗਾਂ ਮਸਲਿਆਂ ਸਬੰਧੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਜਥੇਬੰਦੀ ਨਾਲ ਹੋਈ ਮੀਟਿੰਗ ਵਿੱਚ ਪੰਜ ਅਪ੍ਰੈਲ ਤੱਕ ਹੱਲ ਕਰਨ ਦਾ ਵਿਸਵਾਸ ਦਿੱਤਾ ਸੀ। ਜੇਕਰ 5 ਅਪਰੈਲ ਤੱਕ ਮੰਗਾਂ ਮਸਲੇ ਹੱਲ ਨਾ ਹੋਏ ਤਾਂ 6 ਅਪਰੈਲ ਨੂੰ ਡੀ ਸੀ ਦਫਤਰ ਗੁਰਦਾਸਪੁਰ ਵਿਖੇ ਮੰਗਾਂ ਦਾ ਹੱਲ ਹੋਣ ਤੱਕ ਪੱਕਾ ਧਰਨਾ ਲਾਇਆ ਜਾਵੇਗਾ ਅਤੇ ਆਉਣ ਵਾਲੇ ਸੰਘਰਸ਼ ਹੋਰ ਵੱਡੇ ਕੀਤੇ ਜਾਣਗੇ। ਮੀਟਿੰਗ ਵਿੱਚ ਇਕਾਈ ਪ੍ਰਧਾਨ ਗੁਰਦੀਪ ਸਿੰਘ, ਸਕੱਤਰ ਕਰਮਜੀਤ ਸਿੰਘ, ਖਜ਼ਾਨਚੀ ਕਸ਼ਮੀਰ ਸਿੰਘ, ਬੀਬੀ ਪ੍ਰਧਾਨ ਬਲਵਿੰਦਰ ਕੌਰ, ਬਲਵਿੰਦਰ ਸਿੰਘ, ਮੰਗਲ ਸਿੰਘ, ਬੀਰ ਸਿੰਘ, ਬੱਬੂ, ਯੁਵਰਾਜ ਸਿੰਘ, ਹਰਮਨ ਸਿੰਘ, ਜੋਗਿੰਦਰ ਸਿੰਘ, ਸਵਰਨ ਸਿੰਘ, ਜ਼ੈਲਦਾਰ ਸਿੰਘ, ਸਤਨਾਮ ਸਿੰਘ, ਬੰਸਾ, ਮਹਿੰਗਾ ਸਿੰਘ, ਰਜਵਿੰਰ ਕੌਰ, ਕਲਾਸੋ, ਸੋਮਾ, ਪ੍ਰੀਤੀ, ਗੁਰਮੀਤ ਕੌਰ, ਸਵਰਨੀ, ਰਾਜੀ, ਸੀਰੋ, ਰੂਨਾ ਰਾਣੀ, ਸੁੱਖਵਿੰਦਰ ਕੌਰ, ਭੋਲੀ, ਸੋਨੀਆ ਆਦਿ ਸ਼ਾਮਲ ਸਨ।

# ਜਬਰੀ ਥੋਪੇ ਟੀ ਈ ਟੀ ਖਿਲਾਫ ਡੀ ਟੀ ਐੱਫ਼ ਪੰਜਾਬ ਵੱਲੋਂ ਸੰਘਰਸ਼ ਜਾਰੀ ਰੱਖਣ ਦਾ ਅਹਿਦ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸੁਪਰੀਮ ਕੋਰਟ ਦੇ ਗੈਰ ਕੁਦਰਤੀ ਦਿੱਤੇ ਅਧਿਆਪਕ ਵਿਰੋਧੀ ਫੈਸਲੇ ਖਿਲਾਫ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਨੇ ਸੰਘਰਸ਼ ਜਾਰੀ ਰੱਖਣਾ ਦਾ ਅਹਿਦ ਲਿਆ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੂਬਾ ਕਮੇਟੀ ਦੀ ਹੋਈ ਆਨਲਾਈਨ ਮੀਟਿੰਗ ਵਿੱਚ ਜ਼ਬਰੀ ਥੋਪੇ ਟੀ. ਈ. ਟੀ. ਦੇ ਮਸਲੇ ਤੇ ਪੰਜਾਬ ਸਰਕਾਰ ਦੇ ਰਵਈਏ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਆਗੂਆਂ ਨੇ ਕਿਹਾ ਚਲਦੇ ਸੰਘਰਸ਼ ਵਿੱਚ ਸਿੱਖਿਆ ਮੰਤਰੀ ਪੰਜਾਬ ਸਰਕਾਰ ਵੱਲੋਂ ਜਥੇਬੰਦੀਆਂ ਨਾਲ ਮੀਟਿੰਗਾਂ ਵਿੱਚ ਵਾਅਦੇ ਕੀਤੇ ਸਨ ਕਿ ਟੀ. ਈ. ਟੀ. ਦੇ ਫੈਸਲੇ ਖਿਲਾਫ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਪਾਈ ਜਾਵੇਗੀ ਵਿਧਾਨ ਸਭਾ ਵਿੱਚ ਅਧਿਆਪਕਾਂ ਦੇ ਹੱਕ ਵਿੱਚ ਬਿੱਲ ਪਾਸ ਪਾਸ ਕੀਤਾ ਜਾਵੇਗਾ ਪਰ ਇਸਦੇ ਉਲਟ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀ ਸੁਰੱਖਿਆ ਕਰਦੇ 2017 ਦੇ ਨੋਟੀਫਿਕੇਸ਼ਨ ਰੱਦ ਨੂੰ ਕਰਨਾ ਅਤੇ ਹਾਈਕੋਰਟ ਵਿੱਚ ਡਾਇਰੈਕਟਰ ਸਿੱਖਿਆ ਵਿਭਾਗ ਦੁਆਰਾ ਟੀ. ਈ. ਟੀ. ਪਾਸ ਤੋਂ ਬਿਨਾਂ ਪ੍ਰਮੋਸ਼ਨਾਂ ਨਾ ਕਰਨ ਦੇ ਦਿੱਤੇ ਹਲਫਨਾਮੇ ਤੋਂ ਜ਼ਾਹਿਰ ਹੋ ਗਿਆ ਹੈ ਕਿ ਸਰਕਾਰ ਅਤੇ ਸਿੱਖਿਆ ਵਿਭਾਗ ਅਧਿਆਪਕਾਂ ਨਾਲ ਵਾਅਦਾ ਖਿਲਾਫੀ ਕਰ ਰਿਹਾ ਹੈ।ਹੁਣ ਅਧਿਆਪਕਾਂ ਉਪਰ ਜਬਰੀ ਥੋਪੇ ਜਾ ਰਹੇ ਵਿਭਾਗੀ ਟੀਈਟੀ ਦੇ ਟੈਸਟ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਤਿੱਖਾ ਸੰਘਰਸ਼ ਅੱਗੇ ਵੀ ਜਾਰੀ ਰੱਖਣ ਦਾ ਫ਼ੈਸਲਾ ਲਿਆ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁੱਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ, ਵਿਤ ਸਕੱਤਰ ਜਸਵਿੰਦਰ ਬਠਿੰਡਾ, ਪ੍ਰੈੱਸ ਸਕੱਤਰ ਲਖਵੀਰ ਮੁਕਤਸਰ ਅਤੇ ਸਹਾਇਕ ਪ੍ਰੈੱਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਦੱਸਿਆ ਕਿ ਅਧਿਆਪਕਾਂ ਦੀਆਂ 14 ਜਥੇਬੰਦੀਆਂ ਵੱਲੋਂ ਵਿਭਾਗੀ ਟੀ. ਈ. ਟੀ. ਦੇ ਖਿਲਾਫ 6 ਅਤੇ 7 ਅਪ੍ਰੈਲ ਨੂੰ ਜ਼ਿਲਾ ਪੱਧਰ ਤੇ ਸਰਕਾਰ ਦੀ ਅਰਥੀ ਫੂਕੇ ਜਾਣ ਦੇ ਪ੍ਰੋਗਰਾਮ ਵਿੱਚ ਡੀ. ਟੀ. ਐੱਫ਼. ਪੰਜਾਬ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ 14 ਅਧਿਆਪਕ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਘਰਸ਼ ਨੂੰ ਅੱਗੇ ਵਧਾਉਂਦੇ ਹੋਏ 6-7 ਅਪਰੈਲ ਦੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਤੋਂ ਬਾਅਦ ਸੂਬਾ ਪੱਧਰੀ ਐਕਸ਼ਨ ਵਾਸਤੇ ਭਰਾਤਰੀ ਜਥੇਬੰਦੀਆਂ ਨਾਲ ਵਿਚਾਰ ਕਰਕੇ ਸੂਬਾ ਪੱਧਰੀ ਪ੍ਰੋਗਰਾਮ ਦਿੱਤਾ ਜਾਵੇਗਾ ਅਤੇ ਜੇਕਰ ਇਸ ਬੇਲੋੜੇ ਅਤੇ ਜ਼ਬਰੀ ਥੋਪੇ ਟੀ. ਈ. ਟੀ. ਕਾਰਨ ਕਿਸੇ ਵੀ ਅਧਿਆਪਕ ਦੀ ਨੌਕਰੀ ਜਾਂ ਪ੍ਰੋਮੋਸ਼ਨ ਉੱਪਰ ਕੋਈ ਖਤਰਾ ਆਉਂਦਾ ਹੈ ਤਾਂ ਜਥੇਬੰਦੀ ਉਸ ਅਧਿਆਪਕ ਦੀ ਜੀਅ-ਜਾਨ ਨਾਲ ਮੱਦਦ ਕਰੇਗੀ। ਉਨ੍ਹਾਂ ਅਧਿਆਪਕਾਂ ਨੂੰ ਵਿਸ਼ਵਾਸ ਦਵਾਇਆ ਕਿ ਕਿਸੇ ਵੀ ਅਧਿਆਪਕ ਦੀ ਨੌਕਰੀ ਨਹੀਂ ਜਾਣ ਦਿੱਤੀ ਜਾਵੇਗੀ।

ਮੀਟਿੰਗ ਵਿੱਚ ਸੂਬਾ ਮੀਤ ਪ੍ਰਧਾਨ ਸੂਬਾ ਕਮੇਟੀ ਮੈਂਬਰ ਜਗਵੀਰਨ ਕੌਰ, ਬਲਜਿੰਦਰ ਸਿੰਘ ਬਠਿੰਡਾ, ਕਰਮਜੀਤ ਸਿੰਘ ਤਾਮਕੋਟ, ਹਰਭਗਵਾਨ ਸਿੰਘ ਗੁਰਨੇ , ਤਲਵਿੰਦਰ ਸਿੰਘ ਖਰੌੜ, ਜਗਵਿੰਦਰ ਸਿੰਘ, ਪਲਵਿੰਦਰ ਸਿੰਘ ਰੰਧਾਵਾ, ਦਲਜੀਤ ਸਿੰਘ ਸਮਰਾਲਾ, ਹਰਜੀਤ ਸਿੰਘ ਸਧਾਰ, ਅਵਤਾਰ ਲਾਲ, ਚਰਨਜੀਤ ਸਿੰਘ ਕਪੂਰਥਲਾ, ਸੁਖਪਾਲਜੀਤ ਸਿੰਘ ਮੋਗਾ, ਜੀਵਨ ਸਿੰਘ ਮੁਕਤਸਰ ਸਾਹਿਬ, ਹਰਜਿੰਦਰ ਸਿੰਘ ਅਨੂਪਗੜ੍ਹ, ਪਰਵਿੰਦਰ ਸਿੰਘ ਫਤਿਹਗੜ੍ਹ ਸਾਹਿਬ, ਦਾਤਾ ਸਿੰਘ ਨਮੋਲ ਵੱਲੋਂ ਫੋਨ ਉਪਰ ਸਹਿਮਤੀ ਪ੍ਰਗਟ ਕੀਤੀ ਗਈ।

## ਰਣਜੀਤ ਪੰਜਾਬੀ ਸਾਹਿਤ ਸਭਾ ਅੰਮ੍ਰਿਤਸਰ ਵੱਲੋਂ ਇਨਾਮ ਵੰਡ ਸਮਾਰੋਹ ਤੇ ਕਵੀ ਦਰਬਾਰ 5 ਨੂੰ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਰਣਜੀਤ ਪੰਜਾਬੀ ਸਾਹਿਤ ਸਭਾ ਸ੍ਰੀ ਅੰਮ੍ਰਿਤਸਰ ਵੱਲੋਂ ਵਿਸਾਖੀ ਨੂੰ ਸਮਰਪਿਤ ਸਾਲਾਨਾ ਇਨਾਮ ਵੰਡ ਸਮਾਰੋਹ ਅਤੇ ਕਵੀ ਦਰਬਾਰ ਅਮੀਰਾ ਫਾਰਮ ਏਅਰਪੋਰਟ ਰੋਡ ਨੇੜੇ, ਰਮਾਡਾ ਹੋਟਲ ਅੰਮ੍ਰਿਤਸਰ ਵਿਖੇ 5 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰਣਜੀਤ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਪ੍ਰਿੰਸੀਪਲ ਡਾਕਟਰ ਗਿਆਨ ਸਿੰਘ ਘਈ ਨੇ ਦੱਸਿਆ ਕਿ ਇਸ ਸਮੇਂ ਇਨਾਮ ਵੰਡ ਸਮਾਰੋਹ ਸਮੇਂ ਕੁੱਝ ਸਨਮਾਨਯੋਗ ਸ਼ਖਸੀਅਤਾਂ ਦਾ ਵੱਖ-ਵੱਖ ਐਵਾਰਡਾਂ ਨਾਲ ਸਨਮਾਨ ਕੀਤਾ ਜਾਵੇਗਾ ਅਤੇ ਕਵੀ ਦਰਬਾਰ ਵੀ ਕਰਵਾਇਆ ਜਾਵੇਗਾ।ਸਮਾਰੋਹ ਦੀ ਪ੍ਰਧਾਨਗੀ ਡਾ: ਧਰਮ ਸਿੰਘ, ਪ੍ਰਿੰਸੀਪਲ ਇੰਦਰਜੀਤ ਸਿੰਘ ਗੋਗੋਆਣੀ ਅਤੇ ਡਾ: ਹੀਰਾ ਸਿੰਘ ਕਰਨਗੇ।ਇਸ ਸਮੇਂ ਪ੍ਰੋਫੈਸਰ ਬਲਬੀਰ ਕੌਰ ਰਾਏਕੋਟੀ ਨੂੰ ਭਗਤ ਪੂਰਨ ਸਿੰਘ ਪੁਰਸਕਾਰ, ਡਾ: ਹਰਮੀਤ ਕੌਰ ਮੀਤ ਨੂੰ ਮਾਈ ਭਾਗੋ ਪੁਰਸਕਾਰ, ਹਰਭਜਨ ਸਿੰਘ ਨਾਹਲ ਨੂੰ ਗਿਆਨ ਸਿੰਘ ਕੰਵਲ ਪੁਰਸਕਾਰ, ਲੇਖਕ/ਪੱਤਰਕਾਰ ਅਤੇ ਗਾਇਕ ਸੁਖਵੰਤ ਚੇਤਨਪੁਰੀ ਨੂੰ ਬਲਵੰਤ ਸਿੰਘ ਤੇਗ ਪੁਰਸਕਾਰ, ਡਾ: ਜਸਵਿੰਦਰ ਕੌਰ ਨੂੰ ਅੰਮ੍ਰਿਤਾ ਪ੍ਰੀਤਮ ਪੁਰਸਕਾਰ, ਸੁਰਿੰਦਰ ਫਰਿਸ਼ਤਾ ਉਰਫ ਘੁੱਲੇ ਸ਼ਾਹ ਨੂੰ ਹਰਭਜਨ ਸਿੰਘ ਜੱਬਲ ਪੁਰਸਕਾਰ, ਬਲਬੀਰ ਸਿੰਘ ਲਹਿਰੀ ਨੂੰ ਹਰਬੰਸ ਸਿੰਘ ਨਾਗੀ ਪੁਰਸਕਾਰ ਅਤੇ ਕਹਾਣੀਕਾਰ ਮੁਖਤਾਰ ਸਿੰਘ ਗਿੱਲ ਨੂੰ ਲਾਲਾ ਧਨੀ ਰਾਮ ਚਾਤਰਿਕ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਇਸ ਸਮੇਂ ਕਹਾਣੀਕਾਰ ਦੀਪ ਦਵਿੰਦਰ ਸਿੰਘ, ਇੰਦਰਜੀਤ ਸਿੰਘ ਬਾਲ ਕੈਨੇਡਾ ਅਤੇ ਦਰਸ਼ਨ ਕੌਰ ਨਾਗੀ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।ਮੰਚ ਦਾ ਸੰਚਾਲਨ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਕਰਨਗੇ।ਪ੍ਰਿੰਸੀਪਲ ਘਈ ਨੇ ਦੱਸਿਆ ਕਿ ਇਸ ਸਬੰਧੀ ਰੂਪ ਰੇਖਾ ਉਲੀਕਣ ਲਈ ਬੀਤੇ ਦਿਨ ਮੀਟਿੰਗ ਕੀਤੀ ਗਈ, ਜਿਸ ਸਮੇਂ ਸਹਿਤ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸਤਬੀਰ ਸਿੰਘ, ਮੀਤ ਪ੍ਰਧਾਨ ਸਲਵਿੰਦਰ ਸਿੰਘ ਅਤੇ ਹਰਿੰਦਰ ਸਿੰਘ, ਜਨਰਲ ਸਕੱਤਰ ਜਸਬੀਰ ਸਿੰਘ ਤੇਗ, ਖਜਾਨਚੀ ਅਮਰਜੀਤ ਕੌਰ, ਸਕੱਤਰ ਡਾ: ਬਲਜੀਤ ਕੌਰ ਅਤੇ ਸਹਾਇਕ ਸਕੱਤਰ ਮਰਕਸ ਪਾਲ ਗਪਟਾਲਾ ਅਤੇ ਦਲਬੀਰ ਸਿੰਘ ਹਾਜ਼ਰ ਸਨ।

## ਸੀਟੂ ਅੱਜ ਮਨਾਏਗੀ ਕਾਲਾ ਦਿਨ

ਛੇਹਰਟਾ/ ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਸੀਟੂ ਦੀ ਜ਼ਿਲ੍ਹਾ ਕਾਰਜਕਾਰੀ ਦੀ ਮੀਟਿੰਗ ਸਾਥੀ ਚਰਨਜੀਤ ਮਜੀਠਾ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਪੁਤਲੀਘਰ, ਅੰਮ੍ਰਿਤਸਰ ਵਿਖੇ ਹੋਈ। ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਸਾਥੀ ਸੁੱਚਾ ਸਿੰਘ ਅਜਨਾਲਾ, ਜ਼ਿਲ੍ਹਾ ਜਨਰਲ ਸਕੱਤਰ ਅੰਮ੍ਰਿਤਸਰ ਨੇ ਦੱਸਿਆ ਕਿ ਪਹਿਲੀ ਅਪ੍ਰੈਲ ਨੂੰ ਕਾਲਾ ਦਿਨ 22 ਨੰਬਰ ਫਾਟਕ ਅੰਮ੍ਰਿਤਸਰ ਵਿਖੇ ਸਾਰੀਆਂ ਟਰੇਡ ਯੂਨੀਅਨਾਂ ਵੱਲੋਂ ਮਨਾਇਆ ਜਾ ਰਿਹਾ ਹੈ, ਜਿਸ ਵਿਚ ਸੀਟੂ



ਵਰਕਰ ਵੱਡੀ ਗਿਣਤੀ ਵਿੱਚ ਪੁੱਜਣਗੇ। 13 ਅਪ੍ਰੈਲ ਨੂੰ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ ਤੇ ਉਨ੍ਹਾਂ ਦੀ ਯਾਦ ਵਿਚ ਸੈਮੀਨਾਰ ਕਰਵਾਇਆ ਜਾਵੇਗਾ, ਜਿਸ ਨੂੰ ਆਲ ਇੰਡੀਆ ਦੇ ਆਗੂ ਕਾਮਰੇਡ ਊਸ਼ਾ ਰਾਣੀ ਤੇ ਏ. ਆਰ. ਸਿੱਧੂ ਤੇ ਪੰਜਾਬ ਦੇ ਪ੍ਰਧਾਨ ਸਕੱਤਰ ਸੰਬੋਧਨ ਕਰਨਗੇ। ਇਸ ਸੈਮੀਨਾਰ ਵਿਚ ਵਕੀਲ, ਡਾਕਟਰ, ਅਧਿਆਪਕ ਤੇ ਸੀਟੂ ਨਾਲ ਸਬੰਧਿਤ ਸਾਥੀ ਸ਼ਾਮਿਲ ਹੋਣਗੇ। ਮੀਟਿੰਗ ਵਿਚ ਕਿਰਪਾ ਰਾਮ, ਵਿਜੇ ਕੁਮਾਰ, ਪ੍ਰਤਾਪ ਸਿੰਘ, ਜਸਪਾਲ ਸ਼ਰਮਾ, ਗੁਰਮੀਤ ਕੌਰ ਸਿੱਬੂ, ਕਵਲਜੀਤ ਕੌਰ, ਰਾਜਾ ਰਾਮ, ਧਰਮਪਾਲ, ਬਲਬੀਰ ਸਿੰਘ, ਸੂਰਜ, ਰਾਕੇਸ਼ ਕੁਮਾਰ, ਸਵਿੰਦਰ ਸਿੰਘ ਮੀਰਾਂਕੋਟ, ਭੁਪਿੰਦਰਜੀਤ ਸਿੰਘ ਛੀਨਾ, ਰਣਜੀਤ ਸਿੰਘ ਬੱਲ, ਮਹਿੰਦਰ ਸਿੰਘ ਖਹਿਰਾ, ਜੀਤ ਰਾਜ ਆਦਿ ਸਾਥੀ ਹਾਜ਼ਰ ਸਨ।

## ਇਰਾਕ 'ਚ ਇਸਲਾਮਿਕ ਸਟੇਟ ਦੇ ਚੁੰਗਲ 'ਚੋਂ ਬਚੇ ਹਰਜੀਤ ਮਸੀਹ ਨੂੰ ਅਦਾਲਤ ਨੇ ਕੀਤਾ ਬਰੀ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸਾਲ 2014 ਦੌਰਾਨ ਇਰਾਕ ਦੇ ਮੋਸੂਲ ਵਿੱਚ ਇਸਲਾਮਿਕ ਸਟੇਟ (ਆਈਐੱਸਆਈਐੱਸ) ਵੱਲੋਂ ਅਗਵਾ ਕਰਕੇ ਮਾਰੇ ਗਏ 39 ਭਾਰਤੀਆਂ ਨਾਲ ਸੰਬੰਧਿਤ ਚਰਚਿਤ ਮਾਮਲੇ ਵਿੱਚ ਗੁਰਦਾਸਪੁਰ ਜ਼ਿਲ੍ਹੇ ਨਾਲ ਸੰਬੰਧਿਤ ਹਰਜੀਤ ਮਸੀਹ ਨੂੰ ਗੁਰਦਾਸਪੁਰ ਦੀ ਅਡੀਸ਼ਨਲ ਸੈਸ਼ਨ ਜੱਜ ਰੰਜੀਵਪਾਲ ਸਿੰਘ ਚੀਮਾ ਦੀ ਅਦਾਲਤ ਵੱਲੋਂ ਹਿਊਮਨ ਟਰੈਫਿਕਿੰਗ ਅਤੇ ਇਮੀਗ੍ਰੇਸ਼ਨ ਐਕਟ ਨਾਲ ਜੁੜੇ ਮਾਮਲੇ ਵਿੱਚ ਬਰੀ ਕਰ ਦਿੱਤਾ ਗਿਆ ਹੈ।ਜਾਣਕਾਰੀ ਅਨੁਸਾਰ ਸਾਲ 2014 ਵਿੱਚ ਇਰਾਕ ਦੇ ਮੋਸੂਲ ਸ਼ਹਿਰ 'ਤੇ ਇਸਲਾਮਿਕ ਸਟੇਟ ਦੇ ਕਬਜ਼ੇ ਦੌਰਾਨ 39 ਭਾਰਤੀ ਨੌਜਵਾਨਾਂ ਨੂੰ ਬੰਦੀ ਬਣਾ ਲਿਆ ਗਿਆ ਸੀ, ਜਿਨ੍ਹਾਂ ਵਿੱਚੋਂ ਲਗਭਗ 29 ਪੰਜਾਬ ਨਾਲ ਸੰਬੰਧਿਤ ਸਨ।ਇਸ ਘਟਨਾ ਨੇ ਦੇਸ਼ ਭਰ ਵਿੱਚ ਚਿੰਤਾ ਪੈਦਾ ਕਰ ਦਿੱਤੀ ਸੀ।ਉਸ ਸਮੇਂ ਦੀ ਵਿਦੇਸ਼ ਮੰਤਰੀ ਸੁਸ਼ਮਾ ਸਵਰਾਜ ਵੱਲੋਂ ਕਿਹਾ ਗਿਆ ਸੀ ਕਿ 39 ਭਾਰਤੀਆਂ ਦੀ ਮੌਤ ਦੀ ਕੋਈ ਪੁਸ਼ਟੀ ਨਹੀਂ ਹੋਈ ਅਤੇ ਉਨ੍ਹਾਂ ਨੂੰ ਸੁਰੱਖਿਅਤ ਵਾਪਸ ਲਿਆਉਣ ਲਈ ਕੋਸ਼ਿਸ਼ਾਂ ਜਾਰੀ ਹਨ।ਇਸ ਦੌਰਾਨ ਗੁਰਦਾਸਪੁਰ ਜ਼ਿਲ੍ਹੇ ਦੇ ਰਹਿਣ ਵਾਲੇ ਹਰਜੀਤ ਮਸੀਹ ਨੇ ਦਾਅਵਾ ਕੀਤਾ ਸੀ ਕਿ ਉਹ ਬਹੁਤ ਮੁਸ਼ਕਿਲ ਨਾਲ ਇਸਲਾਮਿਕ ਸਟੇਟ ਦੇ ਚੁੰਗਲ ਵਿੱਚੋਂ ਬਚ ਕੇ ਨਿਕਲਿਆ ਹੈ ਅਤੇ ਉਸ ਦੇ ਸਾਹਮਣੇ ਹੀ ਬਾਕੀ ਭਾਰਤੀਆਂ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ ਸੀ।ਕੇਂਦਰ ਸਰਕਾਰ ਵੱਲੋਂ ਉਸ ਨੂੰ ਵ੍ਹਾਈਟ ਪਾਸਪੋਰਟ 'ਤੇ ਭਾਰਤ ਵਾਪਸ ਲਿਆਂਦਾ ਗਿਆ ਸੀ।ਉਸ ਸਮੇਂ ਹਰਜੀਤ ਮਸੀਹ ਵੱਲੋਂ ਦਿੱਤਾ ਗਿਆ ਅੱਖੀਂ ਡਿੱਠਾ ਬਿਆਨ ਕਾਫੀ ਚਰਚਾ ਵਿੱਚ ਰਿਹਾ ਸੀ।

## ਪੱਤਰਕਾਰਾਂ ਵੱਲੋਂ ਟੀਨਾ ਚੌਧਰੀ ਦਾ ਬਾਈਕਾਟ ਕਰਨ ਦਾ ਫੈਸਲਾ

ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ ਜ਼ਿਲ੍ਹੇ ਦੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਇਕ ਮੀਟਿੰਗ ਦਾ ਆਯੋਜਨ ਐੱਨ. ਪੀ. ਧਵਨ, ਅਜੈ ਸੈਣੀ, ਸ਼ਿਵਬਰਨ ਤਿਵਾਰੀ, ਭਾਰਤ ਭੂਸ਼ਣ ਡੋਗਰਾ ਅਤੇ ਮੁਕੇਸ਼ ਸੈਣੀ ਦੀ



ਅਗਵਾਈ ਵਿੱਚ ਕੀਤਾ ਗਿਆ।ਮੀਟਿੰਗ ਵਿੱਚ ਪਿਛਲੇ ਦਿਨੀਂ ਕਾਂਗਰਸ ਬੁਲਾਰੇ ਟੀਨਾ ਚੌਧਰੀ ਵੱਲੋਂ ਪੱਤਰਕਾਰ ਭਰਾਵਾਂ ਨਾਲ ਕੀਤੀ ਗਈ ਬਦਤਮੀਜ਼ੀ ਅਤੇ ਮਾਫ਼ੀ ਮੰਗਣ ਤੋਂ ਬਾਅਦ ਦੁਬਾਰਾ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਮੀਡੀਆ ਭਰਾਵਾਂ ਨੂੰ ਕਾਰਵਾਈ ਦੀ ਧਮਕੀ ਦੇਣ ਦੇ ਮਾਮਲੇ 'ਤੇ ਸਮੂਹ ਪੱਤਰਕਾਰ ਭਰਾਵਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਦੌਰਾਨ ਸਮੂਹ ਪੱਤਰਕਾਰਾਂ ਨੇ ਟੀਨਾ ਚੌਧਰੀ ਦਾ ਬਾਈਕਾਟ ਕਰਨ 'ਤੇ ਸਹਿਮਤੀ ਜਤਾਈ।ਇਸ ਬਾਰੇ ਜਾਣਕਾਰੀ ਦਿੰਦਿਆਂ ਪ੍ਰਧਾਨ ਐੱਨ. ਪੀ. ਧਵਨ ਅਤੇ ਅਜੈ ਸੈਣੀ ਨੇ ਕਿਹਾ ਕਿ ਪਿਛਲੇ ਦਿਨੀਂ ਕਾਂਗਰਸ ਬੁਲਾਰੇ ਟੀਨਾ ਚੌਧਰੀ ਵੱਲੋਂ ਪੱਤਰਕਾਰ ਭਰਾਵਾਂ ਨਾਲ ਹੋਏ ਦੁਰਵਿਵਹਾਰ ਦੀ ਉਹ ਕੜੇ ਸ਼ਬਦਾਂ ਵਿੱਚ ਨਿੰਦਾ ਕਰਦੇ ਹਨ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਗਈਆਂ ਧਮਕੀਆਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।ਅੱਜ ਸਮੂਹ ਪੱਤਰਕਾਰਾਂ ਵੱਲੋਂ ਇਹ ਫੈਸਲਾ ਲਿਆ ਗਿਆ ਕਿ ਕਾਂਗਰਸ ਪਾਰਟੀ ਅਤੇ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਜਿਸ ਵੀ ਪ੍ਰੋਗਰਾਮ ਵਿੱਚ ਟੀਨਾ ਚੌਧਰੀ ਮੌਜੂਦ ਹੋਵੇਗੀ, ਉਸ ਪ੍ਰੋਗਰਾਮ ਦਾ ਪੱਤਰਕਾਰ ਭਾਈਚਾਰੇ ਵੱਲੋਂ ਪੂਰਨ ਬਾਈਕਾਟ ਕੀਤਾ ਜਾਵੇਗਾ ਅਤੇ ਸਾਰੇ ਪੱਤਰਕਾਰਾਂ ਨੇ ਇਸ 'ਤੇ ਸਹਿਮਤੀ ਜਤਾਈ।

## ਗੈਸਟਰੋਇੰਟੈਸਟਾਈਨਲ ਬਿਮਾਰੀਆਂ ਦੇ ਕਾਰਨਾਂ ਤੇ ਰੋਕਥਾਮ ਬਾਰੇ ਭਾਸ਼ਣ ਦਾ ਆਯੋਜਨ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਨੇ ਗੈਸਟਰੋਇੰਟੈਸਟਾਈਨਲ ਬਿਮਾਰੀਆਂ ਦੇ ਕਾਰਨਾਂ ਅਤੇ ਰੋਕਥਾਮ ਬਾਰੇ ਇੱਕ ਜਾਗਰੂਕਤਾ ਭਾਸ਼ਣ ਦਾ ਆਯੋਜਨ ਕੀਤਾ।ਇਸਦਾ ਉਦੇਸ਼ ਪਾਚਨ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਆਮ ਗੈਸਟਰੋਇੰਟੈਸਟਾਈਨਲ ਸਮੱਸਿਆਵਾਂ, ਖਾਸ ਕਰਕੇ ਮੌਸਮੀ ਤਬਦੀਲੀਆਂ ਅਤੇ ਜੀਵਨ ਸ਼ੈਲੀ ਵਿੱਚ ਤਬਦੀਲੀਆਂ ਕਾਰਨ ਹੋਣ ਵਾਲੀਆਂ ਸਮੱਸਿਆਵਾਂ ਨੂੰ ਰੋਕਣ ਦੇ ਵਿਹਾਰਕ ਤਰੀਕਿਆਂ ਨੂੰ ਸਾਂਝਾ ਕਰਨਾ ਸੀ। ਮੁੱਖ ਬੁਲਾਰੇ ਫੋਰਟਿਸ ਐਸਕਾਰਟਸ ਹਸਪਤਾਲ ਦੇ ਸਲਾਹਕਾਰ ਡਾ. ਅਸੀਮ ਵਾਟਸ ਸਨ।ਪ੍ਰਧਾਨ ਰੋਟੇਰੀਅਨ ਡਾ. ਆਰ. ਕੇ. ਬੇਦੀ ਅਤੇ ਸਕੱਤਰ ਰੋਟੇਰੀਅਨ ਪਰਵੀਨ ਮਹਾਜਨ ਨੇ ਉਨ੍ਹਾਂ ਦਾ ਸਨਮਾਨ ਕੀਤਾ।ਡਾ. ਅਸੀਮ ਵਾਟਸ ਦੀ ਜਾਣ-ਪਛਾਣ ਰੋਟੇਰੀਅਨ ਰਿਸ਼ੀ ਖਪਨਾ ਦੁਆਰਾ ਕਰਵਾਈ ਗਈ। ਡਾ. ਅਸੀਮ ਵਾਟਸ ਨੇ ਦੱਸਿਆ ਕਿ ਕਿਵੇਂ ਜਲਵਾਯੂ ਪਰਿਵਰਤਨ, ਖਾਣ-ਪੀਣ ਦੀਆਂ ਆਦਤਾਂ, ਤਣਾਅ ਅਤੇ ਜੀਵਨ ਸ਼ੈਲੀ ਪਾਚਨ ਪ੍ਰਣਾਲੀ ਦੀ ਸਿਹਤ ਨੂੰ ਪ੍ਰਭਾਵਤ ਕਰਦੀ ਹੈ।ਉਨ੍ਹਾਂ ਨੇ ਸੰਤੁਲਿਤ ਖੁਰਾਕ, ਚੰਗੀ ਸਫਾਈ ਅਭਿਆਸਾਂ ਅਤੇ ਰੋਕਥਾਮ ਲਈ ਸਮੇਂ ਸਿਰ ਡਾਕਟਰ ਦੀ ਸਲਾਹ ਦੀ ਮਹੱਤਤਾ ਤੇ ਵੀ ਜ਼ੋਰ ਦਿੱਤਾ। ਮੀਟਿੰਗ ਦੇ ਅੰਤ ਵਿੱਚ, ਰੋਟੇਰੀਅਨ ਡਾ. ਪਵਨ ਭਾਟੀਆ ਨੇ ਇਸ ਮੌਕੇ 'ਤੇ ਭਾਸ਼ਣ ਦਿੱਤਾ।

# ਨਵ-ਨਿਯੁਕਤ ਚੇਅਰਪਰਸਨ ਸ਼ਰਨਜੀਤ ਕੌਰ ਤੇ ਗੁਰਦੀਪ ਸਿੰਘ ਸੰਧੂ ਨੇ ਵਾਈਸ ਚੇਅਰਮੈਨ ਦਾ ਅਹੁਦਾ ਸੰਭਾਲਿਆ



ਧਾਰੀਵਾਲ, (ਮਨਦੀਪ ਵਿੱਕੀ)-ਕਾਦੀਆਂ ਦੇ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਦੀ ਮੌਜੂਦਗੀ ਵਿੱਚ ਧਾਰੀਵਾਲ ਬਲਾਕ ਸੰਮਤੀ ਦੀ ਨਵ-ਨਿਯੁਕਤ ਚੇਅਰਪਰਸਨ ਸ਼ਰਨਜੀਤ ਕੌਰ ਪਤਨੀ ਸਰਪੰਚ ਹਰਪਾਲ ਸਿੰਘ ਕੰਗ ਅਤੇ ਗੁਰਦੀਪ ਸਿੰਘ ਸੰਧੂ ਨੇ ਵਾਈਸ ਚੇਅਰਮੈਨ ਨੇ ਅਹੁਦਾ ਸੰਭਾਲਿਆ।ਇਸ ਮੌਕੇ ਬਲਾਕ ਸੰਮਤੀ ਦੇ ਨਵ-ਨਿਯੁਕਤ ਚੇਅਰਪਰਸਨ ਸ਼ਰਨਜੀਤ ਕੌਰ ਅਤੇ ਵਾਈਸ ਚੇਅਰਮੈਨ ਗੁਰਦੀਪ ਸਿੰਘ ਸੰਧੂ ਨੂੰ ਮੁਬਾਰਕਬਾਦ ਦਿੰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਪਾਰਟੀ ਵਿੱਚ ਮਿਹਨਤ ਤੇ ਲਗਨ ਨਾਲ ਕੰਮ ਕਰਨ ਵਾਲੇ ਵਲੰਟੀਅਰਾਂ ਨੂੰ ਮਾਣ ਸਤਿਕਾਰ ਦੇ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਪਾਰਟੀ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਲਗਨ ਅਨੁਸਾਰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਦੇ ਹਿੱਤ ਲਈ ਵਿਕਾਸ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ਗਤੀ ਪ੍ਰਦਾਨ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਸਹੂਲਤਾਂ ਜਲਦ ਤੋਂ ਜਲਦ ਲਾਭ ਪੁਜਦਾ ਹੋ ਸਕੇ।ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਦੇ ਮੰਤਵ ਤਹਿਤ 'ਸਕੂਲ ਆਫ ਐਮੀਨੈਂਸ' ਖੋਲ੍ਹੇ ਗਏ ਹਨ।ਲੋਕਾਂ ਨੂੰ 600 ਯੂਨਿਟ ਬਿਜਲੀ ਮੁਫਤ ਮੁਹੱਈਆ ਕਰਵਾਈ ਗਈ ਹੈ।ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਲਾਗੂ ਕੀਤੀ ਗਈ ਹੈ, ਜਿਸ ਤਹਿਤ 1000 ਰੁਪਏ ਤੇ 1500 ਰੁਪਏ ਮੁਹੱਈਆ ਕਰਵਾਏ ਗਏ ਹਨ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਹਰ ਵਸਨੀਕ ਨੂੰ 10 ਲੱਖ ਰੁਪਏ ਕੈਸ਼ਲੈੱਸ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।ਇਸ ਤੋਂ ਇਲਾਵਾ ਵੱਖ-ਵੱਖ ਰਿਕਾਰਡ ਵਿਕਾਸ ਕਾਰਜ ਕਰਵਾਏ ਗਏ ਹਨ। ਇਸ ਮੌਕੇ ਚੇਅਰਪਰਸਨ ਸ਼੍ਰੀਮਤੀ ਸ਼ਰਨਜੀਤ ਕੌਰ ਅਤੇ ਵਾਈਸ ਚੇਅਰਮੈਨ ਗੁਰਦੀਪ ਸਿੰਘ ਸੰਧੂ ਨੇ ਕਿਹਾ ਕਿ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ, ਉਸਨੂੰ ਪੂਰੀ ਮਿਹਨਤ ਤੇ ਲਗਨ ਨਿਭਾਉਣਗੇ ਅਤੇ ਪਿੰਡਾਂ ਅੰਦਰ ਵਿਕਾਸ ਕਾਰਜਾਂ ਦੀ ਗਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਬੀਡੀਪੀਓਧਾਰੀਵਾਲ ਕੁਲਜਿੰਦਰ ਸਿੰਘ ਚਾਹਲ, ਚੇਅਰਮੈਨ ਡਾਕਟਰ ਜਸਪਾਲ ਸਿੰਘ ਪੰਧੇਰ, ਮਾਰਕੀਟ ਕਮੇਟੀ ਚੇਅਰਮੈਨ ਭਪਿੰਦਰ ਸਿੰਘ ਰਿੰਕਾ ਖੁੰਡਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਸਰਪੰਚ ਹਰਪਾਲ ਸਿੰਘ ਕੰਗ, ਸਰਪੰਚ ਗੁਰਸਾਹਿਬ ਸਿੰਘ ਦੇਵੀਦਾਸਪੁਰ, ਸਰਪੰਚ ਗੁਰਨਾਮ ਸਿੰਘ ਆਲੋਵਾਲ, ਸਰਪੰਚ ਗੁਰਦੇਵ ਸਿੰਘ ਤੁੰਗ, ਅਮਰਜੀਤ ਸਿੰਘ ਲਾਡੀ, ਸਤੀਸ਼ ਸੋਹਲ, ਹਰਦੇਵ ਸਿੰਘ ਦੇਬੀ, ਨੰਨੀ ਖੋਸਲਾ, ਜਗਦੀਸ਼ ਧਾਰੀਵਾਲ, ਸੋਨੂੰ ਰੰਧਾਵਾ ਰਣੀਆ, ਗੁਰਬਚਨ ਸਿੰਘ ਜ਼ਿਲ੍ਹੇਦਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਮਰਥਕ ਹਾਜ਼ਰ ਸਨ।

# ਕੱਥੂਨੰਗਲ ਬਾਈਪਾਸ 'ਤੇ ਵੱਡਾ ਸੜਕ ਹਾਦਸਾ ਹੋਣ ਤੋਂ ਟਲਿਆ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਆਮ ਦੇਖਣ ਨੂੰ ਮਿਲਦਾ ਹੈ ਕਿ ਸੜਕਾਂ 'ਤੇ ਹਾਦਸੇ ਹੁੰਦੇ ਰਹਿੰਦੇ ਹਨ ਅਤੇ ਲੱਖਾਂ ਲੋਕ ਕੀਮਤੀ ਜਾਨਾਂ ਗਵਾ ਲੈਂਦੇ ਹਨ ਪਰ ਇਨ੍ਹਾਂ ਹਾਦਸਿਆਂ ਦੀ ਜ਼ਿਆਦਾਤਰ ਵਜ੍ਹਾ ਪ੍ਰਬੰਧਾਂ ਦੀ ਘਾਟ ਹੁੰਦੀ ਹੈ। ਇਸੇ ਤਰ੍ਹਾਂ ਦਾ ਨਜ਼ਾਰਾ ਵੇਖਣ ਨੂੰ ਮਿਲਿਆ ਜਦ ਕੱਥੂਨੰਗਲ ਬਾਈਪਾਸ ਉਪਰ ਸੜਕ ਦੀ ਮੁਰੰਮਤ ਕਰਨ ਦੌਰਾਨ ਰਿਪੇਅਰ ਕੰਪਨੀ ਦੇ ਠੇਕੇਦਾਰਾਂ ਵੱਲੋਂ ਬਿਨਾਂ ਵਜ੍ਹਾ ਬਿਨਾਂ ਨਿਯਮਾਂ ਦੇ ਇੱਕ ਸੜਕ ਦਾ ਪਾਸਾ ਬੰਦ ਕਰ ਦਿੱਤਾ ਗਿਆ ਅਤੇ ਇੱਕ ਸਿੰਗਲ ਰੋਡ ਜਿੱਥੋਂ ਇੱਕ ਵਾਹਨ ਬੜੀ ਮੁਸ਼ਕਿਲ ਨਾਲ ਗੁਜ਼ਰਦਾ ਹੈ ਉੱਥੋਂ ਡਬਲ ਰੋਡ ਸ਼ੁਰੂ ਕਰ ਦਿੱਤਾ।ਸਿੰਗਲ ਰੋਡ 'ਤੇ ਦੋਵੇਂ ਪਾਸਿਓਂ ਵਾਹਨ ਗੁਜ਼ਰਨ ਕਾਰਨ ਪੀ. ਆਰ. ਟੀ. ਸੀ. ਦੀ ਬੱਸ ਅਤੇ ਟਰੱਕ ਦੀ ਸਾਈਡ ਲੱਗ ਗਈ ਅਤੇ ਸਾਈਡ ਲੱਗਣ ਕਾਰਨ ਕਾਫੀ ਬਹਿਸ ਹੋਈ, ਜਿਸ ਕਾਰਨ ਕਾਫੀ ਜਾਮ ਵੀ ਲੱਗ ਗਿਆ ਅਤੇ ਵੱਡੀ ਗਿਣਤੀ ਵਿੱਚ ਲੋਕ ਇਕੱਤਰ ਹੋ ਗਏ।ਭਾਵੇਂ ਇਸ ਹਾਦਸੇ ਵਿੱਚ ਕਿਸੇ ਦਾ ਕੋਈ ਜਾਨੀ ਮਾਲੀ ਨੁਕਸਾਨ ਨਹੀਂ ਹੋਇਆ ਪਰ ਬੱਸ ਦੀਆਂ ਬਾਰੀਆਂ ਦੇ ਸ਼ੀਸ਼ੇ ਟੁੱਟ ਗਏ ਅਤੇ ਬੱਸ ਨੂੰ ਸਕ੍ਰੈਚ ਵੀ ਪੈ ਗਏ।ਅਵਾਜਾਈ ਦੌਰਾਨ ਸੈਂਕੜੇ ਲੋਕ ਖੱਜਲ-ਖੁਆਰ ਹੋਏ ਅਤੇ ਉਨ੍ਹਾਂ ਵਿੱਚ ਕਾਫੀ ਗੁੱਸਾ ਪਾਇਆ ਗਿਆ।ਇਸ ਸਬੰਧੀ ਲੋਕਾਂ ਨੇ ਕਿਹਾ ਕਿ ਆਵਾਜਾਈ ਦੌਰਾਨ ਇਸ ਸਿੰਗਲ ਰੋਡ ਤੇ ਆਪਣੀ ਜਾਨ ਨੂੰ ਮੌਤ ਦੇ ਹਵਾਲੇ ਕਰਨ ਬਰਾਬਰ ਹੈ ਅਤੇ ਇਸਦੇ ਨਾਲ ਦਰਜਨਾਂ ਹਾਦਸੇ ਹੋ ਸਕਦੇ ਹਨ ਅਤੇ ਕਈਆਂ ਦਾ ਬਹੁਤ ਜ਼ਿਆਦਾ ਨੁਕਸਾਨ ਵੀ ਹੋ ਚੁੱਕਾ ਹੈ।ਇਸ ਸਬੰਧੀ ਠੇਕੇਦਾਰ ਨੇ ਕਿਹਾ ਕਿ ਜੇਕਰ ਚਾਰ-ਪੰਜ ਲੋਕ ਮਰ ਵੀ ਜਾਣ ਤਾਂ ਕੋਈ ਫਰਕ ਨਹੀਂ ਪੈਂਦਾ, ਹਾਦਸੇ ਤਾਂ ਰੋਜ਼ ਸੜਕਾਂ 'ਤੇ ਹੁੰਦੇ ਹੀ ਰਹਿੰਦੇ। ਠੇਕੇਦਾਰ ਨੇ ਕਿਹਾ ਕਿ ਇਸਦਾ ਡਰਾਈਵਰ ਜ਼ਿੰਮੇਵਾਰ ਹੈ ਅਤੇ ਉਹ ਸਾਵਧਾਨੀ ਨਾਲ ਵਾਹਨ ਚਲਾਵੇ।ਇਸ ਸਬੰਧੀ ਐੱਸ. ਐੱਚ. ਓ. ਕੱਥੂਨੰਗਲ ਨਾਲ ਗੱਲ ਕਰਕੇ ਉਨ੍ਹਾਂ ਦਾ ਪੱਖ ਲੈਣ ਦੀ ਕੋਸ਼ਿਸ਼ ਕੀਤੀ ਪਰ ਸੰਪਰਕ ਨਹੀਂ ਹੋ ਸਕਿਆ ਜਿਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਪ੍ਰਸ਼ਾਸਨ ਅੱਖਾਂ ਬੰਦ ਕਰਕੇ ਸਿਰਫ ਮੋਟੀਆਂ ਤਨਖਾਹਾਂ ਲੈਣ ਵੱਲ ਧਿਆਨ ਦੇ ਰਿਹਾ ਹੈ। ਆਵਾਜਾਈ ਦੇ ਨਿਯਮਾਂ ਦੀ ਸਹੀ ਪਾਲਣਾ ਕਰਾਉਣ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।

# 1 ਕਿੱਲੋ 10 ਗ੍ਰਾਮ ਹੈਰੋਇਨ ਸਮੇਤ ਪਾਕਿਸਤਾਨੀ ਡਰੋਨ ਬਰਾਮਦ



ਖਾਲੜਾ/ਭਿੱਖੀਵਿੰਡ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਰਹੱਦੀ ਇਲਾਕੇ ਵਿੱਚ ਨਸ਼ਾ ਤਸਕਰੀ ਵਿਰੁੱਧ ਜਾਰੀ ਮੁਹਿੰਮ ਦੌਰਾਨ ਥਾਣਾ ਖਾਲੜਾ ਦੀ ਪੁਲਸ ਨੇ ਇੱਕ ਮਹੱਤਵਪੂਰਨ ਸਫਲਤਾ ਹਾਸਲ ਕਰਦਿਆਂ ਡਰੋਨ ਰਾਹੀਂ ਹੋ ਰਹੀ ਤਸਕਰੀ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ।ਇਸ ਕਾਰਵਾਈ ਵਿੱਚ ਪੁਲਸ ਨੇ ਲੱਗਭਗ 1 ਕਿੱਲੋ 10 ਗ੍ਰਾਮ ਹੈਰੋਇਨ ਅਤੇ ਇੱਕ ਡਰੋਨ ਬਰਾਮਦ ਕੀਤਾ ਹੈ।ਇਹ ਕਾਰਵਾਈ ਬੀਐੱਸਐੱਫ ਦੀ 115 ਬਟਾਲੀਅਨ ਦੇ ਸਹਿਯੋਗ ਨਾਲ ਅੰਜਾਮ ਦਿੱਤੀ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਡੱਲ ਦੀਆਂ ਮੜ੍ਹੀਆਂ ਵਿੱਚ ਲੋਕਾਂ ਨੇ ਇੱਕ ਸ਼ੱਕੀ ਡਰੋਨ ਨੂੰ ਘੁੰਮਦਾ ਦੇਖਿਆ, ਜੋ ਕੁੱਝ ਸਮੇਂ ਬਾਅਦ ਅਚਾਨਕ ਜ਼ਮੀਨ 'ਤੇ ਡਿੱਗ ਪਿਆ।ਪਿੰਡ ਵਾਸੀਆਂ ਵੱਲੋਂ ਤੁਰੰਤ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ। ਸੂਚਨਾ ਮਿਲਦੇ ਹੀ ਥਾਣਾ ਖਾਲੜਾ ਦੀ ਪੁਲਸ ਅਤੇ ਬੀਐੱਸਐੱਫ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਇਲਾਕੇ ਨੂੰ ਸੀਲ ਕਰਕੇ ਤਲਾਸ਼ੀ ਅਭਿਆਨ ਸ਼ੁਰੂ ਕੀਤਾ।ਤਲਾਸ਼ੀ ਦੌਰਾਨ ਡਰੋਨ ਦੇ ਨੇੜੇ ਤੋਂ ਵੱਡੀ ਮਾਤਰਾ ਵਿੱਚ ਹੈਰੋਇਨ ਬਰਾਮਦ ਹੋਈ।ਮੁੱਢਲੀ ਜਾਂਚ 'ਚ ਇਹ ਸੰਕੇਤ ਮਿਲ ਰਹੇ ਹਨ ਕਿ ਡਰੋਨ ਸਰਹੱਦ ਪਾਕਿਸਤਾਨ ਪਾਰ ਤੋਂ ਭੇਜਿਆ ਗਿਆ ਸੀ, ਜਿਸ ਰਾਹੀਂ ਨਸ਼ੇ ਦੀ ਖੇਪ ਭਾਰਤ ਵਿੱਚ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ।ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਡਰੋਨ ਅਤੇ ਹੈਰੋਇਨ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ।ਇਸ ਮੌਕੇ ਸਬ-ਇੰਸਪੈਕਟਰ ਗੁਰਸਾਹਿਬ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਸ ਵੱਲੋਂ ਮਿਲੀ ਸੂਚਨਾ 'ਤੇ ਫੌਰੀ ਕਾਰਵਾਈ ਕੀਤੀ ਗਈ, ਜਿਸ ਨਾਲ ਇਹ ਵੱਡੀ ਤਸਕਰੀ ਰੋਕੀ ਗਈ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਗਹਿਰਾਈ ਨਾਲ ਜਾਂਚ ਜਾਰੀ ਹੈ ਅਤੇ ਇਸ ਨੈੱਟਵਰਕ ਨਾਲ ਜੁੜੇ ਲੋਕਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਸਰਹੱਦੀ ਖੇਤਰਾਂ ਵਿੱਚ ਨਿਗਰਾਨੀ ਹੋਰ ਸਖ਼ਤ ਕਰ ਦਿੱਤੀ ਗਈ ਹੈ ਤਾਂ ਜੋ ਅਜਿਹੀਆਂ ਘਟਨਾਵਾਂ ਨੂੰ ਭਵਿੱਖ ਵਿੱਚ ਰੋਕਿਆ ਜਾ ਸਕੇ।

# ਮੀਟ, ਸ਼ਰਾਬ ਤੇ ਤੰਬਾਕੂ ਦੀਆਂ ਦੁਕਾਨਾਂ 'ਤੇ ਪਾਬੰਦੀ ਦੇ ਫੈਸਲੇ ਨਾਲ ਪ੍ਰਭਾਵਿਤ ਕਾਰੋਬਾਰੀਆਂ 'ਚ ਭਾਰੀ ਰੋਸ



ਅੰਮ੍ਰਿਤਸਰ (ਵਿਜੇ ਸ਼ਰਮਾ)-ਅੰਮ੍ਰਿਤਸਰ ਨੂੰ 'ਪਵਿੱਤਰ ਸ਼ਹਿਰ' ਐਲਾਨਣ ਤੋਂ ਬਾਅਦ ਸ਼ਹਿਰ ਵਿੱਚ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ।ਪੰਜਾਬ ਸਰਕਾਰ ਵੱਲੋਂ 12 ਗੇਟਾਂ ਦੇ ਅੰਦਰ ਮੀਟ, ਸ਼ਰਾਬ ਅਤੇ ਤੰਬਾਕੂ ਦੀਆਂ ਦੁਕਾਨਾਂ 'ਤੇ ਪਾਬੰਦੀ ਲਗਾਉਣ ਦੇ ਫੈਸਲੇ ਨਾਲ ਪ੍ਰਭਾਵਿਤ ਕਾਰੋਬਾਰੀਆਂ ਵਿੱਚ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਹੈ।ਮੀਡੀਆ ਨਾਲ ਗੱਲਬਾਤ ਕਰਦਿਆਂ ਦੁਕਾਨਦਾਰਾਂ ਨੇ ਸਰਕਾਰ ਦੇ ਫੈਸਲੇ 'ਤੇ ਕਈ ਗੰਭੀਰ ਸਵਾਲ ਖੜ੍ਹੇ ਕੀਤੇ।ਉਨ੍ਹਾਂ ਨੇ ਪੁੱਛਿਆ ਕਿ ਜੇ 12 ਗੇਟਾਂ ਦੇ ਅੰਦਰ ਦੁਕਾਨਾਂ ਬੰਦ ਕੀਤੀਆਂ ਜਾਂਦੀਆਂ ਹਨ ਤਾਂ ਕੀ ਆਨਲਾਈਨ ਸੇਵਾਵਾਂ ਰਾਹੀਂ ਮੀਟ ਅਤੇ ਸ਼ਰਾਬ ਦੀ ਡਲਿਵਰੀ ਵੀ ਰੋਕੀ ਜਾਵੇਗੀ? ਇਸਦੇ ਨਾਲ ਹੀ ਉਨ੍ਹਾਂ ਨੇ ਇਹ ਵੀ ਸਵਾਲ ਉਠਾਇਆ ਕਿ ਕੀ ਹੋਟਲਾਂ ਵਿੱਚ ਵੀ ਇਹ ਪਾਬੰਦੀ ਲਾਗੂ ਹੋਵੇਗੀ? ਦੁਕਾਨਦਾਰਾਂ ਨੇ ਅੱਗੇ ਪੁੱਛਿਆ ਕਿ ਕੀ ਪੁਲਸ 12 ਗੇਟਾਂ ਦੇ ਬਾਹਰ ਨਾਕਾਬੰਦੀ ਕਰਕੇ ਚੈਕਿੰਗ ਕਰੇਗੀ? ਅਤੇ ਕੀ ਗੇਟਾਂ ਦੇ ਅੰਦਰ ਰਹਿਣ ਵਾਲੇ ਲੋਕ ਆਪਣੇ ਘਰਾਂ ਵਿੱਚ ਮੀਟ ਨਹੀਂ ਪਕਾ ਸਕਣਗੇ ਜਾਂ ਸ਼ਰਾਬ ਨਹੀਂ ਲਿਆ ਸਕਣਗੇ? ਦੁਕਾਨਦਾਰਾਂ ਦਾ ਕਹਿਣਾ ਹੈ ਕਿ ਸਰਕਾਰ ਨੇ ਇਹ ਫੈਸਲਾ ਬਿਨਾਂ ਪੂਰੀ ਤਿਆਰੀ ਅਤੇ ਬਿਨਾਂ ਕੋਈ ਦੂਸਰੇ ਪ੍ਰਬੰਧ ਕੀਤੇ ਲਾਗੂ ਕੀਤਾ ਹੈ। ਡੀਸੀ ਅੰਮ੍ਰਿਤਸਰ ਨਾਲ ਹੋਈ ਮੀਟਿੰਗ ਦੌਰਾਨ ਦੱਸਿਆ ਗਿਆ ਸੀ ਕਿ ਸਰਕਾਰ ਦੇ ਸਰਵੇ ਵਿੱਚ ਸਿਰਫ਼ 40-50 ਦੁਕਾਨਾਂ ਦਰਸਾਈਆਂ ਗਈਆਂ ਹਨ, ਜਦਕਿ ਅਸਲ ਵਿੱਚ ਇਸ ਫੈਸਲੇ ਨਾਲ 20 ਤੋਂ 25 ਹਜ਼ਾਰ ਲੋਕ ਪ੍ਰਭਾਵਿਤ ਹੋਣਗੇ।ਉਨ੍ਹਾਂ ਦੱਸਿਆ ਕਿ ਹੁਣ ਦੁਕਾਨਦਾਰਾਂ ਨੂੰ ਨੋਟਿਸ ਮਿਲਣੇ ਸ਼ੁਰੂ ਹੋ ਗਏ ਹਨ, ਪਰ ਉਹ ਆਪਣੀਆਂ ਦੁਕਾਨਾਂ ਨਹੀਂ ਛੱਡਣਗੇ ਕਿਉਂਕਿ ਮੀਟਿੰਗ ਦੌਰਾਨ ਇਹ ਯਕੀਨ ਦਿਵਾਇਆ ਗਿਆ ਸੀ ਕਿ ਜਦ ਤੱਕ ਕੋਈ ਹੋਰ ਪ੍ਰਬੰਧ ਨਹੀਂ ਹੁੰਦਾ, ਉਨ੍ਹਾਂ ਨੂੰ ਉਜਾੜਿਆ ਨਹੀਂ ਜਾਵੇਗਾ।ਦੁਕਾਨਦਾਰਾਂ ਨੇ ਕਿਹਾ ਕਿ ਇੱਕ-ਇੱਕ ਦੁਕਾਨ ਨਾਲ 5 ਤੋਂ 10 ਪਰਿਵਾਰਾਂ ਦੀ ਰੋਜ਼ੀ-ਰੋਟੀ ਜੁੜੀ ਹੋਈ ਹੈ।ਜੇ 300 ਦੇ ਕਰੀਬ ਦੁਕਾਨਾਂ ਬੰਦ ਹੋ ਜਾਂਦੀਆਂ ਹਨ ਤਾਂ ਹਜ਼ਾਰਾਂ ਲੋਕ ਬੇਰੁਜ਼ਗਾਰ ਹੋ ਜਾਣਗੇ।

ਉਨ੍ਹਾਂ ਨੇ ਚਿੰਤਾ ਜਤਾਈ ਕਿ ਰੁਜ਼ਗਾਰ ਖਤਮ ਹੋਣ ਨਾਲ ਨੌਜਵਾਨ ਗਲਤ ਰਸਤੇ ਵੱਲ ਵੀ ਮੁੜ ਸਕਦੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਉਹ 'ਪਵਿੱਤਰ ਸ਼ਹਿਰ' ਦੇ ਫੈਸਲੇ ਦਾ ਵਿਰੋਧ ਨਹੀਂ ਕਰਦੇ, ਪਰ ਸਰਕਾਰ ਪਹਿਲਾਂ ਉਨ੍ਹਾਂ ਲਈ ਬਦਲ ਵਜੋਂ ਢੁੱਕਵਾਂ ਇੰਤਜ਼ਾਮ ਕਰੇ।ਨਹੀਂ ਤਾਂ ਇਹ ਫੈਸਲਾ ਸਿੱਧਾ ਰੋਜ਼ੀ-ਰੋਟੀ ਲਈ ਵੱਡਾ ਝਟਕਾ ਹੈ।ਦੁਕਾਨਦਾਰਾਂ ਨੇ ਚਿਤਾਵਨੀ ਦਿੱਤੀ ਕਿ ਜੇ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਗਈਆਂ ਤਾਂ ਉਹ ਅਦਾਲਤ ਦਾ ਰੁਖ ਕਰਨਗੇ ਅਤੇ ਵੱਡੇ ਪੱਧਰ 'ਤੇ ਸੰਘਰਸ਼ ਵੀ ਕੀਤਾ ਜਾਵੇਗਾ।

# ਮੁੱਖ ਮੰਤਰੀ ਸਿਹਤ ਯੋਜਨਾ ਨੇ ਪੰਜਾਬ ਵਾਸੀਆਂ ਨੂੰ ਦਿੱਤੀ ਵੱਡੀ ਰਾਹਤ : ਖਿੱਦੋਵਾਲੀ



ਜੈਂਤੀਪੁਰ (ਸੁਖਬੀਰ ਸਿੱਧੂ)-ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਹਾਲ ਹੀ ਵਿਚ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਨੇ ਪੰਜਾਬ ਦੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਬਲਾਕ ਸੰਮਤੀ ਮਜੀਠਾ-2 ਦੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ ਨੇ ਕਰਦਿਆਂ ਕਿਹਾ ਕਿ ਇਹ ਯੋਜਨਾ ਲੋਕ ਹਿੱਤ ਵਿਚ ਇਤਿਹਾਸਿਕ ਕਦਮ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਮਹਿੰਗੇ ਇਲਾਜ ਕਾਰਨ ਜਿਥੇ ਮੱਧ ਵਰਗੀ ਪਰਿਵਾਰ ਆਰਥਿਕ ਤੌਰ 'ਤੇ ਟੁੱਟ ਜਾਂਦੇ ਸਨ ਉਥੇ ਹੁਣ ਸਰਕਾਰ ਵੱਲੋਂ ਦਿੱਤਾ ਗਿਆ ਸਿਹਤ ਬੀਮਾ ਕਾਰਡ ਲੱਖਾਂ ਪਰਿਵਾਰਾਂ ਲਈ ਸੁਰੱਖਿਆ ਕਵਚ ਬਣ ਕੇ ਸਾਹਮਣੇ ਆਇਆ ਹੈ।

ਖਿੱਦੋਵਾਲੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਬਿਨਾਂ ਕਿਸੇ ਭੇਦਭਾਵ ਦੇ ਲੋਕਾਂ ਨੂੰ ਵੱਡੇ ਅਤੇ ਮਹਿੰਗੇ ਹਸਪਤਾਲਾਂ ਵਿਚ ਕੈਸ਼-ਲੈੱਸ ਇਲਾਜ ਦੀ ਸਹੂਲਤ ਮਿਲ ਰਹੀ ਹੈ ਜੋ ਆਮ ਆਦਮੀ ਪਾਰਟੀ ਦੀ ਲੋਕ ਪੱਖੀ ਸੋਚ ਨੂੰ ਦਰਸਾਉਂਦੀ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮਕਸਦ ਸਿਰਫ ਐਲਾਨ ਕਰਨਾ ਨਹੀਂ ਸਗੋਂ ਸਰਕਾਰੀ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ ਤੇ ਲੋਕਾਂ ਤੱਕ ਪਹੁੰਚਾਉਣਾ ਹੈ।ਪਿੰਡਾਂ ਅਤੇ ਸ਼ਹਿਰਾਂ ਵਿਚ ਕੈਂਪ ਲਗਾ ਕੇ ਲੋਕਾਂ ਨੂੰ ਸਿਹਤ ਕਾਰਡ ਬਣਵਾ ਕੇ ਦਿੱਤੇ ਜਾ ਰਹੇ ਹਨ ਤਾਂ ਜੋ ਕੋਈ ਵੀ ਵਿਅਕਤੀ ਇਲਾਜ ਤੋਂ ਵਾਂਝਾ ਨਾ ਰਹਿ ਸਕੇ।

ਇਸ ਮੌਕੇ ਕੁਲਵਿੰਦਰ ਸਿੰਘ ਮਿੱਠਾ ਸਰਪੰਚ ਚੰਨਣਕੇ, ਸਰਵਣ ਸਿੰਘ ਚੋਗਾਵਾਂ ਸੰਮਤੀ ਮੈਂਬਰ, ਯੂਥ ਪ੍ਰਧਾਨ ਗੁਰਜੰਟ ਸਿੰਘ ਖਿੱਦੋਵਾਲੀ, ਗੁਰਬੀਰ ਸਿੰਘ ਮੱਤੇਵਾਲ ਸੰਮਤੀ ਮੈਂਬਰ, ਬਲਬੀਰ ਸਿੰਘ ਬੋਪਾਰਾਏ ਸੰਮਤੀ ਮੈਂਬਰ, ਮਿੰਟੂ ਰਾਮਦੀਵਾਲੀ ਸੰਮਤੀ ਮੈਂਬਰ, ਜਗਦੀਸ਼ ਸਿੰਘ ਸ਼ਹਿਜ਼ਾਦਾ, ਪਰਮਜੀਤ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਮਨਜੀਤ ਸਿੰਘ ਟਾਹਲੀ ਸਾਹਿਬ, ਮਲਕੀਤ ਸਿੰਘ ਭੋਏ ਆਦਿ ਹਾਜ਼ਰ ਸਨ।

## ਅਜੀਤ ਵਿਦਿਆਲਾ ਦਾ ਪੰਜਵੀਂ ਜਮਾਤ ਦਾ ਨਤੀਜਾ ਰਿਹਾ ਸੌ ਫੀਸਦੀ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਪੰਜਵੀਂ ਜਮਾਤ ਦੇ ਨਤੀਜਿਆਂ ਵਿੱਚ, ਅਜੀਤ ਵਿਦਿਆਲਿਆ ਸੀਐੱਸਏ ਸਕੂਲ ਦੇ 13 ਵਿਦਿਆਰਥੀਆਂ ਨੇ 100% ਅੰਕ ਪ੍ਰਾਪਤ ਕਰਕੇ ਸਕੂਲ ਅਤੇ ਉਨ੍ਹਾਂ ਦੇ ਮਾਪਿਆਂ ਦਾ ਮਾਣ ਵਧਾਇਆ ਹੈ।ਸਕੂਲ ਪ੍ਰਿੰਸੀਪਲ ਰਮਾ ਮਹਾਜਨ ਨੇ ਦੱਸਿਆ ਕਿ ਇਸ ਜਮਾਤ ਦੇ 134 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ, ਅਤੇ ਉਨ੍ਹਾਂ ਸਾਰਿਆਂ ਨੇ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ ਹਨ।ਇਸੇ ਸ਼੍ਰੇਣੀ ਵਿੱਚ ਪਾਸ ਹੋਣ ਵਾਲਿਆਂ ਵਿੱਚੋਂ 13 ਨੇ ਰਿਕਾਰਡ ਤੋੜ 100% ਅੰਕ ਪ੍ਰਾਪਤ ਕੀਤੇ।ਪ੍ਰਿੰਸੀਪਲ ਰਮਾ ਮਹਾਜਨ ਨੇ ਸਾਰੇ ਵਿਦਿਆਰਥੀਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਉਜਵਲ ਭਵਿੱਖ ਦਾ ਆਸ਼ੀਰਵਾਦ ਦਿੱਤਾ।ਉਨ੍ਹਾਂ ਕਿਹਾ ਕਿ ਪਿਛਲੇ 66 ਸਾਲਾਂ ਤੋਂ, ਸਕੂਲ ਬੱਚਿਆਂ ਵਿੱਚ ਸਿੱਖਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ, ਸਮਾਜ ਅਤੇ ਰਾਸ਼ਟਰ ਦੀ ਸੇਵਾ ਦੀ ਭਾਵਨਾ ਪੈਦਾ ਕਰ ਰਿਹਾ ਹੈ।

# ਸਵੇਰੇ ਕਣਕ ਦੀ ਖਰੀਦ ਸ਼ੁਰੂ ਹੋਣੀ ਐ ਪਰ ਦਾਣਾ ਮੰਡੀ ਭਗਤਾਂ ਵਾਲਾ 'ਚ ਪ੍ਰਬੰਧਾਂ ਦਾ ਨਾਂਅ ਥੇਹ ਨਹੀਂ!



ਅੰਮ੍ਰਿਤਸਰ (ਵਿਜੇ ਸ਼ਰਮਾ)-ਕੱਲ੍ਹ ਤੋਂ ਪੂਰੇ ਪੰਜਾਬ ਵਿੱਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਹੋਣੀ ਹੈ, ਪਰ ਅੰਮ੍ਰਿਤਸਰ ਦੀ ਭਗਤਾਂ ਵਾਲਾ ਦਾਣਾ ਮੰਡੀ ਦੇ ਹਾਲਾਤ ਪਹਿਲਾਂ ਹੀ ਚਿੰਤਾਜਨਕ ਨਜ਼ਰ ਆ ਰਹੇ ਹਨ।ਗੰਦਗੀ, ਅਣਤਿਆਰੀ ਅਤੇ ਪ੍ਰਬੰਧਾਂ ਦੀ ਕਮੀ ਨੇ ਮੰਡੀ ਦੀ ਸਥਿਤੀ ਨੂੰ ਹੋਰ ਵੀ ਖਰਾਬ ਕੀਤਾ ਹੋਇਆ ਹੈ। ਇਸਦੇ ਨਾਲ ਹੀ ਆੜ੍ਹਤੀਆਂ ਨੇ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।ਮੰਡੀ ਬੋਰਡ ਐਕਟ ਅਧੀਨ ਆੜ੍ਹਤੀਆਂ ਦਾ ਕਹਿਣਾ ਹੈ ਕਿ 2019 ਤੋਂ ਉਨ੍ਹਾਂ ਦੀ ਆੜ੍ਹਤ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ।ਇਸ ਵੇਲੇ ਉਨ੍ਹਾਂ ਨੂੰ ਪ੍ਰਤੀ ਕੁਇੰਟਲ ਕਰੀਬ 45 ਰੁਪਏ ਆੜ੍ਹਤ ਮਿਲਦੀ ਹੈ, ਜਦਕਿ ਉਨ੍ਹਾਂ ਦੇ ਮੁਤਾਬਕ ਇਹ 65 ਰੁਪਏ ਬਣਦੀ ਹੈ।ਆੜ੍ਹਤੀਆਂ ਦੀ ਮੰਗ ਹੈ ਕਿ ਆੜ੍ਹਤ ਵਿੱਚ 2.5% ਦਾ ਵਾਧਾ ਕੀਤਾ ਜਾਵੇ, ਜੋ ਕਿ ਕੋਰੋਨਾ ਕਾਲ ਤੋਂ ਲੰਬੇ ਸਮੇਂ ਤੋਂ ਲਟਕ ਰਹੀ ਹੈ।ਆੜ੍ਹਤੀਆਂ ਨੇ ਇਹ ਵੀ ਐਲਾਨ ਕੀਤਾ ਹੈ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਹ ਕੱਲ੍ਹ ਤੋਂ ਪੰਜਾਬ ਭਰ ਵਿੱਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਨਹੀਂ ਹੋਣ ਦੇਣਗੇ।ਉਨ੍ਹਾਂ ਨੇ ਦੋਸ਼ ਲਗਾਇਆ ਕਿ ਪਿਛਲੇ ਸਾਲ ਵੀ ਮੁੱਖ ਮੰਤਰੀ ਵੱਲੋਂ ਹੜ੍ਹਾਂ ਦਾ ਹਵਾਲਾ ਦੇ ਕੇ ਸਿਰਫ਼ ਭਰੋਸਾ ਦਿੱਤਾ ਗਿਆ ਸੀ, ਪਰ ਮੰਗਾਂ ਪੂਰੀਆਂ ਨਹੀਂ ਕੀਤੀਆਂ ਗਈਆਂ।ਅੜ੍ਹਤੀਆਂ ਦਾ ਕਹਿਣਾ ਹੈ ਕਿ ਕਣਕ ਦੀ ਫਸਲ ਪੱਕ ਚੁੱਕੀ ਹੈ ਅਤੇ ਕਟਾਈ ਜਲਦ ਸ਼ੁਰੂ ਹੋਣ ਵਾਲੀ ਹੈ। ਇਸ ਸਥਿਤੀ ਵਿੱਚ ਜੇ ਖਰੀਦ ਪ੍ਰਕਿਰਿਆ ਰੁਕਦੀ ਹੈ ਤਾਂ ਕਿਸਾਨਾਂ ਨੂੰ ਵੱਡੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਕਿਸਾਨਾਂ ਨੂੰ ਆਪਣੀ ਫਸਲ ਘਰ ਰੱਖਣ ਜਾਂ ਮੰਡੀ ਵਿੱਚ ਲੈ ਕੇ ਜਾਣ ਦੌਰਾਨ ਖੱਜਲ-ਖੁਆਰੀ ਝੱਲਣੀ ਪੈ ਸਕਦੀ ਹੈ। ਆੜ੍ਹਤੀਆਂ ਨੇ ਇਹ ਵੀ ਕਿਹਾ ਕਿ ਉਹ ਆਪਣੀਆਂ ਮੰਗਾਂ ਨੂੰ ਲੈ ਕੇ ਡੀਸੀ ਦਫ਼ਤਰ ਮੰਗ ਪੱਤਰ ਦੇਣਗੇ ਅਤੇ ਉਨ੍ਹਾਂ ਸਪੱਸ਼ਟ ਚੇਤਾਵਨੀ ਦਿੱਤੀ ਕਿ ਜਦ ਤੱਕ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਤਦ ਤੱਕ ਸਰਕਾਰੀ ਖਰੀਦ ਸ਼ੁਰੂ ਨਹੀਂ ਹੋਣ ਦਿੱਤੀ ਜਾਵੇਗੀ।

# ਐੱਨ ਐੱਫ ਪੀ ਆਰ ਸੀ ਭਵਿੱਖ 'ਚ ਨੀਤੀ ਨਿਰਮਾਣ 'ਚ ਹਾਂ-ਪੱਖੀ ਬਦਲਾਅ ਲਿਆਏਗਾ: ਚੁੱਘ




**ਛੇਹਰਟਾ, (ਮਨੋਜ ਕੁਮਾਰ)**: ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਅਤੇ ਨੇਸ਼ਨ ਫਸਟ ਪਾਲਿਸੀ ਰਿਸਰਚ ਐਂਡ ਚੇਂਜ ਫਾਊਂਡੇਸ਼ਨ (ਐੱਨ. ਐੱਫ. ਪੀ. ਆਰ. ਸੀ.) ਦੇ ਚੇਅਰਮੈਨ ਤਰੁਣ ਚੁੱਘ ਦੀ ਅਗਵਾਈ ਹੇਠ ਐੱਨ. ਐੱਫ. ਪੀ. ਆਰ. ਸੀ. ਵੱਲੋਂ ਨਵੀਂ ਦਿੱਲੀ ਵਿਚ ਸੰਸਦ ਤੇ ਵਿਧਾਨ ਸਭਾਵਾਂ ਦੇ ਜਨਤਕ ਪ੍ਰਤੀਨਿਧੀਆਂ ਲਈ 'ਡਿਜੀਟਲ ਸੰਚਾਰ ਤੇ ਜਨਤਕ ਸ਼ਾਸਨ ਸਾਧਨਾਂ ਰਾਹੀਂ ਵਿਧਾਨਕ ਪ੍ਰਭਾਵ ਨੂੰ ਵਧਾਉਣਾ' ਵਿਸ਼ੇ 'ਤੇ ਮਹੱਤਵਪੂਰਨ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿਚ ਸੰਸਦ ਮੈਂਬਰਾਂ, ਵਿਧਾਇਕਾਂ ਤੇ ਨੀਤੀ ਮਾਹਿਰਾਂ ਨੇ ਹਿੱਸਾ ਲਿਆ ਅਤੇ ਆਧੁਨਿਕ ਸ਼ਾਸਨ ਤੇ ਪ੍ਰਭਾਵਸ਼ਾਲੀ ਜਨਸੰਪਰਕ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ। ਇਸ ਮੌਕੇ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਐੱਨ. ਐੱਫ. ਪੀ. ਆਰ. ਸੀ. ਦੇ ਚੇਅਰਮੈਨ ਅਤੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਚੁੱਘ ਨੇ ਕਿਹਾ ਕਿ ਅੱਜ ਦੇ ਸਮੇਂ ਵਿਚ ਸਿਰਫ਼ ਨੀਤੀਆਂ ਬਣਾਉਣਾ ਹੀ ਕਾਫ਼ੀ ਨਹੀਂ ਹੈ, ਜ਼ਮੀਨੀ ਪੱਧਰ 'ਤੇ ਉਨ੍ਹਾਂ ਨੀਤੀਆਂ ਦੇ ਪ੍ਰਭਾਵ ਨੂੰ ਯਕੀਨੀ ਬਣਾਉਣਾ ਵੀ ਓਨਾ ਹੀ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਡਿਜੀਟਲ ਸੰਚਾਰ ਮੀਡੀਆ ਤੇ ਡੇਟਾ-ਸੰਚਾਲਿਤ ਸ਼ਾਸਨ ਰਾਹੀਂ ਜਨਤਕ ਨੁਮਾਇੰਦੇ ਆਪਣੀ ਭੂਮਿਕਾ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦੇ ਹਨ ਅਤੇ ਯੋਜਨਾਵਾਂ ਦੇ ਲਾਭ ਜਨਤਾ ਤਕ ਤੇਜ਼ੀ ਨਾਲ ਪਹੁੰਚਾ ਸਕਦੇ ਹਨ। ਵਰਕਸ਼ਾਪ ਦੌਰਾਨ ਵੱਖ-ਵੱਖ ਤਕਨੀਕੀ ਸੈਸ਼ਨਾਂ ਵਿਚ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਮਾਹਿਰਾਂ ਨੇ ਜਨ ਪ੍ਰਤੀਨਿਧੀਆਂ ਨੂੰ ਆਧੁਨਿਕ ਉਪਕਰਨਾਂ ਤੇ ਪ੍ਰਣਾਲੀਆਂ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ। ਚੁੱਘ ਅੱਗੇ ਕਿਹਾ ਕਿ ਵਰਕਸ਼ਾਪ ਦੌਰਾਨ ਬੁਲਾਰਿਆਂ ਨੇ ਆਪਣੇ ਅਨੁਭਵ ਸਾਂਝੇ ਕੀਤੇ ਤੇ ਜ਼ਮੀਨੀ ਚੁਣੌਤੀਆਂ ਦੇ ਹੱਲ ਬਾਰੇ ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਅਜਿਹੇ ਮੰਚ ਜਨਤਕ ਨੁਮਾਇੰਦਿਆਂ ਨੂੰ ਇਕ ਦੂਜੇ ਤੋਂ ਸਿੱਖਣ ਤੇ ਬਿਹਤਰ ਫ਼ੈਸਲੇ ਲੈਣ ਵਿਚ ਮਦਦ ਕਰਦੇ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਐੱਨ. ਐੱਫ. ਪੀ. ਆਰ. ਸੀ. ਭਵਿੱਖ ਵਿਚ ਅਜਿਹੀਆਂ ਪਹਿਲਕਦਮੀਆਂ ਜਾਰੀ ਰੱਖੇਗਾ, ਨੀਤੀ ਨਿਰਮਾਣ, ਜਨਤਕ ਹਿੱਸੇਦਾਰੀ ਅਤੇ ਚੰਗੇ ਸ਼ਾਸਨ ਵਿਚ ਸਕਾਰਾਤਮਕ ਬਦਲਾਅ ਲਿਆਏਗਾ।

# ਰਜਿੰਦਰ ਸਿੰਘ ਭੱਲਾ ਪਿੰਡ ਕਿਸਾਨਾਂ ਤੇ ਮਜ਼ਦੂਰਾਂ ਸਣੇ ਜਮਹੂਰੀ ਕਿਸਾਨ ਸਭਾ 'ਚ ਸ਼ਾਮਲ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਚਾਚਾ ਅਜੀਤ ਸਿੰਘ ਦੀ ਪੱਗੜੀ ਸੰਭਾਲ ਜੱਟਾ ਅਤੇ ਹੋਰ ਕਿਸਾਨੀ ਲਹਿਰਾਂ ਦੀ ਹਕੀਕੀ ਵਾਰਿਸ ਜਮਹੂਰੀ ਕਿਸਾਨ ਸਭਾ ਦੀ ਖੇਤੀ ਨੀਤੀ ਯਾਨੀ ਕਿਸਾਨ ਦੀ ਖੁਸ਼ਹਾਲੀ, ਲੋਕ ਵੰਡ ਪ੍ਰਣਾਲੀ ਦੀ ਮਜ਼ਬੂਤੀ ਅਤੇ ਸਾਰੀਆਂ ਖੇਤੀ ਜਿਣਸਾਂ ਸਮੇਤ ਸਬਜ਼ੀਆਂ, ਫ਼ਲ, ਦੁੱਧ ਤੇ ਲੱਕੜੀ ਦੇ ਲਾਹੇਵੰਦ ਭਾਅ ਖਰਚੇ ਨਾਲੋਂ ਡੇਢ ਗੁਣਾ ਤੇ ਸਰਕਾਰੀ ਖਰੀਦ ਦੀ ਪੱਕੀ ਗਰੰਟੀ ਦੀ ਪ੍ਰਾਪਤੀ, ਖੇਤੀ ਸੈਕਟਰ ਵਿੱਚ ਦੇਸੀ ਤੇ ਵਿਦੇਸ਼ੀ ਵੱਡੀਆਂ ਕੰਪਨੀਆਂ ਦਾ ਦਾਖਲਾ ਬੰਦ ਕਰਾਉਣ, ਬਗੈਰ ਪ੍ਰੀਮੀਅਮ ਦੇ ਸਰਕਾਰੀ ਫਸਲਾਂ ਬੀਮਾ ਯੋਜਨਾ ਲਾਗੂ ਕਰਾਉਣ ਲਈ ਲਗਾਤਾਰ ਸੰਘਰਸ਼ਸ਼ੀਲ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਇਸ ਦੇ ਪੰਜਾਬ, ਹਰਿਆਣਾ ਤੇ ਹੋਰ ਸੂਬਿਆਂ ਵਿਚ ਜਨਤਕ ਅਧਾਰ ਵੇਖਦਿਆਂ ਅਤੇ ਇਸ ਮੋਹਰੀ ਕਿਸਾਨ ਜਥੇਬੰਦੀ ਵੱਲੋਂ ਦਿੱਲੀ ਮੋਰਚੇ ਚੋ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਨਿਭਾਏ ਗਏ ਆਗੂ ਰੋਲ ਅਤੇ ਮੌਜੂਦਾ ਸੰਯੁਕਤ ਕਿਸਾਨ ਮੋਰਚੇ 'ਚ ਫ਼ੈਸਲਿਆਂ ਨੂੰ ਵੱਧ ਚੜ੍ਹ ਕੇ ਲਾਗੂ ਕਰਨ ਅਤੇ ਇਸ ਜਥੇਬੰਦੀ ਦੇ ਮੈਂਬਰਸ਼ਿਪ ਬਣਾਉਣ ਦੀ ਵਿਧੀ ਆਦਿ ਅਤੇ ਹੋਰ ਬਹੁਤ ਸਾਰੇ ਜਮਹੂਰੀ ਅਮਲਾਂ ਤੋਂ ਪ੍ਰਭਾਵਿਤ ਹੋ ਕੇ ਉਘੇ ਸਮਾਜ ਸੇਵਕ ਤੇ ਕਿਸਾਨ-ਮਜ਼ਦੂਰ ਲਹਿਰਾਂ ਦੇ ਜਾਣੇ ਪਛਾਣੇ ਆਗੂ ਰਜਿੰਦਰ ਸਿੰਘ ਭੱਲਾ ਪਿੰਡ ਅਤੇ ਉਸ ਦੀ ਅਗਵਾਈ 'ਚ ਅਨੇਕਾਂ ਪਿੰਡਾਂ ਦੇ ਕਿਸਾਨਾਂ ਨੇ ਜਮਹੂਰੀ ਲਹਿਰ ਦੇ ਪ੍ਰਮੁੱਖ ਆਗੂ ਸਾਥੀ ਮੰਗਤ ਰਾਮ ਪਾਸਲਾ, ਦਿਹਾਤੀ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਕਿਸਾਨ ਸਭਾ ਦੇ ਸੀਨੀਅਰ ਆਗੂ ਪਰਗਟ ਸਿੰਘ ਜਾਮਾਰਾਏ , ਹਰਪ੍ਰੀਤ ਸਿੰਘ ਬਟਾਰੀ ਮੁਖਤਾਰ ਸਿੰਘ ਮੱਲਾ, ਹਰਜੀਤ ਸਿੰਘ ਤੇ ਬਲਜੀਤ ਸਿੰਘ ਕਲਾਨੌਰ ਹੋਣਾ ਦੀ ਹਾਜ਼ਰੀ 'ਚ ਜੰਡਿਆਲਾ ਗੁਰੂ ਵਿਖੇ ਵੱਡੇ ਇਕੱਠ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਅਤੇ ਇਨ੍ਹਾਂ ਨੂੰ ਜਮਹੂਰੀ ਕਿਸਾਨ ਸਭਾ ਦੇ ਸਿਰੋਪੇ ਪਾ ਕੇ ਸਨਮਾਨਿਤ ਕੀਤਾ ਗਿਆ! ਇਨ੍ਹਾਂ ਵਿੱਚ ਲਖਵਿੰਦਰ ਸਿੰਘ, ਰਜਿੰਦਰ ਸਿੰਘ ਭੱਲਾ ਪਿੰਡ ਤੋਂ ਇਲਾਵਾ ਅਰਸ਼ਦੀਪ ਸਿੰਘ, ਦਿਲਬਾਗ ਸਿੰਘ, ਨਿਸ਼ਾਨ ਸਿੰਘ, ਲਵਪ੍ਰੀਤ ਸਿੰਘ, ਰਜਿੰਦਰ ਸਿੰਘ, ਮਨਜੀਤ ਸਿੰਘ, ਜਸਬੀਰ ਸਿੰਘ, ਜਤਿੰਦਰ ਸਿੰਘ, ਗੁਰਵੰਤ ਸਿੰਘ , ਗੁਰਦੀਪ ਸਿੰਘ ਤੇ ਹੋਰ ਬਹੁਤ ਸਾਰੇ ਸਾਥੀ ਸ਼ਾਮਿਲ ਹੋਏ।

